2-SEP-PAGE-1.-Advt.qxd 9/1/2025 9:58 PM Page 1

ਮੰਗਲਵਾਰ, 2 ਸਤੰਬਰ, 2025
18 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 92

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 2 SEPTEMBER, 2025 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 12 ਜ਼ਿਲ੍ਹੇ ਹੜ੍ਹ ਦੀ ਮਾਰ ਹੇਠ, ਅੱਜ ਵੀ ਭਾਰੀ ਮੀਂਹ ਦੀ ਚੇਤਾਵਨੀ

**ਚੰਡੀਗੜ੍ਹ** : ਪੰਜਾਬ ਦੇ 12 ਜ਼ਿਲ੍ਹੇ ਹੜ੍ਹਾਂ ਕਰਕੇ ਪ੍ਰਭਾਵਤ ਹੋ ਚੁੱਕੇ ਹਨ। ਇਨ੍ਹਾਂ ਵਿੱਚ ਅੰਮ੍ਰਿਤਸਰ, ਬਰਨਾਲਾ, ਫਾਜ਼ਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮਾਨਸਾ, ਮੋਗਾ, ਪਠਾਨਕੋਟ ਅਤੇ ਮੁਹਾਲੀ ਦੇ ਕੁਝ ਇਲਾਕੇ ਸ਼ਾਮਲ ਹਨ, ਜਿਸ ਦੇ 1300 ਤੋਂ ਵੱਧ ਪਿੰਡ ਪ੍ਰਭਾਵਤ ਹੋ ਚੁੱਕੇ ਹਨ। ਲੱਖਾਂ ਲੋਕ ਬੇਘਰ ਹੋ ਚੁੱਕੇ ਹਨ। ਹੁਣ ਤੱਕ 29 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ ਅਤੇ 15688 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਪਠਾਨਕੋਟ ਵਿੱਚ 6, ਅੰਮ੍ਰਿਤਸਰ, ਬਰਨਾਲਾ, ਹੁਸ਼ਿਆਰਪੁਰ, ਲੁਧਿਆਣਾ, ਮਾਨਸਾ ਅਤੇ ਰੋਪੜ ਵਿੱਚ 3-3 ਅਤੇ ਬਠਿੰਡਾ, ਗੁਰਦਾਸਪੁਰ, ਪਟਿਆਲਾ, ਮੁਹਾਲੀ ਤੇ ਸੰਗਰੂਰ ਵਿੱਚ ਇਕ-ਇਕ ਵਿਅਕਤੀ ਦੀ ਮੌਤ ਹੋਈ ਹੈ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਸ਼ੂਆਂ ਦਾ ਨੁਕਸਾਨ ਹੋਇਆ ਹੈ। ਸੂਬਾ ਸਰਕਾਰ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 129 ਰਾਹਤ ਕੈਂਪ ਚਲਾਏ ਗਏ ਹਨ, ਜਿੱਥੇ 7144 ਲੋਕਾਂ ਨੂੰ ਸੁਰੱਖਿਅਤ ਰੱਖਿਆ ਗਿਆ ਹੈ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅਗਲੇ 24 ਘੰਟੇ ਭਾਰੀ ਮੀਂਹ ਪੈਣ ਦੀ ਚੇਤਾਵਨੀ ਜਾਰੀ ਕੀਤੀ ਹੈ। ਮੌਸਮ ਵਿਭਾਗ ਨੇ ਹੁਸ਼ਿਆਰਪੁਰ, ਨਵਾਂ ਸ਼ਹਿਰ, ਗੜ੍ਹਸ਼ੰਕਰ, ਰੋਪੜ ਅਤੇ ਪਟਿਆਲਾ ਸਣੇ ਆਲੇ-ਦੁਆਲੇ ਦੇ ਇਲਾਕੇ ਵਿੱਚ ਭਾਰੀ ਮੀਂਹ ਪੈਣ ਲਈ 'ਰੈੱਡ ਅਲਰਟ' ਵੀ ਜਾਰੀ ਕਰ ਦਿੱਤਾ ਹੈ।

ਇਸ ਤੋਂ ਇਲਾਵਾ ਮੌਸਮ ਵਿਭਾਗ ਨੇ ਕੁਝ ਜ਼ਿਲ੍ਹਿਆਂ ਵਿੱਚ ਮੱਧਮ ਮੀਂਹ ਪੈਣ ਲਈ 'ਔਰੇਂਜ ਅਲਰਟ' ਜਾਰੀ ਕੀਤਾ ਹੈ। ਅਧਿਕਾਰੀਆਂ ਅਨੁਸਾਰ ਪੰਜਾਬ ਵਿੱਚ ਅਗਸਤ ਵਿੱਚ 253.7 ਮਿਲੀਮੀਟਰ ਮੀਂਹ ਪਿਆ, ਜੋ ਕਿ ਆਮ ਨਾਲੋਂ 74 ਪ੍ਰਤੀਸ਼ਤ ਵੱਧ ਹੈ ਅਤੇ 25 ਸਾਲਾਂ ਵਿੱਚ ਸੂਬੇ ਵਿੱਚ ਸਭ ਤੋਂ ਵੱਧ ਹੈ।

ਇਸੇ ਦੌਰਾਨ 'ਟਰੈਕਟਰ', ਜਿਸ ਨੂੰ ਕਿਸਾਨ ਆਪਣਾ 'ਪੁੱਤ' ਮੰਨਦੇ ਹਨ ਅਤੇ ਧਰਨੇ ਪ੍ਰਦਰਸ਼ਨਾਂ ਦੌਰਾਨ ਇਨ੍ਹਾਂ ਦੀ ਆਮ ਕਰਕੇ ਵਰਤੋਂ ਕਰਦੇ ਹਨ, ਅੱਜ ਜਦੋਂ ਪੰਜਾਬ 'ਤੇ ਬਿਪਤਾ ਪਈ ਹੈ ਤਾਂ ਉਹ ਕਿਸਾਨ ਨਾਲ ਨਾਇਕ ਬਣ ਕੇ ਉੱਭਰਿਆ ਹੈ।

ਕਦੇ ਟਰੈਕਟਰ ਨੂੰ 'ਪਰੇਸ਼ਾਨੀ ਪੈਦਾ ਕਰਨ ਵਾਲਾ ਵਾਹਨ' (ਨਿਊਸੈਂਸ ਵਹੀਕਲ) ਕਿਹਾ ਜਾਂਦਾ ਸੀ। ਸੜਕ ਨਿਯਮਾਂ ਦੀ ਉਲੰਘਣਾ ਲਈ ਅਕਸਰ ਟਰੈਕਟਰ ਚਾਲਕਾਂ ਦਾ ਚਲਾਨ ਕੀਤਾ ਜਾਂਦਾ ਸੀ। ਕਈ ਮਾਮਲਿਆਂ ਵਿੱਚ ਤਾਂ ਟਰੈਕਟਰ ਜ਼ਬਤ ਵੀ ਕੀਤੇ ਗਏ, ਪਰ ਉਹੀ ਟਰੈਕਟਰ ਹੁਣ ਹੜ੍ਹਾਂ ਦੌਰਾਨ ਪੰਜਾਬ ਦਾ ਸਭ ਤੋਂ ਭਰੋਸੇਮੰਦ ਬਚਾਅ ਸਾਧਨ ਬਣ ਗਿਆ ਹੈ। ਜਿਵੇਂ-ਜਿਵੇਂ ਭਾਰੀ ਮੀਂਹ ਕਾਰਨ ਮਾਲਵਾ ਦੇ ਪਿੰਡਾਂ ਤੋਂ ਲੈ ਕੇ ਮਾਝਾ ਅਤੇ ਦੋਆਬਾ ਦੇ ਨੀਵੇਂ ਇਲਾਕਿਆਂ ਸਮੇਤ ਪੰਜਾਬ ਦੇ ਵੱਡੇ ਹਿੱਸੇ ਹੜ੍ਹਾਂ ਦੀ ਲਪੇਟ ਵਿੱਚ ਆ ਰਹੇ ਹਨ, ਇਹ ਟਰੈਕਟਰ ਪਾਣੀ ਵਿੱਚ ਡੁੱਬੇ ਇਲਾਕਿਆਂ ਵਿੱਚ ਜਾ ਕੇ ਫਸੇ ਪਰਵਾਰਾਂ ਨੂੰ ਬਚਾਉਣ ਵਿੱਚ ਮਦਦ ਕਰ ਰਿਹਾ ਹੈ ਅਤੇ ਭੋਜਨ, ਪੀਣਯੋਗ ਪਾਣੀ, ਦਵਾਈਆਂ ਵਰਗੀਆਂ ਜ਼ਰੂਰੀ ਵਸਤਾਂ ਪਹੁੰਚਾ ਰਹੇ ਹਨ। ਉਨ੍ਹਾਂ ਇਲਾਕਿਆਂ ਵਿੱਚ, ਜਿੱਥੇ ਸਰਕਾਰੀ ਵਾਹਨ ਅਤੇ ਐਮਰਜੈਂਸੀ ਸੇਵਾਵਾਂ ਨਹੀਂ ਪਹੁੰਚ ਸਕਦੀਆਂ, ਟਰੈਕਟਰ ਲੱਕ-ਲੱਕ ਤੱਕ ਪਾਣੀ ਵਿੱਚੋਂ ਲੰਘ ਕੇ ਲੋਕਾਂ ਤੱਕ ਪਹੁੰਚ ਰਹੇ ਹਨ। ਬਲਕਿ ਹੁਣ ਅਧਿਕਾਰੀ ਵੀ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਜਾਣ ਲਈ ਇਨ੍ਹਾਂ ਟਰੈਕਟਰਾਂ ਦੀ ਸਵਾਰੀ ਕਰਦੇ ਨਜ਼ਰ ਆ ਰਹੇ ਹਨ। ਪਿੰਡ ਵਾਲੇ ਅਤੇ ਟਰੈਕਟਰ ਮਾਲਕ, ਜਿਨ੍ਹਾਂ ਵਿੱਚੋਂ ਕਈਆਂ ਨੂੰ ਪਹਿਲਾਂ ਜੁਰਮਾਨਾ ਭਰਨਾ ਪਿਆ ਸੀ, ਹੁਣ ਆਪਣੇ ਗੁਆਂਢੀਆਂ ਅਤੇ ਅਜਨਬੀਆਂ ਦੀ ਮਦਦ ਕਰਨ ਲਈ ਆਪਣੇ ਵਾਹਨਾਂ ਦੀ ਸਵੈ-ਇੱਛਾ ਨਾਲ ਵਰਤੋਂ ਕਰ ਰਹੇ ਹਨ ਅਤੇ ਆਪਣੀ ਜਾਨ ਨੂੰ ਵੀ ਖਤਰੇ ਵਿੱਚ ਪਾ ਰਹੇ ਹਨ।

# ਦਹਿਸ਼ਤਗਰਦੀ ਦੀ ਕਰੜੀ ਨਿੰਦਾ, ਮਿਲ ਕੇ ਲੜਨ ਦਾ ਸੱਦਾ

ਤਿਆਨਜਿਨ : ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਨੇ ਸੋਮਵਾਰ ਪਹਿਲਗਾਮ ਦਹਿਸ਼ਤੀ ਹਮਲੇ ਦੀ ਸਖਤ ਨਿੰਦਾ ਕੀਤੀ ਅਤੇ ਭਾਰਤ ਦੇ ਇਸ ਸਟੈਂਡ ਨਾਲ ਸਹਿਮਤੀ ਪ੍ਰਗਟਾਈ ਕਿ ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ 'ਦੋਹਰੇ ਮਾਪਦੰਡ' ਸਵੀਕਾਰਯੋਗ ਨਹੀਂ ਹਨ। ਇਸ ਪ੍ਰਭਾਵਸ਼ਾਲੀ ਸਮੂਹ ਨੇ ਸਾਂਝੇ ਐਲਾਨਨਾਮੇ ਵਿੱਚ ਦਹਿਸ਼ਤਗਰਦੀ ਨਾਲ ਲੜਨ ਲਈ ਮਜ਼ਬੂਤ ਇਰਾਦਾ ਦਿਖਾਇਆ। ਇਹ ਸਾਂਝਾ ਐਲਾਨਨਾਮਾ ਚੀਨੀ ਬੰਦਰਗਾਹ ਸ਼ਹਿਰ ਵਿੱਚ ਦੋ-ਰੋਜ਼ਾ ਐੱਸ ਸੀ ਓ ਸਿਖਰ ਸੰਮੇਲਨ ਦੇ ਅੰਤ ਵਿੱਚ ਜਾਰੀ ਕੀਤਾ ਗਿਆ। ਸੰਮੇਲਨ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ, ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਅਤੇ ਕਈ ਹੋਰ ਆਲਮੀ ਆਗੂ ਸ਼ਾਮਲ ਹੋਏ।

ਐੱਸ ਸੀ ਓ ਮੈਂਬਰ ਮੁਲਕਾਂ ਨੇ ਗਾਜ਼ਾ ਵਿੱਚ ਇਜ਼ਰਾਈਲ ਵੱਲੋਂ ਕੀਤੇ ਗਏ ਫੌਜੀ ਹਮਲਿਆਂ ਦੀ ਵੀ ਨਿੰਦਾ ਕੀਤੀ, ਕਿਉਂਕਿ ਇਸ ਨਾਲ ਨਾਗਰਿਕ ਆਬਾਦੀ ਵਾਲੇ ਇਲਾਕਿਆਂ ਵਿੱਚ ਜਾਨੀ ਨੁਕਸਾਨ ਹੋਇਆ ਹੈ ਅਤੇ ਖਿੱਤੇ ਵਿੱਚ ਵਿਨਾਸ਼ਕਾਰੀ ਮਾਨਵਤਾਵਾਦੀ ਸਥਿਤੀ ਪੈਦਾ ਹੋਈ ਹੈ। ਐਲਾਨਨਾਮੇ ਵਿੱਚ ਖੇਤਰੀ ਸੁਰੱਖਿਆ ਨੂੰ ਵਧਾਉਣ ਦੇ ਤਰੀਕਿਆਂ ਦਾ ਜ਼ਿਕਰ ਕੀਤਾ ਗਿਆ ਹੈ ਅਤੇ ਦਹਿਸ਼ਤਗਰਦੀ ਨਾਲ ਲੜਨ ਨੂੰ ਇੱਕ ਵੱਡੀ ਚੁਣੌਤੀ ਵਜੋਂ ਪਛਾਣਿਆ ਗਿਆ ਹੈ।



ਐੱਸ ਸੀ ਓ ਮੈਂਬਰ ਮੁਲਕਾਂ ਨੇ ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਖੁਜ਼ਦਾਰ ਅਤੇ ਜਾਫਰ ਐਕਸਪ੍ਰੈਸ 'ਤੇ ਹੋਏ ਦਹਿਸ਼ਤੀ ਹਮਲਿਆਂ ਦੀ ਵੀ ਨਿੰਦਾ ਕੀਤੀ। ਐਲਾਨਨਾਮੇ ਮੁਤਾਬਕ ਅਜਿਹੇ ਹਮਲਿਆਂ ਦੇ ਦੋਸ਼ੀਆਂ, ਪ੍ਰਬੰਧਕਾਂ ਅਤੇ ਸਰਪ੍ਰਸਤਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਐੱਸ ਸੀ ਓ ਦਹਿਸ਼ਤਗਰਦੀ, ਵੱਖਵਾਦ ਅਤੇ ਕੱਟੜਵਾਦ ਵਿਰੁੱਧ ਲੜਾਈ ਪ੍ਰਤੀ ਆਪਣੀ ਦ੍ਰਿੜ੍ਹ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਦਹਿਸ਼ਤਗਰਦ, ਵੱਖਵਾਦੀ ਅਤੇ ਕੱਟੜਪੰਥੀ ਸਮੂਹਾਂ ਨੂੰ 'ਭਾੜੇ ਦੇ ਉਦੇਸ਼ਾਂ' ਲਈ ਵਰਤਣ ਦੀਆਂ ਕੋਸ਼ਿਸ਼ਾਂ ਨੂੰ ਅਸਵੀਕਾਰ ਕੀਤੇ ਜਾਣ 'ਤੇ ਜ਼ੋਰ ਦਿੰਦਾ ਹੈ। ਐੱਸ ਸੀ ਓ ਨੇ ਕਿਹਾ ਕਿ ਉਹ ਦਹਿਸ਼ਤਗਰਦੀ ਅਤੇ ਕੱਟੜਪੰਥੀ ਖਤਰਿਆਂ ਦਾ ਮੁਕਾਬਲਾ ਕਰਨ ਵਿੱਚ ਪ੍ਰਭੂਸੱਤਾ ਸੰਪੰਨ ਰਾਜਾਂ ਅਤੇ ਉਨ੍ਹਾਂ ਦੇ ਸਮਰੱਥ ਅਧਿਕਾਰੀਆਂ ਦੀ ਮੋਹਰੀ ਭੂਮਿਕਾ ਨੂੰ ਮਾਨਤਾ ਦਿੰਦਾ ਹੈ। ਐਲਾਨਨਾਮੇ ਵਿਚ ਕਿਹਾ ਗਿਆ, "ਮੈਂਬਰ ਮੁਲਕ ਦਹਿਸ਼ਤਗਰਦੀ ਦੀ ਇਸ ਦੇ ਸਾਰੇ ਰੂਪਾਂ ਅਤੇ ਪ੍ਰਗਟਾਵਿਆਂ ਵਿੱਚ ਸਖ਼ਤ ਨਿੰਦਾ ਕਰਦੇ ਹਨ ਅਤੇ ਇਸ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ ਦੋਹਰੇ ਮਾਪਦੰਡ ਅਸਵੀਕਾਰਯੋਗ ਹਨ ਅਤੇ ਕੌਮਾਂਤਰੀ ਭਾਈਚਾਰੇ ਨੂੰ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ ਦਾ ਸੱਦਾ ਦਿੰਦੇ ਹਨ, ਜਿਸ ਵਿੱਚ ਦਹਿਸ਼ਤਗਰਦਾਂ ਦੀਆਂ ਸਰਹੱਦ ਪਾਰੋਂ ਸਰਗਰਮੀਆਂ ਵੀ ਸ਼ਾਮਲ ਹਨ।"

ਐੱਸ ਸੀ ਓ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਦੀ ਕੇਂਦਰੀ ਭੂਮਿਕਾ ਹੈ ਕਿ ਉਹ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਪ੍ਰਸਤਾਵ ਅਤੇ ਸੰਯੁਕਤ ਰਾਸ਼ਟਰ ਦੀ ਗਲੋਬਲ ਦਹਿਸ਼ਤਗਰਦੀ ਵਿਰੋਧੀ ਰਣਨੀਤੀ ਨੂੰ ਯੂ ਐੱਨ ਚਾਰਟਰ ਅਤੇ ਅੰਤਰਰਾਸ਼ਟਰੀ ਕਾਨੂੰਨ ਦੇ ਸਿਧਾਂਤਾਂ ਅਨੁਸਾਰ ਪੂਰੀ ਤਰ੍ਹਾਂ ਲਾਗੂ ਕਰੇ, ਤਾਂ ਜੋ ਸਾਰੇ ਦਹਿਸ਼ਤਗਰਦ ਸਮੂਹਾਂ ਦਾ ਸਾਂਝੇ ਤੌਰ 'ਤੇ ਮੁਕਾਬਲਾ ਕੀਤਾ ਜਾ ਸਕੇ।

ਐੱਸ ਸੀ ਓ ਸਿਖਰ ਸੰਮੇਲਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਦਹਿਸ਼ਤਗਰਦੀ ਮਨੁੱਖਤਾ ਲਈ ਸਮੂਹਕ ਚੁਣੌਤੀ ਹੈ ਅਤੇ ਭਾਰਤ ਪਿਛਲੇ ਸੱਤ ਦਹਾਕਿਆਂ ਤੋਂ ਦਹਿਸ਼ਤਗਰਦੀ ਦੀ ਪੀੜ ਨੂੰ ਹੰਢਾ ਰਿਹਾ ਹੈ। ਉਨ੍ਹਾ ਕਿਹਾ, "ਅਸੀਂ ਹਾਲ ਹੀ ਵਿੱਚ ਪਹਿਲਗਾਮ ਵਿੱਚ ਦਹਿਸ਼ਤਗਰਦੀ ਦਾ ਬਦਸੂਰਤ ਚਿਹਰਾ ਦੇਖਿਆ ਹੈ। ਦਹਿਸ਼ਤਗਰਦੀ, ਵੱਖਵਾਦ ਅਤੇ ਕੱਟੜਵਾਦ ਕਿਸੇ ਵੀ ਦੇਸ਼ ਦੀ ਸ਼ਾਂਤੀ, ਖੁਸ਼ਹਾਲੀ ਅਤੇ ਸਥਿਰਤਾ ਲਈ ਵੱਡੀਆਂ ਚੁਣੌਤੀਆਂ ਹਨ। ਇਹ ਮਨੁੱਖਤਾ ਲਈ ਇੱਕ ਸਮੂਹਕ ਚੁਣੌਤੀ ਹੈ।"

# ਮੁੱਖ ਮੰਤਰੀ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜ਼ਾ

## ਨੁਕਸਾਨ ਦੇ ਇੱਕ-ਇੱਕ ਪੈਸੇ ਦੀ ਭਰਪਾਈ ਕਰੇਗੀ ਪੰਜਾਬ ਸਰਕਾਰ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਹੁਣ ਤੱਕ ਦੇ ਸਭ ਤੋਂ ਭਿਆਨਕ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਹੈ।ਇਸ ਦੇ ਨਾਲ ਹੀ ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸੰਕਟ ਦੀ ਇਸ ਘੜੀ 'ਚ ਸੂਬਾ ਸਰਕਾਰ ਉਨ੍ਹਾਂ ਦੇ ਨਾਲ ਡਟ ਕੇ ਖੜ੍ਹੀ ਹੈ ਅਤੇ ਇਸ ਸੰਕਟ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਮੁੱਖ ਮੰਤਰੀ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਿਆਣੀ ਦੇ ਰਾਹਤ ਕੈਂਪ ਵਿਖੇ ਰਹਿ ਰਹੇ ਹੜ੍ਹ ਪੀੜਤ ਪਰਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਸੁਣੀਆਂ।ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਕੁਦਰਤੀ ਆਫ਼ਤ ਨਾਲ ਸੂਬੇ ਦਾ ਵੱਡਾ ਨੁਕਸਾਨ ਹੋਇਆ ਹੈ ਪਰ ਸੂਬਾ ਸਰਕਾਰ ਨੇ ਪ੍ਰਭਾਵਿਤ ਲੋਕਾਂ ਦੇ ਬਚਾਅ ਅਤੇ ਰਾਹਤ ਲਈ ਜੰਗੀ ਪੱਧਰ ਕਾਰਜ ਵਿੱਢਿਆ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਸ ਚੁਣੌਤੀਪੂਰਨ ਸਮੇਂ ਵਿੱਚ ਰਾਹਤ ਕਾਰਜਾਂ ਲਈ ਪਹਿਲਾਂ ਹੀ ਵਿਆਪਕ ਪੱਧਰ 'ਤੇ ਕਦਮ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ 'ਚ ਲੋਕਾਂ ਨੂੰ ਸੰਕਟ ਵਿੱਚੋਂ ਕੱਢਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਨੀਵੇਂ ਇਲਾਕਿਆਂ ਵਿੱਚੋਂ ਲੋਕਾਂ ਨੂੰ ਕੱਢਣ ਅਤੇ ਉਨ੍ਹਾਂ ਨੂੰ ਤੁਰੰਤ ਰਾਹਤ ਦੇਣ ਲਈ ਪਹਿਲਾਂ ਹੀ ਪ੍ਰਸ਼ਾਸਨ ਨੂੰ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਹੋਏ ਨੁਕਸਾਨ ਦੇ ਇਕ-ਇਕ ਪੈਸੇ ਦੀ ਭਰਪਾਈ ਕਰੇਗੀ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੁਦਰਤੀ ਆਫ਼ਤ ਨਾਲ ਪੈਦਾ ਹੋਈ ਸਥਿਤੀ 'ਤੇ ਉਹ ਨਿਰੰਤਰ ਨਜ਼ਰ ਰੱਖ ਰਹੇ ਹਨ।

ਮੁੱਖ ਮੰਤਰੀ ਨੇ ਰਾੜਾ ਪੁਲ ਤੇ ਹੋਰ ਥਾਵਾਂ ਦਾ ਦੌਰਾ ਕਰਕੇ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲਿਆ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਭਾਰਤ ਸਰਕਾਰ ਕੋਲ ਸੂਬੇ ਦੇ ਰੁਕੇ ਹੋਏ 60,000 ਕਰੋੜ ਰੁਪਏ ਦੇ ਫੰਡ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਹਾਲ ਵਿੱਚ ਆਏ ਹੜ੍ਹਾਂ ਨਾਲ 1000 ਤੋਂ ਵੱਧ ਪਿੰਡ ਪ੍ਰਭਾਵਿਤ ਹੋਏ ਹਨ ਅਤੇ ਲੱਖਾਂ ਲੋਕਾਂ ਦਾ ਜਨ-ਜੀਵਨ ਲੀਹੋਂ ਲਹਿ ਗਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਭਾਰੀ ਮੀਂਹ ਅਤੇ ਡੈਮਾਂ ਤੋਂ ਪਾਣੀ ਛੱਡਣ ਨਾਲ 10 ਤੋਂ ਵੱਧ ਜ਼ਿਲ੍ਹਿਆਂ ਵਿੱਚ ਹੜ੍ਹ ਆਏ ਹਨ। ਉਨ੍ਹਾਂ ਕਿਹਾ ਕਿ ਸਥਿਤੀ ਗੰਭੀਰ ਹੋ ਰਹੀ ਹੈ ਅਤੇ ਇਹ ਹੋਰ ਵੀ • ਬਾਕੀ ਸਫਾ 2 'ਤੇ

## ਜਸਵੰਤ ਸਿੰਘ ਵੱਲੋਂ ਸਪੱਸ਼ਟੀਕਰਨ



**ਅੰਮ੍ਰਿਤਸਰ** : ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਨੇ ਸੋਮਵਾਰ ਅਕਾਲ ਤਖਤ ਵਿਖੇ ਪੁੱਜ ਕੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਲ ਆਪਣਾ ਪੱਖ ਰੱਖਿਆ। ਪੰਜਾਬ ਸਰਕਾਰ ਵੱਲੋਂ ਬੀਤੇ ਦਿਨੀਂ ਸ੍ਰੀਨਗਰ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸਮਾਗਮ ਦੌਰਾਨ ਨਾਚ ਗਾਣ ਆਦਿ ਦਿਖਾਇਆ ਗਿਆ ਸੀ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਸੱਟ ਵੱਜੀ ਸੀ। ਜਸਵੰਤ ਸਿੰਘ ਨੇ ਪੇਸ਼ ਹੋਣ ਮੌਕੇ ਆਪਣਾ ਦਾੜ੍ਹਾ ਬੰਨ੍ਹਿਆ ਹੋਇਆ ਸੀ। ਜਥੇਦਾਰ ਗੜਗੱਜ ਦੇ ਆਦੇਸ਼ ਅਨੁਸਾਰ ਮਗਰੋਂ ਉਹ ਦਾੜ੍ਹਾ ਖੋਲ੍ਹ ਕੇ ਪੇਸ਼ ਹੋਏ।

## ਡਾਕਟਰ 'ਤੇ ਜਾਨਲੇਵਾ ਹਮਲਾ

**ਭਵਾਨੀਗੜ੍ਹ** : ਸਰਕਾਰੀ ਸਿਵਲ ਹਸਪਤਾਲ ਭਵਾਨੀਗੜ੍ਹ ਵਿਖੇ ਤਾਇਨਾਤ ਸੀਨੀਅਰ ਡਾਕਟਰ ਵਿਕਰਮ ਪਾਲ ਸਿੰਘ 'ਤੇ ਉਨ੍ਹਾ ਦੀ ਸਰਕਾਰੀ ਰਿਹਾਇਸ਼ ਵਿੱਚ ਤੜਕੇ ਤਿੰਨ ਵਜੇ ਦੇ ਕਰੀਬ ਦਾਖਲ ਹੋ ਕੇ ਤਿੰਨ ਲੁਟੇਰਿਆਂ ਨੇ ਜਾਨਲੇਵਾ ਹਮਲਾ ਕਰਕੇ ਗੰਭੀਰ ਜ਼ਖਮੀ ਕਰ ਦਿੱਤਾ ਤੇ 4 ਲੱਖ ਰੁਪਏ ਦੇ ਕਰੀਬ ਨਕਦੀ ਅਤੇ ਕੀਮਤੀ ਸਾਮਾਨ ਲੈ ਕੇ ਫਰਾਰ ਹੋ ਗਏ। ਡਾਕਟਰ ਨੇ ਦੱਸਿਆ ਕਿ ਤਿੰਨ ਨਕਾਬਪੋਸ਼ਾਂ ਨੇ ਉਨ੍ਹਾ 'ਤੇ ਜਾਨਲੇਵਾ ਹਮਲਾ ਕੀਤਾ, ਜਦਕਿ ਪਤਨੀ ਦੀ ਗਰਦਨ 'ਤੇ ਨੁਕੀਲੇ ਹਥਿਆਰ ਰੱਖ ਕੇ ਧਮਕਾਇਆ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਸਮਾਉਣ 'ਤੇ ਮੇਲਾ ਜੱਗ ਮੌਕੇ **ਗੋਇੰਦਵਾਲ ਸਾਹਿਬ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਕਾਬਲ ਸਿੰਘ ਮੱਲ੍ਹੀ** ਨਾਲ ਮੋਬਾਇਲ ਨੰਬਰ 99142-36641 'ਤੇ ਸੰਪਰਕ ਕੀਤਾ ਜਾ ਸਕਦਾ ਹੈ। *-ਜਨਰਲ ਮੈਨੇਜਰ*


# ਪ੍ਰਧਾਨ ਮੰਤਰੀ ਦਾ ਹੜ੍ਹਾਂ ਨਾਲ ਝੰਬੇ ਪੰਜਾਬ ਨੂੰ ਨਜ਼ਰਅੰਦਾਜ਼ ਕਰਨਾ ਮੰਦਭਾਗਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ, ਇੱਕ ਅਜਿਹਾ ਸੂਬਾ, ਜਿਸ ਨੇ ਹਮੇਸ਼ਾ ਦੇਸ਼ ਦੀਆਂ ਚੁਣੌਤੀਆਂ ਦਾ ਮੋਹਰੀ ਹੋ ਕੇ ਸਾਹਮਣਾ ਕੀਤਾ ਹੈ, ਵਿੱਚ ਹੜ੍ਹਾਂ ਕਾਰਨ ਹੋਈ ਤਬਾਹੀ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੇ ਹਨ। ਵਿੱਤ ਮੰਤਰੀ ਚੀਮਾ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਵੀ ਨਿਖੇਧੀ ਕੀਤੀ ਕਿ ਉਨ੍ਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਚਿੱਠੀ, ਜਿਸ ਵਿੱਚ ਬਣਦੇ ਫੰਡ ਜਾਰੀ ਕਰਨ ਦੀ ਅਪੀਲ ਕੀਤੀ ਗਈ ਸੀ, ਦੇ ਜਵਾਬ ਵਿੱਚ 60,000 ਕਰੋੜ ਰੁਪਏ ਦੇ ਬਕਾਇਆ ਫੰਡਾਂ ਜਾਂ ਰਾਹਤ ਪੈਕੇਜ ਨੂੰ ਜਾਰੀ ਕਰਨ ਦਾ ਕੋਈ ਭਰੋਸਾ ਨਹੀਂ ਦਿੱਤਾ।ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਸ ਤੋਂ ਵੀ ਵੱਧ ਮੰਦਭਾਗਾ ਇਹ ਹੈ ਕਿ ਪੰਜਾਬ ਭਾਜਪਾ ਆਪਣੀ ਕੇਂਦਰ ਸਰਕਾਰ 'ਤੇ ਸੂਬੇ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਦਬਾਅ ਬਣਾਉਣ ਦੀ ਬਜਾਏ ਸਿਆਸੀ ਰੈਲੀਆਂ ਕਰਨ ਵਿੱਚ ਰੁੱਝੀ ਹੋਈ ਹੈ। ਪੰਜਾਬ ਭਵਨ ਵਿੱਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਮੁੱਖ ਮੰਤਰੀ ਰਾਹਤ ਫੰਡ ਵਾਸਤੇ ਸੂਬੇ ਦੇ ਆਬਕਾਰੀ ਤੇ ਕਰ ਵਿਭਾਗ ਵੱਲੋਂ ਜਾਰੀ ਕੀਤਾ 50 ਲੱਖ ਰੁਪਏ ਦਾ ਚੈੱਕ ਦਿਖਾਉਂਦਿਆਂ ਕਿਹਾ ਕਿ ਜਦੋਂ ਪੰਜਾਬ ਸਰਕਾਰ, ਇਸ ਦੇ ਵਿਭਾਗ ਅਤੇ ਸੂਬੇ ਦੇ ਲੋਕ ਸਮੂਹਿਕ ਤੌਰ 'ਤੇ ਇਸ ਕੁਦਰਤੀ ਆਫ਼ਤ ਨਾਲ ਨਜਿੱਠ ਰਹੇ ਹਨ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਸੂਬੇ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੀ ਹੈ। ਉਨ੍ਹਾ ਇਸ ਗੱਲ 'ਤੇ ਨਿਰਾਸ਼ਾ ਜ਼ਾਹਰ ਕੀਤੀ ਕਿ ਪ੍ਰਧਾਨ ਮੰਤਰੀ, ਜੋ ਜਨਮ ਦਿਨ • ਬਾਕੀ ਸਫਾ 2 'ਤੇ

## ਰਾਹਤ ਸਮੱਗਰੀ ਦੇ ਪੰਜ ਟਰੱਕ ਰਵਾਨਾ

**ਮੁਹਾਲੀ (ਗੁਰਜੀਤ ਬਿੱਲਾ)**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਬਾਅਦ ਦੁਪਹਿਰ ਅਜਨਾਲਾ ਸਬ-ਡਵੀਜ਼ਨ ਦੇ ਹੜ੍ਹ ਪ੍ਰਭਾਵਤ ਪਰਵਾਰਾਂ ਲਈ ਰਾਹਤ ਸਮੱਗਰੀ ਦੇ ਪੰਜ ਟਰੱਕਾਂ ਨੂੰ ਆਪ ਦਫ਼ਤਰ, ਸੈਕਟਰ 76, ਮੁਹਾਲੀ ਤੋਂ ਰਵਾਨਾ ਕੀਤੇ।ਰਾਹਤ ਟਰੱਕਾਂ ਵਿੱਚ 1,000 ਰਾਸ਼ਨ ਕਿੱਟਾਂ, ਪੀਣ ਵਾਲੇ ਪਾਣੀ ਦੇ 600 ਪੈਕੇਟ, 400 ਮੱਛਰਦਾਨੀ, 400 ਗੱਦੇ ਅਤੇ 200 ਫੋਲਡਿੰਗ ਬਿਸਤਰੇ ਸਨ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਸਿੰਘ ਆਹਲੂਵਾਲੀਆ, ਮਾਰਕੀਟ ਕਮੇਟੀ ਦੇ ਚੇਅਰਮੈਨ ਗੋਵਿੰਦ ਮਿੱਤਲ ਤੇ ਹੋਰ ਸਥਾਨਕ 'ਆਪ' ਆਗੂ ਵੀ ਸਨ।

## ਅੱਜ-ਨਾਮਾ

ਹੜ੍ਹਾਂ ਦੀ ਔਕੜ ਦੇ ਵਿੱਚ ਪੰਜਾਬ ਫਸਿਆ,
ਹਰਿਆਣੇ ਵੰਨੀਂ ਵੀ ਆਏ ਆ ਹੜ੍ਹ ਬੇਲੀ।
ਹੱਦੋਂ ਬਾਹਰੀ ਹਿਮਾਚਲ ਵਿੱਚ ਮਾਰ ਦਿੱਸੇ,
ਸੰਘੋਂ ਜੀਵਨ ਸਭ ਹੜ੍ਹ ਲਿਆ ਫੜ ਬੇਲੀ।
ਪੁਲ ਕੀ ਸੜਕ ਸਭ ਲੈ ਗਿਆ ਰੋੜ੍ਹ ਪਾਣੀ,
ਅਣਗੌਲੇ ਥਾਂਈਂ ਨੇ ਪਾਣੀ ਗਏ ਚੜ੍ਹ ਬੇਲੀ।
ਬਾਹਲਾ ਮੁਸ਼ਕਲ ਆ ਜੀਣ ਪਹਾੜੀਆਂ ਦਾ,
ਫਟਦੇ ਬੱਦਲ ਇਸ ਔਕੜ ਦੀ ਜੜ੍ਹ ਬੇਲੀ।
ਰਾਹਤ ਨਾਲੋਂ ਸਰਗਰਮ ਹੋਈ ਰਾਜਨੀਤੀ,
ਭੰਡੀ-ਪ੍ਰਚਾਰ ਲਈ ਗਰਮ ਬਾਜ਼ਾਰ ਬੇਲੀ।
ਉਹੀਉ ਜਾਣਦੇ, ਜਿਨ੍ਹਾਂ ਦੇ ਪਈ ਸਿਰ 'ਤੇ,
ਕੂਕਦੇ 'ਕਾਲ ਦੇ ਜਿਹੀ ਇਹ ਮਾਰ ਬੇਲੀ।

-ਤੀਸ ਮਾਰ ਖਾਂ

## ਛੇਤੀ ਪੰਜਾਬ ਦਾ ਦੌਰਾ ਕਰਾਂਗਾ : ਚੌਹਾਨ

ਨਵੀਂ ਦਿੱਲੀ : ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਹੈ, "ਮੈਂ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਆਪਣੇ ਕਿਸਾਨ ਭਰਾਵਾਂ ਨੂੰ ਯਕੀਨ ਦਿਵਾਉਣਾ ਚਾਹੁੰਦਾ ਹਾਂ ਕਿ ਉਹ ਕਿਸੇ ਵੀ ਗੱਲ 'ਤੇ ਪਛਤਾਵਾ ਨਾ ਕਰਨ। ਸੰਕਟ ਦੀ ਇਸ ਘੜੀ ਵਿੱਚ ਕੇਂਦਰ ਸਰਕਾਰ ਉਨ੍ਹਾਂ ਨਾਲ ਹੈ। ਮੈਂ ਜਲਦੀ ਹੀ ਪੰਜਾਬ ਦੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ ਕਰਾਂਗਾ ਤੇ ਕਿਸਾਨਾਂ ਨਾਲ ਮੁਲਾਕਾਤ ਕਰਾਂਗਾ।"

## ਸ਼ਾਹ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ

ਨਵੀਂ ਦਿੱਲੀ : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਗੱਲਬਾਤ ਕਰਕੇ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲਿਆ।

ਰਾਜਪਾਲ ਅਤੇ ਮੁੱਖ ਮੰਤਰੀ ਨੇ ਗ੍ਰਹਿ ਮੰਤਰੀ ਨੂੰ ਮੌਜੂਦਾ ਸਥਿਤੀ ਅਤੇ ਪ੍ਰਭਾਵਤ ਲੋਕਾਂ ਦੇ ਬਚਾਅ ਤੇ ਰਾਹਤ ਲਈ ਪ੍ਰਸ਼ਾਸਨ ਵੱਲੋਂ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦਿੱਤੀ। ਸ਼ਾਹ ਨੇ ਦੋਵਾਂ ਨੂੰ ਹੜ੍ਹਾਂ ਨਾਲ ਨਜਿੱਠਣ ਲਈ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।


## ਮੋਦੀ ਵੱਲੋਂ ਪੁਤਿਨ ਨੂੰ ਜੰਗ ਖਤਮ ਕਰਨ ਦੀ ਅਪੀਲ

ਤਿਆਨਜਿਨ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਗੱਲਬਾਤ ਦੌਰਾਨ ਕਿਹਾ ਕਿ ਯੂਕਰੇਨ ਸੰਘਰਸ਼ ਨੂੰ ਜਿੰਨੀ ਜਲਦੀ ਹੋ ਸਕੇ, ਖਤਮ ਕਰਨਾ ਮਨੁੱਖਤਾ ਦਾ ਸੱਦਾ ਹੈ। ਮੋਦੀ ਨੇ ਕਿਹਾ, "ਅਸੀਂ ਯੂਕਰੇਨ ਵਿੱਚ ਸ਼ਾਂਤੀ ਲਿਆਉਣ ਲਈ ਸਾਰੇ ਹਾਲੀਆ ਯਤਨਾਂ ਦਾ ਸਵਾਗਤ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਸਾਰੀਆਂ ਸੰਬੰਧਤ ਧਿਰਾਂ ਰਚਨਾਤਮਕ ਢੰਗ ਨਾਲ ਅੱਗੇ ਵਧਣਗੀਆਂ।" ਉਨ੍ਹਾ ਕਿਹਾ ਕਿ ਮਨੁੱਖਤਾ ਦਾ ਸੱਦਾ ਹੈ ਕਿ ਇਸ ਸੰਘਰਸ਼ ਨੂੰ ਜਲਦੀ ਤੋਂ ਜਲਦੀ ਖਤਮ ਕੀਤਾ ਜਾਵੇ ਅਤੇ ਖੇਤਰ ਵਿੱਚ ਸਥਾਈ ਸ਼ਾਂਤੀ ਲਿਆਉਣ ਦੇ ਤਰੀਕੇ ਲੱਭੇ ਜਾਣ। ਮੋਦੀ ਨੇ ਇਹ ਵੀ ਕਿਹਾ ਕਿ ਭਾਰਤ ਰੂਸੀ ਆਗੂ ਦੀ ਉਡੀਕ ਕਰ ਰਿਹਾ ਹੈ। ਪੁਤਿਨ ਦਸੰਬਰ ਵਿੱਚ ਮੋਦੀ ਨਾਲ ਸਿਖਰ ਸੰਮੇਲਨ ਦੀ ਗੱਲਬਾਤ ਲਈ ਭਾਰਤ ਦਾ ਦੌਰਾ ਕਰਨ ਵਾਲੇ ਹਨ।


ਪੰਜਾਬ ਸਭ ਤੋਂ ਭਿਆਨਕ ਹੜ੍ਹਾਂ ਨਾਲ ਜੂਝ ਰਿਹਾ ਹੈ

ਮੁੱਖ ਮੰਤਰੀ ਰਾਹਤ ਫੰਡ

ਵਿੱਚ ਯੋਗਦਾਨ ਪਾਓ



ਪੰਜਾਬ ਦੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਮਦਦ ਲਈ ਆਪਣਾ ਸਹਿਯੋਗ ਦਿਓ

ਖਾਤੇ ਦਾ ਨਾਮ : ਪੰਜਾਬ ਮੁੱਖ ਮੰਤਰੀ ਰਾਹਤ ਫੰਡ
ਖਾਤਾ ਨੰਬਰ : 00193400100058
ਖਾਤਾ ਕਿਸਮ: ਬੱਚਤ
IFSC ਕੋਡ: TPSC0000019
ਸ਼ਾਖਾ ਦਾ ਨਾਮ: ਪੰਜਾਬ ਸਟੇਟ ਕੋਆਪਰੇਟਿਵ ਬੈਂਕ ਲਿਮਟਿਡ
ਸ਼ਾਖਾ ਦਫ਼ਤਰ : ਪੰਜਾਬ ਸਿਵਲ ਸਕੱਤਰੇਤ, ਸੈਕਟਰ-1, ਚੰਡੀਗੜ੍ਹ

ਦਾਨ ਕਰਨ ਲਈ ਕਿਊ ਆਰ ਕੋਡ ਸਕੈਨ ਕਰੋ

www.tinyurl.com/PunjabCMReliefFund

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

2-SEP-PAGE-1.-Advt.qxd 9/1/2025 9:58 PM Page 2



# ਐੱਸ ਡੀ ਐੱਮ ਨੇ ਘੱਗਰ ਨੇੜਲੇ ਪਿੰਡਾਂ ਦਾ ਕੀਤਾ ਦੌਰਾ



**ਸਮਾਣਾ (ਇਕਬਾਲ ਸਿੰਘ ਬੱਲ)**-ਬੀਤੇ ਐਤਵਾਰ ਸਵੇਰ ਤੋਂ ਲਗਾਤਾਰ ਪੈ ਰਹੀ ਭਾਰੀ ਬਾਰਿਸ਼ ਨਾਲ ਸਮਾਣਾ ਸ਼ਹਿਰ ਵਿੱਚ ਪਾਣੀ ਹੀ ਪਾਣੀ ਹੋ ਗਿਆ, ਸੜਕਾਂ ਪਾਣੀ ਨਾਲ ਭਰ ਗਈਆਂ, ਲੋਕਾਂ ਦਾ ਸੜਕਾਂ 'ਤੇ ਚੱਲਣਾ ਮੁਸ਼ਕਿਲ ਹੋ ਗਿਆ।ਸਮਾਣਾ ਦਾ ਮੇਨ ਰੋਡ, ਸਿਵਲ ਹਸਪਤਾਲ, ਤਹਿਸੀਲ ਰੋਡ, ਕ੍ਰਿਸ਼ਨਾ ਮਾਰਕੀਟ, ਸਮਾਣਾ ਭਵਾਨੀਗੜ੍ਹ ਰੋਡ, ਸਦਰ ਬਾਜ਼ਾਰ, ਰਘੂਸ਼ਰਾ ਰੋਡ, ਵੜੈਚਾਂ ਰੋਡ ਤੇ ਕਈ ਕਈ ਫੁੱਟ ਪਾਣੀ ਜਮ੍ਹਾ ਹੋ ਗਿਆ ਜਿਸ ਕਰਕੇ ਆਮ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।ਜ਼ਿਆਦਾ ਮੀਂਹ ਪੈਣ ਕਰਕੇ ਜੈਨ ਮਹੱਲਾ ਸਮਾਣਾ ਵਿਖੇ ਇੱਕ ਕੰਧ ਡਿੱਗ ਪਈ ਜਿਸ ਨਾਲ ਕੋਈ ਜਾਨੀ ਨੁਕਸਾਨ ਹੋਣ ਤੋਂ ਬਚਾ ਰਿਹਾ ਪਰ ਦੀਵਾਰ ਦੇ ਨਾਲ ਖੜ੍ਹੀ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ।ਬਾਰਿਸ਼ ਨੂੰ ਵੇਖਦਿਆਂ ਸ਼ਹਿਰ ਤੇ ਆਸ ਪਾਸ ਵਾਲੇ ਪਿੰਡਾਂ ਦੇ ਲੋਕਾਂ ਵਿੱਚ ਡਰ ਦਾ ਮਾਹੌਲ ਬਣ ਗਿਆ।ਜ਼ਿਆਦਾ ਪੈ ਰਹੇ ਮੀਂਹ ਨੂੰ ਵੇਖਦਿਆਂ ਸਮਾਣਾ ਦੀ ਐੱਸ ਡੀ ਐੱਮ ਰਿਚਾ ਗੋਇਲ ਨੇ ਮੀਂਹ ਪੈਂਦੇ ਵਿੱਚ ਹੀ ਘੱਗਰ ਕਿਨਾਰੇ ਵਸੇ ਪਿੰਡ ਮਰਦਾਂਹੇੜੀ, ਰਤਨਹੇੜੀ ਮਰੋੜੀ ਆਦਿ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਤਰ੍ਹਾਂ ਅਫਵਾਹ 'ਤੇ ਯਕੀਨ ਨਾ ਕਰਨ, ਅਜੇ ਕਿਸੇ ਤਰ੍ਹਾਂ ਦੇ ਖਤਰੇ ਵਾਲੀ ਗੱਲ ਨਹੀਂ ਹੈ। ਘੱਗਰ ਦੇ ਪਾਣੀ ਦਾ ਲੈਵਲ ਅਜੇ ਹੜ੍ਹ ਦੀ ਸਥਿਤੀ ਵਿੱਚ ਨਹੀਂ ਹੈ। ਇਸ ਦੇ ਬਾਵਜੂਦ ਉਨ੍ਹਾਂ ਘੱਗਰ ਕਿਨਾਰੇ ਵੱਸੇ ਪਿੰਡਾਂ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਮੇਸ਼ਾ ਸੁਚੇਤ ਰਹਿਣ।

# ਪੰਜਾਬ ਤੇ ਸਾਰੇ ਸ਼ਹਿਰਾਂ 'ਚ ਭਾਰੀ ਮੀਂਹ, ਕੀਤਾ ਜਲਥਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੌਸਮ ਵਿਭਾਗ ਨੇ ਪੰਜਾਬ ਦੇ ਨੌਂ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਨਵਾਂ ਸ਼ਹਿਰ, ਰੋਪੜ, ਮੁਹਾਲੀ ਅਤੇ ਫ਼ਤਹਿਗੜ੍ਹ ਸਾਹਿਬ 'ਚ ਪਹਿਲੀ ਸਤੰਬਰ ਲਈ ਰੈੱਡ ਅਲਰਟ ਜਾਰੀ ਕੀਤਾ ਹੈ ਅਤੇ 2 ਸਤੰਬਰ ਨੂੰ ਵੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਹੈ। ਇਸ ਦੇ ਨਾਲ ਹੀ ਪੰਜਾਬ ਵਿੱਚ ਲਗਪਗ ਸਾਰੇ ਸ਼ਹਿਰਾਂ ਵਿੱਚ ਲੰਘੀ ਰਾਤ ਤੋਂ ਲਗਾਤਾਰ ਭਾਰੀ ਮੀਂਹ ਪੈ ਰਿਹਾ ਹੈ, ਜਿਸ ਨੇ ਸ਼ਹਿਰਾਂ ਨੂੰ ਜਲਥਲ ਕਰਕੇ ਰੱਖ ਦਿੱਤਾ ਹੈ।ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਮੁਤਾਬਕ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਪਿਛਲੇ 24 ਘੰਟਿਆਂ ਦੌਰਾਨ 76.5 ਐੱਮ ਐੱਮ ਮੀਂਹ ਪਿਆ। ਇਸ ਦੇ ਨਾਲ ਹੀ ਅੰਮ੍ਰਿਤਸਰ ਵਿੱਚ 24.1 ਐੱਮ ਐੱਮ, ਲੁਧਿਆਣਾ ਵਿੱਚ 216.7 ਐੱਮ ਐੱਮ, ਪਟਿਆਲਾ ਵਿੱਚ 80.4 ਐੱਮ ਐੱਮ, ਫਰੀਦਕੋਟ ਵਿੱਚ 10.2 ਐੱਮ ਐੱਮ, ਨਵਾਂਸ਼ਹਿਰ ਵਿੱਚ 112.7 ਐੱਮ ਐੱਮ, ਫਿਰੋਜ਼ਪੁਰ ਵਿੱਚ 12 ਐੱਮ ਐੱਮ, ਹੁਸ਼ਿਆਰਪੁਰ ਵਿੱਚ 26.5 ਐੱਮ ਐੱਮ, ਮਾਨਸਾ ਵਿੱਚ 42 ਐੱਮ ਐੱਮ, ਮੁਹਾਲੀ ਵਿੱਚ 64 ਐੱਮ ਐੱਮ ਅਤੇ ਰੋਪੜ ਵਿੱਚ 82.5 ਐੱਮ ਐੱਮ ਮੀਂਹ ਪਿਆ।

# ਵਿਕਾਸ ਮਿਸ਼ਨ ਨੇ ਨਿਰਮਲਜੀਤ ਸਿੰਘ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**-ਨਿਰਮਲਜੀਤ ਸਿੰਘ ਨੇ ਸਥਾਨਕ ਸ੍ਰੀ ਦਰਬਾਰ ਸਾਹਿਬ ਵਿਖੇ ਬਤੌਰ ਮੈਨੇਜਰ ਅਹੁਦਾ ਸੰਭਾਲ ਲਿਆ ਹੈ। ਪਹਿਲੇ ਮੈਨੇਜਰ ਬਲਦੇਵ ਸਿੰਘ ਮੈਨੇਜਰ ਵਜੋਂ ਸੇਵਾ ਮੁਕਤ ਹੋ ਚੁੱਕੇ ਹਨ। ਸਮਾਜ ਸੇਵਾ ਦੇ ਖੇਤਰ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਸਵਿੰਦਰ ਰਾਏ ਢੋਸੀਵਾਲ ਦੀ ਅਗਵਾਈ ਹੇਠ ਟੈਲੀਫੋਨ ਰਾਹੀਂ ਨਿਰਮਲਜੀਤ ਸਿੰਘ ਨੂੰ ਬਤੌਰ ਮੈਨੇਜਰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਹੈ।ਇਸ ਤੋਂ ਇਲਾਵਾ ਮਿਸ਼ਨ ਗਾਈਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੀਫ਼ ਪੈਟਰਨ ਇਸ. ਜਗਸੀਰ ਸਿੰਘ, ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੂੜੀਆ (ਦੋਵੇਂ ਪੈਟਰਨ), ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਡਾ. ਜਸਵਿੰਦਰ ਸਿੰਘ, ਗੁਰਪਾਲ ਸਿੰਘ ਪਾਲੀ, ਪ੍ਰੋ. ਕੁਲਵੰਤ ਸ਼ਰਮਾ, ਵਿਜੇ ਸਿਡਾਨਾ, ਰਾਜਿੰਦਰ ਖੁਰਾਣਾ, ਬਲਜੀਤ ਸਿੰਘ ਕੋਅਪ੍ਰਟਿਵ, ਸਾਹਿਲ ਕੁਮਾਰ ਹੈਪੀ, ਵਿਕ੍ਰਾਂਤ ਤੇਰੀਆ ਤੇ ਪੂਜਾ ਕੱਕੜ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਵੀ ਨਿਰਮਲਜੀਤ ਸਿੰਘ ਨੂੰ ਵਧਾਈ ਦਿੱਤੀ।ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਜਲਦੀ ਹੀ ਸ੍ਰੀ ਦਰਬਾਰ ਸਾਹਿਬ ਦੇ ਨਵ ਨਿਯੁਕਤ ਮੈਨੇਜਰ ਨਿਰਮਲਜੀਤ ਸਿੰਘ ਨਾਲ ਮੁਲਾਕਾਤ ਕਰਕੇ ਉਹਨਾਂ ਦਾ ਰਸਮੀ ਸਵਾਗਤ ਕੀਤਾ ਜਾਵੇਗਾ।

# ਨਰਸਿੰਗ ਸਕੂਲ ਮਾਤਾ ਕੁਸ਼ੱਲਿਆ ਵਿਖੇ ਲਗਾਇਆ ਗਿਆ ਫਸਟ ਏਡ ਟ੍ਰੇਨਿੰਗ ਸੈਸ਼ਨ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਪਟਿਆਲਾ ਡਾ. ਜਗਪਾਲਇੰਦਰ ਸਿੰਘ ਅਤੇ ਮੈਡੀਕਲ ਸੁਪਰਡੈਂਟ ਐਮ ਕੇ ਐਚ ਡਾ. ਐਸ ਜੇ ਸਿੰਘ ਦੀ ਅਗਵਾਈ ਹੇਠ ਨਰਸਿੰਗ ਸਕੂਲ ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਵਿਖੇ ਟ੍ਰੇਨਿੰਗ ਅਤੇ ਕੁਇਜ਼ ਸੈਸ਼ਨ ਕਰਵਾਇਆ ਗਿਆ।ਇਸ ਮੌਕੇ ਭਾਰਤ ਸਰਕਾਰ ਦੇ ਆਫਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ ਦੇ ਚੀਫ ਟਰੇਨਰ ਕਾਕਾ ਰਾਮ ਵਰਮਾ ਵੱਲੋਂ ਟ੍ਰੈਫਿਕ, ਡਿਜਾਸਟਰ ਮੈਨੇਜਮੈਂਟ, ਫਾਇਰ ਸੇਫਟੀ, ਫਸਟ ਏਡ, ਸੀ.ਪੀ.ਆਰ ਅਤੇ ਸਾਈਬਰ ਕ੍ਰਾਈਮ ਵਿਸ਼ੇ ਤੇ ਕੁਇਜ਼ ਸੈਸ਼ਨ ਕਰਵਾਇਆ ਗਿਆ।ਉਹਨਾਂ ਦੱਸਿਆ ਕਿ ਲੋੜ ਤੋਂ ਵੱਧ ਧੂੰਏ ਅਤੇ ਜ਼ਹਿਰੀਲੀਆਂ ਗੈਸਾਂ ਨਾਲ ਦਮ ਘੁੱਟਣਾ, ਦਿਲ ਦਾ ਦੌਰਾ, ਕਾਰਡੀਅਕ ਅਰੈਸਟ, ਬੇਹੋਸ਼ ਹੋਣਾ, ਦਿਮਾਗ ਨੂੰ ਆਕਸੀਜਨ ਦੀ ਕਮੀ, ਸਰੀਰ ਵਿੱਚ ਗੁਲੂਕੋਜ਼ ਦੀ ਕਮੀ ਨਾਲ ਕੁਝ ਕੁ ਮਿੰਟਾਂ ਵਿੱਚ ਮੌਤ ਹੋ ਜਾਣ ਦਾ ਖਤਰਾ ਹੁੰਦਾ ਹੈ। ਮੌਤਾਂ ਹੋਣ ਤੋਂ ਰੋਕਣ ਲਈ ਟ੍ਰੇਨਿੰਗ ਅਤੇ ਇਸ ਸਬੰਧੀ ਮੌਕ ਡਰਿਲਾਂ ਵੀ ਕਰਵਾਈਆਂ।ਉਹਨਾਂ ਚਾਦਰਾਂ, ਚੁੰਨੀਆਂ, ਰੱਸੀਆਂ, ਪੌੜੀਆਂ ਨਾਲ ਸਟਰੇਚਰ ਤਿਆਰ ਕਰਨੀ, ਵੈਂਟੀਲੇਟਰ ਤੇ ਸੇਫ ਤਰੀਕੇ ਨਾਲ ਸਾਹ ਦਿਵਾਉਣ ਬਾਰੇ ਦੱਸਿਆ। ਇਸ ਦੇ ਨਾਲ ਹੀ ਪੁਲਸ ਐਬੂਲੈਂਸ ਤੇ ਫਾਇਰ ਬ੍ਰਿਗੇਡ ਨੂੰ ਬੁਲਾਉਣ ਲਈ ਟੈਲੀਫੋਨ ਨੰਬਰ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਉਹਨਾਂ ਨੇ ਵਿਦਿਆਰਥੀਆਂ ਨੂੰ ਫਸਟ ਏਡ ਬਾਰੇ ਵੀ ਜਾਣਕਾਰੀ ਦਿੱਤੀ।ਪੁਲਸ ਇੰਸਪੈਕਟਰ ਟ੍ਰੈਫਿਕ ਐਜੂਕੇਸ਼ਨ ਸੈਲ ਰਾਮ ਸ਼ਰਨ ਨੇ ਵਿਦਿਆਰਥੀਆਂ ਸੜਕ ਸੁਰੱਖਿਆ ਅਤੇ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਵੀ ਦਿੱਤੀ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਗੁਰਮੀਤ ਕੌਰ, ਆਸ਼ੀਸ਼ ਸ਼ਰਮਾ ਮੇਨੇਜਰ ਮਾਰੁਤੀ ਸੁਜ਼ੂਕੀ ਡਰਾਈਵਿੰਗ ਸਕੂਲ, ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੀਰ ਕੌਰ, ਜ਼ਿਲ੍ਹਾ ਬੀ.ਸੀ.ਸੀ ਕੁਆਰਡੀਨੇਟਰ ਜਸਬੀਰ ਕੌਰ, ਨਰਸਿੰਗ ਟਿਊਟਰ ਰਜਨੀ ਬਾਲਾ, ਸ੍ਰੀਮਤੀ ਹੋਮੀਪਾਲ ਅਤੇ ਸਾਰਾ ਨਰਸਿੰਗ ਸਟਾਫ ਹਾਜ਼ਰ ਸੀ।

# ਪ੍ਰਸ਼ਾਸਨ ਵੱਲੋਂ ਸਤਲੁਜ ਦਰਿਆ 'ਤੇ ਬਣੇ ਬੰਨ੍ਹ 'ਤੇ ਬਗੈਰ ਜ਼ਰੂਰਤ ਨਾ ਜਾਣ ਦੀ ਅਪੀਲ



**ਫ਼ਾਜ਼ਿਲਕਾ (ਪੱਤਰ ਪ੍ਰੇਰਕ)**-ਵੱਡੀ ਮਾਤਰਾ 'ਚ ਪਾਣੀ ਆਉਣ ਨਾਲ ਸਰਹੱਦੀ ਪਿੰਡਾਂ ਵਿੱਚ ਹੜ੍ਹ ਵਰਗੇ ਹਾਲਾਤ ਬਣੇ ਹੋਏ ਹਨ।ਸਤਲੁਜ ਕ੍ਰੀਕ ਦੇ ਪ੍ਰੋਟੈਕਸ਼ਨ ਬੰਨ੍ਹ ਤੇ ਪਾਣੀ ਦਾ ਬਹੁਤ ਦਬਾਅ ਹੈ ਤੇ ਇਸ ਬੰਨ੍ਹ ਨੂੰ ਲਗਾਤਾਰ ਮਜਬੂਤ ਕਰਦੇ ਰਹਿਣ ਲਈ ਵਿਭਾਗ ਨੂੰ ਇੱਥੇ ਨਾਲੋਂ ਨਾਲ ਨਵੀਂ ਮਿੱਟੀ ਪੁਚਾਉਣੀ ਪੈ ਰਹੀ ਹੈ।ਡਿਪਟੀ ਕਮਿਸ਼ਨਰ ਮੈਡਮ ਅਮਰਪ੍ਰੀਤ ਕੌਰ ਸੰਧੂ ਵੱਲੋਂ ਸਮੂਹ ਇਲਾਕਾ ਵਾਸੀਆਂ ਨੂੰ ਤੇ ਸੇਵਾ ਭਾਵਨਾ ਲਈ ਆ ਰਹੀਆਂ ਸਮਾਜ ਸੇਵੀ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਆਪਾਂ ਲੋਕਾਂ ਨੂੰ ਬਚਾਉਣ ਲਈ ਹਰ ਤਰ੍ਹਾਂ ਦੀ ਮਦਦ ਕਰ ਰਹੇ ਹਾਂ, ਇਸ ਦਾ ਸਵਾਗਤ ਹੈ ਪ੍ਰੰਤੂ ਜੇਕਰ ਕੋਈ ਦਿੱਕਤ ਆ ਰਹੀ ਹੈ ਤਾਂ ਉਸ ਲਈ ਪ੍ਰਸ਼ਾਸਨ ਦਾ ਸਾਥ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਦੇਖਣ 'ਚ ਆਇਆ ਹੈ ਕਿ ਬਹੁਤ ਸਾਰੇ ਲੋਕ ਬਿਨਾਂ ਕਿਸੇ ਕੰਮ ਤੋਂ ਸਤਲੁਜ ਦੀ ਕ੍ਰੀਕ ਦੇ ਕਾਵਾਂ ਵਾਲੀ ਤੇ ਦੂਜੇ ਬੰਨ੍ਹਾਂ 'ਤੇ ਪਹੁੰਚ ਰਹੇ ਹਨ।ਅਜਿਹੇ ਲੋਕਾਂ ਦੇ ਉੱਥੇ ਇਕੱਠੇ ਹੋਣ ਤੇ ਇਨ੍ਹਾਂ ਦੇ ਵਾਹਨ ਸੜਕ ਤੇ ਖੜੇ ਹੋਣ ਕਾਰਨ ਸਤਲੁਜ ਬੰਨ੍ਹ ਤੱਕ ਹੋਰ ਮਿੱਟੀ ਭੇਜਣ ਵਿੱਚ ਦਿੱਕਤ ਆ ਰਹੀ ਹੈ।ਇਸ ਲਈ ਸਾਰੇ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਕੋਈ ਵੀ ਵਿਅਕਤੀ ਸਿਰਫ਼ ਬੰਨ੍ਹ ਵੇਖਣ ਜਾਂ ਪਾਣੀ ਵੇਖਣ ਲਈ ਸਤਲੁਜ ਦੀ ਕ੍ਰੀਕ ਤੇ ਨਾ ਜਾਵੇ, ਕਿਉਂਕਿ ਅਜਿਹੇ ਲੋਕਾਂ ਦੇ ਵਾਹਨਾਂ ਨਾਲ ਟ੍ਰੈਫਿਕ ਜਾਮ ਹੋ ਜਾਂਦਾ ਹੈ ਤੇ ਬੰਨ੍ਹ ਤੇ ਮਿੱਟੀ ਭੇਜਣ ਵਿੱਚ ਦਿੱਕਤ ਆਉਂਦੀ ਹੈ।ਇਸੇ ਤਰ੍ਹਾਂ ਬੰਨ੍ਹ 'ਤੇ ਭੀੜ ਇਕੱਠੀ ਹੋਣ ਨਾਲ ਬੰਨ੍ਹ ਤੇ ਹੋਰ ਦਬਾਓ ਵਧਦਾ ਹੈ ਅਤੇ ਇਸ ਨਾਲ ਇੱਥੇ ਪਹੁੰਚਣ ਵਾਲਿਆਂ ਲਈ ਵੀ ਖਤਰਾ ਹੋ ਸਕਦਾ ਹੈ।ਇਸ ਤੋਂ ਬਿਨਾਂ ਰਾਹਤ ਸਮੱਗਰੀ ਲੈ ਕੇ ਜਾਣ ਵਾਲਿਆਂ ਨੂੰ ਵੀ ਪ੍ਰਸ਼ਾਸਨ ਵੱਲੋਂ ਅਪੀਲ ਕੀਤੀ ਗਈ ਹੈ ਕਿ ਉਹ ਵੱਡੇ ਵਾਹਨ ਲੈ ਕੇ ਨਾ ਜਾਣ, ਕਿਉਂਕਿ ਇਸ ਨਾਲ ਟ੍ਰੈਫਿਕ ਵਿੱਚ ਰੁਕਾਵਟ ਆਉਂਦੀ ਹੈ ਤੇ ਬੰਨ੍ਹ ਤੱਕ ਮਿੱਟੀ ਪੁਚਾਉਣ ਵਿੱਚ ਦੇਰੀ ਹੁੰਦੀ ਹੈ।ਰਾਹਤ ਕਾਰਜਾਂ ਵਿੱਚ ਲੱਗੀਆਂ ਕਿਸ਼ਤੀਆਂ ਨੂੰ ਵੀ ਆਪਣੀ ਰਫ਼ਤਾਰ ਹੌਲੀ ਕਰਨ ਲਈ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਕਹਿ ਦਿੱਤਾ ਗਿਆ ਹੈ, ਤਾਂ ਜੁ ਇਨ੍ਹਾਂ ਦੀਆਂ ਛੱਲਾਂ ਨਾਲ ਬੰਨ ਨੂੰ ਨੁਕਸਾਨ ਨਾ ਪਹੁੰਚੇ।

# ਧੂਮਧਾਮ ਨਾਲ ਮਨਾਈ ਜਾਵੇਗੀ ਮਹਾਰਾਜਾ ਅਗਰਸੇਨ ਜਯੰਤੀ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਅਗਰਵਾਲ ਸਭਾ ਸੁਨਾਮ ਦੀ ਬੈਠਕ ਸ਼ਿਵ ਨਿਕੇਤਨ ਧਰਮਸ਼ਾਲਾ ਵਿੱਚ ਸਭਾ ਦੇ ਪ੍ਰਧਾਨ ਵਿਕਰਮ ਗਰਗ ਵਿੱਕੀ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਮਹਾਰਾਜਾ ਅਗਰਸੇਨ ਜਯੰਤੀ ਇਸ ਵਾਰ 27 ਸਤੰਬਰ ਨੂੰ ਨਗਰ ਵਿੱਚ ਸ਼ਾਨਦਾਰ ਢੰਗ ਨਾਲ ਮਨਾਈ ਜਾਵੇਗੀ।ਬੈਠਕ ਵਿੱਚ ਤਹਿ ਕੀਤਾ ਗਿਆ ਕਿ ਇਸ ਮੌਕੇ ਨਗਰ ਵਿੱਚ ਪ੍ਰਭਾਤ ਫੇਰੀ ਤੇ ਸ਼ੋਭਾਯਾਤਰਾ ਕੱਢੀ ਜਾਵੇਗੀ।ਸ਼ਹਿਰ ਨੂੰ ਸਜਾਇਆ ਜਾਵੇਗਾ।ਜਯੰਤੀ ਉਤਸਵ ਨੂੰ ਸਿਰਫ਼ ਧਾਰਮਿਕ ਤੇ ਸੱਭਿਆਚਾਰਕ ਪ੍ਰੋਗਰਾਮਾਂ ਤੱਕ ਹੀ ਸੀਮਿਤ ਨਾ ਰੱਖਦਿਆਂ, ਇਸ ਵਿੱਚ ਸਮਾਜਿਕ ਸਰੋਕਾਰ ਵੀ ਜੋੜੇ ਜਾਣਗੇ।ਸਭਾ ਦੇ ਪ੍ਰਧਾਨ ਵਿਕਰਮ ਗਰਗ ਵਿੱਕੀ ਨੇ ਕਿਹਾ ਕਿ ਮਹਾਰਾਜਾ ਅਗਰਸੇਨ ਨੇ ਸਮਾਜ ਨੂੰ ਸਮਾਨਤਾ, ਸਹਿਯੋਗ ਤੇ ਸੇਵਾ ਦਾ ਜੁ ਸੰਦੇਸ਼ ਦਿੱਤਾ ਸੀ, ਉਹ ਅੱਜ ਵੀ ਪ੍ਰੇਰਨਾਦਾਇਕ ਹੈ।ਉਨ੍ਹਾਂ ਨਗਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਆਯੋਜਨ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਅਤੇ ਇਸ ਨੂੰ ਸਫ਼ਲ ਬਣਾਉਣ।

# ਮੋਦੀ ਚੀਨ ਤੇ ਜਪਾਨ ਦਾ ਦੌਰਾ ਰੱਦ ਕਰ ਪੰਜਾਬ ਦੇ ਹੜ੍ਹ ਪ੍ਰਭਾਵਤ ਪਿੰਡਾਂ ਦੀ ਸਾਰ ਲਵੇ : ਹਨੀ ਫੱਤਣਵਾਲਾ

## ਸੁਖਬੀਰ ਸਿੰਘ ਬਾਦਲ ਦਾ ਕੀਤਾ ਧੰਨਵਾਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**-ਇਨ੍ਹੀਂ ਦਿਨੀਂ ਔਖੇ ਤੋਂ ਜ਼ਿਆਦਾ ਪੰਜਾਬ ਕੁਦਰਤੀ ਆਫਤ ਦੇ ਚੱਲਦਿਆਂ ਹੜ੍ਹਾਂ ਦੀ ਮਾਰ ਹੇਠ ਆ ਚੁੱਕਾ ਹੈ, ਤੇ ਹੁਣ ਲੋਕਾਂ ਨੇ ਸੂਬਾ ਸਰਕਾਰ ਤੋਂ ਮਦਦ ਦੀ ਆਸ ਉਮੀਦ ਛੱਡ ਦਿੱਤੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਕਈ ਤਰ੍ਹਾਂ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਹੁਣ ਸਿਰਫ ਇਸ਼ਤਿਹਾਰਬਾਜ਼ੀ ਨਾਲ ਗੱਲ ਨਹੀਂ ਬਣਨੀ ਕਿਉਂਕਿ ਹੜ੍ਹਾਂ ਕਾਰਨ ਪੰਜਾਬ ਦੇ ਲੋਕ ਵੱਡੇ ਸੰਕਟ ਦਾ ਸਾਹਮਣਾ ਕਰ ਰਹੇ ਹਨ।ਉਨ੍ਹਾਂ ਸੂਬਾ ਸਰਕਾਰ ਨੂੰ ਹੜ੍ਹ ਪੀੜਤਾਂ ਨੂੰ ਵੱਡੇ ਪੱਧਰ 'ਤੇ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ।ਇਸ ਮੌਕੇ ਹਨੀ ਫੱਤਣਵਾਲਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉਨ੍ਹਾਂ ਵੱਲੋਂ ਚੀਨ ਅਤੇ ਜਪਾਨ ਜਿਹੇ ਦੇਸ਼ਾਂ ਦਾ ਦੌਰਾ ਰੱਦ ਕਰਕੇ ਪੂਰੇ ਭਾਰਤ ਨੂੰ ਅਨਾਜ਼ ਮੁਹੱਈਆ ਕਰਾਉਣ ਵਾਲੇ ਸੂਬੇ ਅੰਦਰ ਕੁਦਰਤੀ ਆਫ਼ਤ ਦਾ ਸਾਹਮਣਾ ਕਰ ਰਹੇ ਕਿਸਾਨਾਂ ਤੇ ਆਮ ਲੋਕਾਂ ਦੀ ਸਾਰ ਲੈਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਹੜ੍ਹਾਂ ਦੀ ਮਾਰ ਕਾਰਨ ਪੰਜਾਬ ਦਾ ਲਗਭਗ 1200 ਪਿੰਡ ਪ੍ਰਭਾਵਿਤ ਹੋ ਚੁੱਕੇ ਹਨ, ਪਸ਼ੂ ਧਨ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਤੇ ਉਨ੍ਹਾਂ ਦੇ ਰੈਣ ਬਸੇਰੇ ਹੜ੍ਹਾਂ ਦੇ ਪਾਣੀ 'ਚ ਵਹਿ ਚੁੱਕੇ ਹਨ। ਹਨੀ ਫੱਤਣਵਾਲਾ ਨੇ ਕਿਹਾ ਕਿ ਝੋਨੇ ਆਦਿ ਦੀ ਫਸਲ ਤਬਾਹ ਹੋ ਚੁੱਕੀ ਹੈ ਤੇ ਆਉਣ ਵਾਲੇ ਹਾੜ੍ਹੀ ਦੇ ਸੀਜ਼ਨ ਲਈ ਵੀ ਖੇਤ ਤਿਆਰ ਨਹੀਂ ਹੋਣਗੇ।ਜਿਸ ਕਾਰਨ ਕਿਸਾਨਾਂ ਨੂੰ ਆਰਥਿਕ ਸਥਿਤੀ ਦਾ ਸਾਹਮਣਾ ਕਰਨਾ ਪਵੇਗਾ।ਹਨੀ ਫੱਤਣਵਾਲਾ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ 'ਚ ਹੜ੍ਹ ਪੀੜ੍ਹਤ ਲੋਕਾਂ ਦੀ ਮਦਦ ਲਈ ਕਿਸਾਨਾਂ ਨੂੰ ਘੱਟੋ ਘੱਟ ਇੱਕ ਲੱਖ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇ ਕਿਉਂਕਿ ਕਿਸਾਨਾਂ ਦੀਆਂ ਦੋਵੇਂ ਫਸਲਾਂ ਤਬਾਹ ਹੋ ਚੁੱਕੀਆਂ ਹਨ।ਇਸ ਤੋਂ ਇਲਾਵਾ ਜਿਨ੍ਹਾਂ ਲੋਕਾਂ ਦੇ ਘਰ ਢਹਿ ਚੁੱਕੇ ਹਨ, ਉਨ੍ਹਾਂ ਨੂੰ ਘੱਟ ਤੋਂ ਘੱਟ 10 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ ਤੇ ਜਿਨ੍ਹਾਂ ਲੋਕਾਂ ਦੇ ਪਸ਼ੂ ਧਨ ਦਾ ਵੱਡਾ ਨੁਕਸਾਨ ਹੋਇਆ ਉਨ੍ਹਾਂ ਨੂੰ ਘੱਟੋ ਘੱਟ ਇੱਕ ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ।ਹਨੀ ਫੱਤਣ ਵਾਲਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਵਿਸ਼ੇਸ਼ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਵੱਲੋਂ ਸੱਤਾ ਵਿੱਚ ਨਾ ਹੋਣ ਦੇ ਬਾਵਜੂਦ ਵੀ ਬਿਨਾਂ ਸਵਾਰਥ ਹੜ੍ਹ ਪ੍ਰਭਾਵਤ ਪਿੰਡਾਂ ਦੇ ਦੌਰੇ ਦੌਰਾਨ ਰਾਸ਼ਨ ਦੇ ਨਾਲ-ਨਾਲ ਦੁਧਾਰੂ ਪਸ਼ੂਆਂ ਲਈ ਚਾਰਾ, ਪਾਣੀ ਦੀ ਨਿਕਾਸੀ ਲਈ ਇੰਜਨ, ਡੀਜ਼ਲ, ਪਾਈਪਾਂ, ਦਵਾਈਆਂ, ਕਿਸ਼ਤੀਆਂ ਤੇ ਹੋਰ ਲੋੜੀਂਦਾ ਸਮਾਨ ਵੀ ਵੰਡਿਆ ਜਾ ਰਿਹਾ ਹੈ।ਇਸ ਤੋਂ ਇਲਾਵਾ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਹਰੇਕ ਵਰਕਰ ਨੂੰ ਹੜ੍ਹ ਪ੍ਰਭਵਿਤ ਪਿੰਡਾਂ 'ਚ ਲੋਕਾਂ ਦੀ ਮਦਦ ਕਰਨ ਲਈ ਹਰ ਸਮੇਂ ਤੱਤਪਰ ਰਹਿਣ ਦੇ ਹੁਕਮ ਕੀਤੇ ਹਨ।

# ਭਾਜਪਾ ਦਫਤਰ ਵਿਖੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਦਫ਼ਤਰ ਵਿੱਚ ਪੰਜਾਬ ਵਿੱਚ ਹੜ੍ਹਾਂ ਦੀ ਤਬਾਹੀ ਦੇ ਪੀੜਤਾਂ ਨੂੰ ਰਾਹਤ ਪ੍ਰਦਾਨ ਕਰਨ ਅਤੇ ਭਾਜਪਾ ਦੇ ਪ੍ਰਸਾਰ ਤੇ ਨਵੇਂ ਜ਼ਿਲ੍ਹਾ ਦਫ਼ਤਰ ਦੇ ਨਿਰਮਾਣ ਹੋਣ 'ਤੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਕਿਹਾ ਕਿ ਇਸ ਸਮੇਂ ਨਾ ਸਿਰਫ਼ ਪੰਜਾਬ ਬਲਕਿ ਪੂਰਾ ਦੇਸ਼ ਹੜ੍ਹ ਦੀ ਲਪੇਟ ਵਿੱਚ ਹੈ, ਵੱਡੀ ਗਿਣਤੀ ਵਿੱਚ ਲੋਕ ਹੜ੍ਹ ਨਾਲ ਜੂਝ ਰਹੇ ਹਨ, ਅਜਿਹੀ ਸਥਿਤੀ ਵਿੱਚ ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਹੜ੍ਹ ਪੀੜਤਾਂ ਨੂੰ ਤੁਰੰਤ ਸੰਕਟ ਤੋਂ ਰਾਹਤ ਮਿਲੇ, ਉਨ੍ਹਾਂ ਦੀ ਜ਼ਿੰਦਗੀ ਜਲਦੀ ਤੋਂ ਜਲਦੀ ਪਟੜੀ 'ਤੇ ਆ ਸਕੇ, ਇਸ ਉਦੇਸ਼ ਨਾਲ ਇਹ ਸਮਾਗਮ ਆਯੋਜਿਤ ਕੀਤਾ ਗਿਆ ਹੈ। ਭਾਰੀ ਮੀਂਹ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਪਹੁੰਚੇ ਸ਼ਰਧਾਲੂਆਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਹ ਪੰਜਾਬ ਅਤੇ ਇੱਥੋਂ ਦੇ ਲੋਕਾਂ ਦੀ ਵਿਸ਼ੇਸ਼ਤਾ ਹੈ ਕਿ ਜਿੱਥੇ ਵੀ ਕਿਸੇ ਦੀ ਭਲਾਈ ਲਈ ਕੋਈ ਰਸਮ ਹੁੰਦੀ ਹੈ, ਸ਼ਰਧਾਲੂ ਖੁਦ ਉੱਥੇ ਵੱਡੀ ਗਿਣਤੀ ਵਿੱਚ ਪਹੁੰਚਦੇ ਹਨ, ਭਾਵੇਂ ਉੱਥੇ ਪਹੁੰਚਣਾ ਕਿੰਨਾ ਵੀ ਮੁਸ਼ਕਲ ਕਿਉਂ ਨਾ ਹੋਵੇ। ਮੋਗਾ ਵਿੱਚ ਦੋ ਦਿਨਾਂ ਤੋਂ ਲਗਾਤਾਰ ਮੀਂਹ ਪੈ ਰਿਹਾ ਹੈ, ਅੱਜ ਵੀ ਸਵੇਰ ਤੋਂ ਹੀ ਭਾਰੀ ਮੀਂਹ ਪਿਆ, ਇਸ ਦੇ ਬਾਵਜੂਦ ਸ਼ਰਧਾਲੂ ਵੱਡੀ ਗਿਣਤੀ ਵਿੱਚ ਇਸ ਸਮਾਗਮ ਵਿੱਚ ਪਹੁੰਚੇ।

ਇਸ ਮੌਕੇ ਸਾਬਕਾ ਜਨਰਲ ਸਕੱਤਰ ਮੁਖਤਿਆਰ ਸਿੰਘ, ਸਾਬਕਾ ਸਰਪੰਚ ਲਖਵੀਰ ਸਿੰਘ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਰਾਕੇਸ਼ ਸ਼ਰਮਾ, ਸਾਬਕਾ ਜਨਰਲ ਸਕੱਤਰ ਸਮਸ਼ੇਰ ਸਿੰਘ ਕੈਂਥ, ਸੀਨੀਅਰ ਆਗੂ ਨਿਧੜਕ ਸਿੰਘ ਬਰਾੜ, ਮੰਡਲ ਪ੍ਰਧਾਨ ਧਰਮਕੋਟ ਰਾਓ ਵਰਿੰਦਰ ਪੰਥੀ, ਸੀਨੀਅਰ ਭਾਜਪਾ ਆਗੂ ਦੇਵਪ੍ਰਿਆ ਤਿਆਗੀ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੇ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਤ੍ਰਿਲੋਚਨ ਸਿੰਘ, ਸਾਬਕਾ ਸਰਪੰਚ ਐਨ. ਬਾਂਸਲ, ਰਾਹੁਲ ਗਰਗ, ਵਿੱਕੀ ਸਿਤਾਰਾ, ਖੁਖਰਾਣਾ ਦੇ ਸਾਬਕਾ ਸਰਪੰਚ ਗੁਰਤੇਜ ਸਿੰਘ, ਗੁਰਮੀਤ ਸਿੰਘ ਸਰਨਾ, ਸਾਬਕਾ ਸੰਸਦ ਮੈਂਬਰ ਕੇਵਲ ਸਿੰਘ, ਕਿਸਾਨ ਆਗੂ ਗੁਰਮੇਲ ਸਿੰਘ ਸਰਾਂ, ਨਿਰਮਲ ਮੀਨੀਆਂ, ਡਾ. ਰਮਿੰਦਰ ਸ਼ਰਮਾ ਆਦਿ ਮੌਜੂਦ ਸਨ।

# ਮੈਜਿਸਟ੍ਰੇਟ ਵੱਲੋਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ



**ਜਲਾਲਾਬਾਦ (ਜੀਤ ਕੁਮਾਰ)**-ਜ਼ਿਲ੍ਹਾ ਮੈਜਿਸਟਰੇਟ ਅਮਰਪ੍ਰੀਤ ਕੌਰ ਸੰਧੂ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿਤਾ 2023 ਦੀ ਧਾਰਾ 163 (ਪੁਰਾਣੀ ਸੀਆਰਪੀਸੀ, 1973 ਦੀ ਧਾਰਾ 144) ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀਆਂ 31 ਅਕਤੂਬਰ ਤੱਕ ਲਾਗੂ ਰਹਿਣਗੀਆਂ ਤੇ ਉਲੰਘਣਾ ਕਰਨ ਵਾਲਿਆਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਪਾਬੰਦੀਆਂ ਅਨੁਸਾਰ ਜ਼ਿਲ੍ਹਾ ਫਾਜਿਲਕਾ ਵਿੱਚ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊਵੰਸ਼ ਦੀ ਢੋਆ ਢੁਆਈ ਤੇ ਪੂਰਨ ਪਾਬੰਦੀ ਲਾਈ ਹੈ। ਹੁਕਮਾਂ ਵਿੱਚ ਉਨ੍ਹਾਂ ਕਿਹਾ ਕਿ ਜ਼ਿਨ੍ਹਾਂ ਲੋਕਾਂ ਨੇ ਗਊਵੰਸ਼ ਰੱਖੇ ਹੋਏ ਹਨ, ਉਹ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਜ਼ਰੂਰ ਕਰਾਉਣ। ਜ਼ਿਲ੍ਹਾ ਮੈਜਿਸਟ੍ਰੇਟ ਦੇ ਜਾਰੀ ਹੁਕਮਾਂ ਅਨੁਸਾਰ ਕਿਸੇ ਵੀ ਰੈਸਟੋਰੈਂਟ ਜਾਂ ਹੁੱਕਾ ਬਾਰ ਵਿਖੇ ਗ੍ਰਾਹਕਾਂ ਨੂੰ ਹੁੱਕਾ ਨਹੀਂ ਪਰੋਸਿਆ ਜਾ ਸਕੇਗਾ। ਜ਼ਿਲ੍ਹੇ ਦੇ ਸਮੂਹ ਪਿੰਡਾਂ ਤੇ ਨਗਰ ਕੌਂਸਲਾਂ ਦੀ ਹੱਦ ਵਿਚ ਇਹ ਹੁਕਮ ਲਾਗੂ ਰਹਿਣਗੇ। ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲੇ ਵਿਅਕਤੀ ਵਿਰੁੱਧ ਭਾਰਤੀ ਢੰਡ ਵਿਧਾਨ ਦੀ ਧਾਰਾ 188 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜ਼ਿਲ੍ਹਾ ਮੈਜਿਸਟ੍ਰੇਟ ਨੇ ਕੌਮਾਂਤਰੀ ਸਰਹੱਦ ਤੇ ਸਰਹੱਦੀ ਸੁਰੱਖਿਆ ਤਾਰ ਦਰਮਿਆਨ ਤੇ ਤਾਰ ਤੋਂ ਭਾਰਤ ਵਾਲੇ ਪਾਸੇ 70 ਤੋਂ 100 ਮੀਟਰ ਥਾਂ 'ਤੇ ਉੱਚੀਆਂ ਫ਼ਸਲਾਂ ਜਿਵੇਂ ਬੀ.ਟੀ. ਨਰਮਾ, ਮੱਕੀ, ਗਵਾਰਾ, ਜਵਾਰ, ਗੰਨਾ, ਸਰ੍ਹੋਂ, ਤੋਰੀਆ, ਸੂਰਜਮੁਖੀ ਤੇ ਅਜਿਹੀਆਂ ਹੋਰ ਉੱਚੀਆਂ ਵਧਣ ਵਾਲੀਆਂ ਫ਼ਸਲਾਂ ਬੀਜਣ ਦੀ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਬੀ.ਐਸ.ਐਫ਼ ਦੇ ਅਧਿਕਾਰੀਆਂ ਵੱਲੋਂ ਧਿਆਨ 'ਚ ਲਿਆਂਦਾ ਗਿਆ ਹੈ ਕਿ ਕੌਮਾਂਤਰੀ ਸਰਹੱਦ ਅਤੇ ਸਰਹੱਦੀ ਸੁਰੱਖਿਆ ਤਾਰ ਵਿਚਕਾਰ ਕੁਝ ਕਿਸਾਨ ਬੀ.ਟੀ. ਨਰਮਾ, ਮੱਕੀ, ਗਵਾਰਾ, ਜਵਾਰ, ਗੰਨਾ, ਸਰ੍ਹੋਂ, ਤੋਰੀਆ, ਸੂਰਜਮੁਖੀ ਤੇ 4.5 ਫ਼ੁਟ ਤੋਂ ਉੱਚੀਆਂ ਹੋਣ ਵਾਲੀਆਂ ਅਜਿਹੀਆਂ ਹੋਰ ਫ਼ਸਲਾਂ ਬੀਜ ਰਹੇ ਹਨ, ਜਿਸ ਕਰਕੇ ਇਹ ਪਾਬੰਦੀ ਲਾਈ ਗਈ ਹੈ। ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਫ਼ਾਜ਼ਿਲਕਾ ਜ਼ਿਲ੍ਹੇ ਦੀ ਹਦੂਦ ਅੰਦਰ ਪਤੰਗਾਂ ਆਦਿ ਦੀ ਵਰਤੋਂ ਲਈ ਚਾਈਨਾ ਡੋਰ ਵੇਚਣ, ਸਟੋਰ ਕਰਨ 'ਤੇ ਪੂਰਨ ਪਾਬੰਦੀ ਲਾਈ ਹੈ। ਇਹ ਡੋਰ ਸੂਤੀ ਤੋਂ ਹੱਟ ਕੇ ਸਿੰਥੈਟਿਕ/ਪਲਾਸਟਿਕ ਦੀ ਬਣੀ ਹੁੰਦੀ ਹੈ, ਜੋ ਮਜਬੂਤ ਨਾ ਗਲਣਯੋਗ, ਨਾ ਟੁੱਟਣਯੋਗ ਹੁੰਦੀ ਹੈ। ਇਸ ਡੋਰ ਦੀ ਵਰਤੋਂ ਨਾਲ ਹੱਥ/ਉਂਗਲਾਂ ਕੱਟ ਜਾਂਦੀਆਂ ਹਨ। ਜੇਕਰ ਇਹ ਡੋਰ ਢਿੱਲੀ ਹੋ ਜਾਵੇ ਤਾਂ ਰਸਤੇ 'ਚ ਆ ਰਹੇ ਸਾਈਕਲ ਚਾਲਕਾਂ ਦੇ ਗਲੇ, ਕੰਨ ਕੱਟੇ ਜਾਣ ਅਤੇ ਉਡਦੇ ਪੰਛੀਆਂ ਦੇ ਖੰਭਾਂ 'ਚ ਫਸ ਜਾਣ ਕਾਰਨ ਉਨ੍ਹਾਂ ਦੇ ਮਰਨ ਆਦਿ ਦੀਆਂ ਘਟਨਾਵਾਂ ਵਾਪਰ ਸਕਦੀਆਂ ਹਨ। ਇਹ ਡੋਰ ਮਨੁੱਖੀ ਜਾਨਾਂ ਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ। ਹੁਕਮ 'ਚ ਜ਼ਿਲ੍ਹਾ ਮੈਰਿਜ ਪੈਲੇਸਾਂ ਵਿੱਚ ਹਥਿਆਰ ਆਦਿ ਲੈ ਕੇ ਆਉਣ ਤੇ ਹਵਾਈ ਫਾਇਰ ਕਰਨ ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।

ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹੇ ਵਿੱਚ ਪੈਂਦੇ ਅੰਤਰ-ਰਾਸ਼ਟਰੀ ਬਾਰਡਰ ਏਰੀਆ ਦੇ ਨਾਲ ਲੱਗਦੇ 4 ਕਿਲੋਮੀਟਰ ਦੇ ਏਰੀਏ ਵਿੱਚ ਪਾਕਿਸਤਾਨੀ ਸਿੰਮ ਕਾਰਡ ਰੱਖਣ ਤੇ ਵਰਤੋਂ ਕਰਨ 'ਤੇ ਵੀ ਪਾਬੰਦੀ ਲਗਾਈ ਹੈ। ਜ਼ਿਲ੍ਹਾ ਫਾਜ਼ਿਲਕਾ ਵਿੱਚ ਪੈਂਦੇ ਅੰਤਰ-ਰਾਸ਼ਟਰੀ ਬਾਰਡਰ ਏਰੀਆ ਨਾਲ ਲੱਗਦੇ 4 ਕਿਲੋਮੀਟਰ ਦੇ ਏਰੀਏ ਵਿੱਚ ਕਵਾਡ ਕਾਪਟਰ/ਡਰੋਨ ਕੈਮਰੇ ਆਦਿ ਉਡਾਉਣ ਤੇ ਪਾਬੰਦੀ ਲਾਈ ਗਈ ਹੈ।

# ਆਊਟਸੋਰਸ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਸੰਬੰਧੀ ਭਰਵੀਂ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਜ਼ਿਲ੍ਹਾ ਪਟਿਆਲਾ ਵਿਖੇ ਸਿਹਤ ਵਿਭਾਗ ਦੇ 'ਚ ਵੱਖ-ਵੱਖ ਕੈਟਾਗਰੀਆਂ 'ਚ ਕੰਮ ਕਰਨ ਵਾਲੇ ਆਊਟਸੋਰਸ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਭਰਵੀਂ ਮੀਟਿੰਗ ਹੋਈ। ਚੇਤੇ ਰੱਖਣਯੋਗ ਹੈ ਕਿ ਸਿਹਤ ਵਿਭਾਗ 'ਚ ਲਗਭਗ ਕੁੱਲ ਮੁਲਾਜ਼ਮਾਂ ਦਾ ਅੱਧਾ ਹਿਸਾ ਆਊਟਸੋਰਸ ਕਾਮਿਆਂ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਜਿਹੜੇ ਬਹੁਤ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ, ਜਿਨ੍ਹਾਂ 'ਚੋਂ ਬਹੁਤ ਸਾਰੇ ਕਾਮੇ ਲਗਭਗ 15-20 ਸਾਲਾਂ ਤੋਂ ਕੰਮ ਕਰਦੇ ਹਨ।

ਉਨ੍ਹਾਂ ਕਾਮਿਆਂ ਨੂੰ ਅੱਜ ਤੱਕ ਕਿਸੇ ਵੀ ਸਰਕਾਰ ਨੇ ਰੈਗੂਲਰ ਕਰਨ ਸਬੰਧੀ ਕੋਈ ਵੀ ਨੀਤੀ ਪਾਲਿਸੀ ਨਹੀਂ ਬਣਾਈ ਗਈ।ਇਨ੍ਹਾਂ ਕਾਮਿਆਂ ਦੀ ਕੰਪਨੀਆਂ ਦੁਆਰਾ ਵੱਖ-ਵੱਖ ਤਰੀਕੇ ਨਾਲ ਲੁੱਟ-ਖਸੁੱਟ ਕੀਤੀ ਜਾ ਰਹੀ ਹੈ, ਜਿਸ ਕਰਕੇ ਇਨ੍ਹਾਂ ਆਊਟਸੋਰਸ ਕਾਮਿਆਂ ਵਿੱਚ ਹੁਣ ਵੱਡੀ ਪੱਧਰ 'ਤੇ ਰੋਸ ਜਾਗਣਾ ਸ਼ੁਰੂ ਹੋਇਆ ਹੈ, ਜਿਸ ਕਰਕੇ ਉਨ੍ਹਾਂ ਆਪਣੀਆਂ ਹੱਕੀ ਮੰਗਾਂ ਨੂੰ ਮਨਵਾਉਣ ਲਈ ਵੱਡੀ ਪੱਧਰ 'ਤੇ ਲਾਮਬੰਦੀ ਸ਼ੁਰੂ ਕਰਕੇ ਜ਼ਿਲ੍ਹਾ ਪੱਧਰੀ ਚੋਣ ਕੀਤੀ ਗਈ ਹੈ, ਜਿਸ ਵਿੱਚ ਯਾਦਵਿੰਦਰ ਸਿੰਘ ਪਟਿਆਲਾ ਜ਼ਿਲ੍ਹਾ ਪ੍ਰਧਾਨ, ਸਰਬਜੀਤ ਸਿੰਘ ਪਟਿਆਲਾ ਜਨਰਲ ਸਕੱਤਰ, ਪਰਦੀਪ ਸਿੰਘ ਰਾਜਪੁਰਾ ਨੂੰ ਸੀਨੀਅਰ ਮੀਤ ਪ੍ਰਧਾਨ, ਸੁਖਵਿੰਦਰ ਕੌਰ ਕੈਸ਼ੀਅਰ, ਗੁਰਪ੍ਰੀਤ ਸਿੰਘ ਸਮਾਣਾ ਮੀਤ ਪ੍ਰਧਾਨ, ਰਾਜੇਸ਼ ਪਵਾਰ ਨਾਭਾ ਪ੍ਰੈਸ ਸਕੱਤਰ, ਹਰਪਾਲ ਸਿੰਘ ਆਰਗੇਨਾਈਜਰ, ਹਰਵਿੰਦਰਪਾਲ ਸਿੰਘ ਨਾਭਾ ਦਫ਼ਤਰ ਸਕੱਤਰ, ਗੁਰਿੰਦਰ ਕੌਰ ਮੁੱਖ ਸਲਾਹਕਾਰ, ਰੀਣਾ ਰਾਣੀ ਸਲਾਹਕਾਰ, ਐਡੀਟਰ ਜਸਪ੍ਰੀਤ ਸਿੰਘ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਗੁਰਧਿਆਨ ਸਿੰਘ, ਮਨਦੀਪ ਕੌਰ, ਵਿਜੈ ਅਰੋੜਾ ਨਾਭਾ, ਪਰਮਿੰਦਰ ਕੌਰ ਰਾਜਪੁਰਾ, ਅਤਿੰਦਰ ਸਿੰਘ, ਕਿਰਨ, ਪ੍ਰੋਮਿਲਾ, ਮਨਦੀਪ, ਗੁਰਪ੍ਰੀਤ, ਦਵਿੰਦਰ ਸਿੰਘ, ਰਾਹੁਲ, ਊਧਮ ਸਿੰਘ ਆਦਿ ਸਾਥੀ ਚੁਣੇ ਗਏ। ਮੀਟਿੰਗ 'ਚ ਜਥੇਬੰਦੀ ਦੀ ਚੋਣ ਕਰਨ ਲਈ ਗੁਰਜਿੰਦਰ ਸਿੰਘ ਔਲਖ ਮੰਡੀ ਕਲਾਂ ਜ਼ਿਲ੍ਹਾ ਪ੍ਰਧਾਨ ਬਠਿੰਡਾ, ਹਰਮਨਦੀਪ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਬਰਨਾਲਾ, ਨਾਜਰ ਸਿੰਘ ਜ਼ਿਲ੍ਹਾ ਪ੍ਰਧਾਨ ਮਾਨਸਾ, ਗੁਰਦੀਪ ਸਿੰਘ ਪਟਿਆਲਾ (ਮੀਤ ਪ੍ਰਧਾਨ ਜ਼ਿਲ੍ਹਾ ਬਰਨਾਲਾ) ਤੇ ਯਾਦਵਿੰਦਰ ਸਿੰਘ ਠੀਕਰੀਵਾਲ (ਆਗੂ ਜ਼ਿਲ੍ਹਾ ਬਰਨਾਲਾ) ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਆਉਣ ਵਾਲੇ ਦਿਨਾਂ 'ਚ ਵੱਖ-ਵੱਖ ਜ਼ਿਲ੍ਹਿਆਂ 'ਚ ਇਸ ਤਰ੍ਹਾਂ ਦੀ ਚੋਣ ਕਰਕੇ ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਜਥੇਬੰਦੀ ਦਾ ਗਠਨ ਕਰਕੇ ਤਿੱਖੇ ਸੰਘਰਸ਼ ਉਲੀਕੇ ਜਾਣਗੇ।

# ਵੱਖ-ਵੱਖ ਕਿਸਾਨ ਜਥੇਬੰਦੀਆਂ ਨੇ ਮੀਟਿੰਗ ਕਰਕੇ ਹੜ੍ਹ ਪੀੜਤਾਂ ਦੀ ਲਈ ਸਾਰ




**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਪੰਜਾਬ ਅੰਦਰ ਹੜ੍ਹਾਂ ਕਾਰਨ ਸਥਿਤੀ ਬਹੁਤ ਗੰਭੀਰ ਬਣੀ ਹੋਈ ਹੈ ਤੇ ਲੋਕਾਂ ਦਾ ਬਹੁਤ ਜਿਆਦਾ ਨੁਕਸਾਨ ਹੋਇਆ ਹੈ ਜੋ ਕਿ ਸੰਬੰਧਤ ਵਿਭਾਗ ਦੀ ਗਲਤੀ ਹੈ ਅਤੇ ਇਸ ਲਈ ਸਿੱਧੇ ਤੌਰ 'ਤੇ ਕੇਂਦਰ ਅਤੇ ਪੰਜਾਬ ਸਰਕਾਰ ਜਿੰਮੇਵਾਰ ਹਨ, ਜਿਸਦੇ ਲਈ ਉਹਨਾਂ ਨੂੰ ਜਵਾਬ ਦੇਣਾ ਪਵੇਗਾ। ਇਹ ਸ਼ਬਦ ਕਿਸਾਨ ਆਗੂਆਂ ਬਲਬੀਰ ਸਿੰਘ ਰਾਜੇਵਾਲ, ਬੂਟਾ ਸਿੰਘ ਤੇ ਕੁਲਵੰਤ ਸਿੰਘ ਸੰਧੂ ਦੀ ਅਗਵਾਈ ਹੇਠ ਪ੍ਰੈਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੇ।ਉਹਨਾਂ ਮੰਗ ਕੀਤੀ ਕਿ ਇੱਕ ਜੁਡੀਸ਼ੀਅਲ ਕਮਿਸ਼ਨ ਬਿਠਾ ਹਾਈਕੋਰਟ ਦੇ ਜੱਜ ਦੀ ਅਗਵਾਈ ਹੇਠ ਹੜ੍ਹ ਲਿਆਉਣ ਲਈ ਜਿੰਮੇਵਾਰੀ ਤੈਅ ਕੀਤੀ ਜਾਵੇ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਬੀ ਬੀ ਐਮ ਬੀ ਦਾ ਆਪਸ 'ਚ ਤਾਲਮੇਲ ਨਾ ਹੋਣ ਕਾਰਨ ਇਹ ਹਾਲਾਤ ਪੈਦਾ ਹੋਏ।ਉਹਨਾਂ ਕਿਹਾ ਕਿ ਡੈਮਾਂ 'ਚੋਂ 31 ਮਈ ਤੱਕ ਪਾਣੀ ਖਾਲੀ ਕਰਨਾ ਹੁੰਦਾ ਹੈ ਜਦਕਿ ਅਜਿਹਾ ਨਹੀਂ ਕੀਤਾ ਗਿਆ ਅਤੇ ਜਦੋਂ ਪਾਣੀ ਸਿਰੋਂ ਨਿਕਲ ਗਿਆ ਤਾਂ ਡੈਮਾਂ ਦੇ ਗੇਟ ਖੋਲ ਕੇ ਪੰਜਾਬ ਨੂੰ ਰੋੜ ਦਿੱਤਾ ਗਿਆ।ਉਹਨਾਂ ਕਿਹਾ ਬੜੇ ਅਫਸੋਸ ਦੀ ਗੱਲ ਹੈ ਕਿ ਦੇਸ਼ ਦੇ ਪ੍ਰਧਾਨ ਮੰਤਰੀ, ਕੇਂਦਰੀ ਮੰਤਰੀ ਜਾਂ ਕਿਸੇ ਵੀ ਸੰਸਦ ਮੈਂਬਰ ਨੇ ਅਜੇ ਤੱਕ ਕਿਸਾਨਾਂ ਨਾਲ ਹਮਦਰਦੀ ਦੇ ਦੋ ਲਫਜ਼ ਨੇ ਬੋਲੇ।ਉਨ੍ਹਾਂ ਮੰਗ ਕੀਤੀ ਕਿ ਸਭ ਤੋਂ ਪਹਿਲਾਂ ਸਰਕਾਰ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਖਰਚੇ ਲਈ ਇਕ ਲੱਖ ਰੁਪਏ ਉਜਾੜਾ ਭੱਤਾ ਪ੍ਰਤੀ ਪਰਵਾਰ ਬਿਨਾਂ ਕਿਸੇ ਭੇਦ ਭਾਵ ਦੇ ਦੇਵੇ।ਉਪਰੰਤ ਗਿਰਦਾਵਰੀ ਕਰਵਾ ਕੇ ਪ੍ਰਤੀ ਏਕੜ 70 ਹਜ਼ਾਰ ਰੁਪਏ, ਗੰਨੇ ਦੀ ਫਸਲ ਲਈ ਇਕ ਲੱਖ ਰੁਪਏ, ਜਾਨੀ ਨੁਕਸਾਨ ਅਤੇ ਜਿਨਾਂ ਦੇ ਮਕਾਨ ਢਹਿ ਗਏ ਹਨ, ਨੂੰ 10 ਲੱਖ ਰੁਪਏ ਦਿੱਤੇ ਜਾਣ।ਉਹਨਾਂ ਮੰਗ ਕੀਤੀ ਕਿ ਭਵਿੱਖ 'ਚ ਦਰਿਆਵਾਂ ਤੇ ਨਾਲਿਆਂ ਦੀ ਲਗਾਤਾਰ ਸਫਾਈ ਕੀਤੀ ਜਾਵੇ ਅਤੇ ਨਹਿਰਾਂ ਦਾ ਜਾਲ ਵਿਛਾਇਆ ਜਾਵੇ ਤਾਂ ਜੋ ਭਵਿੱਖ ਵਿੱਚ ਹੜ ਨਾ ਆਉਣ। ਉਹਨਾਂ ਦੱਸਿਆ ਕਿ ਸਮੂਹ ਕਿਸਾਨ ਜਥੇਬੰਦੀਆਂ ਮਿਲ ਕੇ ਰਾਹਤ ਕੈਂਪ ਲਗਾ ਕੇ ਜਿੱਥੇ ਪ੍ਰਭਾਵਿਤ ਲੋਕਾਂ ਨੂੰ ਰਾਸ਼ਨ ਦੇਣਗੇ। ਉਹਨਾਂ ਪ੍ਰਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪੋ ਆਪਣੇ ਪੱਧਰ 'ਤੇ ਸੇਵਾ ਨਾ ਭੇਜਣ ਸਗੋਂ ਇਕੱਠੇ ਹੋ ਕੇ ਸੰਯੁਕਤ ਕਿਸਾਨ ਮੋਰਚੇ ਨਾਲ ਸੰਪਰਕ ਕਰਕੇ ਹੜ੍ਹ ਪੀੜਤਾਂ ਲਈ ਸੇਵਾ ਭੇਜਣ। ਉਹਨਾਂ ਦੱਸਿਆ ਕਿ 2 ਸਤੰਬਰ ਨੂੰ ਉਹਨਾਂ ਵੱਲੋਂ ਗੰਨੇ ਦੀ ਅਦਾਇਗੀ ਦੇ ਭੁਗਤਾਨ ਲਈ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਕੋਠੀ ਵੱਲ ਕੂਚ ਕਰਨ ਦਾ ਫੈਸਲਾ ਅਜੇ ਰੱਦ ਕੀਤਾ ਜਾਂਦਾ ਹੈ। ਮੀਟਿੰਗ ਨੂੰ ਹੋਰਨਾ ਤੋਂ ਇਲਾਵਾ ਬਲਬੀਰ ਸਿੰਘ ਰਾਜੇਵਾਲ ਬੀਕੇਯੂ ਰਾਜੇਵਾਲ, ਬਲਦੇਵ ਸਿੰਘ ਨਿਹਾਲਗੜ੍ਹ ਪ੍ਰਧਾਨ ਆਲ ਇੰਡੀਆ ਕਿਸਾਨ ਸਭਾ, ਰਸ਼ਪਾਲ ਸਿੰਘ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਪੰਜਾਬ, ਸੂਰਤ ਸਿੰਘ ਧਰਮਕੋਟ ਸੀਨੀਅਰ ਮੀਤ ਪ੍ਰਧਾਨ ਆਲ ਇੰਡੀਆ ਕਿਸਾਨ ਸਭਾ, ਕੁਲਵੰਤ ਸਿੰਘ ਸੰਧੂ ਜਨਰਲ ਸਕੱਤਰ ਜਮਹੂਰੀ ਕਿਸਾਨ ਸਭਾ, ਨਿਰਭੈ ਸਿੰਘ ਢੁੱਡੀਕੇ ਕਿਸਾਨ ਯੂਨੀਅਨ, ਰੁਲਦੂ ਸਿੰਘ ਮਾਨਸਾ ਤੇ ਗੁਰਨਾਮ ਸਿੰਘ ਭਿੱਖੀ ਬੀਕੇਯੂ ਪੰਜਾਬ, ਬੋਘ ਸਿੰਘ ਬੀਕੇਯੂ ਮਾਨਸਾ, ਕੇਵਲ ਸਿੰਘ ਮਹਿਤਪੁਰ ਤੋਤੇਵਾਲ, ਗੁਰਮੀਤ ਸਿੰਘ ਮਹਿਮ ਜਨਰਲ ਸਕੱਤਰ ਕ੍ਰਾਂਤੀਕਾਰੀ ਯੂਨੀਅਨ ਪੰਜਾਬ, ਮੁਕੇਸ਼ ਸ਼ਰਮਾ ਬੀਕੇਯੂ ਰਾਜੇਵਾਲ, ਬੂਟਾ ਸਿੰਘ ਬੀਕੇਯੂ ਸ਼ਾਦੀਪੁਰ, ਮਹਾਵੀਰ ਸਿੰਘ ਗਿੱਲ ਪੱਟੀ ਆਲ ਇੰਡੀਆ ਕਿਸਾਨ ਸਭਾ, ਹਰਜਿੰਦਰ ਸਿੰਘ ਟਾਂਡਾ ਆਜ਼ਾਦ ਕਿਸਾਨ ਸੰਘਰਸ਼ ਕਮੇਟੀ, ਬੂਟਾ ਸਿੰਘ ਬੁਰਜ ਗਿੱਲ ਬੀਕੇਯੂ ਡਕੌਂਦਾ, ਜੰਗਵੀਰ ਸਿੰਘ ਚੌਹਾਨ ਦੁਆਬਾ ਕਿਸਾਨ ਯੂਨੀਅਨ, ਹਰਵਿੰਦਰ ਸਿੰਘ ਹੈਪੀ ਗਿੱਲ ਕਿਸਾਨ ਸੰਘਰਸ਼ ਕਮੇਟੀ (ਪੰਨੂ), ਮਨਜੀਤ ਸਿੰਘ ਧੰਨੇਰ ਬੀਕੇਯੂ ਏਕਤਾ ਡਕੌਂਦਾ, ਦਲਬੀਰ ਸਿੰਘ ਸੀਨੀਅਰ ਮੀਤ ਪ੍ਰਧਾਨ ਬੀਕੇਯੂ ਕਾਦੀਆਂ ਆਦਿ ਨੇ ਵੀ ਸੰਬੋਧਨ ਕੀਤਾ। ਮੀਟਿੰਗ ਉਪਰੰਤ ਸਮੂਹ ਕਿਸਾਨ ਆਗੂਆਂ ਨੇ ਮੰਡ ਖੇਤਰ ਦੇ ਹੜ੍ਹ ਪੀੜਤ ਇਲਾਕਿਆਂ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਹਨਾਂ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਵੀ ਦਿਵਾਇਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਸ਼ਪਾਲ ਸਿੰਘ ਸੀਨੀਅਰ ਆਗੂ, ਮਾਸਟਰ ਚਰਨ ਸਿੰਘ ਜਿਲਾ ਪ੍ਰਧਾਨ ਆਲ ਇੰਡੀਆ ਕਿਸਾਨ ਸਭਾ, ਦਿਆਲ ਸਿੰਘ ਦੀਪੇਵਾਲ, ਸਰਵਨ ਸਿੰਘ ਕਰਮਜੀਤਪੁਰ, ਜਸਵਿੰਦਰ ਸਿੰਘ ਟਿੱਬਾ, ਰਵਿੰਦਰ ਸਿੰਘ ਰਵੀ, ਰਜਿੰਦਰ ਸਿੰਘ ਰਾਣਾ ਸੈਦੋਵਾਲ, ਤਰਸੇਮ ਸਿੰਘ ਬੰਨੇਮੱਲ, ਰਘਬੀਰ ਸਿੰਘ ਮਹਿਰਵਾਲਾ ਆਦਿ ਸਮੇਤ ਦੋ ਦਰਜਨ ਦੇ ਕਰੀਬ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

# ਲਾਇਨ ਕਲੱਬ ਜਗਰਾਓਂ ਯੂਥ ਲਾਇਨ ਕਲੱਬ ਨੇ ਚੈੱਕਅੱਪ ਕੈਂਪ ਲਾਇਆ



**ਜਗਰਾਓਂ (ਅਮਿਤ ਖੰਨਾ)**-ਲਾਇਨ ਕਲੱਬ ਯੂਥ ਲਾਇਨ ਕਲੱਬ ਲੁਧਿਆਣਾ ਵੈਜੀਟੇਰੀਅਨ ਤੇ ਏਕ ਜੋਤ ਨਰਸਿੰਗ ਇੰਸਟੀਚਿਊਟ ਵੱਲੋਂ ਜਨਰਲ ਬਿਮਾਰੀਆਂ ਦਾ ਚੈੱਕਅਪ ਕੈਂਪ ਲਾਇਆ ਗਿਆ। ਕੈਂਪ 'ਚ ਵਿਸ਼ੇਸ਼ ਰੂਪ ਦੇ ਹਲਕਾ ਵਿਧਾਇਕਾ ਮੈਡਮ ਸਰਬਜੀਤ ਕੌਰ ਮਾਣੂਕੇ ਤੇ ਲਾਇਨਜ਼ ਕਲੱਬ ਦੇ ਪਾਸ ਡਿਸਟ੍ਰਿਕਟ ਗਵਰਨਰ ਲਾਇਨ ਬੀਐਸ ਸੋਹਲ ਨੇ ਆਪਣੀ ਹਾਜ਼ਰੀ ਭਰ ਕੇ ਕੈਂਪ ਦਾ ਉਦਘਾਟਨ ਕੀਤਾ।

ਡਾ. ਗੁਰਸਿਮਰਨ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ 144 ਮਰੀਜ਼ਾਂ ਦਾ ਚੈੱਕਅਪ ਕਰਦਿਆਂ ਜਿੱਥੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਮੁਹੱਈਆ ਕਰਾਈਆਂ ਗਈਆਂ, ਉਥੇ 42 ਮਰੀਜ਼ਾਂ ਦਾ ਸ਼ੂਗਰ ਟੈੱਸਟ ਵੀ ਕੀਤਾ ਗਿਆ।ਡਾ. ਗੁਰਸਿਮਰਨ ਸਿੰਘ ਵੱਲੋਂ ਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜ਼ਾਂ ਨੂੰ ਬਿਮਾਰੀਆਂ ਤੋਂ ਬਚਣ ਦੇ ਨੁਕਤੇ ਵੀ ਦੱਸੇ ਗਏ ਤਾਂ ਜੁ ਮਰੀਜ਼ ਬਿਮਾਰੀਆਂ ਦੀ ਜਕੜ ਵਿੱਚ ਨਾ ਆ ਸਕਣ।

ਇਸ ਮੌਕੇ ਲਾਇਨ ਅਵਤਾਰ ਸਿੰਘ ਚੇਅਰਪਰਸਨ ਵੀਜਨ, ਚਰਨਜੀਤ ਸਿੰਘ ਭੰਡਾਰੀ ਰੀਜਨ ਚੇਅਰਮੈਨ, ਲਾਇਨ ਸਤੀਸ਼ ਗਰਗ ਰੀਜਨ ਸੈਕਟਰੀ ਡਾ. ਪਰਵਿੰਦਰ ਸਿੰਘ, ਸਰਪੰਚ ਭਜਨ ਸਿੰਘ ਸਵੱਦੀ ਖੁਰਦ ਲਾਇਨ ਰਿਪਨ ਗੋਇਲ, ਆਈਐਸ ਖੰਨਾ, ਐਮਐਸ ਪਾਹਵਾ, ਟੀਐਸ ਸੁਖਦੇਵ, ਡਾਕਟਰ ਕਮਲ ਕਿਸ਼ੋਰ, ਜੀਪੀ ਸਿੰਘ ਬੈਂਸ, ਸਰਦਾਰ ਸਿੰਘ, ਅੰਮ੍ਰਿਤ ਪਾਲ ਸਿੰਘ ਤੇ ਮੈਡਮ ਗਗਨਦੀਪ ਕੌਰ ਮੈਡਮ ਸਤਵੀਰ ਕੌਰ, ਗਗਨਦੀਪ ਕੌਰ, ਰਮਨਦੀਪ ਕੌਰ, ਗੁਰਤੇਜ ਸਿੰਘ, ਪਰਗਟ ਸਿੰਘ, ਅਮਨਦੀਪ ਕੌਰ, ਸੁਮਨ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ ਯੂਥ ਦੇ ਪ੍ਰਧਾਨ ਰਜਿੰਦਰ ਜੈਨ ਤੇ ਸਾਹਿਲ ਗੁਪਤਾ ਦੇ ਉਪਰਾਲੇ ਸਦਕਾ ਇਸ ਕੈਂਪ 'ਚ ਦਵਾਈਆਂ ਦੀ ਸੇਵਾ ਡਾਕਟਰ ਅਸ਼ੋਕ ਗੁਪਤਾ ਯੂਐਸਏ ਵਾਲਿਆਂ ਵੱਲੋਂ ਕੀਤੀ ਗਈ ਸਾਰੇ ਕਲੱਬ ਮੈਂਬਰਾਂ ਵੱਲੋਂ ਉਨ੍ਹਾਂ ਦਾ ਬਹੁਤ ਧੰਨਵਾਦ ਵੀ ਕੀਤਾ।

ਇਸ ਮੌਕੇ ਵਿਧਾਇਕ ਸਰਬਜੀਤ ਕੌਰ ਮਾਣੂਕੇ ਵੱਲੋਂ ਬਾਰਿਸ਼ਾਂ ਦੇ ਮੌਸਮ 'ਚ ਵਧ ਰਹੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਹੋਣ ਦੀ ਲੋੜ ਹੈ ਤੇ ਉਸ ਨੂੰ ਪਹਿਲਾਂ ਤੋਂ ਹੀ ਬਚਾਉਣ ਵਾਲੇ ਉਪਾਅ ਕਰਨੇ ਚਾਹੀਦੇ ਹਨ।

...ਸ.ਫਾ 1 ਦੇ ਬਾਕੀ

## ਪ੍ਰਧਾਨ ਮੰਤਰੀ ਦਾ ਹੜ੍ਹਾਂ.....

ਦੀਆਂ ਸ਼ੁਭਕਾਮਨਾਵਾਂ ਵੀ ਟਵੀਟ ਕਰਦੇ ਹਨ, ਨੇ ਪੰਜਾਬ ਨੂੰ ਪ੍ਰਭਾਵਤ ਕਰਨ ਵਾਲੀ ਕੁਦਰਤੀ ਆਫ਼ਤ ਬਾਰੇ ਇੱਕ ਵੀ ਸ਼ਬਦ ਨਹੀਂ ਕਿਹਾ। ਉਨ੍ਹਾ ਪੰਜਾਬ ਭਾਜਪਾ ਦੇ ਆਗੂਆਂ, ਜਿਨ੍ਹਾਂ ਵਿੱਚ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਸ਼ਾਮਲ ਹਨ, 'ਤੇ ਵੀ ਨਿਸ਼ਾਨਾ ਸਾਧਿਆ ਕਿ ਉਹ ਆਪਣੀ ਕੇਂਦਰੀ ਲੀਡਰਸ਼ਿਪ ਨੂੰ ਕਾਰਵਾਈ ਕਰਨ ਦੀ ਅਪੀਲ ਕਰਨ ਦੀ ਬਜਾਏ ਸਮਰਾਲਾ ਵਿੱਚ ਸਿਆਸੀ ਰੈਲੀਆਂ ਵਿੱਚ ਰੁਝੇ ਹੋਏ ਹਨ। ਉਨ੍ਹਾ ਕਿਹਾ—ਪੰਜਾਬ ਭਾਜਪਾ ਦੇ ਆਗੂਆਂ ਨੂੰ ਇਸ ਰਵੱਈਏ 'ਤੇ ਸ਼ਰਮ ਆਉਣੀ ਚਾਹੀਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ ਦਿਖਾਉਂਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਇਸ ਵਿੱਚ ਜੀ ਐੱਸ ਟੀ ਮੁਆਵਜ਼ੇ, ਆਰ ਡੀ ਐੱਫ ਅਤੇ ਐੱਮ ਡੀ ਐੱਫ ਅਤੇ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਸੂਬੇ ਦੇ ਬਕਾਇਆ 60,000 ਕਰੋੜ ਰੁਪਏ ਤੋਂ ਵੱਧ ਫੰਡਾਂ ਦਾ ਵੇਰਵਾ ਦਿੱਤਾ ਗਿਆ ਹੈ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਨੇ ਹੜ੍ਹ ਪੀੜਤਾਂ ਨੂੰ ਢੁਕਵਾਂ ਮੁਆਵਜ਼ਾ ਯਕੀਨੀ ਬਣਾਉਣ ਲਈ ਸੂਬਾ ਆਫ਼ਤ ਪ੍ਰਤੀਕਿਰਿਆ ਫੰਡ (ਐੱਸ ਡੀ ਆਰ ਐੱਫ) ਅਤੇ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਫੰਡ (ਐੱਨ ਡੀ ਆਰ ਐੱਫ) ਤਹਿਤ ਸਹਾਇਤਾ ਪ੍ਰਦਾਨ ਕਰਨ ਦੇ ਨਿਯਮਾਂ ਵਿੱਚ ਸੋਧਾਂ ਲਈ ਵੀ ਅਪੀਲ ਕੀਤੀ ਸੀ। ਉਨ੍ਹਾ ਕਿਹਾ ਕਿ ਗ੍ਰਹਿ ਮੰਤਰੀ ਨੇ ਮੁੱਖ ਮੰਤਰੀ ਨਾਲ ਫ਼ੋਨ 'ਤੇ ਗੱਲ ਤਾਂ ਕੀਤੀ, ਪਰ ਬਕਾਇਆ ਫੰਡ ਜਾਰੀ ਕਰਨ ਜਾਂ ਹੜ੍ਹ ਪੀੜਤਾਂ ਨੂੰ ਸਹਾਇਤਾ ਪ੍ਰਦਾਨ ਕਰਨ ਬਾਰੇ ਕੋਈ ਭਰੋਸਾ ਨਹੀਂ ਦਿੱਤਾ।ਉਹਨਾ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀਆਂ ਕੋਸ਼ਿਸ਼ਾਂ ਨੂੰ ਵੀ ਸਰਾਹਿਆ, ਜਿਨ੍ਹਾ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕਰਨ ਲਈ ਪਾਰਟੀ ਆਗੂਆਂ ਨੂੰ ਲਾਮਬੰਦ ਕੀਤਾ ਹੈ।

ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾ ਪੁਸ਼ਟੀ ਕੀਤੀ ਕਿ ਹੁਣ ਤੱਕ 29 ਜਾਨਾਂ ਜਾ ਚੁੱਕੀਆਂ ਹਨ ਅਤੇ ਡਿਪਟੀ ਕਮਿਸ਼ਨਰ ਨੁਕਸਾਨ ਦਾ ਸਰਵੇਖਣ ਕਰਨ ਵਿੱਚ ਸਰਗਰਮੀ ਨਾਲ ਲੱਗੇ ਹੋਏ ਹਨ। ਹਾਲਾਂਕਿ, ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਤੁਰੰਤ ਤਰਜੀਹ ਰਾਹਤ ਸਮੱਗਰੀ ਪਹੁੰਚਾਉਣ ਅਤੇ ਬਚਾਅ ਕਾਰਜਾਂ ਨੂੰ ਜਾਰੀ ਰੱਖਣ ਦੀ ਹੈ।

## ਮੁੱਖ ਮੰਤਰੀ ਵੱਲੋਂ ਹੜ੍ਹ.......

ਚਿੰਤਾਜਨਕ ਹੈ ਕਿ ਆਉਂਦੇ ਦਿਨਾਂ ਵਿੱਚ ਹਾਲਾਤ ਹੋਰ ਖਰਾਬ ਹੋ ਸਕਦੇ ਹਨ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲਗਪਗ ਤਿੰਨ ਲੱਖ ਏਕੜ ਖੇਤੀਬਾੜੀ ਜ਼ਮੀਨ ਮੁੱਖ ਤੌਰ 'ਤੇ ਝੋਨੇ ਦੇ ਖੇਤ, ਹੜ੍ਹ ਦੇ ਪਾਣੀ ਨਾਲ ਡੁੱਬੇ ਹੋਏ ਹਨ, ਜਿਸ ਕਾਰਨ ਵਾਢੀ ਤੋਂ ਕੁਝ ਹਫ਼ਤੇ ਪਹਿਲਾਂ ਹੀ ਫਸਲਾਂ ਦਾ ਵੱਡਾ ਨੁਕਸਾਨ ਹੋਇਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਰਾਹਤ ਤੇ ਬਚਾਅ ਕਾਰਜਾਂ ਨੂੰ ਪੂਰਾ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਦਿਨ-ਰਾਤ ਲੋਕਾਂ ਦੀ ਮਦਦ ਲਈ ਜੁਟੇ ਹੋਏ ਹਨ।

ਭਗਵੰਤ ਸਿੰਘ ਮਾਨ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਦਰਿਆਵਾਂ ਦੇ ਨਾਲ ਲੱਗਦੇ ਪਾੜਾਂ ਨੂੰ ਪੂਰਨ ਦੇ ਨਾਲ-ਨਾਲ ਮੈਡੀਕਲ ਟੀਮਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਹਰੇਕ ਪਿੰਡ ਵਿੱਚ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਪਾਣੀ ਦੇ ਨਾਲ-ਨਾਲ ਸੁੱਕੇ ਰਾਸ਼ਨ ਦੀਆਂ ਕਿੱਟਾਂ, ਖੰਡ, ਚੌਲ, ਆਟਾ, ਘਿਓ, ਦੁੱਧ ਪਾਊਡਰ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਮੋਬਾਈਲ ਮੈਡੀਕਲ ਯੂਨਿਟ ਤਾਇਨਾਤ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵਿਆਪਕ ਪੱਧਰ 'ਤੇ ਸੈਨੀਟਾਈਜ਼ੇਸ਼ਨ ਮੁਹਿੰਮ ਚਲਾਉਣ ਦੇ ਨਾਲ-ਨਾਲ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਫੌਗਿੰਗ ਟੀਮਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਦੀ ਮਦਦ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਅਜਿਹੀ ਸਥਿਤੀ ਨਾਲ ਪੂਰੀ ਸਮਰੱਥਾ ਨਾਲ ਨਜਿੱਠੇਗੀ।ਇਸ ਮੌਕੇ ਮੁੱਖ ਮੰਤਰੀ ਦੇ ਨਾਲ ਕੈਬਨਿਟ ਮੰਤਰੀ ਡਾ. ਰਵਜੋਤ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਹੋਰ ਵੀ ਮੌਜੂਦ ਸਨ।

# ਕੇਂਦਰ ਦਾ ਪੰਜਾਬ ਨਾਲ ਮੇਤਰੇਈ ਮਾਂ ਵਾਲਾ ਸਲੂਕ

## ਵੱਡੇ ਹੜ੍ਹ ਆਉਣ ਦੇ ਬਾਵਜੂਦ ਨਹੀਂ ਲਈ ਕੋਈ ਸਾਰ : ਬੀ ਕੇ ਯੂ ਲੱਖੋਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਕੋਈ ਵੀ ਸਰਕਾਰ ਹੋਵੇ, ਉਸ ਨੇ ਹਮੇਸ਼ਾ ਹੀ ਪੰਜਾਬ ਨਾਲ ਮਤਰੇਈ ਵਾਲਾ ਸਲੂਕ ਕੀਤਾ। ਪਿਛਲੇ 12 ਸਾਲ ਤੋਂ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਕੇਂਦਰ ਦੀ ਅਗਵਾਈ ਕਰ ਰਹੀ ਹੈ, ਅਸੀਂ ਦੱਸਣਾ ਚਾਹੁੰਦੇ ਹਾਂ ਕਿ ਕਿਸਾਨੀ ਅੰਦੋਲਨ ਤੋਂ ਰਹਿ ਕੇ ਅੱਜ ਤੱਕ ਕਿਸੇ ਵੀ ਮੁੱਦੇ ਉੱਪਰ ਕੇਂਦਰ ਸਰਕਾਰ ਦਾ ਪੰਜਾਬ ਪ੍ਰਤੀ ਕੋਈ ਵੀ ਵਰਤੀਰਾ ਚੰਗਾ ਨਹੀਂ ਰਿਹਾ। ਸਾਡੇ ਪੰਜਾਬ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕਰਦੀ ਆ ਰਹੀ ਹੈ। ਪੰਜਾਬ ਵਿੱਚ ਏਡੀ ਵੱਡੀ ਆਫਤ ਆ ਚੁੱਕੀ ਹੈ, ਹੜ੍ਹਾਂ ਦੇ ਨਾਲ ਪੰਜਾਬ ਦੇ ਘੱਟੋ ਘੱਟ ਲਗਭਗ 1300 ਸੌ ਪਿੰਡ ਡੁੱਬੇ ਪਏ ਹਨ ਪਰ ਕੇਂਦਰ ਸਰਕਾਰ ਦੇ ਕੋਈ ਜੂੰ ਨਹੀਂ ਸਰਕ ਰਹੀ। ਕੀ ਸਾਨੂੰ ਕੇਂਦਰ ਸਰਕਾਰ ਨੂੰ ਚਿੱਠੀਆਂ ਲੈ ਕੇ ਯਾਦ ਕਰਾਉਣਾ ਪਵੇਗਾ ਕਿ ਪੰਜਾਬ ਡੁੱਬ ਰਿਹਾ ਹੈ। ਕੀ ਪੰਜਾਬ ਕੇਂਦਰ ਦਾ ਹਿੱਸਾ ਨਹੀਂ । ਅੱਜ ਪੰਜਾਬ ਡੁੱਬ ਰਿਹਾ ਹੈ ਕੇਂਦਰ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਹੋਈ ਹੈ। ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਕੇਂਦਰ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜਲਦ ਤੋਂ ਜਲਦ ਪੰਜਾਬ ਲਈ ਰਾਸ਼ਟਰੀ ਆਪਦਾ ਘੋਸ਼ਣਾ ਕਰਕੇ ਪੰਜਾਬ ਨੂੰ ਵੱਡਾ ਨੁਕਸਾਨ ਪੈਕੇਜ ਆਪਣੀ ਨਿਗਰਾਨੀ ਹੇਠ ਜਾਰੀ ਕਰਕੇ ਦਿੱਤਾ ਜਾਵੇ, ਦੂਜਾ ਸਾਡੀ ਮੰਗ ਹੈ ਕਿ ਕੇਂਦਰ ਸਰਕਾਰ ਜਾਂ ਪੰਜਾਬ ਸਰਕਾਰ ਦੀਆਂ ਜੋ ਵੀ ਸਿਹਤ ਪ੍ਰਤੀ ਸਹੂਲਤਾਂ ਕਾਰਡ ਵਗੈਰਾ ਚੱਲ ਰਹੇ ਹਨ ਉਸ ਦੀ ਸਮੀਖਿਆ ਕੀਤੀ ਜਾਵੇ ਕਿਉਂਕਿ ਇਸ ਟਾਈਮ ਆਫਤ ਦੇ ਸਮੇਂ ਇਹਨਾਂ ਦੀ ਬਹੁਤ ਜ਼ਰੂਰਤ ਹੈ। ਅਸੀਂ ਮੰਗ ਕਰਦੇ ਹਾਂ ਕਿ ਕੇਂਦਰ ਸਰਕਾਰ, ਪੰਜਾਬ ਸਰਕਾਰ ਜਲਦੀ ਤੋਂ ਜਲਦੀ ਉਨ੍ਹਾਂ ਸਕੀਮਾਂ ਸਮੀਖਿਆ ਕਰਕੇ ਬਿਆਨ ਜਾਰੀ ਕਰੇ ਤੇ ਪੰਜਾਬ ਸਰਕਾਰ ਨੂੰ ਅਪੀਲ ਕਿ ਤੁਸੀਂ ਵੀ ਆਪਣਾ ਸਹੀ ਰੋਲ ਨਿਭਾਉਂਦੇ ਹੋਏ ਕੇਂਦਰ ਦੇ ਨਾਲ ਮੀਟਿੰਗਾਂ ਕਰਕੇ ਪੰਜਾਬ ਦੀ ਸਥਿਤੀ ਤੋਂ ਜਾਣੂੰ ਕਰਵਾਓ ਅਤੇ ਉਨ੍ਹਾਂ ਤੋਂ ਵੱਡਾ ਪੈਕੇਜ ਲੈ ਕੇ ਆਓ ਤਾਂ ਜੋ ਪੰਜਾਬ ਨੂੰ ਮੁੜ ਪਟੜੀ 'ਤੇ ਲਿਆਂਦਾ ਜਾ ਸਕੇ।

ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਪ੍ਰੇਮ ਲਾਲ ਪੁਰੀ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਬਲਾਕ ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਸੀਨੀਅਰ ਆਗੂ ਮੇਜਰ ਸਿੰਘ ਡਰੋਲੀ ਭਾਈ, ਡਾਕਟਰ ਕੁਲਦੀਪ ਸਿੰਘ ਵੀ ਮੌਜੂਦ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

CMYK

# ਕੇਂਦਰ ਸਰਕਾਰ ਵੱਲੋਂ ਹੜ੍ਹ ਪੀੜਤਾਂ ਦੀ ਸਾਰ ਨਾ ਲੈਣਾ ਅਤਿ ਨਿੰਦਣਯੋਗ : ਗਿੱਲ, ਮਾੜੀਮੇਘਾ



ਝਬਾਲ, (ਹਰਜਿੰਦਰ ਸਿੰਘ ਸੋਨੀ)

ਹੜ੍ਹਾਂ ਨਾਲ ਪੰਜਾਬ ਬੁਰੀ ਤਰ੍ਹਾਂ ਝੰਬਿਆ ਗਿਆ ਹੈ। ਫ਼ਸਲਾਂ ਤਬਾਹ ਹੋ ਗਈਆਂ ਹਨ। ਪਸ਼ੂ ਧਨ ਦਾ ਵੱਡਾ ਨੁਕਸਾਨ ਹੋ ਗਿਆ ਹੈ।ਹਿਮਾਚਲ ਤੇ ਜੰਮੂ ਕਸ਼ਮੀਰ ਵਿੱਚ ਵੀ ਵੱਡੀ ਤਬਾਹੀ ਹੋਈ ਹੈ ਤੇ ਹੋ ਰਹੀ ਹੈ।ਅਜਿਹੇ ਭਿਆਨਕ ਸਮੇਂ ਕੇਂਦਰ ਦੀ ਭਾਜਪਾ ਸਰਕਾਰ ਲੋਕਾਂ ਵੱਲ ਪਿੱਠ ਕਰਕੇ ਖੜੀ ਹੈ,ਜਿਵੇਂ ਇਸ ਤਬਾਹੀ ਦੇ ਮੰਜ਼ਰ ਤੇ ਖੁਸ਼ ਹੋਵੇ।ਇਹ ਵਰਤਾਰਾ ਅਤਿ ਨਿੰਦਣਯੋਗ ਅਤੇ ਨਾ ਬਖਸ਼ਣ ਯੋਗ ਹੈ।ਪ੍ਰੈਸ ਨੂੰ ਇਹ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ,ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ,ਕਨਵੀਨਰ ਬਲਦੇਵ ਸਿੰਘ ਧੂੰਦਾ ਤੇ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਪੰਜਾਬ ਦੇ ਡੈਮਾਂ ਤੇ ਕੇਂਦਰ ਸਰਕਾਰ ਕਾਬਜ਼ ਹੋ ਗਈ ਹੈ। ਪਰ ਪੰਜਾਬ ਦੀ ਔਖੀ ਘੜੀ ਵਿੱਚ ਅੱਖਾਂ ਮੀਟੀ ਬੈਠੀ ਹੈ।ਜੀ,ਐਸ,ਟੀ. ਰਾਹੀਂ ਸੂਬਿਆਂ ਦੀ ਆਮਦਨ ਦਾ ਵੱਡਾ ਹਿੱਸਾ ਅੱਜ ਕੱਲ ਕੇਂਦਰ ਪਾਸ ਚਲਾ ਜਾਂਦਾ ਹੈ। ਕੇਂਦਰੀ ਭਾਜਪਾ ਸਰਕਾਰ ਕੋਲ ਵੱਡੇ ਫੰਡ ਪਏ ਹਨ। ਲੋਕ ਖਾਸ ਕਰਕੇ ਪੇਂਡੂ ਕਿਸਾਨ ਤੇ ਮਜ਼ਦੂਰ ਬੁਰੀ ਤਰ੍ਹਾਂ ਤਬਾਹ ਹੋ ਰਹੇ ਹਨ, ਪਰ ਕੇਂਦਰ ਸਰਕਾਰ ਆਪਣੇ ਹੀ ਮਸਤੇ ਵਿੱਚ ਹੈ।ਜਿੱਥੇ ਪੰਜਾਬ ਸਰਕਾਰ ਦੀ ਵੱਡੀ ਲਾ- ਪਰਵਾਹੀ ਹੜ ਰੋਕੂ ਅਗਾਊਂ ਪ੍ਰਬੰਧਾਂ ਦੀ ਸਾਹਮਣੇ ਆਈ ਹੈ ਉੱਥੇ ਕੇਂਦਰ ਸਰਕਾਰ ਵੀ ਵੱਡੀ ਦੋਸ਼ੀ ਸਾਬਤ ਹੋ ਰਹੀ ਹੈ।ਕੇਂਦਰੀ ਟੀਮ ਦੇ ਇਸ ਤ੍ਰਾਸਦੀ ਸਮੇਂ ਕੁੱਝ ਵੀ ਨਹੀਂ ਕੀਤਾ ਜਾ ਰਿਹਾ, ਇੱਥੋਂ ਤੱਕ ਕਿ ਫੋਕਾ ਦਿਲਾਸਾ ਵੀ ਨਹੀਂ ਦਿੱਤਾ ਜਾ ਰਿਹਾ, ਜਿਵੇਂ ਕਿ ਹੜ ਮਾਰੇ ਲੋਕ ਦੂਰ ਦੁਸ਼ਮਣ ਦੇਸ਼ ਦੇ ਹੋਣ।ਅਜਿਹੀ ਆਫ਼ਤ ਸਮੇਂ ਤਾਂ ਇਹਨਾਂ ਹਾਲਾਤਾਂ ਨੂੰ ਕੌਮੀ ਆਫ਼ਤ ਸਮਝਦਿਆਂ ਇੱਕ ਦਮ ਵੱਡੀ ਸਹਾਇਤਾ ਲੈਕੇ ਕੇਂਦਰ ਸਰਕਾਰ ਦਾ ਮੈਦਾਨ ਵਿੱਚ ਕੁੱਦਣਾ ਬਣਦਾ ਹੈ।ਜੇਕਰ ਇਹਨਾਂ ਹਾਲਾਂ ਵਿੱਚ ਭਾਜਪਾ ਸਰਕਾਰ ਹੁੰਦੀ ਤਾਂ ਇਸੇ ਤਰ੍ਹਾਂ ਕੇਂਦਰ ਲਾ-ਪਰਵਾਹੀ ਵਰਤਦੀ ਇਹ ਇੱਕ ਵੱਡਾ ਸਵਾਲ ਖੜਾ ਹੋ ਰਿਹਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਤੇ ਹੋਰ ਪੀੜਤ ਲੋਕ ਮੁੜ ਉੱਠ ਖਲੋਣਗੇ ਪਰ ਸਾਨੂੰ ਕੇਂਦਰ ਸਰਕਾਰ ਦਾ ਬੇਗਾਨਿਆਂ ਵਰਗਾ ਵਰਤਾਓ ਨਹੀਂ ਭੁਲਾਉਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਬਹਾਦਰ ਨਗਰ, ਦਵਿੰਦਰ ਕੁਮਾਰ ਸੋਹਲ, ਕੁਲਬੀਰ ਸਿੰਘ ਕਸੇਲ,ਗੁਰਬਿੰਦਰ ਸਿੰਘ ਸੋਹਲ, ਗੁਰਪ੍ਰੀਤ ਸਿੰਘ ਗੰਡੀਵਿੰਡ, ਪਰਮਜੀਤ ਸਿੰਘ ਚੋਹਲਾ,ਜਸਪਾਲ ਸਿੰਘ ਭਿੱਖੀਵਿੰਡ, ਮੋਤਾ ਸਿੰਘ ਸੋਹਲ, ਰਾਣਾ ਰਣਜੀਤ ਸਿੰਘ, ਰਛਪਾਲ ਸਿੰਘ ਬਾਠ, ਬਿੱਲਾਂ ਖੋਹ ਵਾਲਾ, ਰਾਜ ਗੋਬਿੰਦ ਸਿੰਘ, ਅਵਤਾਰ ਸਿੰਘ ਪਲਾਸੌਰ,ਬਾਬਾ ਹੀਰਾ ਸਿੰਘ, ਦਰਸ਼ਨ ਸਿੰਘ ਬਿਹਾਰੀਪੁਰ, ਹਰਬਿੰਦਰ ਸਿੰਘ ਕਸੇਲ ਸਮੇਤ ਕਈ ਆਗੂ ਹਾਜ਼ਰ ਸਨ।

# ਰਾਹਤ ਕੈਂਪ 'ਚ 200 ਤੋਂ ਵੱਧ ਲੋਕਾਂ ਨੇ ਲਿਆ ਆਸਰਾ



ਅਜਨਾਲਾ (ਸੁਖਵਿੰਦਰ ਸਿੰਘ ਰਾਜੂ)

ਲਗਾਤਾਰ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਅਜਨਾਲਾ ਹਲਕਾ ਵਿੱਚ ਕਈ ਪਿੰਡ ਹੜ੍ਹਾਂ ਦੀ ਮਾਰ ਹੇਠਾਂ ਆ ਗਏ ਹਨ ਅਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਲਗਾਤਾਰ ਸਾਰੇ ਪ੍ਰਬੰਧਾਂ ਦੀ ਖੁਦ ਨਿਗਰਾਨੀ ਕਰ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਥਾਪਿਤ ਕੀਤੇ ਗਏ ਰਾਹਤ ਕੇਂਦਰਾਂ ਵਿੱਚ ਹੁਣ ਤੱਕ ਕਰੀਬ 200 ਤੋਂ ਵੱਧ ਲੋਕ ਆਸਰਾ ਲੈ ਚੁੱਕੇ ਹਨ ਅਤੇ ਇਨਾਂ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫੋਂ ਹਰ ਸੰਭਵ ਮਦਦ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੜ ਪੀੜਤ ਪਰਿਵਾਰਾਂ ਦੀ ਮਦਦ ਲਈ ਰਾਸ਼ਨ ਅਤੇ ਪੀਣ ਵਾਲਾ ਪਾਣੀ ਪਸ਼ੂਆਂ ਵਾਸਤੇ ਚਾਰਾ ਆਦਿ ਲੋਕ ਸੇਵਾ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ ਅਤੇ ਪਾਣੀ ਵਿੱਚ ਫਸੇ ਲੋਕਾਂ ਨੂੰ ਐਨ. ਡੀ. ਆਰ. ਐੱਫ. ਅਤੇ ਸੁਧਾਰ ਪਿੰਡ ਦੇ ਮੌਜੂਦਾ ਸਰਪੰਚ ਨਿਸ਼ਾਨ ਸਿੰਘ ਡਾਕਟਰ ਲਖਦਾਨਕ ਸ਼ਰਮਾ ਗੁਰਮੀਤ ਸਿੰਘ ਅਤੇ ਗੁਰਲਾਲ ਸਿੰਘ ਮੰਡਲ ਹਰਿਹਰ ਪਾਲ ਕੱਕੜ ਬੀ.ਜੇ.ਪੀ. ਮੰਤੇ ਨੰਗਲ ਬਾਹਰ ਕੱਢਣ ਵਿੱਚ ਪੂਰਾ ਸਹਿਯੋਗ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਘਰਾਂ ਵਿੱਚ ਲੰਗਰ ਬਿਸਕੁਟ ਰਾਸ਼ਨ ਤੇਲ ਅਤੇ ਛੋਟੇ ਬੱਚਿਆਂ ਲਈ ਦੁੱਧ ਪਹੁੰਚਾਉਣ ਦੀ ਸੇਵਾ ਦਾ ਬੀੜਾ ਚੁੱਕਿਆ ਹੈ ਅਤੇ ਪੂਰੇ ਤਨ ਮਨ ਨਾਲ ਸੇਵਾ ਕਰ ਰਹੇ ਹਨ ਅਤੇ ਪਾਣੀ ਵਿੱਚ ਫਸੇ ਲੋਕਾਂ ਨੂੰ ਕੱਢ ਕੇ ਰਾਹਤ ਕੈਂਪ ਵਿੱਚ ਪਹੁੰਚਾਇਆ ਜਾ ਰਿਹਾ ਹੈ। ਰਾਹਤ ਕੈਂਪ ਦਾਣਾ ਮੰਡੀ ਅਜਨਾਲਾ ਭਲਾ ਪਿੰਡ ਸ਼ੂਗਰ ਮਿੱਲ ਅਤੇ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਬਣਾਏ ਗਏ ਹਨ।

# ਕਟਾਰੂਚੱਕ ਨੇ ਟੀਮਾਂ ਨਾਲ ਮਿਲ ਕੇ ਦਰਜਨਾਂ ਪਿੰਡਾਂ 'ਚ ਰਾਸ਼ਨ ਵੰਡਿਆ

ਪਠਾਨਕੋਟ, (ਦਵਿੰਦਰ ਸਿੰਘ)

ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੇ ਜੋ ਵੀ ਖੇਤਰ ਹੜ੍ਹ ਪ੍ਰਭਾਵਿਤ ਹਨ ਉਨ੍ਹਾਂ ਖੇਤਰਾਂ ਅੰਦਰ ਰਾਹਤ ਸਮੱਗਰੀ ਦਾ ਕਾਰਜ ਲਗਾਤਾਰ ਜਾਰੀ ਹੈ ਅਤੇ ਆਮ ਆਦਮੀ ਪਾਰਟੀ ਦੇ ਕਾਰਜਕਰਤਾਵਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਪਿੰਡ ਪਿੰਡ ਪਹੁੰਚ ਕਰਕੇ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾ ਰਹੀ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਬਮਿਆਲ ਖੇਤਰ ਦੇ ਪਿੰਡ ਬਮਿਆਲ, ਪਲਾਹ, ਚੱਕ ਅਮੀਰ ਅਤੇ ਹੋਰ ਰਾਹਤ ਸਮੱਗਰੀ ਵੰਡਣ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭੂਪਿੰਦਰ ਸਿੰਘ ਕਟਾਰੂਚੱਕ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਅਨਿਲ ਠਾਕੁਰ ਸੂਬਾ ਪ੍ਰਧਾਨ ਟਰੇਡ ਵਿੰਗ ਪੰਜਾਬ, ਠਾਕੁਰ ਅਨਿਲ ਭਾਰਦਵਾਜ ਪ੍ਰਦੇਸ਼ ਸਕੱਤਰ ਟਰੇਡਵਿੰਗ, ਧਰਮਿੰਦਰ ਮਾਝਾ ਜ਼ੋਨ ਸਕੱਤਰ ਟਰੇਡ ਵਿੰਗ, ਰਣਜੀਤ ਪਾਲ ਮਾਲਵਾ ਜ਼ੋਨ ਸਕੱਤਰ ਟਰੇਡ ਵਿੰਗ, ਮੁਨੀਸ਼ ਗੁਪਤਾ ਸਰਪੰਚ ਬਮਿਆਲ, ਰਾਜ ਕੁਮਾਰ ਪੰਚ, ਬਿਸ਼ਨਦਾਸ ਵਾਲਾ ਪੰਚਾਇਤ ਮੈਂਬਰ, ਬੂਟਾ ਰਾਮ ਪੰਚ, ਪ੍ਰਦੀਪ ਸਿੰਘ ਪੰਚ, ਮਾਸਟਰ ਹਜਾਰੀ ਲਾਲ, ਚੱਕ ਅਮੀਰ ਸਰਪੰਚ ਦਵਿੰਦਰ ਸਿੰਘ ਛੋਟੂ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪਿਛਲੇ ਦਿਨ੍ਹਾਂ ਦੌਰਾਨ ਵਿਧਾਨ ਸਭਾ ਹਲਕਾ ਭੋਆ ਦੇ ਜ਼ਿਆਦਾਤਰ ਖੇਤਰ ਹੜ੍ਹਾਂ ਦੀ ਮਾਰ ਹੇਠ ਆਏ ਹਨ ਅਤੇ ਇੱਕ ਸੰਘਰਸ਼ ਕਰਨ ਮਗਰੋਂ ਅਸੀਂ ਲੋਕਾਂ ਨੂੰ ਸੁਰੱਖਿਅਤ ਸਥਾਨਾਂ ਤੇ ਕੱਢ



ਸਕੇ।ਹੁਣ ਦੂਸਰੇ ਪੜਾਓ ਵਿੱਚ ਖੇਤਰ ਦੇ ਜੋ ਵੀ ਇਲਾਕੇ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਹਨ ਉਨ੍ਹਾਂ ਪਿੰਡਾਂ ਵਿੱਚ ਪਹੁੰਚ ਕਰਕੇ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ ਪਸ਼ੂਆਂ ਦੇ ਲਈ ਚਾਰੇ ਦੀ ਵੰਡ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਘਬਰਾਉਣ ਦੀ ਲੋੜ ਨਹੀਂ, ਪੰਜਾਬ ਸਰਕਾਰ ਹਰੇਕ ਘਰ ਘਰ ਤੱਕ ਪਹੁੰਚ ਕਰੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਚੱਟਾਨ ਵਾਂਗ ਖੜੀ ਹੈ।

# ਸਰਕਾਰੀਆ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਇੱਕ ਲੱਖ ਰੁਪਏ ਭੇਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਦੇ ਸਾਬਕਾ ਮੰਤਰੀ ਅਤੇ ਹਲਕਾ ਰਾਜਾਸਾਂਸੀ ਦੇ ਵਿਧਾਇਕ ਸ੍ਰ ਸੁੱਖਬਿੰਦਰ ਸਿੰਘ ਸਰਕਾਰੀਆ ਹਮੇਸ਼ਾ ਹਲਕਾ ਰਾਜਾਸਾਂਸੀ ਦੀ ਜਨਤਾ ਨੂੰ ਆਪਣਾ ਪਰਿਵਾਰ ਸਮਝਦੇ ਹਨ। ਇਹ ਗੱਲ ਅੱਜ ਉਨ੍ਹਾਂ ਨੇ ਉਸ ਵਕਤ ਫਿਰ ਸਾਬਤ ਕਰਕੇ ਵਿਖਾ ਦਿੱਤੀ ਜਦੋਂ ਹੜਾਂ ਦੀ ਮਾਰ ਝੱਲ ਰਹੀ ਹਲਕਾ ਰਾਜਾਸਾਂਸੀ ਦੀ ਜਨਤਾ ਦਾ ਪਿੰਡ ਪਿੰਡ ਜਾ ਕੇ ਹਾਲ ਜਾਣਿਆ ਅਤੇ ਆਪਣੀ ਨੇਕ ਕਮਾਈ ਵਿਚੋਂ ਹੜ੍ਹ ਪੀੜਤਾਂ ਦੀ ਸਹਾਇਤਾ ਕੀਤੀ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕੀਤਾ। ਉਨ੍ਹਾਂ ਕਿਹਾ ਕਿ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਦਿਲਰਾਜ ਸਿੰਘ ਸਰਕਾਰੀਆ ਨੇ ਆਪਣੇ ਸਾਥੀਆਂ ਸਮੇਤ ਚੰਨ ਕੱਲੇਵਾਲ, ਡਗਤੂਤ, ਸੈਦਪੁਰ ਕਲਾਂ, ਰਾਣੀਆਂ, ਕੱਕੜ, ਲੋਧੀਗੁੱਜਰ, ਨੱਥੂਪੁਰ ਆਦਿ ਪਿੰਡਾਂ ਵਿੱਚ ਜਾਕੇ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਦਾ ਹਾਲ ਜਾਣਿਆ।ਕੱਕੜ ਨੇ ਕਿਹਾ ਕਿ ਸਰਕਾਰੀਆ ਨੇ ਇਕੱਲਾ ਹਾਲ ਹੀ ਨਹੀਂ ਪੁੱਛਿਆ ਬਲਕਿ ਆਪਣੀ ਨੇਕ ਕਮਾਈ ਵਿਚੋਂ ਬਾਬਾ ਮੁਖਤਾਰ ਸਿੰਘ ਦੀ ਅਗਵਾਈ ਹੇਠ ਧੁੱਸੀ ਬੰਨ੍ਹ ਦੀ ਮਜ਼ਬੂਤੀ ਲਈ ਚਲ ਰਹੀ ਸੇਵਾ ਲਈ ਬਾਬਾ ਮੁਖਤਾਰ ਸਿੰਘ ਨੂੰ ਇੱਕ ਲੱਖ ਰੁਪਏ ਦੀ ਸੇਵਾ ਦਿੱਤੀ, ਏਸੇ ਤਰ੍ਹਾਂ ਪਿੰਡ ਕੱਕੜ ਦੀ ਜਨਤਾ ਨੇ ਆਪਣੇ ਵੱਲੋਂ ਹੜ੍ਹ ਤੋਂ ਪਿੰਡ ਨੂੰ ਬਚਾਉਣ ਲਈ ਪੁਲ 'ਤੇ ਬਣਾਏ ਜਾ ਰਹੇ ਬੰਨ੍ਹ ਲਈ ਆਪਣੀ ਨੇਕ ਕਮਾਈ ਵਿਚੋਂ ਸਹਾਇਤਾ ਕੀਤੀ।

# ਜ਼ਿਲ੍ਹਾ ਪ੍ਰਸ਼ਾਸਨ ਨੇ ਹੜ੍ਹਾਂ 'ਚ ਘਿਰੇ ਛੋਟੇ ਬੱਚਿਆਂ ਤੇ ਬਿਮਾਰਾਂ ਨੂੰ ਸੁਰੱਖਿਅਤ ਬਾਹਰ ਕੱਢਿਆ: ਐੱਸ ਡੀ ਐੱਮ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)

ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਕੀਤੇ ਜਾ ਰਹੇ ਰਾਹਤ ਤੇ ਬਚਾਅ ਕਾਰਜਾਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਹੜ੍ਹਾਂ ਦੇ ਪਾਣੀ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ।ਐੱਸਡੀਐੱਮ ਡੇਰਾ ਬਾਬਾ ਨਾਨਕ ਡਾ. ਅਦਿੱਤਯ ਸ਼ਰਮਾ ਨੇ ਦੱਸਿਆ ਕਿ ਸਾਨੂੰ ਪਿੰਡ ਹਵੇਲੀ ਕਲਾਂ 'ਚੋਂ ਇੱਕ ਰੈਸਕਿਊ ਦੀ ਕਾਲ ਆਈ ਸੀ ਕਿ ਇਸ ਪਿੰਡ ਵਿੱਚ ਇੱਕ ਨਵ-ਜਨਮਿਆਂ ਬੱਚਾ ਅਤੇ ਉਸਦੀ ਮਾਂ ਆਪਣੇ ਘਰ ਪਾਣੀ ਵਿੱਚ ਘਿਰੇ ਹੋਏ ਹਨ।ਉਨ੍ਹਾਂ ਕਿਹਾ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਕਿਸ਼ਤੀ ਰਾਹੀਂ ਉਸ ਪਿੰਡ ਤੱਕ ਪਹੁੰਚ ਕਰਕੇ ਨਵ-ਜਨਮੇ ਬੱਚੇ ਅਤੇ ਉਸਦੀ ਮਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆਂਦਾ। ਐੱਸਡੀਐੱਮ ਆਦਿੱਤਯ ਸ਼ਰਮਾ ਨੇ ਦੱਸਿਆ ਕਿ ਇਸੇ ਤਰ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਨੇ ਬਹਿਲੋਲਪੁਰ ਤੋਂ ਵੀ ਇੱਕ ਹੋਰ ਨੰਨ੍ਹੀ ਬੱਚੀ ਨੂੰ ਰੈਸਕਿਊ ਕੀਤਾ ਗਿਆ ਹੈ। ਘੋਨੇਵਾਲ ਤੋਂ ਇੱਕ ਬਿਮਾਰ ਬਜ਼ੁਰਗ ਔਰਤ ਨੂੰ ਵੀ ਰੈਸਕਿਊ ਕਰਕੇ ਹਸਪਤਾਲ ਪਹੁੰਚਾਇਆ ਗਿਆ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੌਰਾਨ ਜਿੱਥੇ ਇਨਸਾਨੀ ਜ਼ਿੰਦਗੀਆਂ ਨੂੰ ਬਚਾਇਆ ਗਿਆ ਹੈ ਓਥੇ ਜਾਨਵਰਾਂ ਨੂੰ ਵੀ ਬਚਾਉਣ ਵਿੱਚ ਵੀ ਪੂਰੇ ਯਤਨ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸਾਡੀ ਟੀਮਾਂ ਨੇ ਪਾਲਤੂ ਕੁੱਤਿਆਂ ਅਤੇ ਬੱਕਰੀਆਂ ਨੂੰ ਵੀ ਹੜ੍ਹਾਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਹਤ ਤੇ ਬਚਾਅ ਕਾਰਜ ਜਾਰੀ ਹਨ ਅਤੇ ਲੋਕਾਂ ਦੀ ਸੇਵਾ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਕੇਂਦਰ ਸਰਕਾਰ ਹੜ੍ਹ ਪੀੜਤਾਂ ਲਈ ਵਿਸ਼ੇਸ਼ ਪੈਕੇਜ ਜਾਰੀ ਕਰੇ : ਪੰਨੂ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਸੀਪੀਆਈ ਐੱਮ. ਐੱਲ ਲਿਬਰੇਸ਼ਨ ਜ਼ਿਲਾ ਤਰਨਤਾਰਨ ਦੇ ਕਾਰਜਕਾਰੀ ਸਕੱਤਰ ਦਲਵਿੰਦਰ ਸਿੰਘ ਪੰਨੂ ਨੌਸ਼ਹਿਰਾ ਪੰਨੂਆਂ ਨੇ ਇਕ ਪ੍ਰੈਸ ਬਿਆਨ ਰਾਹੀਂ ਪੰਜਾਬ ਵਿੱਚ ਹੜਾ ਨਾਲ ਹੋਏ ਨੁਕਸਾਨ ਅਤੇ ਮਾਰੇ ਗਏ ਲੋਕਾਂ ਦੀਆਂ ਮੌਤਾਂ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕੇਂਦਰ ਵਿੱਚ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਰਾਜ ਕਰਦੀ ਭਾਜਪਾ ਦੀ ਸਰਕਾਰ ਤੋਂ ਪੰਜਾਬ ਸੂਬੇ ਨੂੰ ਵਿਸ਼ੇਸ਼ ਪੈਕਜ ਦੇਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ



ਪੰਜਾਬ ਵਾਸੀਆਂ ਨੇ ਜਦੋਂ ਕਦੀ ਵੀ ਦੇਸ਼ ਤੇ ਔਖੀ ਘੜੀ ਆਈ ਹੈ, ਆਪਣਾ ਵੱਧ ਚੜ ਕੇ ਯੋਗਦਾਨ ਪਾਇਆ ਹੈ ਅਤੇ ਆਰਥਿਕ ਮਦਦ ਵੀ ਕੀਤੀ ਹੈ। ਉਹਨਾਂ ਸੂਬਾ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਬਚਾਅ ਕਾਰਜ ਅਤੇ ਭੋਜਨ ਸਮੱਗਰੀ ਲੋਕਾਂ ਤੱਕ ਪਹੁਚਾਉਣ ਦੇ ਕੰਮ ਵਿਚ ਤੇਜੀ ਲਿਆਂਦੀ ਜਾਵੇ ਤਾਂ ਕਿ ਕੀਮਤੀ ਜਾਨਾਂ ਬਚਾਈਆਂ ਜਾ ਸਕਣ ਅਤੇ ਹੜ ਪ੍ਰਭਾਵਿਤ ਇਲਾਕਿਆਂ ਦੇ ਪਿੰਡਾਂ ਦੇ ਵਸਨੀਕਾਂ ਦਾ ਜੀਵਨ ਪੱਧਰ ਪਹਿਲੇ ਦੀ ਤਰ੍ਹਾਂ ਆ ਸਕੇ। ਇਸ ਸਮੇਂ ਉਹਨਾਂ ਨਾਲ ਬਲਵਿੰਦਰ ਸਿੰਘ ਗੋਹਲਵੜ, ਹਰਦੇਵ ਸਿੰਘ ਖਹਿਰਾ, ਬਲਜਿੰਦਰ ਸਿੰਘ ਸੇਖਚੱਕ, ਸੁਰਜੀਤ ਸਿੰਘ ਬਾਠ, ਰਾਜ ਕੌਰ ਕਲਸੀਆਂ, ਚਰਨਜੀਤ ਸਿੰਘ ਲਾਲਪੁਰਾ ਅਤੇ ਪਰਮਜੀਤ ਕੌਰ ਧੂੰਦਾ ਆਦਿ ਹਾਜ਼ਰ ਸਨ।

# ਹੜ੍ਹ ਪੀੜਤਾਂ ਦੇ ਨੁਕਸਾਨ ਦੀ ਭਰਪਾਈ ਲਈ ਮੁਆਵਜ਼ਾ ਦਾ ਐਲਾਨ ਕਰੇ ਪੰਜਾਬ ਸਰਕਾਰ : ਖੱਬੀਆਂ ਪਾਰਟੀਆਂ

ਬਟਾਲਾ (ਤਰਲੋਕ ਬੱਗਾ)

ਹੜ੍ਹਾਂ ਕਾਰਨ ਪੰਜਾਬ ਵਿੱਚ ਹੋਏ ਨੁਕਸਾਨ ਸਬੰਧੀ ਚਾਰ ਖੱਬੀਆਂ ਪਾਰਟੀਆਂ ਸੀਪੀਆਈ, ਸੀਪੀਆਈ (ਐਮ), ਆਰਐਮਪੀਆਈ ਅਤੇ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੀ ਸਾਂਝੀ ਮੀਟਿੰਗ ਲਿਬਰੇਸ਼ਨ ਦਫ਼ਤਰ ਕਾਮਰੇਡ ਜਰਨੈਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਪ੍ਰੈੱਸ ਨੂੰ ਸਾਂਝਾ ਬਿਆਨ ਜਾਰੀ ਕਰਦਿਆਂ ਕਾਮਰੇਡ ਰਣਬੀਰ ਸਿੰਘ ਵਿਰਕ, ਕਾਮਰੇਡ ਰਘਬੀਰ ਸਿੰਘ ਪਕੀਵਾਂ, ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਅਤੇ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਪੰਜਾਬ ਵਿੱਚ ਕੁਦਰਤੀ ਆਫ਼ਤ ਦੇ ਨਾਲ ਨਾਲ ਪੰਜਾਬ ਸਰਕਾਰ, ਪ੍ਰਸ਼ਾਸਨ ਅਤੇ ਡੈਮਾਂ ਦੇ ਘਟੀਆ ਪ੍ਰਬੰਧਾਂ ਦੀ ਅਣਗਿਹਲੀ ਕਰਕੇ ਹੜ੍ਹ ਆਏ ਹਨ।ਪੰਜਾਬ ਸਰਕਾਰ ਨੂੰ ਪਹਿਲਾਂ ਅਗਾਊਂ ਪ੍ਰਬੰਧ ਕਰਨੇ ਚਾਹੀਦੇ ਹਨ ਜੋ ਨਹੀਂ ਕੀਤੇ ਜਾ ਸਕੇ, ਜਦਕਿ ਮੌਸਮ ਵਿਭਾਗ ਨੇ ਪਹਿਲਾਂ ਹੀ ਜ਼ਿਆਦਾ ਬਾਰਿਸ਼ ਹੋਣ ਚੇਤਾਵਨੀ ਦਿੱਤੀ ਸੀ, ਪਰ ਡੈਮਾਂ ਵਿਚ ਪਾਣੀ ਜ਼ਿਆਦਾ ਇਕੱਠਾਂ ਕਰਕੇ ਇਕ ਦਮ ਪਾਣੀ ਛੱਡਣ ਕਾਰਨ ਪੰਜਾਬ ਅੰਦਰ ਹੜ੍ਹ ਆਉਣ ਨਾਲ ਬਹੁਤ ਸਾਰੇ ਪਰਿਵਾਰ, ਮਕਾਨ, ਫਸਲਾਂ, ਪਸ਼ੂਆਂ ਦਾ ਪਾਣੀ ਦੀ ਲਪੇਟ ਵਿੱਚ ਆਉਣ ਕਾਰਨ ਲੋਕਾਂ ਦਾ ਬਹੁਤ ਜ਼ਿਆਦਾ ਜਾਨੀ-ਮਾਨੀ ਨੁਕਸਾਨ ਹੋਇਆ ਹੈ।ਕੇਂਦਰ ਤੇ ਪੰਜਾਬ ਸਰਕਾਰ ਹੜ੍ਹ ਪੀੜਤ ਲੋਕਾਂ ਦੀ ਕੋਈ ਮੱਦਦ ਨਹੀਂ ਕਰ ਰਹੀ, ਸਗੋਂ ਪੰਜਾਬ ਦੇ ਲੋਕ ਆਪ ਮੁਹਾਰੇ ਹੜ੍ਹ ਪੀੜਤਾਂ ਤੱਕ ਲੰਗਰ, ਦਵਾਈਆਂ, ਪਸ਼ੂਆਂ ਲਈ ਚਾਰਾ ਦੀ ਦਿਲ ਖੋਲ੍ਹ ਕੇ ਮੱਦਦ ਕਰ ਰਹੇ ਹਨ ਜਿਸਦੀ ਜ਼ੋਰਦਾਰ ਸ਼ਲਾਘਾ ਕਰਨੀ ਬਣਦੀ ਹੈ,ਜਿਸ ਨਾਲ ਇਕ ਵਾਰ ਫੇਰ ਪੰਜਾਬੀਆਂ ਨੇ ਭਾਈਚਾਰਕ ਏਕਤਾ, ਪੰਜਾਬੀ ਰਵਾਇਤਾਂ ਨੂੰ ਕਾਇਮ ਰੱਖਿਆ ਹੈ।ਖੱਬੀਆਂ ਪਾਰਟੀਆਂ ਦੇ ਆਗੂਆਂ



ਨੇ ਪੰਜਾਬ ਸਰਕਾਰ ਨੂੰ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਲੋਕਾਂ ਨਾਲ ਟਾਲ ਮਟੋਲ ਗੱਲ ਛੱਡ ਕੇ ਹੜ੍ਹ ਪੀੜਤ ਲੋਕਾਂ ਦੀ ਇਸ ਸੰਕਟ ਦੀ ਘੜੀ ਵਿੱਚ ਬਾਂਹ ਫੜ੍ਹਨੀ ਚਾਹੀਦੀ ਹੈ। ਲੋਕਾਂ ਦੇ ਰਹਿਣ-ਸਹਿਣ, ਰੋਟੀ ਪਾਣੀ ਅਤੇ ਦਵਾਈਆਂ ਦਾ ਪ੍ਰਬੰਧ ਕਰਨਾ ਚਾਹੀਦਾ ਹੈ।ਪੰਜਾਬ ਸਰਕਾਰ ਨੂੰ ਹੜ੍ਹ ਪੀੜਤਾਂ ਕਿਸਾਨਾਂ, ਮਜ਼ਦੂਰਾਂ ਦੇ ਹੋਏ ਨੁਕਸਾਨ ਦੀ ਪੂਰੀ ਭਰਪਾਈ ਕਰਾਉਣ ਲਈ ਮੁਆਵਜ਼ਾ ਦਾ ਐਲਾਨ ਕਰਨਾ ਚਾਹੀਦਾ ਹੈ।ਇਸ ਮੌਕੇ ਕਾਮਰੇਡ ਗੁਲਜ਼ਾਰ ਸਿੰਘ ਭੰਬਲੀ, ਕਾਮਰੇਡ ਜਨਕ ਰਾਜ, ਸੁਲੱਖਣ ਮਸੀਹ ਆਦਿ ਹਾਜ਼ਰ ਸਨ।

# ਬਲਾਕ ਤਰਸਿੱਕਾ ਦੀ ਹੋਂਦ ਨੂੰ ਖਤਮ ਨਹੀਂ ਹੋਣ ਦਿੱਤਾ ਜਾਵੇਗਾ : ਸੈਦਪੁਰ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)

ਪੰਜਾਬ ਸਰਕਾਰ ਵੱਲੋਂ ਬਲਾਕ ਤਰਸਿੱਕਾ, ਜ਼ਿਲ੍ਹਾ ਅੰਮ੍ਰਿਤਸਰ ਨੂੰ ਖਤਮ ਕਰਨ ਖਿਲਾਫ ਇਲਾਕੇ ਦੇ ਇਨਸਾਫ ਪਸੰਦ ਲੋਕਾਂ ਦਾ ਵਰ੍ਹਦੇ ਮੀਂਹ ਦੌਰਾਨ ਇਕੱਠ ਹੋਇਆ।ਇਸ ਮੌਕੇ ਜਾਣਕਾਰੀ ਦਿੰਦਿਆਂ ਕਿਸਾਨ



ਆਗੂਆਂ ਬਲਦੇਵ ਸਿੰਘ ਸੈਦਪੁਰ, ਲਖਬੀਰ ਸਿੰਘ ਨਿਜ਼ਾਮਪੁਰ, ਗੁਰਮੇਜ ਸਿੰਘ ਤਿੰਮੋਵਾਲ ਅਤੇ ਮਜ਼ਦੂਰਾਂ ਦੇ ਆਗੂਆਂ ਮੰਗਲ ਸਿੰਘ ਖੁਜਾਲਾ, ਬਲਵਿੰਦਰ ਸਿੰਘ ਮਹਿਸਮਪੁਰ ਨੇ ਦੱਸਿਆ ਕਿ 1960 ਵਿੱਚ ਉਸ ਵੇਲੇ ਦੇ ਵਿਧਾਇਕ ਕਾਮਰੇਡ ਮੱਖਣ ਸਿੰਘ ਤਰਸਿੱਕਾ ਦੇ ਅਣਥੱਕ ਯਤਨਾਂ ਸਦਕਾ ਤਰਸਿੱਕਾ ਬਲਾਕ ਹੋਂਦ ਵਿੱਚ ਆਇਆ ਸੀ ਜਿਸ ਦਾ ਇਲਾਕੇ ਦੀਆਂ ਪੰਚਾਇਤਾਂ ਅਤੇ ਆਮ ਲੋਕਾਂ ਨੂੰ ਬਹੁਤ ਲਾਭ ਹੋਇਆ ਪਰ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਬਲਾਕ ਦੀ ਹੋਂਦ ਖਤਮ ਕਰਕੇ ਬਲਾਕ ਦੇ ਅਧੀਨ ਆਉਂਦੇ ਪਿੰਡਾਂ ਨੂੰ ਜੰਡਿਆਲਾ ਬਲਾਕ ਅਤੇ ਟਾਹਲੀ ਸਾਹਿਬ ਬਲਾਕ ਨਾਲ ਜੋੜਿਆ ਜੋ ਕਿ ਇਲਾਕੇ ਦੇ ਲੋਕਾਂ ਨਾਲ ਬਹੁਤ ਵੱਡੀ ਬੇਇਨਸਾਫੀ ਹੈ।ਆਗੂਆਂ ਨੇ ਕਿਹਾ ਕਿ ਬਰਸਾਤ ਦੇ ਮੌਸਮ ਨੂੰ ਵੇਖਦਿਆਂ ਫੈਸਲਾ ਕੀਤਾ ਹੈ ਕਿ 6 ਸਤੰਬਰ ਨੂੰ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੂੰ ਵਫਦ ਦੇ ਰੂਪ ਵਿੱਚ ਮਿਲ ਕੇ ਤਰਸਿੱਕਾ ਬਲਾਕ ਨੂੰ ਬਹਾਲ ਰੱਖਣ ਦੀ ਮੰਗ ਕੀਤੀ ਜਾਵੇਗੀ ਅਤੇ ਮੰਗ ਪੂਰੀ ਨਾ ਹੋਣ ਤੇ ਆਉਣ ਵਾਲੇ ਦਿਨਾਂ ਵਿੱਚ ਬਲਾਕ ਨਾਲੋਂ ਤੋੜੇ ਗਏ ਪਿੰਡਾਂ ਵਿੱਚ ਲਾਮਬੰਦੀ ਕਰਕੇ ਵੱਡਾ ਸੰਘਰਸ਼ ਆਰੰਭ ਦਿੱਤਾ ਜਾਵੇਗਾ।ਇਸ ਮੌਕੇ ਹਰਪ੍ਰੀਤ ਸਿੰਘ ਬੁਟਾਰੀ, ਸੁਵਿੰਦਰ ਸਿੰਘ ਖਹਿਰਾ, ਸਾਬਕਾ ਸਰਪੰਚ ਹਰਜਿੰਦਰ ਸਿੰਘ ਭੱਟੀਕੇ, ਕੁਲਦੀਪ ਸਿੰਘ ਤਲਵੰਡੀ, ਬਖਤੌਰ ਸਿੰਘ ਰਸੂਲਪੁਰ ਕਲਾਂ, ਰਾਜਵਿੰਦਰ ਸਿੰਘ ਸੰਗਰਾਏ, ਅਮਰੀਕ ਸਿੰਘ ਟਾਂਗਰਾ, ਗੁਰਜੰਟ ਸਿੰਘ ਮੁੱਛਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਹੜ੍ਹਾਂ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦਾ ਕੀਤਾ ਰੀਵਿਊ



ਪਠਾਨਕੋਟ, (ਦਵਿੰਦਰ ਸਿੰਘ)

ਕੁਦਰਤੀ ਆਫਤਾਂ ਦੇ ਚਲਦਿਆਂ ਹੜ੍ਹਾਂ ਦੀ ਮਾਰ ਹੇਠ ਜ਼ਿਲ੍ਹਾ ਪਠਾਨਕੋਟ ਦੇ ਬਹੁਤ ਸਾਰੇ ਪਿੰਡ ਆਏ ਹਨ ਅਤੇ ਜ਼ਿਆਦਾਤਰ ਮਾਰ ਵਿਧਾਨ ਸਭਾ ਹਲਕਾ ਭੋਆ ਨੂੰ ਪਈ ਹੈ ਜਿੱਥੇ ਉਜ ਦਰਿਆ, ਜਲਾਲੀਆ ਅਤੇ ਰਾਵੀ ਦਰਿਆ ਦੇ ਕੰਢਿਆਂ ਤੇ ਵੱਸੇ ਪਿੰਡ ਹੜ੍ਹਾਂ ਕਾਰਨ ਜ਼ਿਆਦਾ ਪ੍ਰਭਾਵਿਤ ਹੋਏ ਹਨ। ਹੁਣ ਸਾਡਾ ਉਪਰਾਲਾ ਹੈ ਕਿ ਉਨ੍ਹਾਂ ਲੋਕਾਂ ਦਾ ਜੋ ਜਨ ਜੀਵਨ ਪ੍ਰਭਾਵਿਤ ਹੋਇਆ ਹੈ ਉਸ ਨੂੰ ਫਿਰ ਤੋਂ ਲੀਹ 'ਤੇ ਲੈ ਕੇ ਆਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸਮੀਖਿਆ ਕਰਨ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ, ਦਲਜਿੰਦਰ ਸਿੰਘ ਢਿੱਲੋਂ ਐੱਸ.ਐੱਸ.ਪੀ. ਪਠਾਨਕੋਟ, ਸਵਰਨ ਸਲਾਰੀਆ ਉਪ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਦੀਪ ਸੰਧੂ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਪਠਾਨਕੋਟ, ਵਿਭੂਤੀ ਸਰਮਾ ਹਲਕਾ ਇੰਚਾਰਜ ਪਠਾਨਕੋਟ, ਅੰਮਿਤ ਮੰਟੂ ਹਲਕਾ ਇੰਚਾਰਜ ਸੁਜਾਨਪੁਰ, ਰਾਕੇਸ ਮੀਨਾ ਐੱਸ.ਡੀ.ਐੱਮ. ਪਠਾਨਕੋਟ, ਮੇਜਰ ਡਾ. ਸੁਮਿਤ ਮੁਧ ਐੱਸ.ਡੀ.ਐੱਮ. ਧਾਰ ਕਲ੍ਹਾਂ, ਨਰੇਸ਼ ਸੈਣੀ ਜਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਬਲਜਿੰਦਰ ਸਿੰਘ ਪ੍ਰਧਾਨ ਕਿਸਾਨ ਮੋਰਚਾ ਆਮ ਆਦਮੀ ਪਾਰਟੀ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਇਸ ਸਮੇਂ ਸਾਡਾ ਧਿਆਨ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕਾਰਜ ਕਰਨ ਵੱਲ ਹੈ, ਜਿਨ੍ਹਾਂ ਪਿੰਡਾਂ ਅੰਦਰ ਬਿਜਲੀ ਪ੍ਰਭਾਵਿਤ ਹੈ ਉਨ੍ਹਾਂ ਪਿੰਡਾਂ ਵਿੱਚ ਬਿਜਲੀ ਦੀ ਸਪਲਾਈ ਦੇਣ ਦੇ ਕਾਰਜ ਨੂੰ ਤਰਜੀਹ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਬਿਜਲੀ ਦੀ ਸਪਲਾਈ ਸੁਰੂ ਹੋਵੇਗੀ ਤਾਂ ਲੋਕਾਂ ਨੂੰ ਪੀਣ ਵਾਲਾ ਪਾਣੀ ਵੀ ਅਸਾਨੀ ਨਾਲ ਮਿਲ ਸਕੇਗਾ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਜੋ ਮਾਰਗ ਜ਼ਿਆਦਾ ਪ੍ਰਭਾਵਿੱਤ ਹੋਏ ਹਨ ਉਨ੍ਹਾਂ ਰਸਤਿਆਂ ਨੂੰ ਚੱਲਣ ਯੋਗ ਬਣਾਉਣ ਲਈ ਉਪਰਾਲੇ ਕੀਤੇ ਜਾਣ ਤਾਂ ਜੋ ਲੋਕਾਂ ਦੀ ਆਵਾਜਾਈ ਪ੍ਰਭਾਵਿਤ ਨਾ ਹੋਵੇ।

# ਹਾਸਰਸ ਕਵੀ ਚਰਨਜੀਤ ਸਿੰਘ ਅਜਨਾਲਾ ਨਮਿਤ ਸ਼ਰਧਾਂਜਲੀ ਸਮਾਰੋਹ

ਝਬਾਲ, (ਹਰਜਿੰਦਰ ਸਿੰਘ ਸੋਨੀ)



ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਅਤੇ ਹਾਸਰਸ ਕਵੀ ਵਜੋਂ ਆਪਣੀ ਪਛਾਣ ਬਣਾਉਣ ਵਾਲੇ ਚਰਨਜੀਤ ਸਿੰਘ ਅਜਨਾਲਾ, ਜੋ ਕੁਝ ਦਿਨ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਨਮਿਤ ਪਾਠ ਦਾ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਇਆ ਗਿਆ। ਉਪਰੰਤ ਕੀਰਤਨ ਅਤੇ ਸ਼ਰਧਾਂਜਲੀ ਸਮਾਰੋਹ ਗੁਰਦੁਆਰਾ ਸੁੰਦਰ ਨਗਰ, ਮੀਰਾਂਕੋਟ ਚੌਂਕ ਵਿਖੇ ਕਰਵਾਇਆ ਗਿਆ।ਸ਼੍ਰੀ ਅਜਨਾਲਾ ਨੂੰ ਸ਼ਰਧਾਂਜਲੀਆਂ ਭੇਟ ਕਰਦੇ ਹੋਏ ਪੰਜਾਬੀ ਸਾਹਿਤ ਅਤੇ ਸੱਭਿਆਚਾਰਕ ਮੰਚ ਅੰਮ੍ਰਿਤਸਰ ਦੇ ਪ੍ਰਧਾਨ ਜਸਬੀਰ ਸਿੰਘ ਝਬਾਲ, ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ ਦੇ ਪ੍ਰਧਾਨ ਗਿਆਨੀ ਗੁਲਜ਼ਾਰ ਸਿੰਘ ਖੇੜਾ, ਪੰਜਾਬੀ ਸਾਹਿਤ ਅਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ ਦੇ ਪ੍ਰਧਾਨ ਜਸਵਿੰਦਰ ਸਿੰਘ ਢਿੱਲੋਂ, ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਦੇ ਪ੍ਰਧਾਨ ਹਰਭਜਨ ਸਿੰਘ ਭਗਰੱਥ ਨੇ ਕਿਹਾ ਕਿ ਸਰਦਾਰ ਅਜਨਾਲਾ ਨੇ ਸਾਹਿਤਕ ਖੇਤਰ ਵਿੱਚ ਆਪਣੀ ਪਛਾਣ ਹਾਸਰਸ ਕਵੀ ਵਜੋਂ ਬਣਾਈ ਸੀ ਅਤੇ ਉਨ੍ਹਾਂ ਦੇ ਜਾਣ ਨਾਲ ਪੰਜਾਬੀ ਸਾਹਿਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਮੰਚ ਸੰਚਾਲਕ ਦੇ ਫਰਜ਼ ਨਿਭਾਉਂਦੇ ਹੋਏ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਕਿਹਾ ਕਿ ਅਜਨਾਲਾ ਲੇਖਕ ਹੀ ਨਹੀਂ, ਸਗੋਂ ਇਨਸਾਨ ਲਈ ਬਹੁਤ ਵਧੀਆ ਸਨ।ਅੰਤ ਵਿੱਚ ਪਰਿਵਾਰ ਵੱਲੋਂ ਉਨ੍ਹਾਂ ਦੇ ਛੋਟੇ ਭਰਾਤਾ ਕਵੀ ਕੁਲਵੰਤ ਸਿੰਘ ਕੰਤ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਲੇਖਕ ਮਾਸਟਰ ਅਵਤਾਰ ਸਿੰਘ ਗੋਇੰਦਵਾਲੀਆ, ਬਲਬੀਰ ਸਿੰਘ ਬੇਲੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਮੁਖ ਸਿੰਘ ਆਦਿ ਹਾਜ਼ਰ ਸਨ।

# ਆਰੀਅਨ ਖਾਨ ਨੇ ਨੈੱਟਫਲਿਕਸ ਸੀਰੀਜ਼ ਨਾਲ ਨਿਰਦੇਸ਼ਕ ਵਜੋਂ ਕੀਤੀ ਸ਼ੁਰੂਆਤ

**ਲੁਧਿਆਣਾ** : ਨੈੱਟਫਲਿਕਸ ਅਤੇ ਰੈੱਡ ਚਿਲੀਜ਼ ਐਂਟਰਟੇਨਮੈਂਟ ਨੇ ਦਿ ਬੈਡੀਜ਼ ਆਫ਼ ਬਾਲੀਵੁੱਡ ਦਾ ਪਹਿਲਾ ਲੁੱਕ ਰਿਲੀਜ਼ ਕੀਤਾ ਹੈ, ਜੋ ਆਰੀਅਨ ਖਾਨ ਦੇ ਬਹੁਤ-ਉਮੀਦ ਕੀਤੇ ਨਿਰਦੇਸ਼ਕ ਵਜੋਂ ਸ਼ੁਰੂਆਤ ਹੈ।ਟੀਜ਼ਰ ਬਾਲੀਵੁੱਡ ਕਲਾਸਿਕਾਂ ਦੀ ਯਾਦ ਦਿਵਾਉਣ ਵਾਲੇ ਇੱਕ ਪੁਰਾਣੇ, ਰੋਮਾਂਟਿਕ ਵੌਇਸਓਵਰ ਨਾਲ ਸ਼ੁਰੂ ਹੁੰਦਾ ਹੈ, ਇਸ ਤੋਂ ਪਹਿਲਾਂ ਕਿ ਇੱਕ ਬੋਲਡ, ਹਾਸੇ-ਮਜ਼ਾਕ ਵਾਲੇ ਸੁਰ ਵਿੱਚ ਤੇਜ਼ੀ ਨਾਲ ਬਦਲਿਆ ਜਾਵੇ-ਇੱਕ ਸ਼ੈਲੀ ਜੋ ਆਰੀਅਨ ਦੇ ਤਾਜ਼ੇ ਸਿਨੇਮੈਟਿਕ ਇਰਾਦੇ ਨੂੰ ਦਰਸਾਉਂਦੀ ਹੈ।ਸ਼ਾਹਰੁਖ ਖਾਨ ਦੀਆਂ ਗੂੰਜਾਂ ਨੂੰ ਲੈ ਕੇ ਪਰ ਸਪਸ਼ਟ ਤੌਰ ਤੇ ਉਸਦੀ ਆਪਣੀ, ਆਰੀਅਨ ਨੇ ਸਵੈ-ਜਾਗਰੂਕ ਹਾਸੇ ਨਾਲ ਸ਼ਰਧਾਂਜਲੀ ਨੂੰ ਮਿਲਾਇਆ।ਬਾਲੀਵੁੱਡ-ਜਿਸਨੂੰ ਮੈਂ ਆਪਣੀ ਜ਼ਿੰਦਗੀ ਅਤੇ ਸਮੇਂ ਵਿੱਚ ਪਿਆਰ ਕੀਤਾ ਸੀ, ਮੈਂ ਤੁਹਾਨੂੰ ਵੀ ਪਿਆਰ ਕਰਾਂਗਾ, ਬਹੁਤ ਸਾਰਾ ਪਿਆਰ...ਅਤੇ ਥੋੜ੍ਹਾ ਜਿਹਾ ਸਮਾਂ ਆਰੀਅਨ ਨੇ ਆਪਣਾ ਉਤਸ਼ਾਹ ਸਾਂਝਾ ਕਰਦੇ ਬਿਤਾਇਆ।ਦਿ ਬੈਡੀਜ਼ ਆਫ਼ ਬਾਲੀਵੁੱਡ ਜਲਦੀ ਹੀ ਨੈੱਟਫਲਿਕਸ 'ਤੇ ਸਟ੍ਰੀਮ ਕੀਤਾ ਜਾਵੇਗਾ।

# ਹੜ੍ਹ ਪ੍ਰਭਾਵਿਤ ਖੇਤਰਾਂ 'ਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਹਤ ਸਮੱਗਰੀ ਦੀ ਵੰਡ ਨਿਰਵਿਘਨ ਜਾਰੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਜ਼ਿਲ੍ਹਾ ਗੁਰਦਾਸਪੁਰ ਦੇ ਰਾਵੀ ਦਰਿਆ ਨਾਲ ਲੱਗਦੇ ਖੇਤਰਾਂ ਵਿਖੇ ਹੜ੍ਹ ਕਾਰਨ ਪੈਦਾ ਹੋਏ ਹਾਲਤਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਰਹਿ ਰਹੇ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰਨ ਦੇ ਮਕਸਦ ਨਾਲ ਵੱਖ-ਵੱਖ ਟੀਮਾਂ ਵੱਲੋਂ ਐੱਨ.ਡੀ.ਆਰ.ਐੱਫ਼., ਬੀ.ਐੱਸ.ਐੱਫ. ਤੇ ਭਾਰਤੀ ਫ਼ੌਜ ਦੇ ਸਹਿਯੋਗ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਦੇ ਘਰਾਂ ਤੱਕ ਪਹੁੰਚ ਕਰਕੇ ਰਾਸ਼ਨ ਕਿੱਟਾਂ, ਸੈਨੇਟਰੀ ਪੈਡਜ਼, ਤਰਪਾਲਾਂ, ਮੱਛਰਦਾਨੀਆਂ ਤੇ ਹੋਰ ਜ਼ਰੂਰੀ ਵਸਤਾਂ ਦੀ ਵੰਡ ਕੀਤੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੀਵੇਂ ਖੇਤਰਾਂ ਵਿਚ ਰਹਿ ਰਹੇ ਲੋਕਾਂ, ਜੋ ਅਜੇ ਵੀ ਆਪਣਾ ਘਰ ਨਹੀਂ ਛੱਡਣਾ ਚਾਹੁੰਦੇ, ਦੇ ਦਰਾਂ ਤੱਕ ਕਿਸ਼ਤੀਆਂ ਰਾਹੀਂ ਪਹੁੰਚ ਕਰਕੇ ਲੋੜੀਂਦੀ ਸਮਗਰੀ ਦੀ ਵੰਡ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਅੱਜ ਸਵੇਰ ਤੋਂ ਹੀ ਵੱਖ-ਵੱਖ ਟੀਮਾਂ ਵੱਲੋਂ ਮਕੌੜਾ ਪੱਤਣ, ਕਲਾਨੌਰ ਅਤੇ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮਗਰੀ ਦੀ ਵੰਡ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਰਾਹਤ ਕਾਰਜਾਂ ਵਿੱਚ ਐੱਨ.ਡੀ.ਆਰ.ਐੱਫ. ਦੀਆਂ 6 ਟੀਮਾਂ, ਬੀ.ਐੱਸ.ਐੱਫ. ਦੀ ਇੱਕ ਟੀਮ ਅਤੇ ਭਾਰਤੀ ਫ਼ੌਜ ਦੀਆਂ 4 ਟੀਮਾਂ ਸਹਿਯੋਗ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਕਲਗ਼ੀਧਰ ਟਰੱਸਟ ਬੜੂ ਸਾਹਿਬ ਤੇ ਹੋਰ ਸਮਾਜ ਸੇਵੀ ਸੰਸਥਾਵਾਂ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸੇਵਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੇ ਰਾਹਤ ਕਾਰਜ ਨਿਰਵਿਘਨ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਫਲੱਡ ਕੰਟਰੋਲ ਰੂਮ ਦੇ ਨੰਬਰ 01874-266376 ਅਤੇ 1800-180-1852 'ਤੇ ਸੰਪਰਕ ਕਰ ਸਕਦੇ ਹਨ।

# ਮਲਵਿੰਦਰ ਸਿੰਘ ਮਾਨ ਨੇ ਕੈਨੇਡਾ ਤੋਂ ਹੜ੍ਹ ਪੀੜਤਾਂ ਲਈ ਪੰਝੀ ਹਜ਼ਾਰ ਰੁਪਏ ਭੇਜੇ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਪੰਜਾਬ ਦੇ ਬਹੁਤੇ ਹਿੱਸਿਆਂ ਵਿਚ ਇਸ ਵੇਲੇ ਵੱਡੇ ਪੱਧਰ ਤੇ ਹੜ੍ਹ ਆਏ ਹੋਏ ਹਨ। ਫਤਿਹਗੜ੍ਹ ਚੂੜੀਆਂ ਦੇ ਨਾਲ ਲੱਗਦੇ ਇਲਾਕਿਆਂ



ਅਜਨਾਲਾ ਰਮਦਾਸ ਤੇ ਡੇਰਾ ਬਾਬਾ ਨਾਨਕ ਵਿੱਚ ਰਾਵੀ ਦਰਿਆ ਵਿਚ ਆਏ ਹੜ੍ਹ ਕਾਰਨ ਫਸਲਾਂ ਘਰਾਂ ਤੇ ਕਾਰੋਬਾਰਾਂ ਦਾ ਵੱਡੀ ਪੱਧਰ ਤੇ ਨੁਕਸਾਨ ਹੋਇਆ ਹੈ।ਇਸ ਔਖੇ ਸਮੇਂ ਸਮਾਜ ਸੇਵੀ ਸੰਸਥਾਵਾਂ ਤੇ ਪੰਜਾਬ ਦੇ ਐੱਨ ਆਰ ਆਈ ਭੈਣ ਭਰਾ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ। ਇੰਝ ਹੀ ਪਿੰਡ ਮਾਨ ਸੈਂਡਵਾਲ ਦੇ ਪਿਛੋਕੜ ਵਾਲੇ ਮਲਵਿੰਦਰ ਸਿੰਘ ਮਾਨ ਪਟਿਆਲਾ ਜੋ ਅੱਜਕੱਲ੍ਹ ਕੈਨੇਡਾ ਰਹਿ ਰਹੇ ਹਨ, ਵੱਲੋਂ ਪਿੰਡ ਮਾਨ ਸੈਂਡਵਾਲ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਪੰਝੀ ਹਜ਼ਾਰ ਰੁਪਏ ਦੀ ਸੇਵਾ ਭੇਜੀ ਹੈ।ਇਸ ਮੌਕੇ ਗੁਰਦੁਆਰਾ ਕਮੇਟੀ ਪ੍ਰਧਾਨ ਸੁਖਜਿੰਦਰ ਸਿੰਘ, ਗ੍ਰੰਥੀ ਬਾਬਾ ਬਲਦੇਵ ਸਿੰਘ, ਮਾਸਟਰ ਨਰਿੰਦਰ ਸਿੰਘ, ਹਰਵਿੰਦਰ ਸਿੰਘ ਰਾਗੀ, ਸੁਖਬੀਰ ਸਿੰਘ ਸੰਧੂ, ਜਸਦੇਵ ਮਾਨ, ਅਜੀਤ ਸਿੰਘ, ਗੁਰਦੇਵ ਸਿੰਘ, ਜਗਤਾਰ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਸਰਕਾਰ ਖ਼ਿਲਾਫ਼ ਕੋਟ ਖਹਿਰਾ ਦੀਆਂ ਬੀਬੀਆਂ ਤੇ ਆਮ ਜਨਤਾ ਨੇ ਖੋਲ੍ਹਿਆ ਮੋਰਚਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)

ਪੰਜਾਬ ਸਰਕਾਰ ਵੱਲੋਂ ਬਲਾਕ ਤਰਸਿੱਕਾ ਨੂੰ ਖ਼ਤਮ ਕਰਨ ਦੇ ਫੈਸਲੇ ਨੇ ਲੋਕਾਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ ਅਤੇ ਇਸ ਰੋਸ ਦੀ ਅੱਗ ਹੁਣ ਕੋਟ ਖਹਿਰਾ ਪਿੰਡ ਤੱਕ ਪਹੁੰਚ ਚੁੱਕੀ ਹੈ।ਇੱਥੇ ਪਿੰਡ ਦੀਆਂ ਬੀਬੀਆਂ ਅਤੇ ਆਮ ਜਨਤਾ ਨੇ ਸਰਕਾਰ ਅਤੇ ਖ਼ਾਸ ਕਰਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਦੇ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।ਪ੍ਰਦਰਸ਼ਨ ਵਿੱਚ ਔਰਤਾਂ ਨੇ ਵੱਡੀ ਗਿਣਤੀ ਸ਼ਮੂਲੀਅਤ ਕੀਤੀ , ਜਿਨ੍ਹਾਂ ਨੇ ਸਰਕਾਰ ਦੇ ਇਸ ਫੈਸਲੇ ਨੂੰ ਲੋਕ ਵਿਰੋਧੀ ਦੱਸਿਆ।ਪ੍ਰਦਰਸ਼ਨ ਦੌਰਾਨ



ਔਰਤਾਂ ਨੇ ਸਰਕਾਰ ਦੇ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਪਿੱਟ ਸਿਆਪਾ ਕੀਤਾ ਅਤੇ ਕਿਹਾ ਕਿ ਜੇਕਰ ਸਰਕਾਰ ਨੇ ਇਹ ਫੈਸਲਾ ਵਾਪਸ ਨਾ ਲਿਆ ਤਾਂ ਉਹ ਸੰਘਰਸ਼ ਨੂੰ ਹੋਰ ਤੇਜ਼ ਕਰਨਗੀਆਂ।ਲੋਕਾਂ ਦਾ ਗੁੱਸਾ ਇੰਨਾ ਜ਼ਿਆਦਾ ਸੀ ਕਿ ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਹਰਭਜਨ ਸਿੰਘ ਈਟੀਓ ਦਾ ਪੁਤਲਾ ਫੂਕ ਕੇ ਆਪਣਾ ਰੋਸ ਪ੍ਰਗਟ ਕੀਤਾ।ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਆਪ ਸਰਕਾਰ ਨੇ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਵਾਅਦਿਆਂ ਤੋਂ ਮੁੱਕਰ ਗਈ ਹੈ।ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਬਲਾਕ ਤਰਸਿੱਕੇ ਨੂੰ ਮੁੜ ਬਹਾਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਹ ਆਮ ਆਦਮੀ ਪਾਰਟੀ ਦਾ ਮੁਕੰਮਲ ਬਾਈਕਾਟ ਕਰਨਗੇ।ਬੀਬੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਇਸ ਮੋਰਚੇ ਦੀ ਅਗਵਾਈ ਕਰਨਗੀਆਂ ਅਤੇ ਵੱਡੇ ਪੱਧਰ ਤੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨਗੀਆਂ।ਉਨ੍ਹਾਂ ਦਾ ਕਹਿਣਾ ਹੈ ਕਿ ਉਹ ਆਪਣੀ ਮੰਗ ਪੂਰੀ ਕਰਵਾ ਕੇ ਹੀ ਦਮ ਲੈਣਗੀਆਂ। ਇਸ ਮੌਕੇ ਹੋਰਨਾਂ ਤੋ ਇਲਾਵਾ ਸਰਪੰਚ ਹਰਭੇਜ ਸਿੰਘ, ਡਾਕਟਰ ਸੁਖਵੰਤ ਸਿੰਘ, ਹਰਜਿੰਦਰ ਸਿੰਘ, ਗੁਰਮੀਤ ਸਿੰਘ, ਨਿਹਾਲ ਸਿੰਘ , ਹਰਜੀਤ ਸਿੰਘ, ਦਵਿੰਦਰ ਸਿੰਘ, ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਆਸ਼ਾ ਵਰਕਰਾਂ ਵੱਲੋਂ ਮੰਗਾਂ ਮੰਨੇ ਜਾਣ ਤੱਕ ਸੰਘਰਸ਼ ਜਾਰੀ ਰੱਖਣ ਦਾ ਅਹਿਦ



**ਝਬਾਲ, (ਹਰਜਿੰਦਰ ਸਿੰਘ ਸੋਨੀ)**-ਜਾਣਕਾਰੀ ਦਿੰਦਿਆਂ ਆਸ਼ਾ ਵਰਕਰ ਯੂਨੀਅਨ ਪੰਜਾਬ ਦੇ ਜਰਨਲ ਸਕੱਤਰ ਲਖਵਿੰਦਰ ਕੌਰ ਝਬਾਲ ਨੇ ਸਰਕਾਰ ਵੱਲੋਂ ਮੰਗਾਂ ਮੰਨੇ ਜਾਣ ਦੇ ਮਿਲੇ ਭਰੋਸੇ ਤੋਂ ਬਾਅਦ ਸਮੂਹ ਆਸ਼ਾ ਵਰਕਰ ਭੈਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਹੁਣ ਵੀ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਅੰਦੋਲਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤਾਂ ਜੋ ਕੁੰਭਕਰਨੀ ਨੀਂਦ ਸੁੱਤੀਆਂ ਪਈਆਂ ਸਰਕਾਰਾਂ ਨੂੰ ਜਗਾਇਆ ਜਾ ਸਕੇ ਅਤੇ ਨਿਗੂਣੇ ਜਿਹੇ ਭੱਤੇ ਉਪਰ ਲਗਾਤਾਰ ਕੰਮ ਕਰਨ ਵਾਲੀਆਂ ਆਸ਼ਾ ਵਰਕਰ ਭੈਣਾਂ ਦੀ ਹੁੰਦੀ ਲੁੱਟ ਨੂੰ ਰੋਕਿਆ ਜਾ ਸਕੇ।ਇਸ ਮੌਕੇ ਆਸ਼ਾ ਵਰਕਰਾਂ ਦੀ ਸੀਨੀਅਰ ਆਗੂ ਗੁਰਵੰਤ ਕੌਰ ਝਬਾਲ ਨੇ ਆਉਣ ਵਾਲੇ ਦਿਨਾਂ ਵਿੱਚ ਆਸ਼ਾ ਵਰਕਰਾਂ ਦੀਆਂ ਮੰਗਾਂ ਮਨਾਉਣ ਲਈ ਸੰਘਰਸ਼ ਜਾਰੀ ਰੱਖਦਿਆਂ ਪੰਜਾਬ ਦੀਆਂ ਬਹਾਦਰ ਭੈਣਾਂ ਨੂੰ ਭਾਈ ਭਾਗੋ ਦੀਆਂ ਵਾਰਿਸ ਬਣ ਕੇ ਮੈਦਾਨ ਵਿੱਚ ਆਉਣ ਦੀ ਅਪੀਲ ਕੀਤੀ।ਇਸ ਮੌਕੇ ਬਲਵਿੰਦਰ ਕੌਰ, ਮਨਦੀਪ ਕੌਰ, ਪਰਮਜੀਤ ਕੌਰ, ਰਾਜ ਸ਼ਰਮਾ, ਦਵਿੰਦਰ ਕੌਰ, ਪ੍ਰਭਜੋਤ ਕੌਰ, ਪ੍ਰਸੰਨ ਕੌਰ, ਸਰਬਜੀਤ ਕੌਰ ਨੇ ਵੀ ਸੰਬੋਧਨ ਕੀਤਾ।

# ਸੰਗਤਾਂ ਵੱਲੋਂ ਦਿੱਤੇ ਗਏ ਸਹਿਯੋਗ ਲਈ ਮੈਂ ਹਮੇਸ਼ਾ ਰਿਣੀ ਰਹਾਂਗਾ : ਸ਼ੈਰੀ ਕਲਸੀ

**ਬਟਾਲਾ, (ਤਰਲੋਕ ਬੱਗਾ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਮਾਗਮ ਪੂਰੇ ਜਾਹੋ ਜਲਾਲ ਤੇ ਉਤਸ਼ਾਹ ਨਾਲ ਮਨਾਏ ਗਏ ਅਤੇ ਸਮੁੱਚੇ ਸਮਾਗਮ ਸਫਲਤਾਪੂਰਵਕ ਸੰਪੰਨ ਹੋਣ 'ਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸਾਂ ਦਿੱਤੇ ਗਏ ਸਹਿਯੋਗ ਲਈ ਰਿਣੀ ਰਹਿਣਗੇ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪਰਮਾਤਮਾ ਦੀ ਕਿਰਪਾ ਅਤੇ ਤੁਹਾਡੇ ਸਾਰਿਆਂ ਦੇ ਦਿੱਤੇ ਸਹਿਯੋਗ ਨਾਲ ਇਸ ਪਾਵਨ ਵਿਆਹ ਪੁਰਬ ਮੌਕੇ ਦੇ ਸਾਰੇ ਸਮਾਗਮ ਬਹੁਤ ਵਧੀਆਂ ਤਰੀਕੇ ਨਾਲ ਸੰਪੰਨ ਹੋਏ ਹਨ।ਉਨਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ, ਐੱਸ.ਐੱਸ.ਪੀ ਬਟਾਲਾ ਸੁਹੇਲ ਕਾਸੀਮ ਮੀਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਨ੍ਹਾਂ ਵੱਲੋਂ ਵਿਆਹ ਪੁਰਬ ਸਮਾਗਮ ਸੁਚਾਰੂ ਢੰਗ ਨੇਪਰੇ ਚਾੜ੍ਹੇ ਗਏ। ਨਾਲ ਹੀ ਉਨਾਂ ਗੁਰਦੁਆਰਾ ਸਾਹਿਬ ਸ੍ਰੀ ਕੰਧ ਸਾਹਿਬ, ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਅਤੇ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਦੀ ਸਮੁੱਚੀ ਪਰਬੰਧਕ ਕਮੇਟੀ ਦਾ ਵੀ ਧੰਨਵਾਦ ਕੀਤਾ ਜਿਨਾਂ ਵਲੋਂ ਪੂਰਨ ਸਹਿਯੋਗ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਹ ਵੱਖ ਵੱਖ ਅਧਿਕਾਰੀਆਂ, ਕਰਮਚਾਰੀਆਂ, ਸਫਾਈ ਕਰਮੀਆਂ ਸਮੇਤ ਸਾਰਿਆਂ ਦਾ ਧੰਨਵਾਦ ਕੀਤਾ, ਜਿਨਾਂ ਵਲੋਂ ਵਿਆਹ ਪੁਰਬ ਸਮਾਗਮਾਂ ਲਈ ਦਿਨ ਰਾਤ ਮਿਹਨਤ ਤੇ ਸ਼ਰਧਾ ਸ਼ਰਧਾ ਭਾਵਨਾ ਨਾਲ ਆਪਣਾ ਕੰਮ ਕੀਤਾ।ਉਨ੍ਹਾਂ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਬਟਾਲਾ ਦੀ ਪਵਿੱਤਰ ਧਰਤੀ ਤੇ ਪਹੁੰਚੀਆਂ ਲੱਖਾਂ ਦੀ ਤਦਾਦ ਵਿੱਚ ਆਈਆਂ ਸੰਗਤਾਂ ਸਮੇਤ ਮੀਡੀਆ ਦੇ ਸਾਰੇ ਸਾਥੀਆਂ ਦਾ ਵੀ ਧੰਨਵਾਦ ਕੀਤਾ।

# ਭਾਜਪਾ ਮੰਡਲ ਕਾਦੀਆਂ ਤੇ ਕਾਹਨੂੰਵਾਨ ਨੇ ਹੜ੍ਹ ਪੀੜਤਾਂ ਲਈ 5 ਟਰਾਲੀਆਂ ਰਾਹਤ ਸਮੱਗਰੀ ਵੰਡੀ



ਧਾਰੀਵਾਲ/ਕਾਹਨੂੰਵਾਨ, (ਮਨਦੀਪ ਸਿੰਘ ਵਿੱਕੀ)

ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਦਿਸ਼ਾ ਨਿਰਦੇਸ਼ ਅਨੁਸਾਰ ਹੜ੍ਹਾਂ ਦੇ ਖਤਰੇ ਨੂੰ ਦੇਖਦੇ ਹੋਏ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਦੇ ਹਰੇਕ ਆਹੁਦੇਦਾਰ ਅਤੇ ਵਲੰਟੀਅਰਾਂ ਨੂੰ ਭਾਰਤੀ ਫੌਜ ਦੇ ਸੈਨਿਕਾਂ ਦੀ ਤਰ੍ਹਾਂ ਸੁਚੇਤ ਰਹਿਣ ਨੂੰ ਕਿਹਾ ਗਿਆ ਹੈ। ਇਸੇ ਲੜੀ ਤਹਿਤ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੀ ਵਾਈਸ ਪ੍ਰਧਾਨ ਕੁਲਵਿੰਦਰ ਕੌਰ ਗੁਰਾਇਆ, ਬਲਾਕ ਕਾਦੀਆਂ ਪ੍ਰਧਾਨ ਗੁਲਸ਼ਨ ਵਰਮਾ, ਬਲਾਕ ਕਾਹਨੂਵਾਨ ਪ੍ਰਧਾਨ ਅਰਜੁਨ ਚਿੱਬ ਵੱਲੋਂ ਦਰਿਆ ਦੇ ਪਾਣੀ ਨਾਲ ਨੁਕਸਾਨੇ ਗਏ ਜ਼ਿਲ੍ਹਾ ਗੁਰਦਾਸਪੁਰ ਦੇ ਦੋਰਾਂਗਲਾ ਇਲਾਕੇ ਵਿੱਚ ਜਾਇਜਾ ਲੈਣ ਉਪਰੰਤ ਵੱਖ ਵੱਖ ਪਿੰਡ ਵਾਸੀਆਂ ਨੂੰ 5 ਟਰਾਲਿਆਂ ਜਿਨ੍ਹਾਂ ਵਿੱਚ ਦਾਲ, ਸਬਜੀ, ਰੋਟੀਆਂ, ਚੌਲਾਂ ਦਾ ਲੰਗਰ, ਬਰੈਡ, ਬਿਸਕੁਟ, ਲੱਸੀ, ਪਾਣੀ, ਰਾਹਤ ਸਮੱਗਰੀ, ਬੇ-ਜੁਬਾਨ ਪਸ਼ੂਆ, ਜਾਨਵਰਾਂ, ਵਾਸਤੇ ਹਰਾ ਚਾਰਾ (ਪੱਠੇ) ਅਤੇ ਤੂਰੀ ਵੰਡੀ ਗਈ। ਇਸ ਮੌਕੇ ਪਿੰਡਾਂ ਦੇ ਵਸਨੀਕਾਂ ਨਾਲ ਗੱਲਬਾਤ ਕਰਨ ਉਪਰੰਤ ਉਹਨਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਦੋਰਾਂਗਲਾ ਵਿੱਚ ਰਾਵੀ ਦਰਿਆ ਦੇ ਧੁੱਸੀ ਬੰਨ ਟੁੱਟਣ ਨਾਲ ਆਏ ਹੜ੍ਹ ਨਾਲ ਭਾਰੀ ਨੁਕਸਾਨ ਹੋਇਆ ਹੈ ਅਤੇ ਬਹੁਤ ਸਾਰੇ ਪਿੰਡਾਂ ਦੇ ਪਿੰਡ ਪਾਣੀ ਵਿੱਚ ਡੁੱਬ ਗਏ ਹਨ। ਪਿੰਡਾਂ ਦੇ ਲੋਕ ਇੱਕ ਦੂਜੇ ਦਾ ਸਹਾਰਾ ਬਣ ਕੇ ਇਸ ਮੁਸ਼ਕਲ ਸਮੇਂ ਦਾ ਸਾਹਮਣਾ ਕਰ ਰਹੇ ਹਨ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਵੀ ਪੰਜਾਬ ਅੰਦਰ ਹੜ੍ਹ ਪੀੜਤਾਂ ਲੋਕਾਂ ਦਾ ਜਾਇਜਾ ਲੈਣ ਲਈ ਟੀਮਾਂ ਨੂੰ ਵੀ ਬਹੁਤ ਜਲਦ ਭੇਜਿਆ ਜਾ ਰਿਹਾ ਹੈ, ਤਾਂ ਜੋ ਉਹਨਾਂ ਦੀ ਆਰਥਿਕ ਮਦਦ ਕੀਤੀ ਜਾ ਸਕੇ। ਇਸ ਮੌਕੇ ਇਹਨਾਂ ਦੇ ਨਾਲ ਸਮਾਜ ਸੇਵਕ ਅਸ਼ੋਕ ਨਈਅਰ, ਡਿੰਪਲ ਵਰਮਾ, ਜਤਿੰਦਰ ਠਾਕੁਰ, ਪਰਦੂਮਨ, ਯਸ਼ਪਾਲ ਆਦਿ ਹਾਜ਼ਰ ਸਨ।

# ਗੈਰ-ਕਾਨੂੰਨੀ ਮਾਈਨਿੰਗ ਦੌਰਾਨ ਜੇ ਸੀ ਬੀ ਮਸ਼ੀਨ ਅਤੇ ਟਿੱਪਰ ਜ਼ਬਤ



**ਪਠਾਨਕੋਟ (ਦਵਿੰਦਰ ਸਿੰਘ)**-ਵਿਧਾਨਸਭਾ ਹਲਕਾ ਇੰਦੌਰਾ ਦੇ ਅਧੀਨ ਗੈਰ-ਕਾਨੂੰਨੀ ਮਾਈਨਿੰਗ ਜ਼ੋਰਾਂ 'ਤੇ ਹੈ। 15 ਸਤੰਬਰ ਤੱਕ ਪੂਰੀ ਤਰ੍ਹਾਂ ਪਾਬੰਦੀ ਹੋਣ ਦੇ ਬਾਵਜੂਦ ਮਾਇੰਨੀਗ ਮਾਫੀਆ ਦੇ ਲੋਕ ਗੈਰ-ਕਾਨੂੰਨੀ ਮਾਈਨਿੰਗ ਕਰ ਰਹੇ ਹਨ।ਇਸ 'ਤੇ ਕਾਰਵਾਈ ਕਰਦੇ ਹੋਏ ਡਮਟਾਲ ਪੁਲਸ ਸਟੇਸ਼ਨ ਦੁਆਰਾ ਗੈਰ-ਕਾਨੂੰਨੀ ਮਾਈਨਿੰਗ ਕਰਦੇ ਹੋਇਆਂ ਇੱਕ ਜੇਸੀਬੀ ਮਸ਼ੀਨ ਅਤੇ ਇੱਕ ਟਿੱਪਰ ਜ਼ਬਤ ਕੀਤਾ ਗਿਆ ਹੈ।ਇਸ ਮਾਮਲੇ ਵਿੱਚ ਡ੍ਰਾਈਵਰਾਂ ਵਿਰੁੱਧ ਭਾਰਤੀ ਦੰਡ ਸਹਿਤ ਦੀ ਧਾਰਾ 303 ਅਤੇ ਮਿਨਰਲ ਐਕਟ ਦੀ ਧਾਰਾ 21 ਅਧੀਨ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

2-Sep-PAGE-4.qxd 9/1/2025 10:38 PM Page 1

ਨਵਾਂ ਜ਼ਮਾਨਾ
ਮੰਗਲਵਾਰ 2 ਸਤੰਬਰ 2025

# ਖੱਟ ਗਿਆ ਮੁਕੇਸ਼ ਅੰਬਾਨੀ

*ਭਾਰਤ ਨੇ ਰੂਸ ਤੋਂ 25-50 ਫੀਸਦੀ ਡਿਸਕਾਊਂਟ 'ਤੇ ਕੱਚਾ ਤੇਲ ਖਰੀਦਿਆ, ਜਿਸ ਨਾਲ 17 ਅਰਬ ਡਾਲਰ ਦੀ ਬੱਚਤ ਹੋਈ, ਪਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਸ ਨੂੰ ਯੂਕਰੇਨ ਨਾਲ ਲੜਾਈ ਵਿੱਚ ਉਲਝੇ ਰੂਸ ਦੀ ਅਰਥਵਿਵਸਥਾ ਨੂੰ ਤਕੜੀ ਕਰਨ ਦੇ ਰੂਪ ਵਿੱਚ ਦੇਖਿਆ ਅਤੇ ਭਾਰਤ 'ਤੇ 50 ਫੀਸਦੀ ਟੈਰਿਫ (25 ਫੀਸਦੀ ਆਧਾਰ ਟੈਰਿਫ ਤੇ ਜਮ੍ਹਾਂ 25 ਫੀਸਦੀ ਰੂਸ ਤੋਂ ਤੇਲ ਖਰੀਦਣ ਦਾ ਦੰਡ) ਲਾ ਦਿੱਤਾ। ਟਰੰਪ ਦੀ ਸੋਚ ਹੈ ਕਿ ਭਾਰਤ ਰੂਸ ਤੋਂ ਤੇਲ ਲੈਣਾ ਬੰਦ ਕਰ ਦੇਵੇ ਤਾਂ ਰੂਸ-ਯੂਕਰੇਨ ਦੀ ਲੜਾਈ ਰੁਕ ਸਕਦੀ ਹੈ, ਪਰ ਇੱਥੇ ਭਾਰਤ ਦੀ ਪ੍ਰਭੂਸੱਤਾ ਦਾ ਸਵਾਲ ਵੀ ਹੈ। ਉਸ ਨੂੰ ਹੱਕ ਹੈ ਕਿ ਉਹ ਕਿਸੇ ਵੀ ਦੇਸ਼ ਤੋਂ ਕੁਝ ਵੀ ਖਰੀਦੇ, ਕਿਸੇ ਨੂੰ ਇਤਰਾਜ਼ ਨਹੀਂ ਹੋਣਾ ਚਾਹੀਦਾ।*

*ਤਾਂ ਵੀ ਟਰੰਪ ਦੇ ਵਪਾਰਕ ਸਲਾਹਕਾਰ ਪੀਟਰ ਨਵਾਰੋ ਦਾ ਕਹਿਣਾ ਹੈ ਕਿ ਭਾਰਤ ਦੇ ਕੁਝ ਸਭ ਤੋਂ ਅਮੀਰ ਪਰਵਾਰਾਂ, ਖਾਸਕਰ ਰਿਲਾਇੰਸ ਇੰਡਸਟ੍ਰੀਜ਼ ਦੇ ਮਾਲਕ ਮੁਕੇਸ਼ ਅੰਬਾਨੀ ਨੇ ਸਸਤੇ ਰੂਸੀ ਤੇਲ ਨਾਲ 'ਜੰਗੀ ਮੁਨਾਫਾਖੋਰੀ' ਕੀਤੀ ਹੈ। ਅੰਕੜੇ ਦੱਸਦੇ ਹਨ ਕਿ 2021 ਵਿੱਚ ਭਾਰਤ ਦੀ ਕੁਲ ਤੇਲ ਦਰਾਮਦ ਵਿੱਚ ਰੂਸ ਦੀ ਹਿੱਸੇਦਾਰੀ ਸਿਰਫ 0.2 ਫੀਸਦੀ ਸੀ, ਜੋ 2025 ਤੱਕ ਵਧ ਕੇ 36-44 ਫੀਸਦੀ ਹੋ ਗਈ। ਇਸ ਵਿੱਚ ਰਿਲਾਇੰਸ ਇੰਡਸਟ੍ਰੀਜ਼ ਦਾ ਹਿੱਸਾ 33 ਫੀਸਦੀ ਤੇ ਨਾਇਰਾ ਐਨਰਜੀ ਦਾ 12-15 ਫੀਸਦੀ ਰਿਹਾ। ਸਰਕਾਰੀ ਰਿਫਾਇਨਰੀਆਂ ਇੰਡੀਅਨ ਆਇਲ ਕਾਰਪੋਰੇਸ਼ਨ (ਆਈ ਓ ਸੀ), ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ (ਬੀ ਪੀ ਸੀ ਐੱਲ) ਅਤੇ ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ (ਐੱਚ ਪੀ ਸੀ ਐੱਲ) ਨੇ 35-40 ਫੀਸਦੀ ਤੇਲ ਖਰੀਦਿਆ, ਜਦਕਿ ਬਾਕੀ ਛੋਟੇ ਦਰਾਮਦਕਾਰਾਂ ਦਾ ਹਿੱਸਾ 5-10 ਫੀਸਦੀ ਰਿਹਾ। ਰਿਲਾਇੰਸ ਦੀ ਜਾਮਨਗਰ ਸਥਿਤ ਰਿਫਾਇਨਰੀ ਦੁਨੀਆ ਦੀਆਂ ਸਭ ਤੋਂ ਵੱਡੀਆਂ ਰਿਫਾਇਨਰੀਆਂ ਵਿੱਚੋਂ ਇੱਕ ਹੈ। ਇਸ ਨੇ ਜੂਨ 2025 ਵਿੱਚ 7,46,000 ਬੈਰਲ ਰੋਜ਼ਾਨਾ ਰੂਸੀ ਤੇਲ ਦਰਾਮਦ ਕੀਤਾ। ਇਸ ਵੱਲੋਂ ਸੋਧੇ ਗਏ ਤੇਲ (ਖਾਸਕਰ ਡੀਜ਼ਲ) ਦਾ 67 ਫੀਸਦੀ ਹਿੱਸਾ ਯੂਰਪ ਨੂੰ ਬਰਾਮਦ ਕੀਤਾ ਗਿਆ, ਜਿਸ ਨਾਲ ਰਿਲਾਇੰਸ ਨੇ ਕਰੀਬ 6 ਅਰਬ ਡਾਲਰ ਦਾ ਮੁਨਾਫਾ ਕਮਾਇਆ। ਇੱਥੇ ਸਵਾਲ ਉੱਠਦਾ ਹੈ ਕਿ ਰੂਸ ਤੋਂ ਲਏ ਸਸਤੇ ਤੇਲ ਦਾ ਭਾਰਤ ਦੇ ਆਮ ਲੋਕਾਂ ਨੂੰ ਕੀ ਫਾਇਦਾ ਹੋਇਆ? ਜੀ ਐੱਸ ਟੀ ਤੇ ਹੋਰ ਟੈਕਸਾਂ ਦਾ ਬਹਾਨਾ ਬਣਾ ਕੇ ਤੇ ਸਰਕਾਰੀ ਕੰਪਨੀਆਂ ਦੇ ਪਿਛਲੇ ਨੁਕਸਾਨਾਂ ਦੀ ਭਰਪਾਈ ਦਾ ਕਾਰਨ ਗਿਣਾ ਕੇ ਦੇਸ਼ ਵਿੱਚ ਤੇਲ ਦੀਆਂ ਕੀਮਤਾਂ ਨਹੀਂ ਘਟਾਈਆਂ ਗਈਆਂ।*

*ਹੁਣ ਜਦ ਟਰੰਪ ਨੇ ਟੈਰਿਫ ਲਾ ਦਿੱਤਾ ਹੈ ਤਾਂ ਉਸ ਦਾ ਖਮਿਆਜ਼ਾ ਕੱਪੜਾ, ਹੀਰਾ, ਚਮੜਾ, ਮੱਛੀ, ਆਟੋਮੋਟਿਵ ਤੇ ਫਾਰਮਾਸਿਊਟੀਕਲ ਉਦਯੋਗਾਂ ਨੂੰ ਭੁਗਤਣਾ ਪੈ ਰਿਹਾ। ਗਲੋਬਲ ਟਰੇਡ ਰਿਸਰਚ ਇਨੀਸ਼ੀਏਟਿਵ ਮੁਤਾਬਕ ਅਮਰੀਕੀ ਟੈਰਿਫ ਨਾਲ 48 ਅਰਬ ਡਾਲਰ ਦੀਆਂ ਬਰਾਮਦਾਂ ਪ੍ਰਭਾਵਤ ਹੋਣਗੀਆਂ, ਜਿਸ ਨਾਲ 10 ਲੱਖ ਤੱਕ ਨੌਕਰੀਆਂ ਖਤਰੇ ਵਿੱਚ ਪੈ ਸਕਦੀਆਂ ਹਨ। ਰੂਸ ਤੋਂ ਸਸਤਾ ਤੇਲ ਖਰੀਦਣ ਦਾ ਫੈਸਲਾ ਭਾਰਤ ਦੀਆਂ ਊਰਜਾ ਲੋੜਾਂ ਲਈ ਅਹਿਮ ਸੀ, ਪਰ ਅਮਰੀਕੀ ਟੈਰਿਫ ਨੇ ਇਸ ਨੂੰ ਪੇਚੀਦਾ ਆਰਥਿਕ ਤੇ ਕੂਟਨੀਤਕ ਚੁਣੌਤੀ ਬਣਾ ਦਿੱਤਾ ਹੈ। ਭਾਰਤੀ ਰਿਜ਼ਰਵ ਬੈਂਕ ਦੇ ਸਾਬਕਾ ਗਵਰਨਰ ਰਘੂਰਾਮ ਰਾਜਨ ਦਾ ਸਵਾਲ ਵਾਜਬ ਲੱਗਦਾ ਹੈ—ਕੀ ਇੱਕ ਕਾਰਪੋਰੇਟ ਘਰਾਣੇ ਦਾ ਮੁਨਾਫਾ ਭਾਰਤ ਦੀ ਪ੍ਰਭੂਸੱਤਾ ਨਾਲੋਂ ਵੱਡਾ ਹੋ ਸਕਦਾ ਹੈ, ਜਦ ਇਸ ਦੀ ਕੀਮਤ ਪੂਰੇ ਦੇਸ਼ ਨੂੰ ਚੁਕਾਉਣੀ ਪੈ ਰਹੀ ਹੈ? ਭਾਰਤ ਨੂੰ ਇਸ ਮੁੱਦੇ 'ਤੇ ਆਪਣੀਆਂ ਨੀਤੀਆਂ ਦਾ ਪੁਨਰ-ਮੁਲੰਕਣ ਕਰਨਾ ਹੋਵੇਗਾ ਤਾਂ ਕਿ ਕਾਰਪੋਰੇਟ ਮੁਨਾਫੇ ਤੇ ਕੌਮੀ ਹਿੱਤਾਂ ਵਿਚਾਲੇ ਸੰਤੁਲਨ ਬਣਾਇਆ ਜਾ ਸਕੇ।*

# ਭਾਗਵਤ ਦੇ ਮੂੰਹੋਂ ਨਿਕਲਦਾ ਖ਼ਤਰਨਾਕ ਲਾਵਾ



ਡਾ. ਅਰੁਣ ਮਿੱਤਰਾ

ਆਰ ਐੱਸ ਐੱਸ ਪ੍ਰਮੁੱਖ ਮੋਹਨ ਭਾਗਵਤ ਦਾ ਤਾਜ਼ਾ ਬਿਆਨ ਖਤਰਨਾਕ ਇਰਾਦੇ ਨਾਲ ਦਿੱਤਾ ਗਿਆ ਹੈ। ਉਹਨਾ ਨੇ ਬਿਆਨ ਵਿੱਚ ਕੁਝ ਐਸੀਆਂ ਗੱਲਾਂ ਕਹੀਆਂ ਹਨ, ਜਿਸ ਤੋਂ ਆਉਣ ਵਾਲੇ ਸਮੇਂ ਵਿੱਚ ਆਰ ਐੱਸ ਐੱਸ ਦੇ ਇਰਾਦੇ ਸਾਫ਼ ਦਿਖ ਰਹੇ ਹਨ। ਉਹਨਾਂ ਨੇ ਕੋਈ ਲੁਕੋ ਨਹੀਂ ਰੱਖਿਆ ਅਤੇ ਆਪਣੇ ਵਿਚਾਰਾਂ ਨੂੰ ਜਨਤਕ ਤੌਰ 'ਤੇ ਕਰਨ ਵਿੱਚ ਉਹ ਖੁੱਲ੍ਹ ਖੇਡੇ ਹਨ। ਉਨ੍ਹਾ ਖੁੱਲ੍ਹੇ ਤੌਰ 'ਤੇ ਆਰ ਐੱਸ ਐੱਸ ਨਾਲ ਜੁੜੀਆਂ ਸੰਸਥਾਵਾਂ ਨੂੰ ਆਖ ਦਿੱਤਾ ਹੈ ਕਿ ਉਹ ਹੁਣ ਕਾਸ਼ੀ-ਮਥੁਰਾ ਵਿੱਚ ਸਰਗਰਮ ਹੋਣ ਲਈ ਕਮਰ ਕੱਸੇ ਕਰ ਲੈਣ, ਜਿਵੇਂ ਕਿ ਪਹਿਲੇ ਕੀਤਾ ਸੀ — ਸੱਤਾ ਹਥਿਆਉਣ ਲਈ ਰੱਥ ਯਾਤਰਾ, ਕਾਰ ਸੇਵਾ, ਢਾਂਚਾ ਗਿਰਾਉਣਾ, ਦੰਗੇ ਕਰਾਉਣਾ ਆਦਿ ਸਭ। ਇਹ ਹੁਣ ਸਾਫ਼ ਹੋ ਗਿਆ ਹੈ ਕਿ ਆਰ ਐੱਸ ਐੱਸ ਦਾ ਕੰਮ ਕੇਵਲ ਦੰਗੇ ਕਰਵਾਉਣਾ, ਸਮਾਜ ਵਿੱਚ ਵੰਡੀਆਂ ਪਾਉਣਾ ਹੈ ਅਤੇ ਕਾਰਪੋਰੇਟ ਖੇਤਰ ਦੀ ਸੇਵਾ ਕਰਨਾ ਹੀ ਉਹਨਾਂ ਦੀ ਰਾਸ਼ਟਰ ਸੇਵਾ ਜਾਂ ਦੇਸ਼ ਭਗਤੀ ਹੈ, ਇਸ ਦਾ ਆਮ ਲੋਕਾਂ ਦੇ ਜੀਵਨ ਦੇ ਨਾਲ ਕੁਝ ਵੀ ਲੈਣਾ-ਦੇਣਾ ਨਹੀਂ ਹੈ। ਉਹਨਾਂ ਹੁਣ ਸਾਫ਼ ਕਹਿ ਦਿੱਤਾ ਹੈ ਕਿ ਉਹਨਾਂ ਦਾ ਨਿਸ਼ਾਨਾ ਹਿੰਦੂ ਰਾਸ਼ਟਰ ਸਥਾਪਤ ਕਰਨਾ ਹੈ। ਇੱਥੇ ਇਹ ਚੇਤੇ ਕਰਨਾ ਜ਼ਰੂਰੀ ਹੈ ਕਿ ਕੁਝ ਸਾਲ ਪਹਿਲਾਂ ਮੋਹਨ ਭਾਗਵਤ ਨੇ ਕਿਹਾ ਸੀ ਕਿ ਅਯੋਧਿਆ ਦੇ ਮੰਦਰ ਤੋਂ ਬਾਅਦ ਸਾਨੂੰ ਹੋਰ ਮੰਦਰਾਂ ਦੀ ਗੱਲ ਛੱਡ ਦੇਣੀ ਚਾਹੀਦੀ ਹੈ, ਪਰ ਹੁਣ ਫੇਰ ਉਹੀ ਰਾਗ ਅਲਾਪ ਰਹੇ ਹਨ। ਇਹ ਸਮਝ ਲੈਣਾ ਚਾਹੀਦਾ ਹੈ ਕਿ ਕਿਸੇ ਵੀ ਧਰਮ ਅਧਾਰਤ ਦੇਸ਼ ਦੇ ਵਿੱਚ ਦੂਜੇ ਧਰਮਾਂ ਨੂੰ ਮੰਨਣ ਵਾਲਿਆਂ ਦੀ ਜਗ੍ਹਾ ਹਮੇਸ਼ਾ ਦੋ ਨੰਬਰ ਦੀ ਹੋ ਜਾਂਦੀ ਹੈ। ਗੱਲ ਇਥੇ ਹੀ ਨਹੀਂ ਮੁੱਕਦੀ ਹਿੰਦੂ ਰਾਸ਼ਟਰ ਤੋਂ ਬਾਅਦ ਫਿਰ ਮਨੂ ਸਮ੍ਰਿਤੀ ਸੰਵਿਧਾਨ ਲਾਗੂ ਹੋਏਗਾ, ਜਿਸ ਵਿੱਚ ਕਿ ਵਰਨ ਵਿਵਸਥਾ ਨੂੰ ਲਾਗੂ ਰੱਖਿਆ ਜਾਏਗਾ ਤੇ ਅਖੌਤੀ ਉੱਚ ਜਾਤੀਆਂ ਦਾ ਦਬਦਬਾ ਹੋਏਗਾ ਤੇ ਦਲਿਤ ਸਮਾਜ ਦੁਤਕਾਰਿਆ ਜਾਏਗਾ। ਉਹਨਾ ਇਹ ਵੀ ਕਿਹਾ ਕਿ ਮੁਸਲਮਾਨ ਤੇ ਕ੍ਰਿਸਚਨ ਆਪਣੇ ਆਪ ਨੂੰ ਅਰਬ ਜਾਂ ਤੁਰਕੀ ਜਾਂ ਫਿਰ ਯੂਰਪ ਤੋਂ ਆਇਆ ਸਮਝਣਾ ਬੰਦ ਕਰਨ ਅਤੇ ਆਪਣੇ ਆਪ ਨੂੰ ਹਿੰਦੁਸਤਾਨੀ ਸਮਝਣ। ਇਹ ਉਨ੍ਹਾਂ ਦੀ ਇੱਕ ਮਨਘੜਤ ਸੋਚ ਹੈ। ਕਿਸੇ ਵਿਅਕਤੀ ਦਾ ਇੱਕ ਵਿਸ਼ੇਸ਼ ਧਰਮ ਨੂੰ ਮੰਨਣ ਦਾ ਮਤਲਬ ਦੇਸ਼ ਭਗਤੀ ਖਤਮ ਹੋਣਾ ਨਹੀਂ ਹੁੰਦਾ। ਲੱਖਾਂ ਦੀ ਗਿਣਤੀ ਵਿੱਚ ਹਿੰਦੂ ਦੁਨੀਆ ਦੇ ਹੋਰ ਦੇਸ਼ਾਂ ਵਿੱਚ ਬੈਠੇ ਹਨ। ਉਨ੍ਹਾਂ ਦਾ ਧਾਰਮਿਕ ਅਕੀਦਾ ਅਯੋਧਿਆ ਮੰਦਰ ਵਿੱਚ ਹੋ ਸਕਦਾ ਹੈ, ਪਰ ਹੁਣ ਉਹ ਉਹਨਾਂ ਮੁਲਕਾਂ ਦੇ ਨਾਗਰਿਕ ਹਨ। ਜੇ ਉਥੋਂ ਦੀਆਂ ਸਰਕਾਰਾਂ ਉਨ੍ਹਾਂ ਹਿੰਦੂਆਂ ਬਾਰੇ ਇਹੋ ਜਿਹੇ ਬਿਆਨ ਦੇਣ ਤਾਂ ਮੋਹਨ ਭਾਗਵਤ ਵਰਗਿਆਂ ਨੂੰ ਕਿੰਜ ਲੱਗੇਗਾ।

ਉਹ ਭੁੱਲ ਜਾਂਦੇ ਹਨ ਕਿ ਦੇਸ਼ ਦੇ ਆਜ਼ਾਦੀ ਦੇ ਸੰਗਰਾਮ ਵਿੱਚ ਹਿੰਦੂਆਂ, ਮੁਸਲਮਾਨਾਂ, ਸਿੱਖਾਂ, ਈਸਾਈਆਂ ਸਭ ਨੇ ਪੂਰਾ ਯੋਗਦਾਨ ਪਾਇਆ, ਪਰ ਉਸ ਵੇਲੇ ਆਰ ਐੱਸ ਐੱਸ ਅੰਗਰੇਜ਼ੀ ਸਾਮਰਾਜ ਨਾਲ ਰਲਿਆ ਹੋਇਆ ਸੀ ਤੇ ਉਸ ਨੇ ਆਜ਼ਾਦੀ ਦੇ ਸੰਘਰਸ਼ ਵਿੱਚ ਤਾਂ ਭੂਮਿਕਾ ਕੀ ਪਾਉਣੀ ਸੀ, ਬਲਕਿ ਇਸ ਦੇ ਉਲਟ ਆਜ਼ਾਦੀ ਦੇ ਸੰਘਰਸ਼ ਨੂੰ ਪਿੱਛੇ ਕਰਨ ਵਿੱਚ ਬਹੁਤ ਵੱਡਾ ਰੋਲ ਅਦਾ ਕੀਤਾ। ਭਗਤ ਸਿੰਘ ਤੇ ਸਾਥੀਆਂ ਨੂੰ ਕੁਰਾਹੇ ਪਏ ਦੱਸਿਆ ਤੇ ਅਸਫ਼ਲ ਨੌਜਵਾਨਾਂ ਦੇ ਤੌਰ 'ਤੇ ਉਹਨਾਂ ਦੀ ਵਿਆਖਿਆ ਕੀਤੀ। ਇਸ ਲਈ ਮੋਹਨ ਭਾਗਵਤ ਦਾ ਬਿਆਨ ਹੈਰਾਨੀ ਵਾਲਾ ਤਾਂ ਨਹੀਂ ਹੈ, ਪਰ ਖਤਰਨਾਕ ਇਰਾਦਿਆਂ ਨੂੰ ਦਰਸਾਉਣ ਵਾਲਾ ਜਰੂਰ ਹੈ।

ਜਦੋਂ ਕਿ ਸਾਰਾ ਦੇਸ਼ ਇਸ ਬਾਰੇ ਚਿੰਤਤ ਹੈ ਕਿ ਦੇਸ਼ ਦੀ ਵਧ ਰਹੀ ਜਨਸੰਖਿਆ 'ਤੇ ਕਿਵੇਂ ਕਾਬੂ ਪਾਇਆ ਜਾਏ, ਮੋਹਨ ਭਾਗਵਤ ਫ਼ਰਮਾਨ ਦਿੰਦੇ ਹਨ ਕਿ ਹਰ ਔਰਤ ਤਿੰਨ ਬੱਚੇ ਪੈਦਾ ਕਰੇ। ਜਿਵੇਂ ਜਨਸੰਖਿਆ ਪਹਿਲਾਂ ਹੀ ਘੱਟ ਸਿਰਦਰਦ ਹੈ, ਹੁਣ ਦੇਸ਼ ਨੂੰ ਭੀੜਭਾੜ ਦਾ ਖੇਡ-ਮੈਦਾਨ ਬਣਾਉਣ ਦਾ ਨੁਸਖ਼ਾ ਦਿੱਤਾ ਜਾ ਰਿਹਾ ਹੈ। ਅਸਲ 'ਚ ਉਹਨਾ ਦੀ ਇਹ ਗੱਲ ਪੁਰਸ਼ ਪ੍ਰਧਾਨ ਮਾਨਸਿਕਤਾ ਦਾ ਪ੍ਰਗਟਾਵਾ ਹੈ। ਤਿੰਨ ਤਿੰਨ ਬੱਚੇ ਪੈਦਾ ਕਰਕੇ ਔਰਤਾਂ ਆਪਣੇ ਜੀਵਨ ਦਾ ਵੱਡਾ ਹਿੱਸਾ ਬੱਚੇ ਪੈਦਾ ਕਰਨ ਤੇ ਉਨ੍ਹਾਂ ਦੇ ਪਾਲਣ ਪੋਸ਼ਣ ਵਿੱਚ ਲਗਾ ਦੇਣ। ਆਧੁਨਿਕ ਔਰਤ ਪੜ੍ਹੀ-ਲਿਖੀ ਹੈ ਤੇ ਗਿਆਨ ਪ੍ਰਾਪਤ ਕਰਕੇ ਸਮਾਜ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੁੰਦੀ ਹੈ। ਉਨ੍ਹਾਂ ਦੇ ਹਿਸਾਬ ਨਾਲ ਇਸ ਯੋਗਦਾਨ ਪਾਉਣ ਦੀ ਸਮਰੱਥਾ 'ਤੇ ਰੋਕ ਲੱਗਣੀ ਚਾਹੀਦੀ ਹੈ। ਉਹ ਔਰਤ ਨੂੰ ਦੇਵੀ ਦਾ ਦਰਜਾ ਦੇ ਕੇ ਉਭਾਰਨਾ ਚਾਹੁੰਦੇ ਹਨ, ਨਾ ਕਿ ਉਸ ਨੂੰ ਆਧੁਨਿਕ ਸਮਾਜ ਦੇ ਵਿੱਚ ਉਸ ਦੇ ਬਣਦੇ ਅਧਿਕਾਰ ਯਕੀਨੀ ਬਣਾ ਕੇ ਦੇਣਾ ਚਾਹੁੰਦੇ ਹਨ। ਸਾਡੇ ਦੇਸ਼ ਵਿੱਚ ਪਹਿਲਾਂ ਹੀ ਔਰਤਾਂ ਵੱਡੀ ਗਿਣਤੀ ਵਿੱਚ ਖ਼ੂਨ ਦੀ ਕਮੀ ਤੇ ਕੁਪੋਸ਼ਣ ਦਾ ਸ਼ਿਕਾਰ ਹਨ। ਵਧੇਰੇ ਬੱਚੇ ਪੈਦਾ ਕਰਨ ਨਾਲ ਇਹ ਕਮੀਆਂ ਹੋਰ ਵਧ ਜਾਣਗੀਆਂ ਤੇ ਔਰਤਾਂ ਨੂੰ ਜੀਵਨ ਭਰ ਸਿਹਤ ਨਾਲ ਜੁੜੀਆਂ ਸਮੱਸਿਆਵਾਂ ਨਾਲ ਵਧੇਰੇ ਜੂਝਣਾ ਪਏਗਾ। ਉਹਨਾਂ ਦੇ ਕੁਪੋਸ਼ਣ ਜਾਂ ਖ਼ੂਨ ਦੀ ਕਮੀ ਨੂੰ ਦੂਰ ਕਰਨ ਦੀ ਗੱਲ ਕਰਨ ਦੀ ਬਜਾਏ ਭਾਗਵਤ ਉਹਨਾਂ ਨੂੰ ਹੋਰ ਬੱਚੇ ਪੈਦਾ ਕਰਨ ਦੀ ਸਲਾਹ ਦੇ ਰਹੇ ਹਨ।

ਆਰ ਐੱਸ ਐੱਸ ਦੀ ਸੋਚ ਸਮਾਜ ਨੂੰ ਪੁਰਾਤਨ ਸਮਿਆਂ ਵਿੱਚ ਧੱਕ ਦੇਵੇਗੀ। ਕੁਝ ਦਿਨ ਪਹਿਲਾਂ ਹੀ ਭਾਜਪਾ ਦੇ ਇਕ ਵੱਡੇ ਆਗੂ ਅਨੁਰਾਗ ਠਾਕੁਰ ਨੇ ਇੱਕ ਸਕੂਲ ਵਿੱਚ ਬੋਲਦਿਆਂ ਕਿਹਾ ਕਿ ਅੰਤਰਿਕਸ਼ ਵਿੱਚ ਸਭ ਤੋਂ ਪਹਿਲਾਂ ਜਾਣ ਵਾਲੇ ਹਨੂਮਾਨ ਸਨ। ਉਹਨਾ ਦੇ ਆਪਣੇ ਬੱਚੇ ਵਿਦੇਸ਼ਾਂ ਵਿੱਚ ਪੜ੍ਹਦੇ ਹਨ। ਕੀ ਉਹ ਬੱਚੇ ਆਪਣੇ ਸਕੂਲਾਂ ਵਿੱਚ ਜਾਂ ਕਾਲਜਾਂ ਵਿੱਚ ਉੱਥੇ ਇਹੋ ਜਿਹੇ ਹੀ ਜਵਾਬ ਦੇਣਗੇ? ਨਰਿੰਦਰ ਮੋਦੀ, ਜੋ ਕਿ ਸਾਡੇ ਪ੍ਰਧਾਨ ਮੰਤਰੀ ਹਨ, ਨੇ ਵੀ ਸੱਤਾ ਵਿੱਚ ਆਉਣ ਤੋਂ ਫੌਰਨ ਬਾਅਦ ਡਾਕਟਰਾਂ ਦੇ ਇੱਕ ਸੰਮੇਲਨ 'ਚ ਬੋਲਦੇ ਹੋਏ ਕਿਹਾ ਸੀ ਕਿ ਪੁਰਾਤਨ ਸਮੇਂ ਵਿੱਚ ਸਾਡੀ ਸਰਜਰੀ ਏਨੀ ਵਿਕਸਤ ਸੀ ਕਿ ਅਸੀਂ ਹਾਥੀ ਦਾ ਸਿਰ ਕੱਟ ਕੇ ਬੰਦੇ ਦੇ ਸਿਰ 'ਤੇ ਲਾ ਸਕਦੇ ਸੀ। ਕਰੋਨਾ ਵੇਲੇ ਤਾੜੀਆਂ ਵਜਵਾਉਣਾ, ਦੀਵੇ ਜਗਾਉਣਾ ਆਦਿ ਇਹ ਸਭ ਕਾਰੇ ਗੈਰ-ਵਿਗਿਆਨਕ ਸੋਚ ਦਾ ਪ੍ਰਗਟਾਵਾ ਹਨ, ਜਿਸ ਨੂੰ ਕਿ ਆਮ ਲੋਕਾਂ ਦੀ ਸੋਚ ਦਾ ਹਿੱਸਾ ਬਣਾਇਆ ਜਾ ਰਿਹਾ ਹੈ।

ਮੋਹਨ ਭਾਗਵਤ ਨੇ ਅਖੰਡ ਭਾਰਤ ਦੀ ਗੱਲ ਵੀ ਕੀਤੀ ਹੈ, ਮਤਲਬ ਕਿ ਉਹਨਾ ਦੇ ਇਰਾਦੇ ਮੁਤਾਬਕ ਆਉਣ ਵਾਲੇ ਸਮੇਂ ਵਿੱਚ ਗੁਆਂਢੀ ਮੁਲਕਾਂ ਦੇ ਨਾਲ ਸੰਬੰਧ ਕਿਸ ਤਰੀਕੇ ਦੇ ਹੋਣਗੇ, ਇਹ ਸਮਝ ਲੈਣਾ ਚਾਹੀਦਾ ਹੈ।

ਅੱਜ ਵਿਗਿਆਨਕ ਸੋਚ ਰੱਖਣ ਵਾਲੇ ਸਾਰੇ ਵਿਅਕਤੀਆਂ ਨੂੰ ਇਹਨਾਂ ਉਪਰੋਕਤ ਗੱਲਾਂ ਬਾਰੇ ਵਿਸ਼ੇਸ਼ ਚਿੰਤਨ ਕਰਕੇ ਨਿਰਣੇ ਕਰਨੇ ਪੈਣਗੇ ਤੇ ਸਮਾਜ ਵਿੱਚ ਵਿਚਾਰਧਾਰਕ ਲੜਾਈ ਨੂੰ ਅੱਗੇ ਲਿਜਾਣ ਲਈ ਇੱਕਮੁੱਠ ਹੋ ਕੇ ਲੋਕ ਚੇਤਨਾ ਪੈਦਾ ਕਰਨੀ ਪਏਗੀ।

ਮੋਹਨ ਭਾਗਵਤ ਆਖਦੇ ਹਨ ਕਿ ਆਰ ਐੱਸ ਐੱਸ ਦਾ ਕੰਮ ਮਨੁੱਖ ਦਾ ਨਿਰਮਾਣ ਕਰਨਾ ਹੈ ਤੇ ਲੋਕ ਸੇਵਾ ਵਿੱਚ ਲੱਗੇ ਰਹਿਣਾ ਹੈ, ਰਾਜਨੀਤਕ ਅੰਦੋਲਨਾਂ ਦੇ ਨਾਲ ਉਹਨਾਂ ਦਾ ਕੋਈ ਸੰਬੰਧ ਨਹੀਂ। ਇਸ ਗੱਲ ਤੋਂ ਸ਼ੈਕਸਪੀਅਰ ਦੇ ਨਾਵਲ 'ਮੈਕਬੈਥ' 'ਚੋਂ ਕਥਨ ਯਾਦ ਆਉਂਦਾ ਹੈ : ਫੁੱਲ ਵਾਂਗ ਮਾਸੂਮ ਦਿਸੋ, ਪਰ ਸੱਪ ਬਣੇ ਰਹੋ...।

# ਸੰਪਰਕ : 94170-00360

# ਕਮਿਊਨਿਸਟ ਲਹਿਰ ਦਾ ਦੇਸ਼ ਨੂੰ ਆਜ਼ਾਦ ਕਰਾਉਣ 'ਚ ਮੁੱਖ ਰੋਲ

ਪਿਰਥੀਪਾਲ ਸਿੰਘ ਮਾੜੀਮੇਘਾ

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) 26 ਦਸੰਬਰ 1925 ਵਿੱਚ ਕਾਨਪੁਰ ਵਿਖੇ ਬਣੀ ਸੀ। ਪਾਰਟੀ ਦੀ 100ਵੀਂ ਵਰ੍ਹੇਗੰਢ ਨਾਲ ਸੰਬੰਧਤ ਸਮਾਗਮ ਦੇਸ਼ ਭਰ ਵਿਚ ਹੋ ਰਹੇ ਹਨ। ਅਖੀਰਲਾ ਸਮਾਗਮ 26 ਦਸੰਬਰ 2025 ਨੂੰ ਕਾਨਪੁਰ ਵਿਖੇ ਹੋਵੇਗਾ। ਇਸ ਸਮਾਗਮ ਤੋਂ ਪਹਿਲਾਂ ਸੀ ਪੀ ਆਈ ਦਾ ਕੁੱਲ ਹਿੰਦ ਸੰਮੇਲਨ 21 ਤੋਂ 25 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋ ਰਿਹਾ ਹੈ। ਇਸ ਸੰਮੇਲਨ ਵਿੱਚ 1000 ਹਜ਼ਾਰ ਦੇ ਕਰੀਬ ਡੈਲੀਗੇਟ, ਬਦਲਵੇਂ ਡੈਲੀਗੇਟ ਅਤੇ ਵਲੰਟੀਅਰ ਪਹੁੰਚ ਰਹੇ ਹਨ।

ਕਮਿਊਨਿਸਟ ਪਾਰਟੀ ਉਸ ਵੇਲੇ ਹਿੰਦੁਸਤਾਨ ਵਿੱਚ ਬਣੀ, ਜਦੋਂ ਹਿੰਦੁਸਤਾਨ ਅੰਗਰੇਜ਼ਾਂ ਦਾ ਗੁਲਾਮ ਸੀ। ਇਹ ਪਾਰਟੀ ਬਰਤਾਨੀਆ ਤੋਂ ਦੇਸ਼ ਨੂੰ ਆਜ਼ਾਦ ਕਰਵਾ ਕੇ ਹਿੰਦੁਸਤਾਨ ਵਿੱਚ ਸਮਾਜਵਾਦ ਕਾਇਮ ਕਰਨਾ ਚਾਹੁੰਦੀ ਸੀ। ਸਮਾਜਵਾਦ ਉਹ ਪ੍ਰਬੰਧ ਹੈ, ਜਿਸ ਵਿੱਚ ਹਰੇਕ ਮਨੁੱਖ ਦੀਆਂ ਜੀਵਨ ਲੋੜਾਂ ਸਰਕਾਰ ਪੂਰੀਆਂ ਕਰਦੀ ਹੈ। ਲੋੜਾਂ ਵਿੱਚੋਂ ਸਭ ਤੋਂ ਪਹਿਲਾਂ ਹਰੇਕ ਮਨੁੱਖ ਨੂੰ ਰੁਜ਼ਗਾਰ ਦਿੱਤਾ ਜਾਂਦਾ ਹੈ, ਜਿਸ ਨਾਲ ਮਨੁੱਖ ਨੂੰ ਖੁਰਾਕ ਮਿਲਦੀ ਅਤੇ ਉਹ ਅਗਲੇ ਦਿਨ ਕੰਮ ਕਰਨ ਲਈ ਮੁੜ ਤਿਆਰ ਹੋ ਜਾਂਦਾ ਹੈ। ਸਮਾਜਵਾਦੀ ਪ੍ਰਬੰਧ ਹਰੇਕ ਮਨੁੱਖ ਦੇ ਰਹਿਣ ਲਈ ਸਾਫ-ਸੁਥਰੇ ਤੇ ਹਵਾਦਾਰ ਘਰ ਅਤੇ ਸਿਹਤ ਦੇ ਮੁਫ਼ਤ ਇਲਾਜ ਦੀ ਜ਼ਰੂਰਤ ਪੂਰੀ ਕਰਦਾ ਹੈ। ਇਸ ਪ੍ਰਬੰਧ ਅਧੀਨ ਹਰੇਕ ਮਨੁੱਖ ਨੂੰ ਵਿਦਿਆ ਮੁਫ਼ਤ ਤੇ ਲਾਜ਼ਮੀ ਦਿੱਤੀ ਜਾਂਦੀ ਹੈ। ਸਮਾਜਵਾਦ ਇਸ ਢੰਗ ਨਾਲ ਪੜਾਅਵਾਰ ਮਨੁੱਖ ਨੂੰ ਖੁਸ਼ਹਾਲ ਬਣਾਉਣ ਦੀਆਂ ਮੰਜ਼ਲਾਂ 'ਤੇ ਪਹੁੰਚਦਾ ਹੈ।

ਹਿੰਦੁਸਤਾਨ ਵਿੱਚ ਕਮਿਊਨਿਸਟ ਲਹਿਰ ਦਾ ਸਫ਼ਰ ਓਨਾ ਹੀ ਪੁਰਾਣਾ ਹੈ, ਜਿੰਨਾ ਦੂਜਿਆਂ ਗੁਲਾਮ ਤੇ ਆਜ਼ਾਦ ਮੁਲਖਾਂ ਵਿੱਚ ਸੀ। ਭਾਰਤ ਦੀ ਕਮਿਊਨਿਸਟ ਲਹਿਰ ਰੂਸ ਦੀ ਕ੍ਰਾਂਤੀ ਤੋਂ ਪ੍ਰਭਾਵਤ ਹੋ ਕੇ ਦੇਸ਼ ਵਿੱਚ ਵਿਕਸਤ ਹੋਈ। ਜਦੋਂ ਤੁਰਕੀ, ਪਰਸ਼ੀਆ ਤੇ ਚੀਨ ਵਿੱਚ ਇਨਕਲਾਬ ਸ਼ੁਰੂ ਹੋਏ ਸਨ ਅਤੇ ਉਸੇ ਸਮੇਂ ਭਾਰਤ ਵਿੱਚ ਕਮਿਊਨਿਸਟ ਲਹਿਰ ਨੇ ਜ਼ੋਰ ਫੜਿਆ ਸੀ। ਹਿੰਦੁਸਤਾਨ ਦੇ ਜਿਹੜੇ ਇਨਕਲਾਬੀਆਂ ਨੂੰ ਦੇਸ਼ ਨਿਕਾਲਾ ਦਿੱਤਾ ਗਿਆ ਸੀ, ਉਨ੍ਹਾਂ ਦੀ ਕਮਿਊਨਿਸਟ ਲਹਿਰ ਨੂੰ ਜਥੇਬੰਦ ਕਰਨ ਵਿੱਚ ਵੱਡੀ ਦੇਣ ਹੈ। ਇਹ ਜਲਾਵਤਨ ਇਨਕਲਾਬੀ, ਲੰਡਨ ਤੇ ਪੈਰਿਸ ਵਿੱਚ ਕਮਿਊਨਿਸਟਾਂ ਨਾਲ ਜੁੜੇ। ਇਨ੍ਹਾਂ ਪ੍ਰਵਾਸੀਆਂ ਨੇ ਰੂਸੀ ਸੋਸ਼ਲ ਡੈਮੋਕਰੇਟਾਂ ਨਾਲ ਸੰਬੰਧ ਕਾਇਮ ਕੀਤੇ ਅਤੇ ਪਰਵਾਸੀ ਇਨਕਲਾਬੀ ਰੂਸ ਦੀ ਕ੍ਰਾਂਤੀ ਵੇਖ ਕੇ ਉਤਸ਼ਾਹਤ ਹੋਏ। ਇਸ ਉਤਸ਼ਾਹ ਤੋਂ ਹੀ ਹਿੰਦੁਸਤਾਨ ਵਿੱਚ 1920 ਵਿੱਚ ਮਜ਼ਦੂਰਾਂ ਦੀ ਪਹਿਲੀ ਟਰੇਡ ਯੂਨੀਅਨ 'ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ' (ਏਟਕ) ਸਥਾਪਤ ਹੋਈ।

ਗਦਰ ਪਾਰਟੀ ਦੇ ਜਨਰਲ ਸਕੱਤਰ ਲਾਲਾ ਹਰਦਿਆਲ ਤੋਂ ਬਾਅਦ ਭਾਈ ਸੰਤੋਖ ਸਿੰਘ ਧਰਦਿਓ ਬਣੇ ਸਨ। ਗਦਰ ਅੰਦੋਲਨ ਦੀ ਅਸਫ਼ਲਤਾ ਤੋਂ ਬਾਅਦ ਪਾਰਟੀ ਦੀ ਸੋਚ ਵਿੱਚ ਤਬਦੀਲੀ ਆਈ। ਇਸ ਸੋਚ ਅਨੁਸਾਰ ਗਦਰ ਪਾਰਟੀ ਵੱਲੋਂ ਭਾਈ ਸੰਤੋਖ ਸਿੰਘ ਤੇ ਭਾਈ ਰਤਨ ਸਿੰਘ ਰਾਏਪੁਰ ਡੱਬਾ ਨੂੰ 1920 ਵਿੱਚ ਮਾਸਕੋ ਭੇਜਿਆ ਗਿਆ ਅਤੇ ਉਹ ਪਾਰਟੀ ਦੇ ਫੈਸਲੇ ਅਨੁਸਾਰ ਵੀ ਆਈ ਲੈਨਿਨ ਨੂੰ ਮਿਲੇ। ਦੋਵੇਂ ਕਮਿਊਨਿਸਟ ਇੰਟਰਨੈਸ਼ਨਲ ਦੀ ਚੌਥੀ ਕਾਂਗਰਸ ਵਿੱਚ ਸ਼ਾਮਲ ਹੋਏ। ਰੂਸੀ ਕ੍ਰਾਂਤੀ ਨੇ ਇਨ੍ਹਾਂ ਗ਼ਦਰੀਆਂ ਦੇ ਹੌਸਲੇ ਮੁੜ ਬੁਲੰਦ ਕਰ ਦਿੱਤੇ। ਲੈਨਿਨ ਨੇ ਉਨ੍ਹਾਂ ਨੂੰ ਕਮਿਊਨਿਸਟ ਇੰਟਰਨੈਸ਼ਨਲ ਦੇ ਨਿਰਦੇਸ਼ ਅਨੁਸਾਰ ਹਿੰਦੁਸਤਾਨ ਭੇਜ ਦਿੱਤਾ ਅਤੇ ਉਨ੍ਹਾਂ ਹਿੰਦੁਸਤਾਨ ਵਿੱਚ ਕਮਿਊਨਿਸਟ ਪਾਰਟੀ ਦਾ ਮੁੱਢ ਬੰਨ੍ਹਣ ਦਾ ਵਿਸ਼ੇਸ਼ ਉਪਰਾਲਾ ਕੀਤਾ। ਭਾਈ ਸੰਤੋਖ ਸਿੰਘ ਨੇ ਅੰਮ੍ਰਿਤਸਰ ਤੋਂ ਪੰਜਾਬੀ ਵਿੱਚ 'ਕਿਰਤੀ' ਅਖ਼ਬਾਰ ਰਾਹੀਂ ਕਮਿਊਨਿਸਟ ਸਿਧਾਂਤ ਦਾ ਖ਼ੂਬ ਪ੍ਰਚਾਰ ਕੀਤਾ।

ਹਿੰਦੁਸਤਾਨ ਵਿੱਚ ਮੁਸਲਿਮ ਭਾਈਚਾਰੇ ਵੱਲੋਂ ਅੰਗਰੇਜ਼ ਹਾਕਮਾਂ ਵਿਰੁੱਧ ਹਿਜਰਤ ਲਹਿਰ ਚੱਲੀ ਸੀ ਅਤੇ ਉਸ ਦੀ ਵੀ ਪੰਜਾਬ ਵਿੱਚ ਕਮਿਊਨਿਸਟ ਪਾਰਟੀ ਉਸਾਰਨ ਵਿੱਚ ਬੜੀ ਦੇਣ ਹੈ। ਹਿਜਰਤ ਲਹਿਰ ਦੌਰਾਨ 200 ਮੁਸਲਿਮ ਕ੍ਰਾਂਤੀਕਾਰੀ ਕਾਬਲ ਪਹੁੰਚ ਗਏ। ਉਨ੍ਹਾਂ ਵਿੱਚੋਂ 30 ਤਾਸ਼ਕੰਦ ਵਿਖੇ ਕਮਿਊਨਿਸਟਾਂ ਦੇ ਸੰਪਰਕ ਵਿੱਚ ਆ ਗਏ। ਇਨ੍ਹਾਂ ਵਿੱਚੋਂ ਅੱਗੇ 21 ਇਨਕਲਾਬ ਲਈ ਕੰਮ ਕਰਨ ਹਿੱਤ ਮਾਰਕਸਵਾਦੀ ਸਿੱਖਿਆ ਲੈਣ ਲਈ ਮਾਸਕੋ ਚਲੇ ਗਏ। ਉਹ ਸਿੱਖਿਆ ਲੈਣ ਉਪਰੰਤ ਕਮਿਊਨਿਸਟ ਇਨਕਲਾਬੀ ਬਣ ਗਏ। ਇਹ ਪ੍ਰਮੁੱਖ ਕਮਿਊਨਿਸਟ ਸਨ ਫ਼ਿਰੋਜ਼ਦੀਨ ਮਨਸੂਰ, ਫਜ਼ਲ ਇਲਾਹੀ ਕੁਰਬਾਨ, ਸ਼ੌਕਤ ਅਸਮਾਨੀ ਤੇ ਅਬਦੁਲ ਮਜੀਦ।

ਸਿੰਗਾਰਵੇਲੂ ਦੀ ਦੇਣ ਨਾਲ ਹੀ ਹਿੰਦੁਸਤਾਨ ਵਿੱਚ ਮਜ਼ਦੂਰ ਦਿਵਸ ਮਨਾਉਣ ਦੀ ਸ਼ੁਰੂਆਤ ਹੋਈ। ਸਿੰਗਾਰਵੇਲੂ ਦੀ ਪਹਿਲ 'ਤੇ ਪਹਿਲੀ ਵਾਰ ਭਾਰਤ ਵਿੱਚ ਮਈ ਦਿਹਾੜਾ 1923 ਵਿੱਚ ਮਨਾਇਆ ਗਿਆ। ਲੇਬਰ ਕਿਸਾਨ ਪਾਰਟੀ ਦੀ ਘੋਸ਼ਣਾ ਵੀ ਮਈ ਦਿਹਾੜਾ ਮਨਾਉਣ ਮੌਕੇ ਕੀਤੀ ਗਈ। ਭਾਵੇਂ ਲੇਬਰ ਪਾਰਟੀ ਦਾ ਮੁੱਢ ਪਹਿਲਾਂ ਬੱਝ ਚੁੱਕਾ ਸੀ। ਪਹਿਲੀ ਮਈ 1923 ਨੂੰ ਮਈ ਦਿਹੜਾ ਮਨਾਉਣ ਲਈ ਮਦਰਾਸ ਵਿੱਚ ਦੋ ਇਕੱਠ ਕੀਤੇ ਗਏ। ਇੱਕ ਇਕੱਠ ਮਦਰਾਸ ਸਮੁੰਦਰ ਦੇ ਕੰਢੇ ਬੀਚ 'ਤੇ ਜਿੱਥੇ ਹਾਈਕੋਰਟ ਸੀ, ਉਥੇ ਸਿੰਗਾਰਵੇਲੂ ਦੀ ਪ੍ਰਧਾਨਗੀ ਹੇਠ ਹੋਇਆ ਤੇ ਮਈ ਦਿਵਸ ਮਨਾਇਆ ਗਿਆ। ਦੂਸਰਾ ਇਕੱਠ 'ਟਰਿਪਲਕੇਨ' ਸਮੁੰਦਰੀ ਬੀਚ 'ਤੇ ਹੋਇਆ, ਜਿਸ ਦੀ ਪ੍ਰਧਾਨਗੀ ਲੇਬਰ ਕਿਸਾਨ ਪਾਰਟੀ ਦੇ ਪ੍ਰਧਾਨ ਐਮ ਪੀ ਐਸ ਵੇਲਾਯੁਧਮ ਨੇ ਕੀਤੀ। ਇਨ੍ਹਾਂ ਦੋਵਾਂ ਇਕੱਠਾਂ ਵਿੱਚ ਲਾਲ ਝੰਡੇ ਲਹਿਰਾਏ ਗਏ। ਸੰਭਵ ਹੈ ਕਿ ਇਹ ਪਹਿਲਾ ਮੌਕਾ ਸੀ, ਜਦੋਂ ਹਿੰਦੁਸਤਾਨ ਵਿੱਚ ਕਿਸੇ ਰਾਜਨੀਤਕ ਇਕੱਠ ਵਿੱਚ ਲਾਲ ਝੰਡਾ ਲਹਿਰਾਇਆ ਗਿਆ ਹੋਵੇ।

ਕਮਿਊਨਿਸਟ ਪਾਰਟੀ ਜਦੋਂ 26 ਦਸੰਬਰ 1925 ਨੂੰ ਕਾਨਪੁਰ ਸੰਮੇਲਨ ਵਿੱਚ ਸਥਾਪਤ ਹੋਈ 'ਤੇ ਉਸ ਵਕਤ ਸੰਮੇਲਨ ਦੇ ਪ੍ਰਧਾਨ ਐੱਮ ਸਿੰਗਾਰਵੇਲੂ ਸਨ। ਸੰਮੇਲਨ ਦੀ ਸਮਾਪਤੀ 'ਤੇ ਉਨ੍ਹਾਂ ਨੂੰ ਭਾਰਤੀ ਕਮਿਊਨਿਸਟ ਪਾਰਟੀ ਦਾ ਪਹਿਲਾ ਪ੍ਰਧਾਨ ਚੁਣਿਆ ਗਿਆ। ਉਸ ਵਕਤ ਕਮਿਊਨਿਸਟ ਪਾਰਟੀ ਦਾ ਪ੍ਰਧਾਨ ਵੀ ਬਣਦਾ ਹੁੰਦਾ ਸੀ, ਜਦੋਂ ਕਿ ਇਸ ਵੇਲੇ ਕਮਿਊਨਿਸਟ ਪਾਰਟੀ ਵਿੱਚ ਪ੍ਰਧਾਨ ਸਿਰਫ ਮੀਟਿੰਗਾਂ ਦੀ ਪ੍ਰਧਾਨਗੀ ਕਰਨ ਵੇਲੇ ਚੁਣਿਆ ਜਾਂਦਾ ਹੈ, ਉਹ ਵੀ ਕਦੀ ਹੋਰ ਤੇ ਕਦੀ ਹੋਰ। ਇਸ ਵੇਲੇ ਸੀ ਪੀ ਆਈ ਦਾ ਪ੍ਰਮੁੱਖ ਆਗੂ ਤੇ ਬੁਲਾਰਾ ਜਨਰਲ ਸੈਕਟਰੀ ਹੁੰਦਾ ਹੈ ਅਤੇ ਸੂਬਿਆਂ ਦੇ ਸਕੱਤਰ ਹੁੰਦੇ ਹਨ। ਕਮਿਊਨਿਸਟ ਪਾਰਟੀ ਦੇ ਇਸ ਪਹਿਲੇ ਸੰਮੇਲਨ ਵਿੱਚ ਬਤੌਰ ਡੈਲੀਗੇਟ ਭਾਈ ਸੰਤੋਖ ਸਿੰਘ ਵੀ ਸ਼ਾਮਲ ਹੋਏ ਸਨ। ਪੰਜਾਬ ਵਿੱਚ ਵੀ 1926 ਵਿੱਚ ਕਮਿਊਨਿਸਟ ਲਹਿਰ ਨੇ ਪੂਰੀ ਸਰਗਰਮੀ ਫੜ ਲਈ ਸੀ ਅਤੇ ਇਸੇ ਸਾਲ ਪੰਜਾਬ ਵਿੱਚ ਪ੍ਰੋਵਿਨਸ਼ੀਅਲ ਕਮਿਊਨਿਸਟ ਕਮੇਟੀ ਬਣੀ ਜਿਸ ਦੇ ਬਾਨੀ ਸਕੱਤਰ ਭਾਈ ਸੰਤੋਖ ਸਿੰਘ ਸਨ।

ਕਮਿਊਨਿਸਟ ਲਹਿਰ ਦੀਆਂ ਜੜ੍ਹਾਂ ਲਾਉਣ ਵਾਲੀ ਮਾਂ ਪਾਰਟੀ ਸੀ ਪੀ ਆਈ ਦੀ ਕੁੱਲ ਹਿੰਦ ਕਾਂਗਰਸ 21 ਤੋਂ 25 ਸਤੰਬਰ 2025 ਨੂੰ ਚੰਡੀਗੜ੍ਹ ਵਿਖੇ ਉਸ ਸਮੇਂ ਹੋ ਰਹੀ ਹੈ, ਜਦੋਂ ਕੇਂਦਰੀ ਹਕੂਮਤ ਦੇਸ਼ ਨੂੰ ਫਾਸ਼ੀਵਾਦ ਦੀ ਜਕੜ ਵਿੱਚ ਫਸਾਉਣ ਵਾਲੇ ਰਾਹ ਤੁਰੀ ਹੈ। ਕਮਿਊਨਿਸਟ ਆਪਣੀ ਤਾਕਤ ਮੁਜਬ ਭਾਜਪਾ ਦੀ ਇਸ ਨੀਤੀ ਵਿਰੁੱਧ ਲੜ ਰਹੇ ਹਨ, ਜਦੋਂ ਕਿ ਦੇਸ਼ ਦੇ ਹਾਲਾਤ ਇਹ ਮੰਗ ਕਰਦੇ ਹਨ ਕਿ ਲੋਕਾਂ ਦੀ ਜ਼ਿੰਦਗੀ ਖ਼ੁਸ਼ਹਾਲ ਬਣਾਉਣ ਵਾਸਤੇ ਰੁਜ਼ਗਾਰ ਪ੍ਰਾਪਤੀ ਲਈ ਸੰਘਰਸ਼ ਲੜਿਆ ਜਾਵੇ। ਇਨ੍ਹਾਂ ਮਸਲਿਆਂ 'ਤੇ ਪੰਜ ਦਿਨ ਖੁੱਲ੍ਹ ਕੇ ਵਿਚਾਰਾਂ ਹੋਣ ਤੋਂ ਬਾਅਦ ਅਗਲੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਜਾਵੇਗੀ। ਇਸ ਲਈ ਇਸ ਕਮਿਊਨਿਸਟ ਕਾਂਗਰਸ ਨੂੰ ਹਰ ਪੱਖ ਤੋਂ ਕਾਮਯਾਬ ਕਰਨ ਲਈ ਪੰਜਾਬੀ ਭੈਣ-ਭਰਾ ਸਾਥ ਦੇਣ।

**ਸੀ ਪੀ ਆਈ ਕੌਂਸਲ ਮੈਂਬਰ**

# ਸੰਪਰਕ : 98760-78731

# ਲੋਕਾਂ ਦਾ ਜਰਨੈਲ : ਕਾਮਰੇਡ ਜਰਨੈਲ ਭਾਈਰੂਪਾ

ਜਸਪਾਲ ਮਾਨਖੇੜਾ

ਤੁਰ ਗਿਆ ਪੰਜਾਬ ਬੁੱਕ ਸੈਂਟਰ ਬਠਿੰਡਾ ਦਾ ਸਾਬਕਾ ਜਰਨੈਲ ਕਾਮਰੇਡ ਜਰਨੈਲ ਸਿੰਘ ਭਾਈਰੂਪਾ।

ਕਿਸੇ ਸਮੇਂ ਬਠਿੰਡੇ ਜ਼ਿਲ੍ਹੇ ਦਾ ਪਿੰਡ ਭਾਈਰੂਪਾ ਕਾਮਰੇਡਾਂ ਦਾ ਲੈਨਿਨਗਰਾਦ ਕਹਾਉਂਦਾ ਸੀ। ਗੁਰਦੇਵ ਸਿੰਘ ਸੰਧੂ, ਗਿਆਨੀ ਭਾਗ ਸਿੰਘ, ਕਰਮ ਸਿੰਘ ਗਰੇਵਾਲ ਵੱਲੋਂ ਵੀਹਵੀਂ ਸਦੀ ਦੇ ਸੱਤਵੇਂ ਦਹਾਕੇ ਦੇ ਵਿਦਿਆਰਥੀਆਂ ਦਾ ਇੱਕ ਪੂਰਾ ਮਾਰਕਸਵਾਦ ਦੇ ਰਾਹ ਤੋਰਿਆ ਸੀ। ਕਾਮਰੇਡ ਜਰਨੈਲ ਭਾਈਰੂਪਾ ਉਸ ਪੂਰ 'ਚੋਂ ਅਹਿਮ ਸੀ।

ਜਰਨੈਲ ਦੇ ਬਾਪ ਸਾਧੂ ਸਿੰਘ ਦਾ ਪਿੰਡ ਪੱਟੀ ਕੋਲ ਕੁਹਾੜਕਾ ਸੀ। ਨੌਕਰੀ ਦੇ ਸਿਲਸਿਲੇ ਵਿਚ ਉਹਨਾ ਦੀ ਰਿਹਾਇਸ਼ ਪਾਕਿਸਤਾਨ ਵਾਲੇ ਪਾਸੇ ਸੀ। ਜਦੋਂ ਭਾਰਤ-ਪਾਕਿ ਵੰਡ ਹੋ ਗਈ ਤਾਂ ਸਾਧੂ ਸਿੰਘ ਆਪਣੇ ਸਹੁਰੇ ਪਿੰਡ ਭਾਈਰੂਪੇ ਆ ਗਿਆ। ਇੱਥੇ ਹੀ ਜਰਨੈਲ ਦਾ ਜਨਮ 31 ਜਨਵਰੀ 1951 ਨੂੰ ਹੋਇਆ। ਕਾਮਰੇਡੀ ਦੀ ਪਾਹੁਲ ਉਸ ਨੂੰ ਆਪਣੇ ਸਾਥੀਆਂ ਸਮੇਤ ਸਕੂਲ ਸਮੇਂ ਹੀ ਲੱਗ ਗਈ ਸੀ। ਗਿਆਨੀ ਭਾਗ ਸਿੰਘ ਨੇ ਉਨ੍ਹਾ ਨੂੰ ਅਗਾਂਹਵਧੂ ਸਾਹਿਤ ਦੇ ਨਾਲ ਮਾਰਕਸੀ ਫ਼ਲਸਫ਼ਾ ਵੀ ਪੜ੍ਹਨ ਲਾ ਦਿੱਤਾ ਸੀ। ਸਕੂਲ ਪੜ੍ਹਦਿਆਂ ਉਨ੍ਹਾ ਪੰਜਾਬੀ ਸਾਹਿਤ ਸਭਾ ਬਣਾ ਲਈ ਸੀ। ਟੀ ਪੀ ਡੀ ਮਾਲਵਾ ਕਾਲਜ ਰਾਮਪੁਰਾ ਫੂਲ ਵਿੱਚ ਉਹ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦਾ ਮੈਂਬਰ ਅਤੇ ਆਗੂ ਬਣ ਗਿਆ। ਉਦੋਂ ਹੀ ਜਰਨੈਲ ਨੇ ਆਪਣੇ ਸਾਥੀਆਂ ਡਾ. ਲਾਭ ਸਿੰਘ ਖੀਵਾ, ਗੁਰਦੇਵ ਖੋਖਰ, ਹਰਪਾਲ ਖੋਖਰ ਨਾਲ ਮਿਲ ਕੇ ਨਾਟਕ ਮੰਡਲੀ ਬਣਾ ਲਈ ਅਤੇ ਪਿੰਡਾਂ, ਸ਼ਹਿਰਾਂ ਵਿੱਚ ਨਾਟਕ ਖੇਡਿਆ ਕਰਦੇ ਸਨ।

ਉਨੀਂ ਸੌ ਬਹੱਤਰ ਵਿੱਚ ਬੀ ਏ ਕਰਨ ਤੋਂ ਬਾਅਦ ਜਰਨੈਲ ਨੌਕਰੀ ਪਿੱਛੇ ਨਹੀਂ ਭੱਜਿਆ। ਉਸ ਦੀ ਯੋਗਤਾ ਮੁਤਾਬਿਕ ਐਕਸਾਈਜ਼ ਇੰਸਪੈਕਟਰ ਦੀ ਨੌਕਰੀ ਭਾਵੇਂ ਉਸ ਨੂੰ ਮਿਲਦੀ ਸੀ, ਪਰ ਉਸ ਨੇ ਭਾਰਤੀ ਕਮਿਊਨਿਸਟ ਪਾਰਟੀ ਦਾ ਕੁੱਲਵਕਤੀ ਬਣਨ ਨੂੰ ਤਰਜੀਹ ਦਿੱਤੀ। 1973 ਵਿੱਚ ਜਰਨੈਲ ਪਾਰਟੀ ਦਾ ਹੋਲਟਾਈਮਰ ਬਣ ਕੇ ਬਠਿੰਡੇ ਆ ਗਿਆ। ਉਸ ਦੀ ਡਿਊਟੀ ਘਰ-ਘਰ 'ਨਵਾਂ ਜ਼ਮਾਨਾ' ਅਖ਼ਬਾਰ ਪਹੁਚਾਉਣ 'ਤੇ ਲੱਗੀ। ਉਸ ਨੇ ਇਹ ਡਿਊਟੀ ਬੜੀ ਤਨਦੇਹੀ, ਲਗਨ ਤੇ ਸਿਰੜ ਨਾਲ ਨਿਭਾਈ। ਜਦੋਂ ਪੰਜਾਬ ਬੁੱਕ ਸੈਂਟਰ ਦੀ ਬਰਾਂਚ ਬਠਿੰਡੇ ਖੋਲ੍ਹੀ ਗਈ ਤਾਂ ਜਰਨੈਲ ਨੂੰ ਉਸ ਦਾ ਮੈਨੇਜਰ ਬਣਾਇਆ ਗਿਆ। ਬਤੌਰ ਮੈਨੇਜਰ ਉਸ ਨੇ ਪੰਜਾਬ ਬੁੱਕ ਸੈਂਟਰ ਲਈ ਬਹੁਤ ਕੰਮ ਕੀਤਾ। ਸੋਵੀਅਤ ਸਾਹਿਤ ਦੇ ਨਾਲ ਪੰਜਾਬੀ ਸਾਹਿਤ ਵੱਡੀ ਗਿਣਤੀ ਵਿੱਚ ਪਾਠਕਾਂ ਤੱਕ ਪੁੱਜਦਾ ਕੀਤਾ। ਜਰਨੈਲ ਦੱਸਿਆ ਕਰਦਾ ਸੀ.... ਮੈਂ ਤਿੰਨ ਰੁਪਏ ਦਾ 'ਮਾਂ' ਨਾਵਲ ਅਤੇ ਸਾਢੇ ਤਿੰਨ ਰੁਪਏ ਵਿੱਚ ਰਸੂਲ ਹਮਜ਼ਾਤੋਵ ਦੀ ਜਗਤ ਪ੍ਰਸਿੱਧ ਪੁਸਤਕ 'ਮੇਰਾ ਦਾਗਿਸਤਾਨ' ਹਜ਼ਾਰਾਂ ਨਹੀਂ, ਲੱਖਾਂ ਦੀ ਗਿਣਤੀ ਵਿੱਚ ਪਾਠਕਾਂ ਨੂੰ ਦਿੱਤੇ ਹਨ। ਪੰਜਾਬੀ ਦੇ ਵੱਡੇ ਲੇਖਕ ਅਤੇ ਧਰੰਤਰ ਪਾਠਕ ਮੇਰੇ ਤੋਂ ਕਿਤਾਬਾਂ ਲਿਜਾ ਕੇ ਪੜ੍ਹਦੇ ਹੁੰਦੇ ਸਨ। ਮੈਂ ਵਿਦਿਆਰਥੀਆਂ ਜਾਂ ਬੇਰੁਜ਼ਗਾਰ ਨੌਜਵਾਨਾਂ ਨੂੰ ਬਿਨਾਂ ਪੈਸੇ ਲਏ ਕਿਤਾਬਾਂ ਦੇ ਦਿੰਦਾ ਹੁੰਦਾ ਸੀ। ਪੰਜਾਬ ਬੁੱਕ ਸੈਂਟਰ ਵੱਲੋਂ ਦੂਰ-ਦੁਰਾਡੇ ਪਿੰਡਾਂ-ਸ਼ਹਿਰਾਂ ਤੇ ਪਾਰਟੀ ਪ੍ਰੋਗਰਾਮਾਂ ਉਤੇ ਸਿਰ ਉਪਰ ਕਿਤਾਬਾਂ ਦੀ ਪੰਡ ਚੁੱਕ ਕੇ ਪੁਸਤਕ ਪ੍ਰਦਰਸ਼ਨੀਆਂ ਲਾਈਆਂ ਹਨ...!

ਪਾਰਟੀ ਹੋਲਟਾਈਮਰ ਬਣ ਜਰਨੈਲ ਨੇ ਨਿਹਚਾ ਅਤੇ ਸਿਦਕ ਨਾਲ ਕੰਮ ਕੀਤਾ। 1978 ਦੀ ਗਿਆਰਵੀਂ ਪਾਰਟੀ ਕੁੱਲ ਹਿੰਦ ਕਾਂਗਰਸ, ਕੁੱਲ ਹਿੰਦ ਕਿਸਾਨ ਕਾਨਫਰੰਸ, ਔਰਤਾਂ ਅਤੇ ਖੇਤ ਮਜ਼ਦੂਰਾਂ ਦੀਆਂ ਨੈਸ਼ਨਲ ਲੈਵਲ ਦੀਆਂ ਕਾਨਫਰੰਸਾਂ ਵਿੱਚ ਜਰਨੈਲ ਦਿਨ-ਰਾਤ ਇੱਕ ਕਰਕੇ ਕੰਮ ਕਰਦਾ ਹੁੰਦਾ ਸੀ। ਅਜਿਹੀ ਹੀ ਇੱਕ ਕਾਨਫਰੰਸ ਸਮੇਂ ਜਰਨੈਲ ਦੀ ਡਿਊਟੀ ਲੰਗਰ 'ਤੇ ਲੱਗੀ ਸੀ। ਉਹ ਗੇਟ 'ਤੇ ਖੜ੍ਹਾ ਜ਼ਿਲ੍ਹਾਵਾਇਜ਼ ਡੈਲੀਗੇਟਾਂ ਨੂੰ ਖਾਣਾ ਖਾਣ ਲਈ ਲੰਘਾ ਰਿਹਾ ਸੀ। ਕਾਮਰੇਡ ਸੱਤਪਾਲ ਡਾਂਗ ਉਸ ਸਮੇਂ ਪੰਜਾਬ ਪੱਧਰ ਦੇ ਹੀ ਨਹੀਂ, ਨੈਸ਼ਨਲ ਲੈਵਲ ਦੇ ਆਗੂ ਸਨ। ਕੰਮਾਂ ਵਿੱਚ ਮਸ਼ਰੂਫ ਕਾਮਰੇਡ ਡਾਂਗ ਜਦੋਂ ਬਿਨਾਂ ਵਾਰੀ ਤੋਂ ਲੰਗਰ ਹਾਲ 'ਚ ਲੰਘਣ ਲੱਗੇ ਤਾਂ ਜਰਨੈਲ ਨੇ ਉਨ੍ਹਾ ਅੱਗੇ ਡਾਂਗ ਦਾ ਬੈਰੀਅਰ ਲਾ ਦਿੱਤਾ।

'ਤੂੰ ਕੌਣ ਐਂ ਬਈ ਡਾਂਗ ਦੇ ਅੱਗੇ ਡਾਂਗ ਕਰਨ ਵਾਲਾ... ਮੈਨੂੰ ਜਾਣਦਾ ਨਹੀਂ?' ਸੱਤਪਾਲ ਡਾਂਗ ਨੇ ਘੂਰ ਕੇ ਪੁੱਛਿਆ।

ਬੜੀ ਚੰਗੀ ਤਰ੍ਹਾਂ ਜਾਣਦਾਂ ਕਾਮਰੇਡ ਡਾਂਗ ਜੀ, ਪਰ ਬਿਨਾਂ ਵਾਰੀ ਤੋਂ ਅਸੂਲ ਤੋੜ ਕੇ ਮੈਂ ਨਹੀਂ ਜਾਣ ਦਿੰਦਾ। ਜਰਨੈਲ ਨੇ ਹਿੱਕ ਠੋਕ ਕੇ ਜਵਾਬ ਦਿੱਤਾ ਸੀ।

ਕਾਮਰੇਡ ਸੱਤਪਾਲ ਡਾਂਗ ਨੇ ਇਸ ਗੱਲ ਦੀ ਭਰਵੀਂ ਪ੍ਰਸੰਸਾ ਆਪਣੇ ਭਾਸ਼ਣ ਵਿੱਚ ਠੋਕ ਕੇ ਕੀਤੀ ਸੀ। ਅਸੂਲ ਉੱਤੇ ਅੜ ਜਾਣ ਦੀਆਂ ਇੱਕ ਨਹੀਂ ਅਨੇਕਾਂ ਮਿਸਾਲਾਂ ਜਰਨੈਲ ਨੇ ਆਪਣੇ ਜੀਵਨ ਵਿੱਚ ਦਿੱਤੀਆਂ ਹਨ।

ਜਰਨੈਲ ਦਾ ਪਰਵਾਰ ਤਹੱਤਰ-ਚਹੱਤਰ ਵਿੱਚ ਬਠਿੰਡੇ ਆ ਗਿਆ, ਤਿੰਨ ਕੋਨੀ ਵਾਲੇ ਘਰ ਵਿੱਚ ਰਹਿਣ ਲੱਗਾ। ਭਾਈਰੂਪਾ ਟਾਇਰ ਵਰਕਸ ਇਨ੍ਹਾਂ ਦੀ ਮਸ਼ਹੂਰ ਦੁਕਾਨ ਸੀ, ਜਿਥੇ ਸਿਆਸੀ, ਸਮਾਜਿਕ, ਸਾਹਿਤਕ ਸ਼ਖ਼ਸੀਅਤਾਂ ਦਾ ਆਉਣ-ਜਾਣ ਹਮੇਸ਼ ਰਹਿੰਦਾ ਸੀ। ਇੱਥੇ ਹੀ ਜਰਨੈਲ ਦੇ ਭਰਾ ਕਰਨੈਲ ਤੇ ਰਾਣਾ ਰਹਿੰਦੇ ਸਨ। ਜਰਨੈਲ ਦਾ ਮਨਪਸੰਦ ਵਿਆਹ ਦਲਜੀਤ ਕੌਰ ਨਾਲ ਹੋਇਆ। ਉਨ੍ਹਾਂ ਦੇ ਦੋ ਬੱਚੇ ਮੰਟੂ ਤੇ ਮੰਨਾ ਹੋਏ।

ਜਰਨੈਲ ਨੇ ਲੰਮਾ ਸਮਾਂ ਸੀ ਪੀ ਆਈ ਵਿੱਚ ਇੱਕ ਵਫ਼ਾਦਾਰ ਸਿਪਾਹੀ ਬਣ ਕੇ ਕੰਮ ਕੀਤਾ। ਕਾਮਰੇਡ ਤੇਜਾ ਸਿੰਘ ਸੁਤੰਤਰ, ਕਾਮਰੇਡ ਜੰਗੀਰ ਸਿੰਘ ਜੋਗਾ, ਕਾਮਰੇਡ ਧਰਮ ਸਿੰਘ ਫੱਕਰ, ਕਾਮਰੇਡ ਭਾਨ ਸਿੰਘ ਭੌਰਾ, ਕਾਮਰੇਡ ਜਗਿੰਦਰ ਸਿੰਘ ਭਸੀਨ ਵਰਗੇ ਵੱਡੇ ਲੀਡਰਾਂ ਦੀ ਅਗਵਾਈ ਹੇਠ ਕੰਮ ਕੀਤਾ। ਹਰਦੇਵ ਅਰਸ਼ੀ, ਗੁਰਸੇਵਕ, ਜਗਜੀਤ ਜੋਗਾ, ਕਾਮਰੇਡ ਮੱਖਣ, ਹਰਪਾਲ ਖੋਖਰ, ਜਗਦੀਸ਼ ਸਿੰਘ ਘਈ, ਕਰਮ ਸਿੰਘ ਗੁਲਾਬਗੜ੍ਹ ਆਦਿ ਸਾਥੀਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ। ਜਰਨੈਲ ਰੇਲ ਦੇ ਪਹੀਏ ਵਾਂਗ ਘੁੰਮਿਆ ਅਤੇ ਘਸਿਆ ਕਮਿਊਨਿਸਟ ਵਰਕਰ ਸੀ। ਜਦੋਂ ਆਰੀਆ ਸਮਾਜ ਚੌਂਕ ਵਾਲੇ ਪਾਰਟੀ ਦਫ਼ਤਰ ਦੀ ਬਿਲਡਿੰਗ ਬਣ ਰਹੀ ਸੀ ਤਾਂ ਜਰਨੈਲ ਨੇ ਸਿਰ 'ਤੇ ਬੱਠਲ ਚੱਕ ਕੇ ਕੰਮ ਕੀਤਾ।

ਹਰੇਕ ਤਰ੍ਹਾਂ ਦੀਆਂ ਚੋਣਾਂ ਸਮੇਂ ਜਰਨੈਲ ਦੀ ਡਿਊਟੀ ਦਫ਼ਤਰ ਸਕੱਤਰ ਦੀ ਲੱਗਦੀ ਹੁੰਦੀ ਸੀ। ਕਮਿਊਨਿਸਟ ਆਗੂਆਂ ਦੇ ਦੌਰਿਆਂ, ਚੋਣ ਰੈਲੀਆਂ, ਕਾਨਫਰੰਸਾਂ ਦੇ ਬਣੇ ਪ੍ਰੋਗਰਾਮ ਲਾਗੂ ਕਰਨ ਵਿੱਚ ਜਰਨੈਲ ਦਾ ਮੋਹਰੀ ਰੋਲ ਹੁੰਦਾ ਸੀ। ਨਾਮਜ਼ਦਗੀ ਭਰਨ ਦੇ ਪਹਿਲੇ ਦਿਨ ਤੋਂ ਲੈ ਕੇ ਵੋਟਾਂ ਪੈਣ ਅਤੇ ਗਿਣਤੀ ਹੋਣ ਦੇ ਆਖਰੀ ਦਿਨ ਤੱਕ ਉਹ ਕੰਮਾਂ ਨੂੰ ਮਿਸ਼ਨ ਬਣਾ ਕੇ, ਮਿਸ਼ਨਰੀ ਭਾਵਨਾ ਨਾਲ ਕਰਦਾ ਸੀ। ਉਸ ਵਿੱਚ ਪੈਸੇ-ਟਕੇ, ਫੰਡਾਂ ਦੇ ਮਾਮਲੇ ਵਿੱਚ ਐਨੀ ਇਮਾਨਦਾਰੀ ਸੀ ਕਿ ਕੀ ਮਜਾਲ ਐ ਕਿ ਇੱਕ ਰੁਪਈਆ ਵੀ ਐਧਰ-ਓਧਰ ਹੋ ਜੇ!

ਜਰਨੈਲ ਪਿਛਲੇ ਪੱਚੀ-ਤੀਹ ਸਾਲਾਂ ਤੋਂ ਸਾਰੇ ਬਠਿੰਡੇ ਦਾ ਸਾਂਝਾ ਸੀ। ਹਰੇਕ ਸਿਆਸੀ ਪਾਰਟੀ, ਸਮਾਜਿਕ ਸੰਗਠਨਾਂ, ਸਰਕਾਰੀ ਅਦਾਰੇ ਵਿੱਚ ਉਸ ਦਾ ਮਾਣ-ਤਾਣ ਤੇ ਸਤਿਕਾਰ ਸੀ। ਉਸ ਦੀ ਜਾਣ-ਪਛਾਣ ਐਨੀ ਸੀ ਕਿ ਬੱਚਾ-ਬੱਚਾ ਉਸ ਨੂੰ ਜਾਣਦਾ ਸੀ। ਜਰਨੈਲ ਦੀ ਯਾਦ ਸ਼ਕਤੀ ਐਨੀ ਸੀ ਕਿ ਉਹ ਹਰ ਘਟਨਾ ਨੂੰ ਮਿਤੀ ਵਾਇਜ਼ ਦੱਸ ਦਿੰਦਾ ਸੀ। ਹਰੇਕ ਸਮਾਗਮ ਵਿੱਚ ਚਾਹੇ ਉਹ ਕਿਸੇ ਜਥੇਬੰਦੀ ਦਾ ਹੋਵੇ ਜਾਂ ਨਿੱਜੀ, ਉਹ ਮੋਹਰੀ ਹੁੰਦਾ ਸੀ। ਵਿਆਹ-ਸ਼ਾਦੀ, ਮਰਨੇ-ਪਰਨੇ, ਭੋਗ-ਸੋਗ ਦੇ ਸਮੇਂ ਉਸ ਦੀਆਂ ਨਿਰਸਵਾਰਥ ਸੇਵਾਵਾਂ ਹਾਜ਼ਰ ਹੁੰਦੀਆਂ ਸਨ। ਉਹ ਹਰੇਕ ਦੇ ਦੁੱਖ-ਸੁੱਖ ਨੂੰ ਹੀ ਨਹੀਂ ਕੰਮ-ਧੰਦੇ ਨੂੰ ਆਪਣਾ ਸਮਝਦਾ ਸੀ ਤੇ ਨੇਪਰੇ ਚਾੜ੍ਹਦਾ ਸੀ।

ਇੱਕ ਵਾਰ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੀ ਚੋਣ ਵੇਲੇ ਕਿਸੇ ਨੇ ਜਰਨੈਲ ਨੂੰ ਛੇੜਿਆ...!

ਕਾਮਰੇਡਾ, ਤੂੰ ਲੇਖਕ ਤਾਂ ਹੈਨ੍ਹੀ... ਤੂੰ ਕਿਵੇਂ ਫਿਰਦੈਂ?

ਮੈਂ ਲੇਖਕਾਂ ਦਾ ਜਰਨੈਲ ਹਾਂ...!

ਜਰਨੈਲ ਸਿਰਫ ਲੇਖਕਾਂ ਦਾ ਹੀ ਜਰਨੈਲ ਨਹੀਂ ਸੀ, ਸਗੋਂ ਉਹ ਦੱਬੇ-ਕੁਚਲਿਆ ਦਾ ਜਰਨੈਲ ਸੀ! ਉਹ ਆਪਣੇ ਸੰਗੀਆਂ-ਸਾਥੀਆਂ ਦਾ ਜਰਨੈਲ ਸੀ! ਉਹ ਦੁੱਖਾਂ-ਸੁੱਖਾਂ, ਵਿਆਹ-ਸ਼ਾਦੀਆਂ, ਸ਼ੋਕ ਸਭਾਵਾਂ-ਭੋਗਾਂ ਦਾ ਵੀ ਜਰਨੈਲ ਸੀ। ਉਹ ਪੰਜਾਬ ਬੁੱਕ ਸੈਂਟਰ ਦਾ ਜਰਨੈਲ ਸੀ! ਉਹ ਸਮੁੱਚੇ ਬਠਿੰਡੇ ਦਾ ਜਰਨੈਲ ਸੀ!

ਹੁਣ ਉਸ ਨੂੰ 'ਹੈ' ਤੋਂ ਸੀ, ਕਹਿੰਦਿਆਂ ਹੌਲ ਪੈਂਦੇ ਹਨ। ਉਸ ਦਾ ਤੁਰ ਜਾਣਾ ਦੁੱਖਦਾਈ ਹੈ, ਅਣਕਿਆਸਿਆ ਹੈ, ਬੇਵਕਤ ਹੈ, ਅਸਹਿ ਹੈ ਅਤੇ ਲੰਮਾ ਸਮਾਂ ਭੁੱਲਣ ਵਾਲਾ ਨਹੀਂ।

# ਸੰਪਰਕ : 97800-42156

# ਆਖ਼ਰ ਕਦੋਂ ਰੁਕੇਗਾ ਨੌਜਵਾਨਾਂ ਦਾ ਨਸ਼ਿਆਂ ਵੱਲ ਵਧਦਾ ਰੁਝਾਨ

ਪਿੱਛੇ ਜਿਹੇ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਨਸ਼ਿਆਂ ਨੂੰ ਲੈ ਕੇ ਇੱਕ ਟਿੱਪਣੀ ਕੀਤੀ ਸੀ, ਕਿਹਾ ਸੀ ਕਿ ਡਰੱਗ ਤਸਕਰੀ ਕਿਸੇ ਦੀ ਹੱਤਿਆ ਕਰਨ ਨਾਲੋਂ ਵੀ ਵੱਡਾ ਅਪਰਾਧ ਹੈ। ਇਸ ਕਾਰਨ ਪੰਜਾਬ ਦੀ ਜਵਾਨੀ ਬਰਬਾਦ ਹੋ ਰਹੀ ਹੈ। ਪੰਜਾਬ ਦਾ ਕੋਈ ਅਜਿਹਾ ਜ਼ਿਲ੍ਹਾ, ਸ਼ਹਿਰ, ਕਸਬਾ, ਪਿੰਡ ਨਹੀਂ ਬਚਿਆ ਹੋਣਾ, ਜਿੱਥੇ ਨੌਜਵਾਨੀ ਨਸ਼ੇ ਦਾ ਸ਼ਿਕਾਰ ਨਾ ਹੋ ਰਹੀ ਹੋਵੇ। ਛੋਟੀ-ਛੋਟੀ ਉਮਰ ਦੇ ਨੌਜਵਾਨ ਭੈੜੀ ਲਤ ਦਾ ਸ਼ਿਕਾਰ ਹੋ ਗਏ ਹਨ। ਹਰ ਰੋਜ਼ ਦੋ ਜਾਂ ਤਿੰਨ ਨੌਜਵਾਨ ਚਿੱਟੇ ਦੀ ਭੇਟ ਚੜ੍ਹ ਰਹੇ ਹਨ। ਗੁਆਂਢੀ ਦੇਸ਼ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਹੈਰੋਇਨ ਭਾਰਤ ਵਿੱਚ ਭੇਜੀ ਜਾਂਦੀ ਹੈ। ਜਿਸ ਨੂੰ ਬੀ ਐੱਸ ਐੱਫ ਵੱਲੋਂ ਜ਼ਬਤ ਕੀਤਾ ਜਾਂਦਾ ਹੈ। ਅਦਾਲਤ ਵੱਲੋਂ ਚਿੰਤਾ ਜ਼ਾਹਰ ਕੀਤੀ ਗਈ ਕਿ ਨਸ਼ਾ ਜਵਾਨੀ ਨੂੰ ਘੁਣ ਵਾਂਗੂੰ ਖਾ ਰਿਹਾ ਹੈ। ਸਰਕਾਰ ਨੇ ਇੱਥੇ ਤੱਕ ਵੀ ਚਿੰਤਾ ਜ਼ਾਹਰ ਕੀਤੀ ਹੈ ਕਿ ਨਸ਼ਾ ਤਸਕਰਾਂ ਨੂੰ ਲਗਾਤਾਰ ਜ਼ਮਾਨਤਾਂ ਮਿਲ ਗਈਆਂ ਹਨ। ਚਾਹੇ ਚਾਰ ਕੁ ਮਹੀਨੇ ਪਹਿਲਾਂ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਛੇੜੀ ਗਈ ਹੈ। ਤਸਕਰਾਂ ਨੂੰ ਫੜਿਆ ਵੀ ਗਿਆ ਹੈ। ਕਈ ਤਾਂ ਅਜਿਹੇ ਨਸ਼ਾ ਤਸਕਰ ਫੜੇ ਹਨ ਜਿਹੜੇ ਪਹਿਲਾਂ ਹੀ ਜ਼ਮਾਨਤ 'ਤੇ ਬਾਹਰ ਆਏ ਹੋਏ ਸਨ, ਫਿਰ ਨਸ਼ਿਆਂ ਦੀ ਸਪਲਾਈ ਸ਼ੁਰੂ ਕਰ ਦਿੱਤੀ ਹੈ। ਚੋਣਾਂ ਤੋਂ ਪਹਿਲਾਂ ਸਿਆਸਤਦਾਨ ਵੱਡੇ-ਵੱਡੇ ਦਾਅਵੇ ਕਰਦੇ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਾਂਗੇ। ਆਖਰ ਨਸ਼ਿਆਂ ਨੂੰ ਠੱਲ੍ਹ ਕਿਉਂ ਨਹੀਂ ਪੈ ਰਹੀ? ਨਸ਼ਿਆਂ ਨਾਲ ਘਰ ਦੇ ਘਰ ਉੱਜੜ ਗਏ ਹਨ ਤੇ ਸਰਕਾਰ ਵੀ ਦਾਅਵਾ ਕਰ ਰਹੀ ਹੈ ਕਿ ਨਸ਼ਿਆਂ ਦਾ ਖ਼ਾਤਮਾ ਕੀਤਾ ਜਾਵੇਗਾ। ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲਿਆਂ ਨੂੰ ਵੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਪਿੱਛੇ ਜਿਹੇ ਬਠਿੰਡਾ ਵਿੱਚ ਸ਼ਿਕਾਇਤ ਕਰਤਾ ਦੇ ਘਰ ਨੂੰ ਅੱਗ ਲਗਾ ਦਿੱਤੀ ਗਈ। ਮੋਗਾ ਵਿਖੇ ਇੱਕ ਨਸ਼ਾ ਤਸਕਰ ਬਾਰੇ ਜਾਣਕਾਰੀ ਦੇਣ 'ਤੇ ਉਸ ਬੰਦੇ ਦੀ ਇੰਨੀ ਮਾਰ ਕੁਟਾਈ ਕੀਤੀ ਕਿ ਅੱਧ ਮਰਿਆ ਕਰ ਦਿੱਤਾ। ਕਈ ਅਜਿਹੀਆਂ ਵੀਡੀਓਜ਼ ਵੀ ਵਾਇਰਲ ਹੋਈਆਂ ਜਿਸ ਵਿੱਚ ਔਰਤਾਂ ਹੈਰੋਇਨ ਦਾ ਸ਼ਿਕਾਰ ਹਨ ਤੇ ਵੇਚ ਰਹੀਆਂ ਹਨ। ਪਿੱਛੇ ਜਿਹੇ ਇੱਕ ਪੰਜਾਬ ਪੁਲਸ ਦੀ ਕਾਂਸਟੇਬਲ ਨਸ਼ਿਆਂ ਦੀ ਸਪਲਾਈ ਕਰਕੇ ਗ੍ਰਿਫ਼ਤਾਰ ਹੋਈ ਸੀ। ਕਈ ਤਾਂ ਅਜਿਹੇ ਪਰਵਾਰ ਹਨ ਕਿ ਜਿੱਥੇ ਮਾਂ-ਪਿਓ ਦੀ ਅਰਥੀ ਨੂੰ ਮੋਢਾ ਦੇਣ ਲਈ ਪੁੱਤ ਤੱਕ ਨਹੀਂ ਬਚੇ। ਕਈ ਅਜਿਹੇ ਨਸ਼ੇੜੀ ਹਨ, ਜਿਨ੍ਹਾਂ ਨੇ ਮਾਂ-ਪਿਓ ਨੂੰ ਹੀ ਮੌਤ ਦੇ ਘਾਟ ਉਤਾਰ ਦਿੱਤਾ ਕਿਉਂਕਿ ਮਾਂ-ਪਿਓ ਨੇ ਉਹਨਾਂ ਨੂੰ ਨਸ਼ੇ ਲਈ ਪੈਸੇ ਨਹੀਂ ਦਿੱਤੇ ਸਨ। ਨਸ਼ਾ ਕਰਨ ਤੋਂ ਉਹਨਾਂ ਨੂੰ ਰੋਕਿਆ ਸੀ। ਪਿੱਛੇ ਜਿਹੇ ਮੋਗਾ ਜ਼ਿਲ੍ਹੇ ਇੱਕ ਨਸ਼ੇੜੀ ਨੌਜਵਾਨ ਨੇ ਘਰ ਦੀਆਂ ਚੁਗਾਠਾਂ ਤੱਕ ਵੇਚ ਦਿੱਤੀਆਂ। ਰਸੋਈ ਵਿੱਚ ਸਿਲੰਡਰ ਤੱਕ ਨਹੀਂ ਛੱਡਿਆ। ਆਖ਼ਰ ਨੌਜਵਾਨਾਂ ਦਾ ਨਸ਼ਿਆਂ ਵੱਲ ਰੁਝਾਨ ਰੁਕਣ ਦਾ ਨਾਂਅ ਕਿਉਂ ਨਹੀਂ ਲੈ ਰਿਹਾ। ਪੁੱਤ ਮਾੜੀ ਸੰਗਤ ਵਿੱਚ ਨਾ ਪੈ ਜਾਏ, ਇਸ ਕਰਕੇ ਮਾਂ- ਬਾਪ ਆਪਣੇ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਭੇਜ ਰਹੇ ਹਨ। ਆਤਮ ਮੰਥਨ ਵੀ ਕਰਨਾ ਚਾਹੀਦਾ ਹੈ ਕਿ ਕੀ ਕਾਰਨ ਹਨ ਜੋ ਨੌਜਵਾਨੀ ਨਸ਼ਿਆਂ ਵੱਲ ਜਾ ਰਹੀ ਹੈ। ਨਸ਼ਿਆਂ ਨੂੰ ਖ਼ਤਮ ਕਰਨ ਲਈ ਪੰਚਾਇਤਾਂ ਦੀ ਪਹਿਲ ਸਾਰਥਕ ਸਿੱਧ ਹੋ ਰਹੀ ਹੈ। ਪਿੰਡ ਦੀਆਂ ਜੂਹਾਂ 'ਤੇ ਠੀਕਰੀ ਪਹਿਰਾ ਲਗਾਇਆ ਜਾ ਰਿਹਾ ਹੈ ਤਾਂ ਜੋ ਨਸ਼ਾ ਸਪਲਾਈ ਕਰਨ ਆਏ ਤਸਕਰ ਨੂੰ ਫੜਿਆ ਜਾ ਸਕੇ। ਪਾਕਿਸਤਾਨਾਂ ਤੋਂ ਡਰੋਨ ਰਾਹੀਂ ਹੈਰੋਇਨ ਲਗਾਤਾਰ ਸੁੱਟੀ ਜਾ ਰਹੀ ਹੈ। ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਨੂੰਨ ਨਾਲ ਹੀ ਡੱਕਿਆ ਜਾ ਸਕਦਾ ਹੈ। ਨੌਜਵਾਨਾਂ ਨੂੰ ਮਾਨਸਿਕ ਪੱਖੋਂ ਮਜ਼ਬੂਤ ਕਰਨ ਲਈ ਅਸਰਦਾਰ ਨੀਤੀਆਂ ਘੜਨ ਦੀ ਲੋੜ ਹੈ। ਸਕੂਲਾਂ, ਕਾਲਜਾਂ ਵਿੱਚ ਸੈਮੀਨਾਰ ਕਰਵਾਉਣੇ ਚਾਹੀਦੇ ਹਨ ਤਾਂ ਜੋ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ।

**ਸੰਜੀਵ ਸਿੰਘ ਸੈਣੀ**, 78889-66168

CMYK

# ਬਰਜਿੰਦਰ ਸਿੰਘ ਮੱਖਣ ਬਰਾੜ ਹੜ੍ਹ ਪੀੜਤਾਂ ਲਈ ਤਿੰਨ ਟਰੱਕ ਰਾਹਤ ਸਮੱਗਰੀ ਲੈ ਕੇ ਪਹੁੰਚੇ



**ਮੋਗਾ (ਇਕਬਾਲ ਸਿੰਘ ਖਹਿਰਾ)**- ਸ਼੍ਰੋਮਣੀ ਅਕਾਲੀ ਦਲ ਦੀ ਪੰਜ ਮੈਂਬਰੀ ਕਮੇਟੀ ਵੱਲੋਂ ਬਣਾਏ ਅਬਜ਼ਰਵਰ ਅਤੇ ਸੀਨੀਅਰ ਆਗੂ ਬਰਜਿੰਦਰ ਸਿੰਘ ਮੱਖਣ ਬਰਾੜ, ਸਾਬਕਾ ਚੇਅਰਮੈਨ ਸਿਹਤ ਸੇਵਾਵਾਂ, ਨੇ ਆਪਣੀ ਟੀਮ ਨਾਲ ਮਿਲ ਕੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਮੁੜ ਇੱਕ ਵਾਰ ਪਹਿਲਕਦਮੀ ਕੀਤੀ। ਉਹ ਤਿੰਨ ਟਰੱਕ ਰਾਹਤ ਸਮੱਗਰੀ ਨਾਲ ਧਰਮਕੋਟ ਹਲਕੇ ਦੇ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚੇ। ਇਸ ਤੋਂ ਪਹਿਲਾਂ ਵੀ ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਸਮੱਗਰੀ ਵੰਡ ਕੇ ਪੀੜਤ ਪਰਿਵਾਰਾਂ ਦੀ ਮਦਦ ਕੀਤੀ ਸੀ।

ਸਤਲੁਜ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਅਤੇ ਭਾਰੀ ਬਾਰਿਸ਼ ਕਾਰਨ ਧਰਮਕੋਟ ਹਲਕੇ ਦੇ ਧੁੱਸੀ ਬੰਨ੍ਹ ਅੰਦਰ ਸਥਿਤ ਕਈ ਪਿੰਡਾਂ ਵਿੱਚ ਫਸਲਾਂ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਹੈ। ਫਸਲਾਂ ਦੀ ਤਬਾਹੀ ਦੇ ਨਾਲ-ਨਾਲ ਪਸ਼ੂਆਂ ਦੇ ਚਾਰੇ ਦੀ ਬਰਬਾਦੀ ਨੇ ਪਿੰਡ ਵਾਸੀਆਂ ਨੂੰ ਗੰਭੀਰ ਮੁਸ਼ਕਲਾਂ ਵਿੱਚ ਪਾ ਦਿੱਤਾ ਹੈ। ਮੱਖਣ ਬਰਾੜ ਨੇ ਪੀੜਤ ਪਰਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਯਕੀਨ ਦਿਵਾਇਆ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਟੀਮਾਂ ਦਿਨ-ਰਾਤ ਹਰ ਸੰਭਵ ਮਦਦ ਲਈ ਕੰਮ ਕਰ ਰਹੀਆਂ ਹਨ। ਰਾਹਤ ਸਮੱਗਰੀ ਵਿੱਚ 300 ਕੁਇੰਟਲ ਅਚਾਰ, 200 ਕੁਇੰਟਲ ਦਾਲਾਂ, 100 ਕੁਇੰਟਲ ਚਾਵਲ, 500 ਲੀਟਰ ਸਰ੍ਹੋਂ ਦਾ ਤੇਲ, 700 ਕੁਇੰਟਲ ਆਟਾ, 500 ਤਰਪਾਲਾਂ, 1500 ਪੇਟੀ ਪੀਣ ਵਾਲਾ ਪਾਣੀ ਅਤੇ ਹੋਰ ਜ਼ਰੂਰੀ ਘਰੇਲੂ ਸਮਾਨ ਕੁਇੰਟਲਾਂ ਵਿੱਚ ਸ਼ਾਮਲ ਸੀ। ਇਹ ਸਮੱਗਰੀ ਤਿੰਨ ਵੱਡੇ ਟਰੱਕਾਂ ਰਾਹੀਂ ਪ੍ਰਭਾਵਤ ਪਰਵਾਰਾਂ ਤੱਕ ਵੰਡੀ ਗਈ। ਮੱਖਣ ਬਰਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਮੁੱਖ ਮਕਸਦ ਪੀੜਤਾਂ ਦੀ ਮਦਦ ਕਰਨਾ ਅਤੇ ਉਨ੍ਹਾਂ ਨੂੰ ਸੰਕਟ ਦੀ ਇਸ ਘੜੀ ਵਿੱਚ ਇਕੱਲਾ ਨਹੀਂ ਛੱਡਣਾ ਹੈ। ਉਨ੍ਹਾਂ ਨੇ ਸਰਕਾਰ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਪ੍ਰਭਾਵਿਤ ਖੇਤਰਾਂ ਵਿੱਚ ਸਰਕਾਰੀ ਮਦਦ ਨਾਕਾਫੀ ਹੈ ਅਤੇ ਪੀੜਤਾਂ ਨੂੰ ਸਮੇਂ ਸਿਰ ਮੁਆਵਜ਼ਾ ਨਹੀਂ ਮਿਲ ਰਿਹਾ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਤੁਰੰਤ ਪ੍ਰਭਾਵਿਤ ਕਿਸਾਨਾਂ ਅਤੇ ਪਰਿਵਾਰਾਂ ਲਈ ਵਿਸ਼ੇਸ਼ ਰਾਹਤ ਪੈਕੇਜ ਦਾ ਐਲਾਨ ਕਰਨਾ ਚਾਹੀਦਾ। ਬਰਜਿੰਦਰ ਸਿੰਘ ਨੇ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਉਹ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਉਣ ਅਤੇ ਸਮਾਜਿਕ ਸੰਗਠਨਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਮੌਕੇ ਗੁਰਨਾਮ ਸਿੰਘ ਵਿਰਕ ਸਾਬਕਾ ਚੇਅਰਮੈਨ, ਦਵਿੰਦਰ ਸਿੰਘ ਰਣੀਆਂ, ਕੁਲਦੀਪ ਸਿੰਘ ਏਡੀਓ, ਰਜਿੰਦਰ ਸਿੰਘ ਕਪੂਰੇ, ਗੁਰਜੰਟ ਸਿੰਘ ਚਾਹਲ, ਤਜਿੰਦਰ ਸਿੰਘ ਗਿੱਲ, ਬਲਦੇਵ ਸਿੰਘ ਮਹਿਰੋਂ, ਅਵਤਾਰ ਸਿੰਘ ਮਹਿਰੋਂ, ਇਕਬਾਲਦੀਪ ਹੈਰੀ, ਜਸਵਿੰਦਰ ਸਿੰਘ ਮਨੇਸ ਖੰਬਾ, ਜਸਵੰਤ ਸਿੰਘ ਕੜ੍ਹਾਏਵਾਲਾ, ਹਰਜੀਵਨਪਾਲ ਸਿੰਘ ਢਿੱਲੋਂ ਭੈਣੀ (ਦੌਲੇਵਾਲਾ), ਮਹਿੰਦਰ ਸਿੰਘ ਸਾਬਕਾ ਸਰਪੰਚ, ਨਛੱਤਰ ਸਿੰਘ ਢੋਲਣੀਆਂ, ਬਲਜੀਤ ਸਿੰਘ ਥਿੰਦ ਸੋਸ਼ਲ ਮੀਡੀਆ ਇੰਚਾਰਜ, ਅਤੇ ਜਗੀਰ ਸਿੰਘ ਹਾਜ਼ਰ ਸਨ।

# ਮੀਂਹ ਦੀ ਮਾਰ ਹੇਠ ਆਏ ਮਜ਼ਦੂਰ ਪਰਵਾਰਾਂ ਨੂੰ ਤੁਰੰਤ ਲੋੜੀਂਦੀ ਸਹਾਇਤਾ ਦਿੱਤੀ ਜਾਵੇ : ਖੁਸ਼ੀਆ ਸਿੰਘ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਪਿੰਡ ਕ੍ਰਿਪਾਲ ਸਿੰਘ ਵਾਲਾ, ਕਲਾਲ ਮਾਜਰਾ, ਧਨੇਰ, ਗੰਗੋਹਰ ਆਦਿ ਵਿਖੇ ਮਜ਼ਦੂਰ ਮੀਟਿੰਗਾਂ ਕਰਵਾਈਆਂ ਗਈਆਂ।ਜਥੇਬੰਦੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਨੇ ਤੇਜ਼ ਮੀਂਹ ਦੀ ਮਾਰ ਹੇਠ ਆਏ ਮਜ਼ਦੂਰ ਪਰਵਾਰਾਂ ਨੂੰ ਤੁਰੰਤ ਲੋੜੀਂਦੀ ਮਦਦ ਪਹੁੰਚਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਨਰੇਗਾ ਫੰਡਾਂ ਉਪਰ ਹਰ ਸਾਲ ਕੱਟ ਲਾ ਕੇ ਨਰੇਗਾ ਨੂੰ ਬਿਲਕੁਲ ਖਤਮ ਕਰਨਾ ਚਾਹੁੰਦੀ ਹੈ।

ਉਨ੍ਹਾਂ ਕਿਹਾ ਕਿ ਖੇਤੀ ਬਾੜੀ ਕਿੱਤੇ ਦਾ ਮਸ਼ੀਨੀਕਰਨ ਹੋਣ ਕਾਰਨ ਮਜ਼ਦੂਰ ਵਰਗ ਨੂੰ ਨਰੇਗਾ ਤੋਂ ਬਿਨਾਂ ਹੋਰ ਕੋਈ ਕੰਮ ਦਾ ਵਸੀਲਾ ਨਹੀਂ ਬਚਿਆ, ਪਰ ਸਮੇਂ ਦੇ ਹਾਕਮਾਂ ਦੀ ਬਦਨੀਤ ਕਰਕੇ ਮਜ਼ਦੂਰ ਪਰਿਵਾਰਾਂ ਦੇ ਚੁੱਲ੍ਹੇ ਠੰਡੇ ਹੋ ਕੇ ਰਹਿ ਗਏ ਹਨ।ਮਜ਼ਦੂਰ ਆਗੂ ਨੇ ਦੱਸਿਆ ਕਿ ਪਿੰਡਾਂ ਦੀਆਂ ਪੰਚਾਇਤਾਂ ਮਨਰੇਗਾ ਰਾਹੀਂ ਪਿੰਡਾਂ ਦੇ ਰਸਤੇ, ਛੱਪੜਾਂ ਦੀ ਸਫਾਈ, ਡਰੇਨੇਜ ਵਿਭਾਗ ਨਹਿਰੀ ਖਾਲ, ਰਜਵਾਹੇ, ਡਰੇਨਾਂ ਦੀ ਸਫਾਈ, ਜੰਗਲਾਤ ਵਿਭਾਗ ਵੱਲੋਂ ਬੂਟੇ ਲਾਉਣ ਦਾ ਕੰਮ ਮਨਰੇਗਾ ਮਜ਼ਦੂਰਾਂ ਰਾਹੀਂ ਕਰਵਾਇਆ ਜਾ ਸਕਦਾ ਹੈ।ਪਰ ਅਧਿਕਾਰੀਆਂ ਦੀ ਮਿਲੀਭੁਗਤ ਕਰਕੇ ਨਰੇਗਾ ਕੰਮ ਬੰਦ ਪਏ ਹਨ।ਮਜ਼ਦੂਰ ਆਗੂ ਨੇ ਕਿਹਾ ਕਿ ਮਹਿਲ ਕਲਾਂ ਨੇੜਿਓਂ ਲੰਘਦੀ ਡਰੇਨ ਦੀ ਸਫਾਈ ਲਈ ਫੰਡ ਵੀ ਜਾਰੀ ਹੋ ਗਏ ਸਨ, ਪਰ ਸਬੰਧਤ ਅਧਿਕਾਰੀਆਂ ਵੱਲੋਂ ਸਮੇਂ ਸਿਰ ਕੰਮ ਸ਼ੁਰੂ ਨਾ ਕਰਾਏ ਜਾਣ ਕਾਰਨ ਅੱਜ ਕਿਸਾਨਾਂ ਦੀ ਸੈਂਕੜੇ ਏਕੜ ਫ਼ਸਲ ਪਾਣੀ ਦੀ ਮਾਰ ਹੇਠ ਆਉਣ ਕਾਰਨ ਤਬਾਹੀ ਦੇ ਕਿਨਾਰੇ ਪਹੁੰਚ ਗਈ ਹੈ, ਜਿਸ ਨਾਲ ਪੀੜਤ ਕਿਸਾਨ ਪਰਵਾਰਾਂ ਨੂੰ ਵੱਡਾ ਨੁਕਸਾਨ ਉਠਾਉਣਾ ਪਵੇਗਾ।

# ਨਸ਼ਾ ਛਡਾਊ ਕੇਂਦਰ 'ਚ ਦਾਖਲ ਮਰੀਜ਼ ਨਾਲ ਬੇਰਹਿਮੀ ਨਾਲ ਕੁੱਟਮਾਰ

## ਪਰਵਾਰਕ ਮੈਂਬਰਾਂ ਨੇ ਲਾਏ ਦੋਸ਼, ਮੰਗੀ ਕਾਰਵਾਈ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਿਵਲ ਹਸਪਤਾਲ ਵਿੱਚ ਸਥਿਤ ਨਸ਼ਾ ਛਡਾਊ ਕੇਂਦਰ 'ਚ ਦਾਖਲ ਮਰੀਜ਼ ਨਾਲ ਬੇਰਹਿਮੀ ਨਾਲ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਪਰਵਾਰਕ ਮੈਂਬਰ ਨਰਿੰਦਰ ਪਾਲ ਸਿੰਘ ਵਾਸੀ ਅਮਰਪੁਰਾ ਬਸਤੀ ਨੇ ਦੱਸਿਆ ਕਿ ਉਨ੍ਹਾਂ ਦਾ ਭਾਣਜਾ ਫਰਮਾਨਜੀਤ ਸਿੰਘ ਪੁੱਤਰ ਸਵਰਨ ਸਿੰਘ ਵਾਸੀਆਂ ਅਮਰਪੁਰਾ ਬਸਤੀ, ਜਿਸ ਨੂੰ 10 ਦਿਨ ਪਹਿਲਾਂ ਨਸ਼ਾ ਛਡਾਉਣ ਲਈ ਸਿਵਲ ਹਸਪਤਾਲ ਵਿੱਚ ਸਥਿਤ ਨਸ਼ਾ ਛਡਾਊ ਸੈਂਟਰ 'ਚ ਦਾਖਲ ਕਰਾਇਆ ਸੀ, ਉਸ ਨਾਲ ਬੀਤੀ ਰਾਤ ਸਕਿਊਰਟੀ ਗਾਰਡਾਂ ਨੇ ਨਸ਼ੇ 'ਚ ਟੁੰਨ ਹੋ ਕੇ ਬੇਰਹਿਮੀ ਨਾਲ ਕੁੱਟਮਾਰ ਕੀਤੀ ਹੈ, ਜਿਸ ਦੀ ਰਿਕਾਰਡਿੰਗ ਕੈਮਰਿਆਂ ਵਿੱਚ ਵੀ ਹੋਈ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਭਾਣਜੇ ਫਰਮਾਨਜੀਤ ਸਿੰਘ ਦੇ ਦੱਸਣ ਮੁਤਾਬਕ ਸਕਿਊਰਿਟੀ ਗਾਰਡ ਨੂੰ ਸ਼ੱਕ ਸੀ ਕਿ ਇਨ੍ਹਾਂ ਕੋਲ ਸਿਗਰਟ ਪੀਣ ਵਾਲਾ ਲਾਈਟਰ ਹੈ, ਜਦੋਂ ਕਿ ਉਨ੍ਹਾਂ ਕੋਲ ਇਸ ਤਰ੍ਹਾਂ ਦਾ ਕੋਈ ਸਮਾਨ ਬਰਾਮਦ ਨਹੀਂ ਹੋਇਆ।

ਨਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਸਕਿਊਰਿਟੀ ਗਾਰਡਾਂ ਨੇ ਕਿਸੇ ਵੀ ਤਰ੍ਹਾਂ ਦੀ ਗੱਲਬਾਤ ਕਰਨ ਦੀ ਬਜਾਏ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ ਹੈ, ਜਿਸ ਦੇ ਨਿਸ਼ਾਨ ਫਰਮਾਨਜੀਤ ਸਿੰਘ ਦੇ ਸਰੀਰ 'ਤੇ ਵੀ ਹਨ।ਉਨ੍ਹਾਂ ਦੱਸਿਆ ਕਿ ਉਹਨਾਂ ਫਰਮਾਨਜੀਤ ਸਿੰਘ ਦਾ ਮੈਡੀਕਲ ਕਰਵਾ ਕੇ ਐਮਰਜੈਂਸੀ ਹਸਪਤਾਲ ਵਿੱਚ ਦਾਖਲ ਕਰਾ ਦਿੱਤਾ ਹੈ ਅਤੇ ਉਹ ਮੰਗ ਕਰਦੇ ਹਨ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਹੋਵੇ ਅਤੇ ਬੇਰਹਿਮੀ ਨਾਲ ਕੁੱਟਮਾਰ ਕਰਨ ਵਾਲਿਆਂ ਖਿਲਾਫ ਪਰਚਾ ਦਰਜ ਕੀਤਾ ਜਾਵੇ।

ਇਸ ਮਾਮਲੇ ਸੰਬੰਧੀ ਜਦੋਂ ਨਸ਼ਾ ਛਡਾਊ ਕੇਂਦਰ ਦੇ ਫੋਨ 'ਤੇ ਸੰਪਰਕ ਕਰਨਾ ਚਾਹਿਆ ਤਾਂ ਕਿਸੇ ਵੀ ਮੁਲਾਜ਼ਮ ਜਾਂ ਅਧਿਕਾਰੀ ਨਾਲ ਸੰਪਰਕ ਨਹੀਂ ਹੋ ਸਕਿਆ।ਇਸ ਮਾਮਲੇ ਸਬੰਧੀ ਸਿਵਲ ਸਰਜਨ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕਰ ਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

# ਦੌਲਤਪੁਰ 'ਚ ਵੱਡੀ ਨਦੀ 'ਤੇ ਅਸਥਾਈ ਡਾਇਵਰਜ਼ਨ ਕੁਝ ਦਿਨਾਂ ਲਈ ਬੰਦ

**ਪਟਿਆਲਾ (ਰਾਜਿੰਦਰ ਥਿੰਦ)**-ਜ਼ਿਲ੍ਹਾ ਪ੍ਰਸ਼ਾਸਨ, ਪਟਿਆਲਾ ਨੇ ਸੂਚਿਤ ਕੀਤਾ ਹੈ ਕਿ ਲਗਾਤਾਰ ਬਾਰਿਸ਼ ਕਾਰਨ ਦੌਲਤਪੁਰ ਵਿਖੇ ਵੱਡੀ ਨਦੀ 'ਤੇ ਬਣੇ ਅਸਥਾਈ ਡਾਇਵਰਜ਼ਨ 'ਤੇ ਪਾਣੀ ਦੇ ਵਹਿਣ ਕਰਕੇ ਸਥਿਤੀ ਨੂੰ ਦੇਖਦੇ ਹੋਏ ਇਸ ਡਾਇਵਰਜ਼ਨ ਨੂੰ ਅਗਲੇ ਕੁਝ ਦਿਨਾਂ ਲਈ ਬੰਦ ਕਰ ਦਿੱਤਾ ਗਿਆ ਹੈ।ਕਾਰਜਕਾਰੀ ਇੰਜੀਨੀਅਰ (ਸਿਵਲ), ਪੰਜਾਬ ਮੰਡੀ ਬੋਰਡ, ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਡਾਇਵਰਜ਼ਨ ਦੀ ਮਿੱਟੀ ਨਰਮ ਤੇ ਅਸਥਿਰ ਹੋ ਗਈ ਹੈ, ਜਿਸ ਨਾਲ ਯਾਤਰੀਆਂ ਲਈ ਸੁਰੱਖਿਆ ਜ਼ੋਖ਼ਮ ਪੈਦਾ ਹੋ ਗਿਆ ਹੈ।ਇਸ ਲਈ ਜਨਤਕ ਸੁਰੱਖਿਆ ਦੇ ਹਿੱਤ ਵਿੱਚ, ਡਾਇਵਰਜ਼ਨ ਨੂੰ ਤੁਰੰਤ ਪ੍ਰਭਾਵ ਨਾਲ ਬੰਦ ਕਰ ਦਿੱਤਾ ਗਿਆ ਹੈ, ਜਦੋਂ ਤੱਕ ਬਾਰਿਸ਼ ਘੱਟ ਨਹੀਂ ਜਾਂਦੀ ਤੇ ਹਾਲਾਤ ਸਥਿਰ ਨਹੀਂ ਹੋ ਜਾਂਦੇ, ਜਿਸ ਵਿੱਚ ਲਗਭਗ 4-5 ਦਿਨ ਲੱਗਣ ਦੀ ਉਮੀਦ ਹੈ।ਉਨ੍ਹਾਂ ਨੇ ਇਸ ਰਸਤੇ ਵਿੱਚੋਂ ਲੰਘਣ ਵਾਲੇ ਰਾਹਗੀਰਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਬਦਲਵੇਂ ਰਸਤੇ ਅਰਬਨ ਅਸਟੇਟ ਫੇਜ਼-2, ਸਾਧੂ ਬੇਲਾ ਰੋਡ, ਮਹਿਮੂਦਪੁਰ ਅਰਾਈਆਂ-ਦੌਲਤਪੁਰ ਰਾਹੀਂ ਦੌਲਤਪੁਰ ਜਾਣ ਵਾਲੇ ਰਸਤੇ ਦੀ ਵਰਤੋਂ ਕਰਨ।

# ਹੜ੍ਹਾਂ ਕਾਰਨ ਹੋਈ ਤਬਾਹੀ ਤੇ ਪੰਜਾਬ ਨੂੰ ਬਚਾਉਣ ਖਾਤਰ 1 ਅਕਤੂਬਰ ਨੂੰ ਕੀਤੀ ਜਾਵੇਗੀ ਅਕਾਲੀ ਕਨਵੈਨਸ਼ਨ : ਜਥੇਦਾਰ ਰਣਸੀਂਹ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਯੂਨਾਈਟਡ ਜ਼ਿਲ੍ਹਾ ਮੋਗਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਮੀਟਿੰਗ ਗੁਰਦੁਆਰਾ ਬੀਬੀ ਕਾਨ ਕੌਰ ਜੀ ਵਿਖੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਪੰਜਾਬ ਅੰਦਰ ਹੜ੍ਹਾਂ ਕਾਰਨ ਭਾਰੀ ਤਬਾਹੀ ਹੋਈ ਹੈ ਜਿੱਥੇ ਹੜ੍ਹਾਂ ਤੋਂ ਪ੍ਰਭਾਵਿਤ ਪੰਜਾਬੀਆਂ ਦੇ ਘਰ ਢਹਿ ਢੇਰੀ ਹੋ ਗਏ, ਪਸ਼ੂ ਮਰ ਗਏ, ਉੱਥੇ ਹੀ ਫਸਲਾਂ ਬੁਰੀ ਤਰ੍ਹਾਂ ਤਬਾਹ ਹੋ ਗਈਆਂ ਹਨ। ਪੰਜਾਬ ਦੇ ਲੋਕ ਪਹਿਲਾਂ ਹੀ ਕਰਜ਼ਾਈ ਹਨ। ਇਸ ਸਮੇਂ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਨੂੰ ਵੱਡੇ ਆਰਥਿਕ ਪੈਕੇਜ ਦਾ ਐਲਾਨ ਕਰੇ। ਕੇਂਦਰ ਵਿੱਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ 1966 ਵਿੱਚ ਭਾਖੜਾ ਡੈਮ ਪੰਜਾਬ ਤੋਂ ਖੋਹ ਕੇ ਕੇਂਦਰ ਦੇ ਅਧੀਨ ਕਰਕੇ ਭਾਖੜਾ ਡੈਮ ਤੋਂ ਪਾਣੀ ਰਾਹੀਂ ਮੁਫਤ ਪੈਦਾ ਹੋਣ ਵਾਲੀ ਸਾਰੀ ਬਿਜਲੀ ਦਿੱਲੀ ਦੇ ਹਵਾਲੇ ਕਰ ਦਿੱਤੀ। ਪਰ ਜਦੋਂ ਭਾਖੜੇ ਵਿੱਚ ਪਾਣੀ ਪੱਧਰ ਜਿਆਦਾ ਹੋ ਜਾਂਦਾ ਹੈ ਤਾਂ ਭਾਖੜੇ ਤੋਂ ਪਾਣੀ ਛੱਡ ਕੇ ਪੰਜਾਬ ਨੂੰ ਤਬਾਹ ਕਰ ਦਿੱਤਾ ਜਾਂਦਾ ਹੈ। ਜਿਸ ਕਾਰਨ ਪੰਜਾਬ ਅੰਦਰ ਹੜ ਆ ਜਾਂਦੇ ਹਨ ਤੇ ਹਜ਼ਾਰਾਂ ਏਕੜ ਫਸਲਾਂ ਬਰਬਾਦ ਹੋ ਜਾਂਦੀਆਂ ਹਨ, ਘਰ ਬਾਰ ਬਰਬਾਦ ਹੋ ਜਾਂਦੇ ਹਨ ਅਤੇ ਸਰਕਾਰਾਂ ਪੰਜਾਬ ਨੂੰ ਰੱਬ ਆਸਰੇ ਛੱਡ ਦਿੰਦੀਆਂ ਹਨ ਜੋ ਅਤਿਅੰਤ ਮੰਦਭਾਗਾ ਹੈ। ਜਥੇਦਾਰ ਬੂਟਾ ਸਿੰਘ ਨੇ ਕਿਹਾ ਕਿ ਸੜ ਪਈ ਪਰਿਵਾਰਾਂ ਨੂੰ ਰਾਹਤ ਅਤੇ ਮੁੜ ਵਸੇਬੇ ਲਈ 1 ਅਕਤੂਬਰ ਨੂੰ ਮੋਗਾ ਵਿਖੇ ਇੱਕ ਵਿਸ਼ਾਲ ਕਨਵੈਂਸ਼ਨ ਕੀਤੀ ਜਾਵੇਗੀ। ਇਸ ਕਨਵੈਂਸ਼ਨ ਨੂੰ ਅਕਾਲੀ ਦਲ, ਕਿਸਾਨਾਂ ਅਤੇ ਦਲਿਤ ਆਗੂ ਸੰਬੋਧਨ ਕਰਨਗੇ ਅਤੇ ਹੜ੍ਹਾਂ ਕਾਰਨ ਹੋਈ ਬਰਬਾਦੀ ਦਾ ਮੁਆਵਜ਼ਾ ਕੇਂਦਰ ਸਰਕਾਰ ਤੋਂ ਭਰਪਾਈ ਕਰਵਾਈ ਜਾਵੇ। ਅੱਜ ਦੀ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਜਥੇਦਾਰ ਕਰੋੜ ਸਿੰਘ ਤਲਵੰਡੀ ਭੰਗੇਰੀਆਂ, ਹਰਪ੍ਰੀਤ ਸਿੰਘ ਧੱਲੇਕੇ, ਜਥੇਦਾਰ ਅਜੀਤ ਸਿੰਘ ਕੋਰੇਵਾਲਾ, ਭਾਈ ਭੁਪਿੰਦਰ ਸਿੰਘ ਢਿੱਲੋਂ, ਭਾਈ ਬਲਜੀਤ ਸਿੰਘ ਅਕਾਲੀਆਂ ਵਾਲਾ, ਭਾਈ ਗੁਰਲਾਲ ਸਿੰਘ ਧਰਮਕੋਟ, ਭਾਈ ਰਣਜੀਤ ਸਿੰਘ ਧਰਮਕੋਟ, ਜਥੇਦਾਰ ਮਹਿਲ ਸਿੰਘ ਚਿਰਾਗ ਸ਼ਾਹ ਵਾਲਾ, ਸੂਬੇਦਾਰ ਸੁਰਜੀਤ ਸਿੰਘ ਕੰਡਿਆਲ, ਸਤਨਾਮ ਸਿੰਘ ਕੋਟ ਈਸੇ ਖਾਂ, ਗੁਰਮੇਲ ਸਿੰਘ ਹੇਰਾਂ, ਜਥੇਦਾਰ ਤੇਜਾ ਸਿੰਘ ਖਖਰਾਣਾ, ਵਕੀਲ ਸਿੰਘ ਕਾਲੀਏ ਵਾਲਾ, ਸਤਵੰਤ ਸਿੰਘ ਘੱਲ ਕਲਾਂ, ਜਗਤਾਰ ਸਿੰਘ ਮੋਗਾ, ਗੁਰਚਰਨ ਸਿੰਘ, ਕਸ਼ਮੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਮੈਂਬਰ ਸ਼ਾਮਲ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਨੇ 18ਵਾਂ ਸਥਾਪਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ 18ਵਾਂ ਸਥਾਪਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ। ਸਮਾਗਮ ਦੀ ਸ਼ੁਰੂਆਤ ਸ੍ਰੀ ਸਹਿਜ ਪਾਠ ਦੇ ਭੋਗ ਨਾਲ ਹੋਈ।

ਇਸ ਮੌਕੇ ਵਾਇਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਨੂੰ ਯੂਨੀਵਰਸਿਟੀ ਦੇ ਸਤਾਰਾਂ ਸਾਲ ਦੀ ਸਫ਼ਲ ਯਾਤਰਾ ਪੂਰੀ ਕਰਨ ਲਈ ਵਧਾਈ ਦਿੱਤੀ।ਉਨ੍ਹਾਂ 2024-25 ਅਕਾਦਮਿਕ ਸਾਲ ਦੀਆਂ ਪ੍ਰਾਪਤੀਆਂ ਸਾਂਝੀਆਂ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਤੇ ਸਟਾਫ਼ ਨੇ ਕੇਵਲ ਅਕਾਦਮਿਕ ਖੇਤਰ 'ਚ ਹੀ ਨਹੀਂ, ਸਗੋਂ ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ 'ਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ ਹੈ।

ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਮੈਂਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਫੋਰਥ ਸੈਂਟੇਨਰੀ ਮੈਮੋਰੀਅਲ ਟਰੱਸਟ ਨੇ ਅਧਿਆਪਕਾਂ ਤੇ ਗੈਰ-ਅਧਿਆਪਕ ਸਟਾਫ਼ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਗੱਲ 'ਤੇ ਖ਼ੁਸ਼ੀ ਪ੍ਰਗਟ ਕੀਤੀ ਕਿ ਇਸ ਸਾਲ ਦਾਖਲਿਆਂ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ।ਉਨ੍ਹਾਂ ਸੰਗਤ ਨੂੰ ਵਾਤਾਵਰਣ ਦੀ ਸੰਭਾਲ ਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਲਈ ਡਟ ਕੇ ਖੜ੍ਹੇ ਹੋਣ ਦੀ ਅਪੀਲ ਕੀਤੀ।

ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਕਰਜ ਸਿੰਘ ਦੇ ਕੀਰਤਨ ਨੇ ਹਾਜ਼ਰੀਨ ਨੂੰ ਰੂਹਾਨੀ ਅਨੁਭਵ ਨਾਲ ਭਰ ਦਿੱਤਾ।ਉਪਰੰਤ ਵਿਦਿਆਰਥੀਆਂ ਨੇ ਵਾਰ ਗਾਇਨ ਤੇ ਸ਼ਬਦ ਕੀਰਤਨ ਨਾਲ ਸੰਗਤ ਨੂੰ ਨਿਹਾਲ ਕੀਤਾ।ਅਜਮੇਰ ਸਿੰਘ ਖੈਹਰਾ, ਮੈਂਬਰ ਸੈਨੇਟ ਨੇ ਜ਼ੋਰ ਦਿੱਤਾ ਕਿ ਯੂਨੀਵਰਸਿਟੀ ਆਪਣੀ ਦ੍ਰਿਸ਼ਟੀਕੋਣ ਅਨੁਸਾਰ ਦੁਨੀਆ ਵਿੱਚ ਸ਼ਾਂਤੀ ਅਤੇ ਖੁਸ਼ਹਾਲੀ ਲਈ ਯੋਗਦਾਨ ਪਾ ਰਹੀ ਹੈ ਅਤੇ ਸਾਂਝ, ਸ਼ਾਂਤੀ ਤੇ ਸੇਵਾ ਦੇ ਮੁੱਲਾਂ ਨੂੰ ਕਾਇਮ ਰੱਖ ਰਹੀ ਹੈ।

ਸੰਗੀਤ ਵਿਭਾਗ ਦੇ ਮੁਖੀ ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ।ਉਨ੍ਹਾਂ ਗੁਰਬਾਣੀ ਅੰਦਰ ਸੰਗੀਤ ਦੇ ਮਹਾਤਮ ਨੂੰ ਉਜਾਗਰ ਕਰਦਿਆਂ ਸ਼ਬਦ ਕੀਰਤਨ ਨਾਲ ਜੁੜਨ ਦੀ ਪ੍ਰੇਰਨਾ ਕੀਤੀ।

ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਹਾਜ਼ਰ ਸਾਰੇ ਮਾਣਯੋਗ ਮਹਿਮਾਨਾਂ ਦਾ ਤਹਿ-ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਯੂਨੀਵਰਸਿਟੀ ਦੇ ਮਿਸ਼ਨ ਨੂੰ ਦੁਹਰਾਉਂਦਿਆਂ ਕਿਹਾ ਕਿ ਇਹ ਯੂਨੀਵਰਸਿਟੀ ਮੁੱਲਾਂ ਤੇ ਅਧਾਰਿਤ ਗਿਆਨ-ਅਧਾਰਤ ਸਮਾਜ ਬਣਾਉਣ ਲਈ ਵਚਨਬੱਧ ਹੈ।

# ਝਬੇਲਵਾਲੀ ਦੇ ਪੀੜਤ ਪਰਵਾਰ ਦੀ ਵਿਧਾਇਕ ਕਾਕਾ ਬਰਾੜ ਨੇ ਫੜੀ ਬਾਂਹ

## ਘਰ ਪਹੁੰਚ ਕੇ ਸੌਂਪੀ 1 ਲੱਖ ਰੁਪਏ ਦੀ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿੰਡ ਝਬੇਲਵਾਲੀ ਦੇ ਇੱਕ ਕਿਸਾਨ ਦੇ ਘਰ ਬਣੇ ਬੱਕਰੀ ਫਾਰਮ ਦੀ ਛੱਤ ਡਿੱਗਣ ਨਾਲ ਹੋਏ ਵੱਡੇ ਨੁਕਸਾਨ ਦੇ ਚੱਲਦਿਆਂ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਉਨ੍ਹਾਂ ਦੇ ਘਰ ਪਹੁੰਚਕੇ ਪੀੜਤ ਪਰਵਾਰ ਦੀ ਬਾਂਹ ਫੜੀ।ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਪਰਵਾਰ ਨੂੰ 1 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਵੀ ਸੌਂਪੀ।ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਪਰਵਾਰ ਨਾਲ ਬਹੁਤ ਵੱਡਾ ਨੁਕਸਾਨ ਹੋਇਆ ਹੈ, ਕਿਉਂਕਿ ਪਰਵਾਰ ਬਹੁਤ ਮਿਹਨਤ ਕਰਕੇ ਇੱਥੋਂ ਤੱਕ ਪੁੱਜਾ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਵਿੱਚ ਕਰੀਬ 30 ਬੱਕਰੀਆਂ ਮਰ ਗਈਆਂ, ਜਿਸ ਨਾਲ ਲੱਖਾਂ ਦਾ ਨੁਕਸਾਨ ਹੋਇਆ ਹੈ।ਇਸ ਦੁੱਖ ਦੀ ਘੜੀ ਵਿੱਚ ਉਹ ਪਰਵਾਰ ਨਾਲ ਖੜੇ ਹਨ ਤੇ ਆਪਣੇ ਵੱਲੋਂ 1 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਪਰਵਾਰ ਨੂੰ ਸੌਂਪੀ।ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਇਸ ਨੁਕਸਾਨ ਦੀ ਪੂਰਤੀ ਤਾਂ ਨਹੀਂ ਕੀਤੀ ਜਾ ਸਕਦੀ, ਪ੍ਰੰਤੂ ਜਿੰਨਾ ਹੋ ਸਕੇ ਸਾਰੇ ਜਰੂਰ ਮਦਦ ਕਰਨ।ਉਨ੍ਹਾਂ ਸਮੂਹ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਅਜਿਹੇ ਲੋੜਵੰਦ ਪਰਿਵਾਰਾਂ ਦੀ ਔਖੇ ਸਮੇਂ ਜਰੂਰ ਮਦਦ ਕਰਨ।ਇਸ ਮੌਕੇ ਪੀੜਤ ਪਰਿਵਾਰ ਹਰਬੰਸ ਸਿੰਘ ਨੰਬਰਦਾਰ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਸਾਡੀ ਔਖੇ ਵੇਲੇ ਬਾਂਹ ਫੜੀ।

# ਪ੍ਰੀਗਾਬਾਲਿਨ 75 ਐੱਮ ਜੀ ਤੋਂ ਵੱਧ ਮਾਤਰਾ ਦੇ ਕੈਪਸੂਲਾਂ ਦੀ ਵਿਕਰੀ 'ਤੇ ਪਾਬੰਦੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਜ਼ਿਲ੍ਹਾ ਮੈਜਿਸਟ੍ਰੇਟ ਅਮਰਪ੍ਰੀਤ ਕੌਰ ਸੰਧੂ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 (ਪੁਰਾਣੀ ਸੀਆਰਪੀਸੀ, 1973 ਦੀ ਧਾਰਾ 144) ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ 'ਚ ਪ੍ਰੀਗਾਬਾਲਿਨ 75 ਐਮ.ਜੀ ਤੋਂ ਵੱਧ ਮਾਤਰਾ ਦੇ ਕੈਪਸੂਲ/ਟੈਬਲੇਟਸ ਦੀ ਵਿਕਰੀ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਾਈ ਹੈ।ਉਨ੍ਹਾਂ ਨਿਰਦੇਸ਼ ਦਿੱਤੇ ਕਿ ਕੈਮਿਸਟ ਵੱਲੋਂ ਦਵਾਈ ਦੇਣ ਸਮੇਂ ਪ੍ਰਿਸਕ੍ਰਿਪਸ਼ਨ ਸਲਿੱਪ 'ਤੇ ਆਪਣੀ ਮੋਹਰ ਲਾਈ ਜਾਵੇਗੀ ਤੇ ਦਵਾਈ ਦੇਣ ਦੀ ਮਿਤੀ ਦਰਜ ਕੀਤੀ ਜਾਵੇਗੀ।ਇਹ ਪਾਬੰਦੀ 31 ਅਕਤੂਬਰ ਤੱਕ ਲਾਗੂ ਰਹੇਗੀ ।

ਇਹ ਹੁਕਮ ਸਿਵਲ ਸਰਜਨ ਫ਼ਾਜ਼ਿਲਕਾ ਦੇ ਪੱਤਰ ਉੱਤੇ ਕੀਤੀ ਗਈ ਕਾਰਵਾਈ ਸਬੰਧੀ ਜਾਰੀ ਕੀਤਾ ਗਿਆ ਹੈ।ਸਿਵਲ ਸਰਜਨ ਨੇ ਆਪਣੀ ਰਿਪੋਰਟ 'ਚ ਦੱਸਿਆ ਹੈ ਕਿ ਕੈਪਸੂਲ ਦਾ ਆਮ ਲੋਕਾਂ ਵੱਲੋਂ ਮੈਡੀਕਲ ਨਸ਼ੇ ਵਜੋਂ ਸੇਵਨ ਕੀਤਾ ਜਾ ਰਿਹਾ ਹੈ।ਉਨ੍ਹਾਂ ਵੱਲੋਂ ਕੈਪਸੂਲ ਦੀ ਵਿਕਰੀ 'ਤੇ ਉਕਤ ਧਾਰਾ ਤਹਿਤ ਮੁਕੰਮਲ ਤੌਰ ਪਾਬੰਦੀ ਲਾਉਣ ਦੀ ਮੰਗ ਕੀਤੀ ਗਈ।

ਜਾਰੀ ਹੁਕਮ ਅਨੁਸਾਰ ਥੋਕ ਵਿਕਰੇਤਾ, ਪ੍ਰਚੂਨ ਵਿਕਰੇਤਾ, ਕੈਮਿਸਟ/ਮੈਡੀਕਲ ਸਟੋਰ ਦੇ ਮਾਲਕ, ਹਸਪਤਾਲਾਂ ਦੇ ਅੰਦਰ ਫਾਰਮੇਸੀਆਂ ਜਾਂ ਕੋਈ ਹੋਰ ਵਿਅਕਤੀ ਪ੍ਰੀਗਾਬਾਲਿਨ 75 ਐਮਜੀ ਦੀ ਅਸਲ ਪਰਚੀ ਤੋਂ ਬਿਨਾਂ ਨਹੀਂ ਵੇਚੇਗਾ। ਪ੍ਰੀਗਾਬਾਲਿਨ (75 ਮਿਲੀਗ੍ਰਾਮ ਤੱਕ) ਦੀ ਖਰੀਦ ਅਤੇ ਵਿਕਰੀ ਦਾ ਸਹੀ ਰਿਕਾਰਡ ਰੱਖਣ ਤੋਂ ਇਲਾਵਾ ਉਹ ਇਨ੍ਹਾਂ ਵੇਰਵਿਆਂ ਕੈਮਿਸਟ/ਰਿਟੇਲਰ ਦਾ ਵਪਾਰਕ ਨਾਂਅ, ਵੰਡਣ ਦੀ ਮਿਤੀ, ਵੰਡੀਆਂ ਗਈਆਂ ਗੋਲੀਆਂ ਦੀ ਸੰਖਿਆ ਵਾਲੀ ਅਸਲ ਪਰਚੀ 'ਤੇ ਮੋਹਰ ਵੀ ਲਾਉਣਾ ਯਕੀਨੀ ਬਣਾਉਣਗੇ।

ਹੁਕਮ ਅਨੁਸਾਰ ਥੋਕ ਵਿਕਰੇਤਾ, ਪ੍ਰਚੂਨ ਵਿਕਰੇਤਾ, ਕੈਮਿਸਟ/ਮੈਡੀਕਲ ਸਟੋਰ ਦੇ ਮਾਲਕ, ਹਸਪਤਾਲਾਂ ਦੇ ਅੰਦਰ ਫਾਰਮੇਸੀਆਂ ਵਾਲੇ ਸਲਿੱਪ ਦੀ ਸਹੀ ਪੜਤਾਲ ਕਰਕੇ ਇਹ ਯਕੀਨੀ ਬਣਾਉਣਗੇ ਕਿ ਪ੍ਰੀਗਾਬਾਲਿਨ ਕੈਪਸੂਲ/ਟੈਬਲੇਟ ਦੀ ਅਸਲ ਸਲਿੱਪ ਦੇ ਵਿਰੁੱਧ ਪਹਿਲਾਂ ਕਿਸੇ ਹੋਰ ਡਰੱਗ ਵਿਕਰੇਤਾ ਦੁਆਰਾ ਉਪਰੋਕਤ ਕੈਪਸੂਲ ਨਹੀਂ ਦਿੱਤਾ ਗਿਆ ਹੈ।ਉਹ ਇਹ ਵੀ ਯਕੀਨੀ ਬਣਾਉਣਗੇ ਕਿ ਦਿੱਤੀਆਂ ਜਾ ਰਹੀਆਂ ਗੋਲੀਆਂ/ਕੈਪਸੂਲ ਦੀ ਗਿਣਤੀ ਸਲਿੱਪ 'ਤੇ ਲਿਖੇ ਮਿਆਦ ਤੋਂ ਵੱਧ ਨਹੀਂ ਹੋਣੀਆਂ ਚਾਹੀਦੀਆਂ।

# ਸਰਕਾਰੀ ਦਫ਼ਤਰੀ ਕੰਮ ਪੰਜਾਬੀ 'ਚ ਕਰਨ ਦੀਆਂ ਹਦਾਇਤਾਂ ਲਾਗੂ ਕਰਨ ਲਈ ਨਜ਼ਰ ਰੱਖ ਰਿਹੈ ਭਾਸ਼ਾ ਵਿਭਾਗ : ਜ਼ਫ਼ਰ



**ਸੰਗਰੂਰ (ਪ੍ਰਵੀਨ ਸਿੰਘ)**-ਭਾਸ਼ਾ ਵਿਭਾਗ ਦੇ ਡਾਇਰੈਕਟਰ ਸ: ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਦੀਆਂ ਆਪਣੇ ਅਧਿਕਾਰੀਆਂ ਨੂੰ ਦਫ਼ਤਰੀ ਕੰਮਕਾਜ ਪੰਜਾਬੀ ਭਾਸ਼ਾ ਵਿਚ ਕਰਨ ਦੀਆਂ ਸਖ਼ਤ ਹਦਾਇਤਾਂ ਹਨ ਜਿਨ੍ਹਾਂ ਉੱਤੇ ਸਮੇਂ ਸਮੇਂ ਸਿਰ ਭਾਸ਼ਾ ਵਿਭਾਗ ਵਲੋਂ ਨਜ਼ਰ ਰੱਖੀ ਜਾਂਦੀ ਹੈ। ਅੱਜ ਇੱਥੇ ਸਾਹਿਤ ਸਦਨ ਸੰਗਰੂਰ ਵਲੋਂ ਕਰਵਾਏ ਗਏ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਬੋਲਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਫ਼ਰਜ਼ ਬਣਦਾ ਹੈ। ਕਿ ਜਿੱਥੇ ਉਨ੍ਹਾਂ ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ ਪੰਜਾਬੀ ਪ੍ਰਤੀ ਅਣਗਹਿਲੀ ਹੁੰਦੀ ਦਿਖਾਈ ਦੇਵੇ, ਤੁਰੰਤ ਭਾਸ਼ਾ ਵਿਭਾਗ ਦੇ ਧਿਆਨ ਵਿਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਪੂਰੇ ਭਾਰਤ ਵਿਚ ਪੰਜਾਬੀ ਕੌਮ ਹੀ ਹੈ ਜਿਸ ਦਾ ਇਕ ਹਿੱਸਾ ਪੰਜਾਬੀ ਨੂੰ ਆਪਣੀ ਮਾਂ ਬੋਲੀ ਨਹੀਂ ਮੰਨਦਾ ਅਤੇ ਇਹ ਸਾਡੇ ਲਈ ਚਿੰਤਾ ਅਤੇ ਚਿੰਤਨ ਦਾ ਵਿਸ਼ਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਨੇ ਡਾ. ਹਰਪ੍ਰੀਤ ਕੌਰ ਖ਼ਾਲਸਾ ਦੀ ਪੰਜਾਬੀ ਪੁਸਤਕ ਤੋਸ਼ਾਖ਼ਾਨਾ ਲੋਕ ਅਰਪਣ ਕਰਨ ਦੀ ਰਸਮ ਅਦਾ ਕੀਤੀ ਅਤੇ ਕਿਹਾ ਕਿ ਪੰਜਾਬੀਆਂ ਨੂੰ ਆਪਣਾ ਇਤਿਹਾਸ ਜਾਣਨ ਦੀ ਲੋੜ ਹੈ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਜਿੱਥੇ ਤੋਸ਼ਾਖ਼ਾਨਾ ਦੇ ਲੇਖਿਕਾ ਡਾ: ਹਰਪ੍ਰੀਤ ਕੌਰ ਦੇ ਉੱਦਮ ਦੀ ਸ਼ਲਾਘਾ ਕੀਤੀ ਉੱਥੇ ਉਨ੍ਹਾਂ ਨੇ ਪੰਜਾਬੀਆਂ ਦੀ ਆਪਣੀ ਮਾਂ ਬੋਲੀ ਅਤੇ ਆਪਣਾ ਇਤਿਹਾਸ ਸੰਭਾਲਣ ਦਾ ਸੱਦਾ ਦਿੱਤਾ। ਤੋਸ਼ਾਖ਼ਾਨਾ ਲੋਕ ਅਰਪਣ ਕਰਨ ਦੀ ਰਸਮ ਜਸਵੰਤ ਸਿੰਘ ਜ਼ਫ਼ਰ, ਜਸਵੰਤ ਸਿੰਘ ਖਹਿਰਾ, ਮੋਹਨ ਸ਼ਰਮਾ, ਡਾ: ਇਕਬਾਲ ਸਿੰਘ, ਬਲਵੰਤ ਸਿੰਘ ਜੋਗਾ, ਡਾ: ਨਰਵਿੰਦਰ ਕੌਸ਼ਲ, ਕੁਲਵੰਤ ਕਸ਼ਕ, ਸੁਰਿੰਦਰਪਾਲ ਸਿੰਘ ਸਿਦਕੀ, ਅਭੇਜੀਤ ਸਿੰਘ ਗਰੇਵਾਲ ਅਤੇ ਜੀਤ ਹਰਜੀਤ ਨੇ ਅਦਾ ਕੀਤੀ। ਜੀਤ ਹਰਜੀਤ ਵਲੋਂ ਕੀਤੇ ਮੰਚ ਸੰਚਾਲਨ ਦੌਰਾਨ ਨਾਮਵਰ ਲੇਖਕ ਮੋਹਨ ਸ਼ਰਮਾ, ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਸਾਬਕਾ ਡੀਨ ਕੁਰਕਸ਼ੇਤਰ ਯੂਨੀਵਰਸਿਟੀ, ਪ੍ਰਿੰਸੀਪਲ ਡਾ: ਰਸ਼ਪਿੰਦਰ ਕੌਰ, ਪ੍ਰਿੰਸੀਪਲ ਜਸਪਾਲ ਕੌਰ, ਪ੍ਰਿੰਸੀਪਲ ਜੋਤੀ ਗੁਪਤਾ, ਰਾਜਦੀਪ ਕੌਰ ਬਰਾੜ ਅਤੇ ਸਦਨ ਦੇ ਚੇਅਰਮੈਨ ਬਲਵੰਤ ਸਿੰਘ ਜੋਗਾ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ। ਸਮਾਗਮ ਦੇ ਦੂਜੇ ਦੌਰ ਵਿਚ ਨਾਮਵਰ ਉਦਯੋਗਪਤੀ ਵਿਨੋਦ ਮਘਾਨ ਦੀ ਪ੍ਰਧਾਨਗੀ ਹੇਠਲੇ ਕਵੀ ਦਰਬਾਰ ਦੀ ਸ਼ੁਰੂਆਤ ਬਲਜੀਤ ਸ਼ਰਮਾ ਨੇ ਆਪਣੀ ਸੋਹਜ ਭਰੀ ਆਵਾਜ਼ ਅਤੇ ਅੰਦਾਜ਼ ਨਾਲ ਪੇਸ਼ ਕੀਤੀ। ਮੋਹਨ ਸ਼ਰਮਾ, ਜੀਤ ਹਰਜੀਤ, ਨੂਰਦੀਪ ਕੋਮਲ, ਕੁਲਵੰਤ ਕਸ਼ਕ, ਸੁਰਿੰਦਰਪਾਲ ਸਿੰਘ ਸਿਦਕੀ, ਸ਼ਸ਼ੀ ਬਾਲਾ, ਡਾ: ਇਕਬਾਲ ਸਿੰਘ ਸਕਰੌਦੀ ਅਤੇ ਪਰਮਜੀਤ ਸਿੰਘ ਦਰਦੀ ਨੇ ਆਪਣੀਆਂ ਰਚਨਾਵਾਂ ਨਾਲ ਕਵੀ ਦਰਬਾਰ ਦਾ ਰੰਗ ਬੰਨ੍ਹਿਆ। ਸਾਹਿਤ ਸਦਨ ਦੇ ਮੀਤ ਪ੍ਰਧਾਨ ਸ਼ਸ਼ੀ ਬਾਲਾ ਨੇ ਆਏ ਮਹਿਮਾਨਾਂ ਦਾ ਸਵਾਗਤ ਅਤੇ ਰਮਨੀਤ ਚਾਨੀ ਨੇ ਧੰਨਵਾਦ ਕੀਤਾ। ਇਸ ਮੌਕੇ ਸਤਨਾਮ ਸਿੰਘ ਦਮਦਮੀ, ਗੁਰਸਾਹਿਬ ਸਿੰਘ, ਗੁਰਇਨਾਇਤ ਸਿੰਘ ਸਮੇਤ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ। ਸਾਹਿਤ ਸਭਾ ਵਲੋਂ ਜਸਵੰਤ ਸਿੰਘ ਜ਼ਫ਼ਰ ਅਤੇ ਜਸਵੰਤ ਸਿੰਘ ਖਹਿਰਾ ਨੂੰ ਸਤਿਕਾਰ ਚਿੰਨ੍ਹ ਭੇਟ ਕੀਤੇ ਗਏ।

# ਚਰਿੱਤਰ ਉਸਾਰੀ 'ਚ ਬਾਲ ਸਾਹਿਤ ਦੀ ਭੂਮਿਕਾ ਅਹਿਮ : ਬਲਦੇਵ ਸਿੰਘ ਸੜਕਨਾਮਾ

## ਜਗਜੀਤ ਸਿੰਘ ਲੱਡਾ ਦੇ ਦੋ ਬਾਲ ਗ਼ਜ਼ਲ-ਸੰਗ੍ਰਹਿ ਹੋਏ ਲੋਕ ਅਰਪਣ



**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ (ਰਜਿ:) ਵੱਲੋਂ ਲੇਖਕ ਭਵਨ ਸੰਗਰੂਰ ਵਿਖੇ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨਾਲ ਰੂ-ਬ-ਰੂ ਸਮਾਗਮ ਰਚਾਇਆ ਗਿਆ, ਜਿਸ ਦੀ ਪ੍ਰਧਾਨਗੀ ਉੱਘੇ ਲੇਖਕ ਤੇ ਆਲੋਚਕ ਡਾ. ਸੁਰਜੀਤ ਬਰਾੜ ਨੇ ਕੀਤੀ ਅਤੇ ਡਾ. ਸੰਪੂਰਨ ਸਿੰਘ ਟੱਲੇਵਾਲੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਾਹਿਤਕਾਰਾਂ ਨਾਲ ਮਿਲਣੀ ਦੌਰਾਨ ਪਹਿਲੀ ਵਾਰ 'ਨਾਗਮਣੀ' ਵਿੱਚ ਛਪਣ ਤੋਂ ਲੈ ਕੇ ਹੁਣ ਤੱਕ ਦੀਆਂ ਚੁਣੌਤੀਆਂ ਤੇ ਪ੍ਰਾਪਤੀਆਂ ਸਬੰਧੀ ਗੱਲਬਾਤ ਕਰਦਿਆਂ ਬਲਦੇਵ ਸਿੰਘ ਸੜਕਨਾਮਾ ਨੇ ਕਿਹਾ ਕਿ ਪ੍ਰਸਥਿਤੀਆਂ ਹੀ ਵਿਅਕਤੀ ਨੂੰ ਲੇਖਕ ਬਣਾ ਦੇਣ ਦੇ ਸਮਰੱਥ ਹੁੰਦੀਆਂ ਹਨ।ਬਾਲ ਸਾਹਿਤ ਵਿੱਚ ਪਹਿਲੀ ਵਾਰ ਗ਼ਜ਼ਲ ਵਿਧਾ ਲਿਆਉਣ ਵਾਲੇ ਬਾਲ-ਗ਼ਜ਼ਲਕਾਰ ਜਗਜੀਤ ਸਿੰਘ ਲੱਡਾ ਦੇ ਦੋ ਬਾਲ ਗ਼ਜ਼ਲ-ਸੰਗ੍ਰਹਿ 'ਸੁਰੀਲੇ ਸਾਜ਼' ਤੇ 'ਪੰਜਾਬੀ ਕਲਮਾਂ' ਲੋਕ ਅਰਪਣ ਕਰਨ ਤੋਂ ਬਾਅਦ ਸਮਕਾਲੀ ਬਾਲ-ਸਾਹਿਤ ਦੀ ਦਸ਼ਾ ਅਤੇ ਦਿਸ਼ਾ ਬਾਰੇ ਚਰਚਾ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਚਰਿੱਤਰ ਦੀ ਉਸਾਰੀ ਵਿੱਚ ਬਾਲ-ਸਾਹਿਤ ਦੀ ਭੂਮਿਕਾ ਅਹਿਮ ਹੁੰਦੀ ਹੈ। ਵਿਚਾਰ-ਚਰਚਾ ਨੂੰ ਅੱਗੇ ਤੋਰਦਿਆਂ ਡਾ. ਸੰਪੂਰਨ ਸਿੰਘ ਟੱਲੇਵਾਲੀਆ ਨੇ ਕਿਹਾ ਕਿ ਬਲਦੇਵ ਸਿੰਘ ਸੜਕਨਾਮਾ ਦਾ ਅਣਗੌਲੇ ਇਤਿਹਾਸਕ ਨਾਇਕਾਂ ਨੂੰ ਉਭਾਰਨਾ ਹਮੇਸ਼ਾ ਯਾਦ ਰੱਖਿਆ ਜਾਵੇਗਾ। ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਡਾ. ਸੁਰਜੀਤ ਬਰਾੜ ਨੇ ਕਿਹਾ ਕਿ ਬਲਦੇਵ ਸਿੰਘ ਸੜਕਨਾਮਾ ਕੇਵਲ ਪੰਜਾਬ ਵਿੱਚ ਹੀ ਨਹੀਂ ਬਲਕਿ ਵਿਦੇਸ਼ਾਂ ਵਿੱਚ ਵੀ ਸਭ ਤੋਂ ਵੱਧ ਪੜ੍ਹਿਆ ਜਾਣ ਵਾਲਾ ਨਾਵਲਕਾਰ ਹੈ।ਜਗਜੀਤ ਸਿੰਘ ਲੱਡਾ ਨੇ ਆਪਣੇ ਜੀਵਨ ਅਤੇ ਲਿਖਣ ਪ੍ਰਕਿਰਿਆ ਸਬੰਧੀ ਚਰਚਾ ਕਰਦਿਆਂ ਕਿਹਾ ਬੱਚਿਆਂ ਨੂੰ ਵਿਗਿਆਨਕ ਸੂਝ-ਬੂਝ ਦੇਣਾ ਹੀ ਉਨ੍ਹਾਂ ਦੀ ਲੇਖਣੀ ਦਾ ਮੁੱਖ ਮੰਤਵ ਹੈ।ਇਸ ਮੌਕੇ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਪ੍ਰਫੁੱਲਤਾ ਵਿੱਚ ਵਡਮੁੱਲਾ ਯੋਗਦਾਨ ਪਾਉਣ ਲਈ ਸਭਾ ਵੱਲੋਂ ਬਲਦੇਵ ਸਿੰਘ ਸੜਕਨਾਮਾ ਤੇ ਜਗਜੀਤ ਸਿੰਘ ਲੱਡਾ ਨੂੰ ਸਨਮਾਨਿਤ ਵੀ ਕੀਤਾ ਗਿਆ।ਸਮਾਗਮ ਦੇ ਆਰੰਭ ਵਿੱਚ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਹਾਸਰਸ ਕਲਾਕਾਰ ਜਸਵਿੰਦਰ ਭੱਲਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਦਿਵਸ ਤੇ ਜਨਮ ਅਸ਼ਟਮੀ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਵੀ ਹੋਇਆ। ਕਰਮ ਸਿੰਘ ਜ਼ਖ਼ਮੀ ਨੇ ਸਾਹਿਤਕਾਰਾਂ ਲਈ ਧੰਨਵਾਦੀ ਸ਼ਬਦ ਕਹੇ ਤੇ ਮੰਚ ਸੰਚਾਲਨ ਦੀ ਭੂਮਿਕਾ ਰਜਿੰਦਰ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਈ।

# ਵਿਧਾਇਕ ਨੇ ਕੀਤਾ ਅਧੂਰੇ ਕੰਮ ਦਾ ਉਦਘਾਟਨ, ਸੀਵਰੇਜ ਵਿਭਾਗ ਤੇ ਨਗਰ ਕੌਂਸਲ ਮੌੜ ਨੇ ਅਦਾਲਤ ਤੋਂ 15 ਦਿਨਾਂ ਦਾ ਮੰਗਿਆ ਹੋਰ ਸਮਾਂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਵਿਧਾਨ ਸਭਾ ਹਲਕਾ ਮੌੜ ਦੇ ਵਿਧਾਇਕ ਵੱਲੋਂ 18 ਅਗਸਤ ਨੂੰ ਸੀਵਰੇਜ ਦੇ ਗੰਦੇ ਪਾਣੀ ਦੀਆਂ ਨਿਕਾਸੀ ਵਾਲੀਆਂ ਪਾਈਪਾਂ ਦਾ ਉਦਘਾਟਨ ਕਰਕੇ ਜਿੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਾਰੀਫਾਂ ਦੇ ਪੁਲ ਬੰਨ੍ਹੇ ਉੱਥੇ ਸੀਵਰੇਜ ਵਿਭਾਗ ਤੇ ਕਾਰਜ ਸਾਧਕ ਅਫਸਰ ਵੱਲੋਂ ਮਾਨਯੋਗ ਹਾਈਕੋਰਟ ਅਦਾਲਤ ਅੰਦਰ ਸੀਵਰੇਜ ਦੀਆਂ ਪਾਈਪਾਂ ਪਾਉਣ ਅਤੇ ਰਿਪੇਅਰ ਦਾ ਕੰਮ ਮੁਕੰਮਲ ਕਰਨ ਲਈ 15 ਦਿਨਾਂ ਦਾ ਸਮਾਂ ਮੰਗਣ ਤੇ ਵਿਧਾਇਕ ਵੱਲੋਂ ਕੀਤੇ ਉਦਘਾਟਨ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ। ਇਸ ਗੱਲ ਦੀ ਜਾਣਕਾਰੀ ਰਾਸ਼ਟਰੀ ਮਹਾਂ ਸਭਾ ਪੰਜਾਬ ਦੇ ਪ੍ਰਧਾਨ ਸਮਾਜ ਸੇਵੀ ਤੇ ਮੌੜ ਹਲਕੇ ਦੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਨ ਵਾਲੇ ਮਨਿੰਦਰ ਸਿੰਘ ਸੇਖੋਂ ਵੱਲੋਂ ਇੱਕ ਪ੍ਰੈਸ ਕਾਨਫਰੰਸ ਕਰਕੇ ਦਿੱਤੀ ਗਈ। ਉਨਾਂ ਦੱਸਿਆ ਕਿ ਹਲਕੇ ਦੇ ਵਿਧਾਇਕ ਵੱਲੋਂ ਮੰਡੀ ਨਿਵਾਸੀਆਂ ਨੂੰ ਗੁਮਰਾਹ ਕੀਤਾ ਗਿਆ ਕਿ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਵਾਲੀਆਂ ਪਾਈਪਾਂ ਦਾ ਕੰਮ ਮੁਕੰਮਲ ਹੋ ਗਿਆ ਅਤੇ ਉਹਨਾਂ ਵੱਲੋਂ 18 ਅਗਸਤ ਨੂੰ ਉਦਘਾਟਨ ਵੀ ਕੀਤਾ ਗਿਆ।ਜਦਕਿ ਉਦਘਾਟਨ ਕਰਨ ਤੋਂ ਬਾਅਦ ਵੀ ਮੰਡੀ ਨਿਵਾਸੀ ਸੀਵਰੇਜ ਦੇ ਗੰਦੇ ਪਾਣੀ ਵਿੱਚ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਸਨ।ਗਲੀਆਂ ਅਤੇ ਬਜ਼ਾਰਾ ਅੰਦਰ 1 ਫੁੱਟ ਤੋਂ ਲੈ ਕੇ 2 ਫੁੱਟ ਤੱਕ ਗੰਦਾ ਪਾਣੀ ਖੜ੍ਹਾ ਸੀ ਇੱਥੋਂ ਤੱਕ ਕੇ ਪੀਣ ਵਾਲੇ ਪਾਣੀ ਵਿੱਚ ਵੀ ਸੀਵਰੇਜ ਦਾ ਗੰਦਾ ਪਾਣੀ ਮਿਕਸ ਹੋ ਕੇ ਆ ਰਿਹਾ ਸੀ।ਜਿਸ ਨੂੰ ਲੈ ਕੇ ਮੰਡੀ ਨਿਵਾਸੀਆਂ ਵਲੋਂ ਧਰਨੇ ਲਗਾ ਕੇ ਰੋਸ ਮੁਜ਼ਾਹਰੇ ਕੀਤੇ ਗਏ ਪਰੰਤੂ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਕੋਈ ਠੋਸ ਕਾਰਵਾਈ ਨਾ ਕਰਨ ਤੇ ਉਹਨਾਂ ਵਲੋਂ ਮੰਡੀ ਨਿਵਾਸੀਆਂ ਨੂੰ ਸੀਵਰੇਜ ਦੇ ਗੰਦੇ ਪਾਣੀ ਤੋਂ ਨਿਜਾਤ ਦਿਵਾਉਣ ਲਈ ਇੱਕ ਪੀ ਆਈ ਐਲ ਮਾਨਯੋਗ ਹਾਈਕੋਰਟ ਵਿੱਚ ਪਾਈ ਗਈ ਸੀ। ਜਿਸ ਵਿੱਚ 28 ਅਗਸਤ ਨੂੰ ਹਾਈ ਕੋਰਟ ਵਿੱਚ ਸੁਣਵਾਈ ਹੋਣ ਉਪਰੰਤ ਨਗਰ ਕੌਂਸਲ ਮੌੜ ਦੇ ਕਾਰਜਸਾਧਕ ਅਫਸਰ ਅਤੇ ਸੀਵਰੇਜ ਵਿਭਾਗ ਵੱਲੋਂ ਮੰਡੀ ਅੰਦਰ ਪਾਈਪਾਂ ਪਾਉਣ ਦਾ ਕੰਮ ਮੁਕੰਮਲ ਕਰਨ ਅਤੇ ਰਿਪੇਅਰ ਕਰਨ ਲਈ 15 ਦਿਨਾਂ ਦਾ ਹੋਰ ਸਮਾਂ ਮੰਗਿਆ ਹੈ। ਜੇਕਰ ਸੀਵਰੇਜ ਬੋਰਡ ਦੇ ਅਧਿਕਾਰੀ ਅਤੇ ਕਾਰਜ ਸਾਧਕ ਅਫਸਰ ਨਗਰ ਕੌਂਸਲ ਮੌੜ ਵੱਲੋਂ 15 ਦਿਨਾਂ ਦਾ ਸਮਾਂ ਪਾਈਪਾਂ ਪਾਉਣ ਦਾ ਕੰਮ ਮੁਕੰਮਲ ਕਰਨ ਅਤੇ ਰਿਪੇਅਰ ਕਰਨ ਲਈ ਮੰਗਿਆ ਜਾ ਰਿਹਾ ਹੈ। ਤਾਂ ਹਲਕਾ ਵਿਧਾਇਕ ਨੂੰ ਐਡੀ ਕੀ ਜ਼ਰੂਰਤ ਪੈ ਗਈ ਸੀ ਕਿ ਉਹਨਾਂ ਵੱਲੋਂ ਬਿਨਾਂ ਪਾਈਪਾਂ ਦਾ ਕੰਮ ਮੁਕੰਮਲ ਕੀਤੇ ਹੀ 18 ਅਗਸਤ ਨੂੰ ਉਦਘਾਟਨ ਕਰ ਦਿੱਤਾ। ਮਨਿੰਦਰ ਸ਼ੇਖੋ ਨੇ। ਸੀਵਰੇਜ ਦੇ ਗੰਦੇ ਪਾਣੀ ਦੀਆਂ ਨਿਕਾਸੀ ਲਈ ਪਾਈਆਂ ਗਈਆਂ ਪਾਈਪਾਂ ਦੀ ਸੀ ਬੀ ਆਈ ਏਜੰਸੀ ਜਾਂ ਕਿਸੇ ਹੋਰ ਉੱਚ ਏਜੰਸੀ ਤੋਂ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਕਿਉਂਕਿ ਜੋ ਪਾਈਪਾਂ ਪਾਈਆਂ ਗਈਆਂ ਹਨ ਉਹ ਕਈ ਥਾਵਾਂ ਤੋਂ ਲੀਕੇਜ ਹਨ ਅਤੇ ਇਨਾਂ ਪਾਈਪਾਂ ਦੇ ਪਾਉਣ ਨਾਲ ਬਠਿੰਡਾ ਮਾਨਸਾ ਸਟੇਟ ਵੇ ਰੋਡ ਅਤੇ ਰਜਵਾਹਿਆਂ ਦਾ ਵੀ ਨੁਕਸਾਨ ਹੋਇਆ ਹੈ। ਉਹਨਾਂ ਕਿਹਾ ਪਾਈਪਾਂ ਪਾਉਣ ਤੋਂ ਬਾਅਦ ਠੇਕੇਦਾਰ ਵੱਲੋਂ ਮਿੱਟੀ ਵੀ ਠੀਕ ਢੰਗ ਨਾਲ ਨਹੀਂ ਪਾਈ ਗਈ।ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਜੋ ਸੀਵਰੇਜ ਦਾ ਐਸ ਟੀ ਪੀ ਪਲਾਂਟ ਹੈ ਉਹ ਵੀ ਬਹੁਤ ਪੁਰਾਣਾ ਅਤੇ ਖਸਤਾ ਹਾਲਤ ਵਿੱਚ ਹੈ। ਜੇਕਰ ਉਸ ਦਾ ਜਲਦੀ ਹੀ ਨਵੀਨੀਕਰਨ ਨਾ ਕੀਤਾ ਤਾਂ ਉਹ ਕਿਸੇ ਸਮੇਂ ਵੀ ਕੰਮ ਕਰਨ ਤੋਂ ਅਸਮਰਥ ਹੋ ਜਾਵੇਗਾ।

# ਘੱਗਰ ਤੇ ਟਾਂਗਰੀ 'ਚ ਹੜ੍ਹਾਂ ਕਾਰਨ ਪਟਿਆਲਾ, ਸੰਗਰੂਰ ਤੇ ਮਾਨਸਾ ਜ਼ਿਲ੍ਹੇ ਬੁਰੀ ਤਰ੍ਹਾਂ ਪ੍ਰਭਾਵਤ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**



ਪੰਜਾਬ, ਹਿਮਾਚਲ ਅਤੇ ਚੰਡੀਗੜ੍ਹ 'ਚ ਹੋਈ ਭਾਰੀ ਬਾਰਿਸ਼ ਕਾਰਨ ਸੁਖਮਨਾਂ ਝੀਲ 'ਚ ਪਾਣੀ ਦਾ ਪੱਧਰ ਵਧਣ ਕਾਰਨ ਝੀਲ ਦੇ ਗੇਟ ਖੋਲ੍ਹਣ ਕਾਰਨ ਘੱਗਰ ਦਰਿਆ 'ਚ ਆਏ ਹੜ੍ਹ ਦਾ ਪਾਣੀ ਘਨੌਰ ਹਲਕੇ ਦੇ ਪਿੰਡਾਂ 'ਚ ਦਾਖਲ ਹੋਣ ਤੋਂ ਬਾਅਦ ਪਟਿਆਲ਼ਾ; ਸੰਗਰੂਰ, ਮਾਨਸਾ ਅਤੇ ਹਰਿਆਣਾ ਦੇ ਸਰਸਾ ਜ਼ਿਲ੍ਹੇ 'ਚ ਸਹਿਮ ਦਾ ਮਹੌਲ ਪਾਇਆ ਜਾ ਰਿਹਾ ਹੈ। ਹਾਲਾਂਕਿ ਪ੍ਰਸ਼ਾਸਨ ਲੋਕਾਂ ਨੂੰ ਧਰਵਾਸ ਦੇ ਰਿਹਾ ਹੈ ਕਿ ਘਬਰਾਉਣ ਦੀ ਨਹੀਂ ਸੁਚੇਤ ਰਹਿਣ ਦੀ ਲੋੜ ਹੈ ਪਰ ਘੱਗਰ ਕਾਰਨ ਪਹਿਲਾਂ ਵੱਡਾ ਹਰਜਾ ਝੱਲ ਰਹੇ ਲੋਕਾਂ ਦੇ ਦਿਲਾਂ 'ਚ ਖੌਫ ਘਟ ਨਹੀਂ ਰਿਹਾ। ਉਪਰੋਂ ਲਗਾਤਾਰ ਹੋ ਰਹੀ ਭਾਰੀ ਬਾਰਸ਼ ਅਤੇ ਮੌਸਮ ਵਿਭਾਗ ਵੱਲੋਂ ਬਾਰਸ਼ ਦੀਆਂ ਲਗਾਤਾਰ ਦਿੱਤੀਆਂ ਜਾ ਰਹੀਆਂ ਚਿਤਾਵਨੀਆਂ ਅਤੇ ਪਹਾੜਾਂ 'ਚ ਪੈ ਰਿਹਾ ਮੀਂਹ ਫਿਕਰ ਵਧਾਉਣ ਵਾਲਾ ਸਾਬਤ ਹੋ ਰਿਹਾ ਹੈ। ਸ਼ਨੀਵਾਰ ਨੂੰ ਘੱਗਰ ਤੇ ਪੈਂਦੇ ਸਰਾਲਾ ਹੈਡ ਤੇ ਪਾਣੀ ਦਾ ਪੱਧਰ 15 ਫੁੱਟ ਦਰਜ ਹੋਇਆ ਸੀ ਜੋ ਕਿ ਖਤਰੇ ਦੇ ਨਿਸ਼ਾਨ ਨਾਲੋਂ ਸਿਰਫ ਇੱਕ ਫੁੱਟ ਘੱਟ ਹੈ।ਬੀਤੇ ਦਿਨੀਂ ਪਾਣੀ ਦਾ ਵਹਾਅ ਘਟਣ ਕਾਰਨ ਪ੍ਰਸ਼ਾਸਨ ਤੇ ਪੀੜਤ ਲੋਕਾਂ ਨੂੰ ਸੁੱਖ ਦਾ ਸਾਹ ਆਇਆ ਸੀ ਪ੍ਰੰਤੂ ਅੱਜ ਫਿਰ ਘੱਗਰ 'ਚ ਪਾਣੀ ਦਾ ਵਹਾਅ ਵਧਣ ਕਾਰਨ ਘਨੌਰ ਦੇ ਪਿੰਡ ਕਾਮੀ ਖੁਰਦ ਅਤੇ ਉਲਟਸਰ ਲਾਗੇ ਘੱਗਰ ਦੇ ਕੰਢੇ ਕਮਜ਼ੋਰ ਹੋਣ ਕਾਰਨ ਪਾਣੀ ਬਨ ਵਿੱਚ ਪਾੜ ਪੈ ਜਾਣ ਕਾਰਨ ਹੜ੍ਹ ਦਾ ਪਾਣੀ ਪਿੰਡਾ ਵਿੱਚ ਵੜ ਗਿਆ ਹੈ। ਲੋਕਾਂ ਦਾ ਮੰਨਣਾ ਹੈ ਕਿ ਬਾਰਿਸ਼ ਅਤੇ ਪਿੱਛੋਂ ਪਾਣੀ ਆਉਣ ਕਾਰਨ ਇੱਕ ਫੁੱਟ ਦਾ ਅੰਤਰ ਜ਼ਿਆਦਾ ਦੇਰ ਨਹੀਂ ਠਹਿਰਦਾ। ਇਸ ਲਈ ਸਰਕਾਰ ਨੂੰ ਅਗੇਤੇ ਪ੍ਰਬੰਧ ਕਰਨੇ ਚਾਹੀਦੇ ਹਨ।ਘੱਗਰ ਦਾ ਪਾਣੀ ਤਾਂ ਘਨੌਰ ਇਲਾਕੇ ਦੇ ਪਿੰਡ ਕਾਮੀ ਖੁਰਦ ,ਚਮਾਰੂ , ਜੰਡ ਮਗੌਲੀ ਤੇ ਉਟਸਰ ਅਤੇ ਕਿਸਾਨਾਂ ਦੇ ਖੇਤਾਂ 'ਚ ਦਾਖਲ ਹੋ ਗਿਆ ਹੈ ਜਿਸ ਦੇ ਚਲਦਿਆਂ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵੱਡੀ ਮੁਸੀਬਤ ਉਸ ਨੱਕੇ ਨੇ ਖੜ੍ਹੀ ਕੀਤੀ ਹੈ ਜੋ 2023 ਦੇ ਹੜ੍ਹਾਂ ਤੋਂ ਬਾਅਦ ਪੂਰਿਆ ਨਹੀਂ ਗਿਆ ਅਤੇ ਪਾਣੀ ਨੇ ਖੇਤਾਂ ਦਾ ਰੁਖ ਕਰਨਾ ਸ਼ੁਰੂ ਕਰ ਦਿੱਤਾ ਹੈ। ਇੱਕ ਹੋਰ ਨੱਕਾ ਟੁੱਟਣ ਕਾਰਨ ਕਈ ਖੇਤਾਂ 'ਚ ਝੋਨੇ ਦੀ ਫਸਲ ਜਲਮਗਨ ਹੋ ਗਈ ਹੈ।ਪਟਿਆਲ਼ਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕੇ ਸਨੌਰ ਚ ਪੈਂਦੇ ਪਿੰਡ ਮਹਿਮੂਦ ਪੁਰ ਉਲਟ ਪੁਰ, ਦੁੜਦ ਅਤੇ ਹੋਰ ਨਾਲ ਲਗਦੇ ਦਰਜਨਾਂ ਪਿੰਡਾਂ ਵਿਚ ਹੜ੍ਹਾਂ ਦਾ ਪਾਣੀ ਦਾਖਲ ਹੋਣ ਕਾਰਣ ਜਨ ਜੀਵਨ ਅਸਤ ਵਿਅਸਤ ਹੋ ਗਿਆ ਹੈ। ਇਸ ਤਰ੍ਹਾਂ ਸਮਾਣਾ ਅਤੇ ਸਤਰਾਨਾ ਹਲਕੇ ਵਿੱਚ ਆਉਂਦੇ ਦਰਜਨਾਂ ਪਿੰਡ ਘੱਗਰ ਦੇ ਹੜ੍ਹਾਂ ਦੀ ਮਾਰ ਹੇਠ ਆ ਚੁੱਕੇ ਹਨ। ਸੰਗਰੂਰ ਜ਼ਿਲ੍ਹੇ ਦੇ ਖਨੌਰੀ, ਮੂਨਕ, ਮਕੌਰੜ ਸਾਹਿਬ ਦੇ ਨਾਲ ਲੱਗਦੇ ਪਿੰਡਾਂ ਵਿੱਚ ਘੱਗਰ,ਦਾ ਪਾਣੀ ਦਾਖਲ ਹੋਣ ਦਾ ਸਮਾਚਾਰ ਹੈ। ਓਧਰ ਮਾਨਸਾ ਜ਼ਿਲ੍ਹੇ ਦੇ ਦੋ ਵਿਧਾਇਕਾਂ ਬੁਢਲਾਡਾ ਹਲਕੇ ਤੋਂ ਵਿਧਾਇਕ ਬੁੱਧ ਰਾਮ ਅਤੇ ਹਲਕਾ ਸਰਦੂਲਗੜ੍ਹ ਤੋਂ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਘੱਗਰ 'ਤੇ ਲੱਗੇ ਬੰਨ੍ਹਾਂ ਦਾ ਜਾਇਜ਼ਾ ਲਿਆ।ਉਨ੍ਹਾਂ ਇਸ ਮੌਕੇ ਹਾਜ਼ਰ ਪੰਚਾਇਤਾਂ ਨੂੰ ਸਰਕਾਰ ਤਰਫੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦਿਵਾਇਆ ਅਤੇ ਹੌਸਲਾ ਅਫਜ਼ਾਈ ਵੀ ਕੀਤੀ ਹੈ।ਇਸ ਦੇ ਬਾਵਜੂਦ ਪਿੱਛੋਂ ਪਾਣੀ ਵਧਣ ਦੀਆਂ ਅਫਵਾਹਾਂ ਲੋਕਾਂ 'ਚ ਸਹਿਮ ਦਾ ਮਹੌਲ ਬਣਾ ਰਹੀਆਂ ਹਨ।ਵਿਧਾਨ ਸਭਾ ਹਲਕਾ ਬੁਢਲਾਡਾ ਦੇ ਪਿੰਡ ਆਲਮਪੁਰ ਮੰਦਰਾਂ, ਟਾਹਲੀਆਂ, ਅੱਕਾਂਵਾਲੀ, ਜੋਈਆਂ ਅਤੇ ਸਰਦੂਲਗੜ੍ਹ ਹਲਕੇ ਦੇ ਪਿੰਡ ਚਹਿਲਾਂ ਵਾਲੀ, ਦਲੇਲ ਸਿੰਘ ਵਾਲਾ, ਕਾਸਮਪੁਰ ਛੀਨਾ, ਕੋਰਵਾਲਾ ਅਤੇ ਭੰਮੇ ਸਮੇਤ ਘੱਗਰ ਦਰਿਆ ਦੇ ਦੋਨੋਂ ਤਰਫ ਵਸੇ ਪਿੰਡਾਂ 'ਚ ਲੋਕਾਂ ਦੇ ਸਾਹ ਸੂਤੇ ਹੋਏ ਹਨ।ਓਧਰ ਹਰਿਆਣਾ ਦੇ ਸਿਰਸਾ ਜ਼ਿਲ੍ਹੇ ਤੋਂ ਜਾਣਕਾਰੀ ਅਨੁਸਾਰ ਘੱਗਰ 'ਚ ਪਾਣੀ ਦਾ ਪੱਧਰ ਵਧਣ ਤੋਂ ਬਾਅਦ ਪ੍ਰਸ਼ਾਸਨ ਨੇ ਰਾਜਸਥਾਨ ਵਾਲੇ ਗੇਟ ਖੋਹਲ ਦਿੱਤੇ ਹਨ ਪਰ ਲੋਕ ਮੰਨਦੇ ਹਨ ਕਿ ਖਤਰਾ ਅਜੇ ਟਲਿਆ ਨਹੀਂ ਹੈ।ਇਸ ਤੋਂ ਪਹਿਲਾਂ ਘੱਗਰ ਦੇ ਮੁੱਖ ਬੰਨ੍ਹਾਂ ਦੇ ਅੰਦਰੂਨੀ ਹਿੱਸਿਆ 'ਚ ਆਰਜੀ ਬੰਨ੍ਹ ਟੁੱਟਣ ਕਾਰਨ ਕਈ ਥਾਵਾਂ ਤੇ ਝੋਨੇ ਦੀ ਫਸਲ ਨੁਕਸਾਨੀ ਜਾ ਚੁੱਕੀ ਹੈ। ਕਿਸਾਨਾਂ ਦਾ ਕਹਿਣਾ ਸੀ ਕਿ ਬਾਰਿਸ਼ ਪੈਣ ਕਾਰਨ ਬੰਨ੍ਹ ਮਜ਼ਬੂਤ ਕਰਨ ਲਈ ਮਿੱਟੀ ਪਾਉਣ ਦੇ ਕੰਮ 'ਚ ਰੁਕਾਵਟ ਆ ਰਹੀ ਹੈ।ਉਨ੍ਹਾਂ ਦੱਸਿਆ ਕਿ ਵੱਡੀ ਸਮੱਸਿਆ ਇਹ ਹੈ ਕਿ ਜ਼ਮੀਨ ਵਿਹਲੀ ਨਾਂ ਹੋਣ ਕਾਰਨ ਮਿਟੀ ਮਿਲਣੀ ਮੁਸ਼ਕਿਲ ਹੋਈ ਪਈ ਹੈ।ਕਿਸਾਨ ਆਖਦੇ ਹਨ ਕਿ ਔਕੜਾਂ ਦੇ ਬਾਵਜੂਦ ਘੱਗਰ ਨਦੀ 'ਚ ਪਾਣੀ ਆਉਣ ਅਤੇ ਵਧਣ ਦੇ ਖਦਸ਼ਿਆਂ ਕਾਰਨ ਲੋਕਾਂ ਨੇ ਆਪਣੇ ਪੱਧਰ ਤੇ ਕਈ ਪਿੰਡਾਂ 'ਚ ਘੱਗਰ ਦੇ ਬਣੇ ਬੰਨ੍ਹ ਮਜਬੂਤ ਕਰਨ ਦਾ ਕਾਰਜ ਵਿੱਢਿਆ ਹੋਇਆ ਹੈ ਜੋ ਕਿ ਲਗਾਤਾਰ ਜਾਰੀ ਹੈ ।

# ਖੁਸ਼ੀ ਫਾਊਂਡੇਸ਼ਨ ਹੜ੍ਹ ਪ੍ਰਭਾਵਤ ਖੇਤਾਂ 'ਚ ਸਰਗਰਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਖੁਸ਼ੀ ਫਾਊਂਡੇਸ਼ਨ ਦੇ ਚੇਅਰਪਰਸਨ ਮੈਡਮ ਖੁਸ਼ਬੂ ਸਵਨਾ ਲਗਾਤਾਰ ਆਪਣੀ ਟੀਮ ਸਮੇਤ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਪਹੁੰਚ ਕੇ ਲੋਕਾਂ ਨੂੰ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਾ ਰਹੇ ਹਨ।ਇਸ ਤਹਿਤ ਉਨ੍ਹਾਂ ਵੱਲੋਂ ਪਿੰਡ ਸਾਬੂਆਣਾ ਵਿਖੇ ਪਿੰਡ ਵਾਸੀਆਂ ਨੂੰ ਪਸ਼ੂਆਂ ਦੇ ਲਈ ਫੀਡ ਮੁਹੱਈਆ ਕਰਵਾਈ ਗਈ।ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਇਸ ਮੁਸ਼ਕਲ ਸਥਿਤੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਹੈ ਤੇ ਉਹ ਖੁਦ ਵੀ ਪਿੰਡ ਵਾਸੀਆਂ ਦੇ ਨਾਲ ਖੜੇ ਹਨ।ਉਨ੍ਹਾਂ ਕਿਹਾ ਕਿ ਉਹ ਲਗਾਤਾਰ ਹੜ੍ਹ ਪ੍ਰਭਾਵਤ ਪਿੰਡਾਂ ਤੇ ਢਾਣੀਆਂ ਵਿੱਚ ਵਿਚਰ ਰਹੇ ਹਨ ਤੇ ਲੋਕਾਂ ਨੂੰ ਜਿਸ ਵੀ ਚੀਜ਼ ਦੀ ਲੋੜ ਹੈ, ਉਹ ਉਨ੍ਹਾਂ ਨੂੰ ਮੁਹੱਈਆ ਕਰਾ ਰਹੇ ਹਨ।ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤ ਦਾ ਰਲ ਮਿਲ ਕੇ ਸਾਹਮਣਾ ਕਰਨਗੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਦੀ ਤਰ੍ਹਾਂ ਦੀ ਸਹੂਲਤ ਪ੍ਰਤੀ ਕਮੀ ਨਹੀਂ ਆਉਣ ਦੇਣਗੇ, ਜਿਵੇਂ-ਜਿਵੇਂ ਲੋਕਾਂ ਦੀ ਮੰਗ ਹੈ, ਉਹ ਉਸ ਅਨੁਸਾਰ ਲਗਾਤਾਰ ਪਸ਼ੂਆਂ ਦੀ ਫੀਡ ਲੈ ਕੇ ਉਨ੍ਹਾਂ ਕੋਲ ਖੁਦ ਪਹੁੰਚ ਰਹੇ ਹਨ।ਉਨ੍ਹਾਂ ਲੋਕਾਂ ਨੂੰ ਕਿਹਾ ਕਿ ਕਿਸੇ ਵੀ ਤਰ੍ਹਾਂ ਨਾਲ ਘਬਰਾਉਣ ਨਾ, ਪੰਜਾਬ ਸਰਕਾਰ ਤੇ ਪੂਰਾ ਪ੍ਰਸ਼ਾਸਨ ਉਨ੍ਹਾਂ ਦੀ ਮਦਦ ਲਈ ਤਤਪਰ ਹੈ।

2-SEP-PAGE-6.qxd 9/1/2025 10:34 PM Page 1



## ਗੁਰਦੁਆਰਾ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਹੋਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਰਬਨ ਅਸਟੇਟ ਫੇਜ਼ੀ ਸਾਹਿਬ ਸਥਿਤ ਗੁਰਦੁਆਰਾ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਦੀ ਪ੍ਰਬੰਧਕ ਕਮੇਟੀ ਦਾ ਸਲਾਨਾ ਜਨਰਲ ਇਜਲਾਸ ਸਮੂਹ ਸੰਗਤ ਦੀ ਹਾਜਰੀ ਵਿੱਚ ਆਯੋਜਤ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕੀਰਤਨ ਤੇ ਸ਼ਬਦ ਕਥਾ ਰਾਹੀਂ ਨਿਹਾਲ ਕੀਤਾ ਗਿਆ।ਸਮੂਹ ਸੰਗਤ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਭਾਈ ਸਾਹਿਬ ਭਾਈ ਜਗਜੀਤ ਸਿੰਘ ਦਰਦੀ ਨੂੰ ਪ੍ਰਧਾਨਗੀ ਦੀ ਸੇਵਾ ਮੁੜ ਸੌਂਪੀ ਗਈ।ਉਨ੍ਹਾਂ ਨਾਲ 11 ਕਾਰਜਕਾਰੀ ਮੈਂਬਰਾਂ ਨੂੰ ਵੀ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ ਗਈ।ਇਸ ਦੌਰਾਨ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਸੇਵਾ ਸੌਂਪੀ ਜਾਣ ਵਾਲੀ ਕਾਰਜਕਾਰਨੀ ਕਮੇਟੀ ਦੇ ਵਿੱਚ ਸੁਰਿੰਦਰ ਸਿੰਘ, ਬਲਬੀਰ ਸਿੰਘ ਚੱਢਾ, ਪ੍ਰਭਜੀਤ ਸਿੰਘ ਚੌਧਰੀ, ਦਲਜਿੰਦਰ ਸਿੰਘ, ਦਮਨਦੀਪ ਸਿੰਘ, ਪਰਮਜੀਤ ਸਿੰਘ, ਡਾ ਮਾਨ ਸਿੰਘ, ਹਰਪ੍ਰੀਤ ਸਿੰਘ ਦਰਦੀ, ਸ੍ਰੀਮਤੀ ਰਵਿੰਦਰ ਕੌਰ ਰਾਣੀ ਭੈਣ, ਭਗਵਾਨ ਸਿੰਘ ਸਰਦਾਰ ਕਰਮਜੀਤ ਸਿੰਘ ਚੁਣੇ ਗਏ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਨਜੀਤ ਸਿੰਘ ਦੀ 20 ਸਾਲ ਸੇਵਾ ਪੂਰੇ ਹੋਣ 'ਤੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਦੌਰਾਨ ਸੰਗਤਾਂ ਨੂੰ ਭਾਈ ਸੁਰਜੀਤ ਸਿੰਘ ਨੇ ਕਥਾ ਰਾਹੀਂ ਨਿਹਾਲ ਕੀਤਾ।ਜਗਜੀਤ ਸਿੰਘ ਦਰਦੀ ਨੇ ਕਿਹਾ ਕਿ ਇਸ ਗੁਰਦੁਆਰਾ ਸਾਹਿਬ ਦੀ ਸੇਵਾ ਲਈ ਉਹ ਆਪਣੀ ਪੂਰੀ ਕਮੇਟੀ ਸਮੇਤ ਦਿਨ-ਰਾਤ ਹਾਜ਼ਰ ਹਨ।ਗੁਰੂ ਘਰ 'ਚ ਹਰ ਮਹੀਨੇ ਪੂਰਨਮਾਸ਼ੀ, ਮੱਸਿਆ, ਸੰਗਰਾਂਦ ਤੇ ਗੁਰਪੁਰਬ ਸਮੇਤ ਧਾਰਮਿਕ ਸਮਾਗਮ ਆਯੋਜਤ ਕੀਤੇ ਜਾਂਦੇ ਹਨ।ਇਨ੍ਹਾਂ ਸਮਾਗਮਾਂ ਚ ਵੱਡੀ ਗਿਣਤੀ ਸੰਗਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੀ ਹੈ।ਦਰਦੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ 'ਚ ਜਲਦੀ ਹੀ 2 ਵੱਡੇ ਨਿਸ਼ਾਨ ਸਾਹਿਬ ਨਵੇਂ ਝੁਲਾਏ ਜਾਣਗੇ।ਇਸ ਤੋਂ ਇਲਾਵਾ ਲੰਗਰ ਹਾਲ 'ਚ ਸੰਗਤਾਂ ਦੀ ਸਹੂਲਤ ਲਈ ਏਅਰ ਕੰਡੀਸ਼ਨ ਦੀ ਸੇਵਾ ਵੀ ਜਲਦੀ ਕਰਾਈ ਜਾਏਗੀ।

## ਹਰਿਆਣਾ ਸਰਕਾਰ ਨੂੰ ਕਹਿ ਕੇ ਘੱਗਰ ਚੌੜਾ ਕਰਨ ਸੰਬੰਧੀ ਅਦਾਲਤੀ ਸਟੇਅ ਹਟਾਏ ਕੇਂਦਰ ਸਰਕਾਰ : ਹਰਪਾਲ ਚੀਮਾ



**ਸੰਗਰੂਰ (ਪ੍ਰਵੀਨ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਘੱਗਰ ਦਰਿਆ ਕਾਰਨ ਵਾਰ-ਵਾਰ ਪੈਦਾ ਹੁੰਦੀ ਸੰਭਾਵੀ ਹੜ੍ਹਾਂ ਦੀ ਸਥਿਤੀ ਦੇ ਪੱਕੇ ਹੱਲ ਲਈ ਵਚਨਬੱਧ ਹੈ ਤੇ ਇਸ ਦਰਿਆ ਨੂੰ ਚੌੜਾ ਕਰਕੇ ਇਸ ਦਾ ਸਥਾਈ ਹੱਲ ਹੋ ਸਕਦਾ ਹੈ, ਪਰ ਗੁਆਂਢੀ ਸੂਬੇ ਹਰਿਆਣਾ ਵੱਲੋਂ ਘੱਗਰ ਦਰਿਆ ਦੇ ਪੰਜਾਬ ਵਿਚਲੇ ਕੁਝ ਹਿੱਸੇ, ਮਕਰੌੜ ਸਾਹਿਬ ਤੋਂ ਕਰੈਲ ਤੱਕ ਚੌੜਾ ਕੀਤੇ ਜਾਣ ਦੇ ਮਾਮਲੇ ਸਬੰਧੀ ਮਾਣਯੋਗ ਸੁਪਰੀਮ ਕੋਰਟ ਤੋਂ ਸਟੇਅ ਲਏ ਜਾਣ ਕਰਕੇ ਇਹ ਕਾਰਜ ਸਿਰੇ ਨਹੀਂ ਚੜ੍ਹ ਰਿਹਾ।ਪੰਜਾਬ ਦੇ ਲੋਕਾਂ ਦੀ ਹੁੰਦੀ ਖੁਆਰੀ ਦੇ ਪੱਕੇ ਹੱਲ ਲਈ ਜ਼ਰੂਰੀ ਹੈ ਕਿ ਕੇਂਦਰ ਸਰਕਾਰ ਲੋਕਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਹਰਿਆਣਾ ਸਰਕਾਰ ਨੂੰ ਕਹਿ ਕੇ ਇਸ ਮਾਮਲੇ ਸਬੰਧੀ ਸਟੇਅ ਵਾਪਸ ਕਰਾਏ ਤਾਂ ਜੁ ਪੰਜਾਬ ਸਰਕਾਰ ਲੋਕਾਂ ਦੀ ਹਿਫ਼ਾਜ਼ਤ ਹਿਤ ਇਸ ਦਰਿਆ ਨੂੰ ਚੌੜਾ ਕਰਕੇ ਇਸ ਦੇ ਕੰਢੇ ਮਜ਼ਬੂਤ ਕਰ ਸਕੇ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਖਨੌਰੀ ਹੈੱਡਵਰਕਸ ਵਿਖੇ ਘੱਗਰ ਦਰਿਆ ਦੀ ਸਥਿਤੀ ਦਾ ਜਾਇਜ਼ਾ ਲੈਣ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਕੇਵਲ ਸੁਚੇਤ ਰਹਿਣ ਤੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਅੱਜ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ 743.7 ਫੁੱਟ ਹੈ ਤੇ ਖਤਰੇ ਦਾ ਨਿਸ਼ਾਨ 748 ਫੁੱਟ ਹੈ ਤੇ ਹਾਲਾਤ ਪੂਰੀ ਤਰ੍ਹਾਂ ਕਾਬੂ ਵਿੱਚ ਹਨ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਹਨ।ਮਿੱਟੀ ਤੇ ਰੇਤ ਦੀਆਂ 200 ਬੋਰੀਆਂ ਤਿਆਰ ਰੱਖੀਆਂ ਗਈਆਂ ਹਨ।ਸਾਲ 2023 ਵਿੱਚ ਜਿੱਥੇ ਜਿੱਥੇ ਪਾੜ ਪਏ ਸਨ, ਉਨ੍ਹਾਂ ਥਾਵਾਂ ਨੂੰ ਉੱਚੇ ਕਰ ਕੇ 'ਤੇ ਮਜ਼ਬੂਤ ਕੀਤਾ ਗਿਆ ਹੈ ਤੇ ਕੰਢੇ ਵੀ ਚੌੜੇ ਕੀਤੇ ਗਏ ਹਨ ਤਾਂ ਜੋ ਲੋੜ ਪੈਣ 'ਤੇ ਮਸ਼ੀਨਰੀ ਸੌਖੇ ਢੰਗ ਨਾਲ ਉਨ੍ਹਾਂ ਉੱਪਰ ਚੱਲ ਸਕੇ।ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸਮਾਂ ਇੱਕ-ਦੂਜੇ ਦੀ ਬਾਂਹ ਫੜਨ ਦਾ ਹੈ।ਇਸ ਲਈ ਹਰ ਵਿਅਕਤੀ ਕਿਸੇ ਵੀ ਲੋੜਵੰਦ ਲਈ ਜੋ ਵੀ ਕਰ ਸਕਦਾ ਹੈ, ਉਹ ਜ਼ਰੂਰ ਕਰੇ।ਪੰਜਾਬ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਤਾਂ ਲੋੜੀਂਦੇ ਪ੍ਰਬੰਧ ਕੀਤੇ ਹੀ ਗਏ ਹਨ, ਪਰ ਆਮ ਲੋਕ ਵੀ ਅੱਗੇ ਵਧ ਕੇ ਇੱਕ ਦੂਜੇ ਦਾ ਵੱਧ ਤੋਂ ਵੱਧ ਸਾਥ ਦੇਣ।

## ਮੀਂਹ ਕਾਰਨ ਮੇਲਾ ਬਾਬਾ ਸ਼ਹੀਦ ਗੋਬਿੰਦਪੁਰਾ ਪੈਂਦ ਦੀਆਂ ਰੌਣਕਾਂ ਫਿੱਕੀਆਂ ਰਹੀਆਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਤੇ ਹਰਿਆਣਾ ਦੇ ਲੋਕਾਂ ਦੀ ਖਿੱਚ ਦੇ ਵਜੋਂ ਜਾਣਿਆ ਜਾਂਦਾ ਪਿੰਡ ਗੋਬਿੰਦਪੁਰਾ ਪੈਂਦਾ ਵਿਖੇ ਭਾਦੋਂ ਮਹੀਨੇ ਦੀ ਮੱਸਿਆ ਉਪਰੰਤ ਚਾਨਣੇ ਐਤਵਾਰ ਨੂੰ ਮਨਾਇਆ ਜਾਂਦਾ ਮੇਲਾ ਇਸ ਵਾਰ ਲਗਾਤਾਰ ਪੈ ਰਹੇ ਮੀਂਹ ਕਰਕੇ ਬੇਹੱਦ ਫਿੱਕਾ ਰਿਹਾ।ਸਵੇਰ ਤੋਂ ਸ਼ੁਰੂ ਹੋਈ ਭਾਰੀ ਬਰਸਾਤ ਦੀ ਵਜ੍ਹਾ ਕਰਕੇ ਜਿੱਥੇ ਆਪਣੀਆਂ ਮੰਨਤਾਂ ਲੈ ਕੇ ਮੇਲੇ ਵਿੱਚ ਪੁੱਜਣ ਵਾਲੀਆਂ ਸੰਗਤਾਂ ਦਾ ਉਤਸ਼ਾਹ ਬੇਹਦ ਮੱਠਾ ਰਿਹਾ, ਉਥੇ ਮੇਲੇ ਵਿੱਚ ਰੋਜ਼ੀ ਰੋਟੀ ਕਮਾਉਣ ਦੀ ਆਸ ਨਾਲ ਦੂਰੋਂ-ਦੂਰੋਂ ਪੁੱਜਦੇ ਰੇਹੜੀਆਂ ਫੜੀਆਂ ਤੇ ਦੁਕਾਨਦਾਰ ਨਿਰਾਸ਼ ਦੇਖਣ ਨੂੰ ਮਿਲੇ।ਦਿੱਲੀ ਸੰਗਰੂਰ ਨੈਸ਼ਨਲ ਹਾਈਵੇ ਉੱਤੇ ਲੱਗਦੇ ਮੇਲੇ ਦੇ ਪ੍ਰਬੰਧਕਾਂ ਵਿੱਚ ਸ਼ਾਮਲ ਗੁਰਪ੍ਰੀਤ ਸਿੰਘ, ਮੁਖਤਿਆਰ ਸਿੰਘ, ਗੁਰਵਿੰਦਰ ਸਿੰਘ ਢਿੱਲੋਂ, ਸਰਦਾਰਾ ਸਿੰਘ ਢਿੱਲੋਂ, ਅਮਰੀਕ ਸਿੰਘ, ਹਰਜਿੰਦਰ ਸਿੰਘ ਪਾਤੜਾਂ ਨੇ ਦੱਸਿਆ ਕਿ ਇਹ ਮੇਲਾ ਚਿਰ ਸਦੀਵੀਂ ਲੱਗਦਾ ਆ ਰਿਹਾ ਹੈ, ਜਿਥੇ ਹਰ ਸਾਲ ਲੱਖਾਂ ਸ਼ਰਧਾਲੂ ਆਪਣੀ ਮੰਨਤ ਲੈਕੇ ਪੁੱਜਦੇ ਹਨ। ਰਾਜ ਸਿੰਗਲਾ ਗੁਰਦਾਸ ਨੇ ਕਿਹਾ ਕਿ ਹਰ ਸਾਲ ਵਾਂਗ ਉਹ ਵੀ ਲੁਧਿਆਣਾ ਤੋਂ ਮੱਥਾ ਟੇਕਣ ਆਏ ਹਨ, ਪਰ ਇਸ ਵਾਰ ਪੈ ਰਹੀ ਬਾਰਿਸ਼ ਕਾਰਨ ਲੋਕ ਬਹੁਤੇ ਨਹੀਂ ਆਏ ਹਨ, ਜਦਕਿ ਪਹਿਲਾਂ ਇਸ ਮੇਲੇ ਵਿੱਚ ਦਿੱਲੀ ਸੰਗਰੂਰ ਨੈਸ਼ਨਲ ਹਾਈਵੇ ਤੇ ਦੋਵੇਂ ਪਾਸੇ ਪੰਜ-ਪੰਜ ਕਿਲੋਮੀਟਰ ਤੱਕ ਸੜਕ ਬੰਦ ਹੋ ਜਾਂਦੀ ਸੀ।ਜਦੋਂ ਆਪਣੀ ਰੋਜ਼ੀ ਰੋਟੀ ਕਮਾਉਣ ਦੇ ਮਕਸਦ ਨਾਲ ਆਏ ਦੁਕਾਨਦਾਰਾਂ ਨਾਲ ਗੱਲਬਾਤ ਹੋਈ ਤਾਂ ਉਨ੍ਹਾਂ 'ਚੋਂ ਗੁਰਜਿੰਦਰ ਸਿੰਘ ਰੋਗਲਾ ਨੇ ਕਿਹਾ ਕਿ ਉਹ ਤਰਸੇਮ ਪੰਘੂੜਿਆਂ ਵਾਲੇ ਨਾਲ ਆਏ ਹਨ ਤੇ ਭਾਰੀ ਮੀਂਹ ਕਾਰਨ ਪਾਣੀ ਖਲੋਤੇ ਜ਼ਮੀਨ ਵਿੱਚ ਪੰਘੂੜਾ ਨਹੀਂ ਲੱਗ ਸਕਿਆ, ਜਿਸ ਕਾਰਨ ਉਨ੍ਹਾਂ ਨੂੰ ਵੀਹ ਪੱਚੀ ਹਜ਼ਾਰ ਦਾ ਘਾਟਾ ਪਿਆ ਹੈ। ਇਸੇ ਤਰ੍ਹਾਂ ਪਿਆਰੇ ਲਾਲ ਧਨੌਲੀ ਨੇ ਕਿਹਾ ਕਿ ਉਸਨੇ ਪਿਛਲੀ ਵਾਰ ਸੁਕਾ ਪ੍ਰਸ਼ਾਦ ਵੇਚ ਕੇ ਵਧ ਚੰਗਾ ਕਮਾ ਲਿਆ, ਪਰ ਇਸ ਵਾਰ ਖਾਲੀ ਬੈਠਾ ਹੈ, ਜਦਕਿ ਇੰਦਰ ਨਾਈਵਾਲਾ ਮੁਤਾਬਕ ਉਹ ਹੁਣ ਤੱਕ ਮਹਿਜ਼ ਹਜ਼ਾਰ ਰੁਪਏ ਦੇ ਖਿਡਾਉਣੇ ਹੀ ਵੇਚ ਸਕਿਆਠ ਜਦਕਿ ਪਿਛਲੇ ਸਾਲ ਉਸ ਨੂੰ ਬਾਰਾਂ ਹਜ਼ਾਰ ਬਚ ਗਿਆ ਸੀ।ਮੀਂਹ ਦੇ ਪਾਣੀ ਕਾਰਨ ਕਬੱਡੀ ਤੇ ਕੁਸ਼ਤੀਆਂ ਵੀ ਨਹੀਂ ਹੋ ਸਕੀਆਂ।

## ਵਿਧਾਇਕ ਰਾਏ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਸਮੇਤ ਸਰਹਿੰਦ ਚੋਅ ਦਾ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਐਸ.ਡੀ.ਐਮ ਅਰਵਿੰਦ ਕੁਮਾਰ ਗੁਪਤਾ, ਜ਼ਿਲ੍ਹਾ ਮਾਲ ਅਫਸਰ ਕਰੁਨ ਗੁਪਤਾ ਤੇ ਹੋਰਨਾਂ ਅਧਿਕਾਰੀਆਂ ਤੇ ਪਾਰਟੀ ਵਰਕਰਾਂ ਸਮੇਤ ਸਰਹਿੰਦ ਚੋਅ ਵਿੱਚ ਪਾਣੀ ਦੇ ਪੱਧਰ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਹੋ ਰਹੀ ਭਾਰੀ ਬਰਸਾਤ ਕਾਰਨ ਪੰਜਾਬ ਦੇ 8-9 ਜ਼ਿਲ੍ਹਿਆਂ ਵਿੱਚ ਆਏ ਹੜ੍ਹਾਂ ਕਾਰਨ ਕਾਫੀ ਨੁਕਸਾਨ ਪੁੱਜਾ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਜ਼ਿਲ੍ਹਿਆਂ 'ਚ ਵਿਆਪਕ ਪੱਧਰ 'ਤੇ ਬਚਾਅ ਕਾਰਜ ਜਾਰੀ ਹਨ।ਵਿਧਾਇਕ ਰਾਏ ਨੇ ਦੱਸਿਆ ਕਿ ਸਰਹਿੰਦ ਚੋਅ ਵਿੱਚ ਪਾਣੀ ਦਾ ਪੱਧਰ ਨੀਵਾਂ ਹੋਣ ਕਾਰਨ ਆਲੇ ਦੁਆਲੇ ਵਸਦੇ ਲੋਕਾਂ ਨੂੰ ਹਾਲ ਦੀ ਘੜੀ ਇਸ ਤੋਂ ਕੋਈ ਖਤਰਾ ਨਹੀਂ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ 24 ਘੰਟੇ ਚੌਕਸ ਹੈ ਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨਾਲ ਨਾਲ ਹਰ ਇੱਕ ਸਬ ਡਵੀਜ਼ਨ ਵਿੱਚ ਵੀ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ। ਵਿਧਾਇਕ ਨੇ ਦੱਸਿਆ ਕਿ ਦਿਨ ਸਮੇਂ ਹੋਈ ਭਾਰੀ ਬਰਸਾਤ ਕਾਰਨ ਸਰਹਿੰਦ ਸ਼ਹਿਰ ਵਿੱਚ ਨੀਵੀਆਂ ਥਾਵਾਂ ਉੱਤੇ ਪਾਣੀ ਖੜਨ ਦੀ ਸਮੱਸਿਆ ਆਈ ਸੀ, ਪਰ ਪ੍ਰਸ਼ਾਸਨ ਵੱਲੋਂ ਉਸ ਪਾਣੀ ਦੀ ਨਿਕਾਸੀ ਦਾ ਵੀ ਨਾਲੋ-ਨਾਲ ਢੁਕਵਾਂ ਪ੍ਰਬੰਧ ਕੀਤਾ ਗਿਆ ਹੈ ਅਤੇ ਹਲਕਾ ਵਾਸੀਆਂ ਨੂੰ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਵੇਗੀ।

## ਹੜ੍ਹ ਪੀੜਤ ਕਿਸਾਨਾਂ, ਮਜ਼ਦੂਰਾਂ ਦਾ ਕਰਜ਼ਾ ਮਾਫ਼ ਕੀਤਾ ਜਾਵੇ : ਐਡਵੋਕੇਟ ਬੱਲੀ

**ਮਾਨਸਾ (ਆਤਮਾ ਸਿੰਘ ਪਮਾਰ)**-ਹੜ੍ਹ ਪ੍ਰਭਾਵਤ ਇਲਾਕਿਆਂ ਦੇ ਕਿਸਾਨਾਂ-ਮਜ਼ਦੂਰਾਂ ਲਈ ਵਿਸ਼ੇਸ਼ ਪੈਕੇਜ ਜਾਰੀ ਕੀਤਾ ਜਾਵੇ ਤੇ ਉਨ੍ਹਾਂ ਦਾ ਸਮੁੱਚਾ ਕਰਜ਼ਾ ਵੀ ਮਾਫ਼ ਕੀਤਾ ਜਾਵੇ।ਕੇਂਦਰ ਤੇ ਸੂਬਾ ਸਰਕਾਰਾਂ ਤੋਂ ਉਕਤ ਮੰਗ ਕਰਦਿਆਂ ਕਾਂਗਰਸ ਪਾਰਟੀ ਦੇ ਆਗੂ ਐਡਵੋਕੇਟ ਬਲਕਰਨ ਸਿੰਘ ਬੱਲੀ ਨੇ ਕਿਹਾ ਕਿ ਜਿਨ੍ਹਾਂ ਰਾਜਾਂ 'ਚ ਹੜ੍ਹਾਂ ਦੇ ਪਾਣੀ ਨੇ ਲੋਕਾਂ ਦਾ ਭਾਰੀ ਨੁਕਸਾਨ ਕੀਤਾ ਹੈ, ਉਨ੍ਹਾਂ ਰਾਜਾਂ ਦੀਆਂ ਸਰਕਾਰਾਂ ਅਤੇ ਕੇਂਦਰ ਸਰਕਾਰ ਵੱਲੋਂ ਰਲ ਕੇ ਲੋਕਾਂ ਦੀ ਮੱਦਦ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਫ਼ਸਲਾਂ ਦੇ ਮਾਰੇ ਜਾਣ ਕਾਰਨ ਹੜ੍ਹ ਪ੍ਰਭਾਵਤ ਇਲਾਕਿਆਂ ਦੇ ਕਿਸਾਨ ਮਜ਼ਦੂਰ ਕਈ ਸਾਲਾਂ ਤੱਕ ਪੈਰਾਂ ਸਿਰ ਨਹੀਂ ਹੋ ਸਕਦੇ ਤੇ ਕਰਜ਼ਾ ਮੋੜਨ ਤੋਂ ਅਸਮਰਥ ਰਹਿਣਗੇ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲਾਂ ਵੀ 2023 'ਚ ਕਿਸਾਨਾਂ ਦੀਆਂ ਫ਼ਸਲਾਂ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਸੀ, ਜਿਸ ਦਾ ਸਰਕਾਰ ਵੱਲੋਂ ਅਜੇ ਤੱਕ ਕਿਸਾਨਾਂ ਮਜ਼ਦੂਰਾਂ ਨੂੰ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਮਜ਼ਦੂਰਾਂ ਨੂੰ ਦੁਬਾਰਾ ਪੈਰਾਂ ਸਿਰ ਕਰਨ ਲਈ ਉਹਨਾਂ ਲਈ ਵਿਸ਼ੇਸ਼ ਪੈਕੇਜ ਦਾ ਐਲਾਨ ਕੀਤਾ ਜਾਵੇ ਤੇ ਉਨ੍ਹਾਂ ਦਾ ਸਮੁੱਚਾ ਕਰਜ਼ ਮਾਫ਼ ਕੀਤਾ ਜਾਵੇ।

## ਪਰਾਲੀ ਪ੍ਰਬੰਧਨ ਬਾਰੇ ਬਲਾਕ ਪੱਧਰੀ ਕੈਂਪ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਖੇਤੀਬਾੜੀ ਵਿਭਾਗ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਡਾ. ਜਗਸੀਰ ਸਿੰਘ ਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਹਰਮਨਦੀਪ ਸਿੰਘ ਦੀ ਅਗਵਾਈ ਹੇਠ ਬਲਾਕ ਮਹਿਲ ਕਲਾਂ ਦੇ ਕਿਸਾਨਾਂ ਨੂੰ ਪਰਾਲੀ/ਝੋਨੇ ਦੀ ਰਹਿੰਦ ਖੂੰਹਦ ਦੀ ਸਾਂਭ- ਸੰਭਾਲ ਅਤੇ ਫ਼ਸਲਾਂ ਸਬੰਧੀ ਜਾਗਰੂਕ ਕਰਨ ਲਈ ਬਲਾਕ ਪੱਧਰੀ ਕੈਂਪ ਲਾਇਆ ਗਿਆ।ਇਸ ਸਮੇਂ ਬਲਾਕ ਤਕਨੀਕੀ ਮੈਨਜਰ ਸਨਵਿੰਦਰਪਾਲ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿੱਥੇ ਅਸੀਂ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਾ ਕੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਹੇ ਹਾਂ, ਉੱਥੇ ਧਰਤੀ ਦੀ ਉਪਜਾਊ ਸ਼ਕਤੀ ਤੇ ਮਿੱਤਰ ਕੀੜੇ ਵੀ ਮਾਰ ਰਹੇ ਹਾਂ।ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਨਵੀਂਆਂ ਤਕਨੀਕਾਂ (ਹੈਪੀਸੀਡਰ, ਸੁਪਰਸੀਡਰ, ਸਰਫੇਸ ਸੀਡਰ ਆਦਿ) ਨਾਲ ਹੀ ਕਣਕ ਦੀ ਬਿਜਾਈ ਕੀਤੀ ਜਾਵੇ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਖੇਤ ਦੀ ਪਰਾਲੀ ਨੂੰ ਬੇਲਰ ਰਾਹੀਂ ਗੰਢਾਂ ਬਣਾ ਕੇ ਜਾਂ ਤੂੜੀ ਬਣਾ ਕੇ ਵਪਾਰੀਆਂ ਨੂੰ ਵੇਚ ਸਕਦੇ ਹਨ।ਜੇਕਰ ਅਸੀਂ ਪਿੰਡ ਪੱਧਰ ਤੋਂ ਹੀ ਅੱਗ ਨਾ ਲਾਉਣ ਦੇ ਉਪਰਾਲੇ ਸ਼ੁਰੂ ਕਰਾਂਗੇ ਤਾਂ ਹੀ ਸਾਡਾ ਸਾਰਾ ਪੰਜਾਬ ਪ੍ਰਦੂਸ਼ਣ ਮੁਕਤ ਹੋ ਸਕੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀ ਮਾਹਿਰਾਂ ਦੀ ਸਲਾਹ ਅਨੁਸਾਰ ਹੀ ਸਿਫ਼ਾਰਸ਼ ਕੀਤੀਆਂ ਕਿਸਮਾਂ ਅਤੇ ਦਵਾਈਆਂ ਦਾ ਸੁਚੱਜਾ ਪ੍ਰਯੋਗ ਕੀਤਾ ਜਾਵੇ, ਤਾਂ ਜੁ ਕਿਸਾਨ ਦੇ ਖੇਤੀ ਖਰਚੇ ਘੱਟ ਸਕਣ।ਕੈਂਪ ਦੌਰਾਨ ਪ੍ਰਮੋਲਪ੍ਰੀਤ ਸਿੰਘ ਇੰਸਪੈਕਟ, ਪਸ਼ੂ ਪਾਲਣ ਵਿਭਾਗ ਨੇ ਕਿਸਾਨਾਂ ਨੂੰ ਆਪਣੇ ਵਿਭਾਗ ਦੀਆਂ ਸਕੀਮਾਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ।

ਡਾ. ਅਮਨਦੀਪ ਕੌਰ ਫਾਰਮ ਸਲਾਹਕਾਰ ਸੇਵਾ ਕੇਂਦਰ ਬਰਨਾਲਾ ਨੇ ਕਿਸਾਨਾਂ ਨੂੰ ਕਣਕ ਤੋਂ ਇਲਾਵਾ ਹੋਰ ਹਾੜ੍ਹੀ ਦੀਆਂ ਫਸਲਾਂ ਜਿਵੇਂ ਸਰ੍ਹੋਂ, ਛੋਲਿਆਂ ਆਦਿ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਤੇ ਮਾਹਿਰਾਂ ਦੀ ਸਲਾਹ ਅਨੁਸਾਰ ਹੀ ਸਹੀ ਮਿਕਦਾਰ ਵਿੱਚ ਦਵਾਈਆਂ ਅਤੇ ਖਾਦਾਂ ਆਦਿ ਦੀ ਵਰਤੋਂ ਨਾਲ ਖੇਤੀ ਕਰਨ ਦੀ ਸਲਾਹ ਦਿੱਤੀ।ਡਾ. ਸੁਰਿੰਦਰਾ ਸਿੰਘ, ਕੇ.ਵੀ.ਕੇ. ਬਰਨਾਲਾ ਨੇ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਆਪਣੇ ਵਿਚਾਰ ਸਾਂਝੇ ਕਰਦਿਆ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਗਈਆਂ ਕਣਕ ਦੀਆਂ ਕਿਸਮਾਂ, ਖੁਰਾਕੀ ਤੱਤ, ਕੀੜੇ- ਮਕੌੜੇ ਅਤੇ ਬਿਮਾਰੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

## ਭਾਰੀ ਹੜ੍ਹਾਂ ਦੇ ਚਲਦਿਆਂ ਭਾਰਤੀਆ ਅੰਬੇਡਕਰ ਮਿਸ਼ਨ ਵੀ ਆਇਆ ਅੱਗੇ

### ਹਰ ਸੰਭਵ ਮਦਦ ਲਈ ਯਤਨਸ਼ੀਲ ਹੈ ਮਿਸ਼ਨ ਦੀ ਟੀਮ : ਦਰਸ਼ਨ ਕਾਂਗੜਾ



**ਸੰਗਰੂਰ (ਪ੍ਰਵੀਨ ਸਿੰਘ)**-ਭਾਰੀ ਬਰਸਾਤ ਦੇ ਚਲਦਿਆਂ ਸੂਬੇ ਅੰਦਰ ਆਏ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਦੇਸ਼ ਦੀ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੀ ਪੀੜਤ ਲੋਕਾਂ ਦੀ ਮਦਦ ਲਈ ਅੱਗੇ ਆ ਗਈ ਹੈ ਜਿਸ ਦੇ ਚਲਦਿਆਂ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਜਦੋਂ ਵੀ ਸਾਡੇ ਦੇਸ਼ ਅੰਦਰ ਕਿਸੇ ਵੀ ਤਰ੍ਹਾਂ ਕੋਈ ਸੰਕਟ ਦੀ ਘੜੀ ਆਈ ਹੈ ਤਾਂ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਹਰ ਸੰਭਵ ਮਦਦ ਕੀਤੀ ਗਈ ਹੈ। ਇਸ ਵਾਰ ਵੀ ਮਿਸ਼ਨ ਦੇ ਆਗੂ ਹੜ੍ਹਾਂ ਤੋਂ ਪ੍ਰਭਾਵਿਤ ਏਰੀਏ ਵਿੱਚ ਜਾ ਕੇ ਪੀੜਤ ਲੋਕਾਂ ਦੀ ਮਦਦ ਕਰਨਗੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪੰਜਾਬ ਭਰ ਵਿੱਚ ਮਿਸ਼ਨ ਦੇ ਸਾਥੀਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੀ ਤਰਫੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨਾ ਚਾਹੁੰਦਾ ਹੈ ਅਤੇ ਉਸ ਕੋਲ ਏਰੀਏ ਵਿੱਚ ਜਾਣ ਦਾ ਸਮਾਂ ਨਹੀਂ ਤਾਂ ਉਹ ਵਿਅਕਤੀ ਰਾਹਤ ਸਮੱਗਰੀ ਦੇਣ ਲਈ ਉਨ੍ਹਾਂ ਨਾਲ ਜਾ ਭਾਰਤੀਯ ਅੰਬੇਡਕਰ ਮਿਸ਼ਨ ਦੇ ਕਿਸੇ ਵੀ ਸਾਥੀ ਨਾਲ ਸੰਪਰਕ ਕਰ ਸਕਦਾ ਹੈ। ਇਸ ਮੌਕੇ ਦਰਸ਼ਨ ਕਾਂਗੜਾ ਨਾਲ ਮਿਸ਼ਨ ਦੇ ਹੋਰ ਵੀ ਆਗੂ ਹਾਜ਼ਰ ਸਨ।

## ਸ੍ਰੀ ਗੁੱਗਾ ਜ਼ਾਹਰ ਵੀਰ ਦੇ ਜਾਗਰਣ 'ਚ ਬਰਸਟ ਨੇ ਲਵਾਈ ਹਾਜ਼ਰੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਹਿੰਦੂ ਸੁਰਕਸ਼ਾ ਪ੍ਰੀਸ਼ਦ ਬਜਰੰਗ ਦਲ ਹਿੰਦ ਤੇ ਗਊ ਰਕਸ਼ਾ ਦਲ ਵੱਲੋਂ ਸ਼ਹਿਰ ਵਿਖੇ ਸ੍ਰੀ ਗੁੱਗਾ ਜਾਹਰ ਵੀਰ ਜੀ ਦੇ ਜਾਗਰਣ ਦਾ ਪੂਰੀ ਸ਼ਰਧਾ ਤੇ ਉਤਸਾਹ ਨਾਲ ਆਯੋਜਨ ਕੀਤਾ ਗਿਆ।ਇਸ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਹਾਜ਼ਰੀ ਲਵਾਈ।ਬਰਸਟ ਨੇ ਸ੍ਰੀ ਗੁੱਗਾ ਜੀ ਦੇ ਦਰਬਾਰ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਸੂਬੇ ਦੀ ਤਰੱਕੀ, ਖੁਸ਼ਹਾਲੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਇਸ ਮੌਕੇ ਹਰਚੰਦ ਸਿੰਘ ਬਰਸਟ ਨੇ ਸ੍ਰੀ ਗੁੱਗਾ ਜਾਹਰ ਵੀਰ ਜੀ ਦੇ ਜਾਗਰਣ ਦੀ ਸਾਰਿਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਜਿਹੇ ਸਮਾਗਮ ਹੀ ਸਾਡੀ ਸੱਭਿਆਚਾਰਕ ਅਤੇ ਧਾਰਮਿਕ ਵਿਰਾਸਤ ਦਾ ਅਹਿਮ ਹਿੱਸਾ ਹਨ, ਜਿਨ੍ਹਾਂ ਰਾਹੀਂ ਅਸੀਂ ਆਪਣੇ ਸੱਭਿਆਚਾਰ ਨਾਲ ਜੁੜੇ ਰਹਿੰਦੇ ਹਾਂ ਅਤੇ ਨਵੀਂ ਪੀੜ੍ਹੀ ਨੂੰ ਵੀ ਆਪਣੀ ਸੰਸਕ੍ਰਿਤੀ ਅਤੇ ਰੀਤੀ-ਰਿਵਾਜਾਂ ਬਾਰੇ ਜਾਣਕਾਰੀ ਮਿਲਦੀ ਹੈ।

## ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੰਗਰੂਰ 'ਚ 110 ਮੁਕੱਦਮੇ ਦਰਜ, 153 ਦੋਸ਼ੀ ਗ੍ਰਿਫ਼ਤਾਰ

**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ਼ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਅਗਸਤ ਮਹੀਨੇ 'ਚ 86 ਮੁਕੱਦਮੇ ਦਰਜ ਕਰਕੇ ਭਾਰੀ ਮਾਤਰਾ 'ਚ ਹੈਰੋਇਨ , ਭੁੱਕੀ , ਨਸ਼ੀਲੀਆਂ ਗੋਲੀਆਂ ਅਤੇ ਡਰੱਗ ਮਨੀ ਬਰਾਮਦ ਕਰਵਾਈ ਗਈ।ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ ਜ਼ਿਲ੍ਹਾ ਪੁਲਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 1 ਅਗਸਤ ਤੋਂ 31 ਅਗਸਤ ਤੱਕ 86 ਮੁਕੱਦਮੇ ਦਰਜ ਕਰਕੇ 128 ਮੁਲਜ਼ਮ ਕਾਬੂ ਕਰਕੇ ਉਨ੍ਹਾਂ ਪਾਸੋਂ 727 ਗ੍ਰਾਮ ਹੈਰੋਇਨ, 553 ਕਿਲੋ 600 ਗ੍ਰਾਮ ਭੁੱਕੀ ਚੂਰਾ ਪੋਸਤ, 1975 ਨਸ਼ੀਲੀਆਂ ਗੋਲੀਆਂ ਅਤੇ 1 ਲੱਖ 59 ਹਜ਼ਾਰ ਰੁਪਏ ਡਰੱਗ ਮਨੀ ਬਰਾਮਦ ਕਰਵਾਈ। ਪ੍ਰੈੱਸ ਨੋਟ ਅਨੁਸਾਰ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਦੇ ਖਿਲਾਫ਼ 24 ਮੁਕੱਦਮੇ ਦਰਜ ਕਰਕੇ 25 ਮੁਲਜ਼ਮ ਕਾਬੂ ਕਰਕੇ 660 ਲੀਟਰ ਸ਼ਰਾਬ ਠੇਕਾ ਦੇਸੀ , 1 ਚਾਲੂ ਭੱਠੀ , 80.250 ਲੀਟਰ ਸ਼ਰਾਬ ਨਾਜ਼ਾਇਜ਼ ਅਤੇ 460 ਲੀਟਰ ਲਾਹਣ ਬਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਅਸਲਾ ਐਕਟ ਦਾ 1 ਮੁਕੱਦਮਾ ਦਰਜ ਕਰਕੇ 2 ਮੁਲਜ਼ਮ ਗ੍ਰਿਫ਼ਤਾਰ ਕੀਤੇ , ਜਿਨ੍ਹਾਂ ਤੋਂ 1 ਪਿਸਟਲ/ ਰਿਵਾਲਵਰ ਅਤੇ 5 ਕਾਰਤੂਸ ਬਰਾਮਦ ਕਰਵਾਏ ਗਏ ਅਤੇ ਜੂਆ ਐਕਟ ਤਹਿਤ 1 ਮੁਕੱਦਮਾ ਦਰਜ ਕਰਕੇ 1 ਵਿਅਕਤੀ ਗ੍ਰਿਫ਼ਤਾਰ ਕੀਤਾ ਉਨ੍ਹਾਂ ਪਾਸੋਂ 970 ਰੁਪਏ ਬਰਾਮਦ ਕਰਵਾਏ ਗਏ।ਥਾਣਾ ਸਦਰ ਧੂਰੀ ਦੇ ਏਰੀਆ ਵਿੱਚ ਪੈਂਦੇ ਪਿੰਡ ਹਸਨਪੁਰ ਵਿਖੇ ਅੱਧੀ ਰਾਤ ਨੂੰ ਰਿਹਾਇਸ਼ੀ ਮਕਾਨ ਦੇ ਬਾਹਰ ਫਾਇਰਿੰਗ ਕਰਨ ਵਾਲੇ ਗਰੋਹ ਦਾ 24 ਘੰਟਿਆਂ ਅੰਦਰ ਪਰਦਾਫਾਸ਼ ਕਰਕੇ 7 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਅਤੇ ਵਾਰਦਾਤ ਸਮੇਂ ਵਰਤੇ 3 ਦੇਸੀ ਪਿਸਟਲ ਸਮੇਤ ਮੈਗਜ਼ੀਨ, 1 ਬਲੈਰੋ ਗੱਡੀ ਅਤੇ 1 ਮੋਟਰ ਸਾਈਕਲ ਬ੍ਰਾਮਦ ਕੀਤੇ ਗਏ। ਇਸੇ ਤਰ੍ਹਾਂ ਥਾਣਾ ਮੂਨਕ ਅਤੇ ਭਵਾਨੀਗੜ੍ਹ ਵੱਲੋਂ 2 ਨਸ਼ਾ ਤਸਕਰਾਂ ਦੀ 39,53,358 ਰੁਪਏ ਦੇ ਮੁੱਲ ਦੀ ਪ੍ਰਾਪਰਟੀ ਫਰੀਜ਼ ਕਰਵਾਈ ਗਈ।

ਸੰਗਰੂਰ ਪ੍ਰਸ਼ਾਸਨ ਵੱਲੋਂ 2 ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦੀ ਤਸਕਰੀ ਕਰਕੇ ਮਿਊਂਸਪਲ ਕਮੇਟੀ ਸੰਗਰੂਰ ਦੀ ਜ਼ਮੀਨ ਉਪਰ ਬਣਾਈ ਗੈਰ ਕਾਨੂੰਨੀ ਪ੍ਰਾਪਰਟੀ, ਬੁਲਡੋਜ਼ਰ ਚਲਾ ਕੇ ਢਾਹ ਦਿੱਤੀ ਗਈ।ਉਹਨਾਂ ਕਿਹਾ ਕਿ ਆਮ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।

## ਆੜ੍ਹਤੀਆ ਗੁਰੀ ਔਲਖ 'ਆਪ' ਵਪਾਰ ਮੰਡਲ ਦੇ ਕੋਆਰਡੀਨੇਟਰ ਨਿਯੁਕਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੁੱਖ ਮੰਤਰੀ ਭਗਵੰਤ ਮਾਨ, ਸੂਬਾ ਪ੍ਰਧਾਨ ਅਮਨ ਅਰੋੜਾ ਵੱਲੋਂ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਸਿਫਾਰਸ਼ ਉਪਰ ਪਾਰਟੀ ਦੇ ਸਰਗਰਮ ਨੌਜਵਾਨ ਆਗੂ ਗੁਰਪ੍ਰੀਤ ਸਿੰਘ ਗੁਰੀ ਔਲਖ ਨੂੰ ਆਮ ਆਦਮੀ ਪਾਰਟੀ ਵਪਾਰ ਮੰਡਲ ਹਲਕਾ ਮਹਿਲ ਕਲਾਂ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ।ਇਸ ਨਿਯੁਕਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਵੱਖ-ਵੱਖ ਆਗੂਆਂ ਨੇ ਕਿਹਾ ਗਿਆ ਕਿ ਨੌਜਵਾਨ ਆਗੂ ਗੁਰੀ ਔਲਖ ਨੂੰ ਮਿਲੀ ਇਹ ਅਹਿਮ ਜ਼ਿੰਮੇਵਾਰੀ ਵਪਾਰੀ ਵਰਗ ਨੂੰ ਪਾਰਟੀ ਨਾਲ ਜੋੜਨ 'ਚ ਲਾਹੇਵੰਦ ਸਿੱਧ ਹੋਵੇਗੀ।ਇਸ ਮੌਕੇ ਨਵ-ਨਿਯੁਕਤ ਹਲਕਾ ਕੋਆਰਡੀਨੇਟਰ ਆੜ੍ਹਤੀਆ ਗੁਰੀ ਔਲਖ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸੂਬਾ ਪ੍ਰਧਾਨ ਅਮਨ ਅਰੋੜਾ, ਮੈਂਬਰ ਪਾਰਲੀਮੈਂਟ ਮੀਤ ਹੇਅਰ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਅਤੇ ਸਮੂਹ ਆਗੂਆਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਸਮੁੱਚੀ ਹਾਈ ਕਮਾਂਡ ਨੂੰ ਵਿਸ਼ਵਾਸ ਦੁਆਇਆ ਕਿ ਸੌਂਪੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇਕ ਕਰਕੇ ਸਮਰਪਿਤ ਭਾਵਨਾ ਨਾਲ ਕੰਮ ਕਰਨਗੇ।ਜਿਸ ਨਾਲ ਵਪਾਰ ਮੰਡਲ ਨੂੰ ਹਲਕਾ ਪੱਧਰ 'ਤੇ ਹੋਰ ਮਜ਼ਬੂਤ ਕਰਕੇ ਵਪਾਰੀ ਵਰਗ ਦੀਆਂ ਮੁਸ਼ਕਿਲਾ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ।ਉਨ੍ਹਾਂ ਹਲਕਾ ਮਹਿਲ ਕਲਾਂ ਦੇ ਸਮੂਹ ਵਪਾਰੀ ਵਰਗ ਨੂੰ ਸਹਿਯੋਗ ਦੀ ਅਪੀਲ ਕੀਤੀ ਹੈ।

## ਲੋਕ ਅਫ਼ਵਾਹਾਂ ਤੋਂ ਸੁਚੇਤ ਰਹਿਣ, ਘਬਰਾਉਣ ਵਾਲੀ ਗੱਲ ਨਹੀਂ : ਡੀ ਸੀ



**ਫ਼ਤਹਿਗੜ੍ਹ ਸਾਹਿਬ/ਬਸੀ ਪਠਾਣਾਂ (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਅਹਿਤਿਆਤੀ ਤੌਰ ਉੱਤੇ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਮੁੜ ਸਖਤ ਦਿਸ਼ਾ-ਨਿਰਦੇਸ਼ ਦਿੱਤੇ ਹਨ ਕਿ ਉਹ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਅਧੀਨ ਪੈਂਦੀਆਂ ਡਰੇਨਾਂ ਤੇ ਸਰਹਿੰਦ ਚੋਅ ਵਿੱਚ ਪਾਣੀ ਦੀ ਸਥਿਤੀ ਦਾ ਨਿਰੰਤਰ ਨਿਰੀਖਣ ਕਰਦੇ ਰਹਿਣ ਅਤੇ ਕਿਸੇ ਵੀ ਸੰਕਟ ਵਾਲੀ ਸਥਿਤੀ ਦੀ ਸੰਭਾਵਨਾ ਦੇ ਮੱਦੇਨਜ਼ਰ ਫੌਰੀ ਢੁੱਕਵੇਂ ਕਦਮ ਚੁੱਕੇ ਜਾਣ।

ਡੀ.ਸੀ. ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਹੜ੍ਹ ਆਉਣ ਦੀ ਫ਼ਿਲਹਾਲ ਕੋਈ ਸੰਭਾਵਨਾ ਨਹੀਂ ਹੈ। ਸੋਸ਼ਲ ਮੀਡੀਆ 'ਤੇ ਫੈਲਣ ਵਾਲੀਆਂ ਅਜਿਹੀਆਂ ਕਿਸੇ ਵੀ ਅਫ਼ਵਾਹਾਂ ਉਤੇ ਯਕੀਨ ਨਾ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਤੇ ਪੁਲਸ ਵਿਭਾਗ ਪੂਰੀ ਤਰ੍ਹਾਂ ਚੌਕਸ ਹੈ ਤੇ ਸਰਕਾਰ ਦੇ ਦਿਸ਼ਾ-ਨਿਰਦੇਸ਼ ਹੇਠ ਨਾਗਰਿਕਾਂ ਦੀ ਸੁਰੱਖਿਆ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਡਰੇਨ ਜਾਂ ਚੋਅ ਵਿੱਚ ਹਾਲ ਦੀ ਘੜੀ ਪਾਣੀ ਦਾ ਪੱਧਰ ਵਧਿਆ ਨਹੀਂ ਹੈ, ਜਿਸ ਨਾਲ ਲੋਕਾਂ ਨੂੰ ਕਿਸੇ ਕਿਸਮ ਦਾ ਖਤਰਾ ਪੈਦਾ ਹੁੰਦਾ ਹੋਵੇ।ਡੀਸੀ ਡਾ. ਸੋਨਾ ਥਿੰਦ ਦੀਆਂ ਹਦਾਇਤਾਂ ਉੱਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਵਰ੍ਹਦੇ ਮੀਂਹ 'ਚ ਜੇਸੀਬੀ ਮਸ਼ੀਨ ਰਾਹੀਂ ਪਨੇਚਾਂ ਡਰੇਨ ਵਿੱਚੋ ਬੂਟੀ ਕੱਢਣ ਦੀ ਚੱਲ ਰਹੀ ਪ੍ਰਕਿਰਿਆ ਦਾ ਜਾਇਜ਼ਾ ਲਿਆ।ਉਨ੍ਹਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ ਪਾਣੀ ਦੇ ਵਹਾਅ ਵਿੱਚ ਰੁਕਾਵਟ ਪਾਉਣ ਵਾਲੀ ਬੂਟੀ ਨੂੰ ਨਾਲੋ ਨਾਲ ਕਢਵਾਇਆ ਜਾਵੇ।ਐਸ.ਡੀ.ਐਮ ਬਸੀ ਪਠਾਣਾ ਹਰਵੀਰ ਕੌਰ ਨੇ ਵੀ ਬਰਸਾਤੀ ਨਾਲਿਆਂ 'ਚ ਪਾਣੀ ਦੀ ਸਥਿਤੀ ਦਾ ਨਿਰੀਖਣ ਕੀਤਾ ਤੇ ਦੱਸਿਆ ਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਵਿੱਚ ਹੈ ਅਤੇ ਡਰੇਨ ਵਿੱਚ ਪਾਣੀ ਦਾ ਪੱਧਰ ਨੀਵਾਂ ਹੈ।

## ਹੜ੍ਹ ਪ੍ਰਭਾਵਤ ਲੋਕਾਂ ਲਈ ਰਾਹਤ ਸਮੱਗਰੀ ਲੈ ਕੇ ਪਹੁੰਚੇ ਸਾਬਕਾ ਵਿਧਾਇਕ ਆਵਲਾ



**ਜਲਾਲਾਬਾਦ (ਜੀਤ ਕੁਮਾਰ)**-ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਲੋਕਾਂ ਨੂੰ ਲੋੜੀਦਾ ਸਮਾਨ ਮੁਹੱਈਆ ਕਰਾਇਆ ਜਾ ਰਿਹਾ ਹੈ, ਜਿਸਦੇ ਤਹਿਤ ਬੀਤੇ ਦਿਨ ਹਲਕਾ ਜਲਾਲਾਬਾਦ ਤੇ ਗੁਰੂਹਰਸਹਾਏ ਦੇ ਕਈ ਪਿੰਡਾਂ ਵਿੱਚ ਹੜ੍ਹ ਪ੍ਰਭਾਵਤ ਪਿੰਡਾਂ ਦੇ ਲੋਕਾਂ ਨੂੰ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ, ਉਥੇ ਹੀ ਫਿਰ ਮੰਡੀ ਲਾਧੂਕਾ ਅਤੇ ਜਲਾਲਾਬਾਦ ਹਲਕੇ ਦੇ ਪਿੰਡ ਚੱਕ ਖੀਵਾ, ਧੁਨਕੀਆਂ ਤੇ ਢਾਣੀ ਬੱਚਨ ਸਿੰਘ ਦਾ ਦੌਰਾ ਕਰ ਲੋਕਾਂ ਦਾ ਹਾਲ ਜਾਣਿਆ ਤੇ ਲੋਕਾਂ ਦੀ ਮੰਗ ਅਨੁਸਾਰ ਸਮਾਨ ਹਰਾ ਚਾਰਾ ਤਰਪੈਲਾਂ ਰਾਸ਼ਨ ਮੁਹੱਈਆ ਕਰਾਇਆ ਗਿਆ। ਇਸ ਦੌਰਾਨ ਰਾਹਤ ਕੈਂਪਾਂ ਵਿੱਚ ਬੈਠੇ ਹੜ੍ਹ ਪ੍ਰਭਾਵਤ ਪਿੰਡਾਂ ਦੇ ਲੋਕਾਂ ਨੂੰ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਰਾਸ਼ਨ ਦਿੱਤਾ। ਦੱਸ ਦੇਈਏ ਕਿ ਹੜ੍ਹ ਦੀ ਮਾਰ ਵਿੱਚ ਜੂਝ ਰਹੇ ਲੋਕ, ਜਿਨ੍ਹਾਂ ਦੇ ਘਰਾਂ ਅੰਦਰ ਪਾਣੀ ਆ ਗਿਆ ਹੈ, ਉਨ੍ਹਾਂ ਲੋਕਾਂ ਨੂੰ ਸਰਕਾਰ ਵੱਲੋਂ ਪਿੰਡਾਂ ਤੋ ਦੂਰ ਕੈਂਪਾਂ ਵਿੱਚ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕੈਂਪਾਂ ਵਿੱਚ ਬੈਠੇ ਲੋਕਾਂ ਦੀ ਸਾਰ ਲੈਣ ਲਈ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਲੋੜੀਂਦਾ ਸਮਾਨ ਤੇ ਰਾਸ਼ਨ ਵੰਡਿਆ ਗਿਆ। ਹਰੇ ਚਾਰੇ ਦੀਆਂ ਟਰਾਲੀਆ ਵੀ ਪਿੰਡਾਂ ਵਿੱਚ ਦਿੱਤੀਆਂ ਗਈਆਂ। ਕੈਂਪਾਂ ਵਿੱਚ ਬੈਠੇ ਲੋਕਾਂ ਵਲੋ ਰਮਿੰਦਰ ਆਵਲਾ ਦਾ ਕੀਤਾ ਗਿਆ ਧੰਨਵਾਦ ਕੀਤਾ।

## ਡੀ.ਸੀ. ਤੇ ਐਸ.ਐਸ.ਪੀ. ਨੇ ਕਾਵਾਂਵਾਲੀ ਬੰਨ੍ਹ ਦਾ ਦੌਰਾ ਕੀਤਾ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਤੇ ਐਸਐਸਪੀ ਗੁਰਮੀਤ ਸਿੰਘ ਨੇ ਕਾਂਵਾਂ ਵਾਲੀ ਬੰਨ੍ਹ ਦਾ ਦੌਰਾ ਕਰਕੇ ਬੰਨ੍ਹ ਦੀ ਸੁਰੱਖਿਆ ਦਾ ਜਾਇਜ਼ਾ ਲਿਆ।ਡੀ.ਸੀ. ਨੇ ਦੱਸਿਆ ਕਿ ਸਤਲੁਜ ਕ੍ਰੀਕ ਦੇ ਪ੍ਰੋਟੈਕਸ਼ਨ ਬੰਨ੍ਹ 'ਤੇ ਪਾਣੀ ਦਾ ਬਹੁਤ ਦਬਾਓ ਹੈ ਤੇ ਇਸ ਬੰਨ ਨੂੰ ਲਗਾਤਾਰ ਮਜਬੂਤ ਕਰਦੇ ਰਹਿਣ ਲਈ ਵਿਭਾਗ ਨੂੰ ਇੱਥੇ ਨਾਲੋਂ ਨਾਲ ਨਵੀਂ ਮਿੱਟੀ ਪੁਚਾਉਣੀ ਪੈ ਰਹੀ ਹੈ।ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਬਿਨਾਂ ਕਿਸੇ ਕੰਮ ਤੋਂ ਸਤਲੁਜ ਦੀ ਕ੍ਰੀਕ ਦੇ ਕਾਵਾਂ ਵਾਲੀ ਅਤੇ ਦੂਜੇ ਬੰਨ੍ਹਾਂ 'ਤੇ ਪਹੁੰਚ ਰਹੇ ਹਨ।ਅਜਿਹੇ ਲੋਕਾਂ ਦੇ ਉੱਥੇ ਇਕੱਠੇ ਹੋਣ ਤੇ ਇਨ੍ਹਾਂ ਦੇ ਵਾਹਨ ਸੜਕ 'ਤੇ ਖੜੇ ਹੋਣ ਕਾਰਨ ਸਤਲੁਜ ਬੰਨ ਤੱਕ ਹੋਰ ਮਿੱਟੀ ਭੇਜਣ ਵਿੱਚ ਦਿੱਕਤ ਆ ਰਹੀ ਹੈ। ਇਸ ਲਈ ਸਾਰੇ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਕੋਈ ਵੀ ਵਿਅਕਤੀ ਸਿਰਫ਼ ਬੰਨ੍ਹ ਵੇਖਣ ਜਾਂ ਪਾਣੀ ਵੇਖਣ ਲਈ ਸਤਲੁਜ ਦੀ ਕ੍ਰੀਕ 'ਤੇ ਨਾ ਜਾਵੇ ਕਿਉਂਕਿ ਅਜਿਹੇ ਲੋਕਾਂ ਦੇ ਵਾਹਨਾਂ ਨਾਲ ਟ੍ਰੈਫ਼ਿਕ ਜਾਮ ਹੋ ਜਾਂਦਾ ਹੈ ਅਤੇ ਬੰਨ੍ਹ 'ਤੇ ਮਿੱਟੀ ਭੇਜਣ ਵਿੱਚ ਦਿੱਕਤ ਆਉਂਦੀ ਹੈ।ਇਸੇ ਤਰ੍ਹਾਂ ਬੰਨ੍ਹ 'ਤੇ ਭੀੜ ਇਕੱਠੀ ਹੋਣ ਨਾਲ ਬੰਨ੍ਹ 'ਤੇ ਹੋਰ ਦਬਾਓ ਵਧਦਾ ਹੈ ਤੇ ਇਸ ਨਾਲ ਇੱਥੇ ਪਹੁੰਚਣ ਵਾਲਿਆਂ ਲਈ ਵੀ ਖਤਰਾ ਹੋ ਸਕਦਾ ਹੈ।ਇਸ ਤੋਂ ਬਿਨਾਂ ਰਾਹਤ ਸਮੱਗਰੀ ਲੈ ਕੇ ਜਾਣ ਵਾਲਿਆਂ ਨੂੰ ਵੀ ਬੇਨਤੀ ਹੈ ਕਿ ਉਹ ਵੱਡੇ ਵਾਹਨ ਲੈ ਕੇ ਨਾ ਜਾਣ, ਕਿਉਂਕਿ ਇਸ ਨਾਲ ਟ੍ਰੈਫ਼ਿਕ 'ਚ ਰੁਕਾਵਟ ਆਉਂਦੀ ਹੈ ਅਤੇ ਬੰਨ੍ਹ ਤੱਕ ਮਿੱਟੀ ਪੁਚਾਉਣ ਵਿੱਚ ਦੇਰੀ ਹੁੰਦੀ ਹੈ।ਰਾਹਤ ਕਾਰਜਾਂ ਵਿੱਚ ਲੱਗੀਆਂ ਕਿਸ਼ਤੀਆਂ ਨੂੰ ਵੀ ਆਪਣੀ ਰਫ਼ਤਾਰ ਹੌਲੀ ਕਰਨ ਲਈ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਕਹਿ ਦਿੱਤਾ ਗਿਆ ਹੈ ਤਾਂ ਕਿ ਇਨ੍ਹਾਂ ਦੀਆਂ ਛੱਲਾਂ ਨਾਲ ਬੰਨ੍ਹ ਨੂੰ ਨੁਕਸਾਨ ਨਾ ਪਹੁੰਚੇ।ਇਸ ਤੋਂ ਪਹਿਲਾਂ ਉਨ੍ਹਾਂ ਨੇ ਮੌਸਮ ਦੇ ਰਾਹਤ ਕੈਂਪ ਦਾ ਵੀ ਦੌਰਾ ਕੀਤਾ ਤੇ ਰਾਹਤ ਕਾਰਜ਼ਾ ਦੀ ਸਮੀਖਿਆ ਕੀਤੀ।ਇਸ ਤੋਂ ਪਹਿਲਾਂ ਬੀਤੀ ਰਾਤ ਡਿਪਟੀ ਕਮਿਸ਼ਨਰ ਨੇ ਪਿੰਡ ਰਾਣਾ ਤੇ ਬਹਿਕ ਬੋਦਲਾ ਦੇ ਰਾਹਤ ਕੈਂਪਾਂ ਦਾ ਦੌਰਾ ਕੀਤਾ।

## ਦੁਕਾਨਦਾਰਾਂ ਵੱਲੋਂ ਵੱਧ ਪੈਸੇ ਵਸੂਲਣ 'ਤੇ ਐੱਸ ਡੀ ਐੱਮ ਵੱਲੋਂ ਨੋਟਿਸ ਜਾਰੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਕੁਦਰਤ ਦੀ ਕਰੋਪੀ ਵਿੱਚ ਹੜ੍ਹਾਂ ਦੀ ਮਾਰ ਕਾਰਨ ਗ਼ਰੀਬ ਮਜ਼ਦੂਰ, ਕਿਸਾਨਾਂ 'ਤੇ ਦੋਹਰੀ ਮਾਰ ਪੈ ਰਹੀ ਹੈ। ਆਮ ਆਦਮੀ ਜਦੋਂ ਬਾਜ਼ਾਰ 'ਚ ਕੋਈ ਜ਼ਰੂਰੀ ਸਮਾਨ ਖਰੀਦਣ ਜਾਂਦਾ ਹੈ ਤਾਂ ਕੁੱਝ ਦੁਕਾਨਦਾਰ ਇਸ ਸਮੇਂ ਦਾ ਨਜਾਇਜ਼ ਫ਼ਾਇਦਾ ਉਠਾ ਕੇ ਜਿਵੇਂ ਮੋਮੀ ਕਾਗਜ਼, ਤਿਰਪਾਲਾਂ ਤੇ ਹੋਰ ਜ਼ਰੂਰੀ ਸਮਾਨ ਲੋਕਾਂ ਨੂੰ ਵੱਧ ਰੇਟ 'ਤੇ ਵੇਚਦੇ ਹਨ। ਇਹ ਗੱਲ ਜਦੋਂ ਐਸਡੀਐਮ ਸ੍ਰੀ ਪ੍ਰਮੋਦ ਸਿੰਗਲਾ ਦੇ ਧਿਆਨ 'ਚ ਲਿਆਂਦੀ ਗਈ ਤਾਂ ਉਨ੍ਹਾਂ ਨੇ ਵੱਧ ਰੇਟ ਤੇ ਤਰਪਾਲਾਂ ਤੇ ਲੋੜੀਦਾ ਸਮਾਨ ਵੇਚ ਰਹੇ ਦੁਕਾਨਦਾਰਾਂ ਦੇ ਵਿਰੁੱਧ ਸਖਤ ਨੋਟਿਸ ਲੈਂਦੇ ਹੋਏ ਨੋਟਿਸ ਦਿੱਤਾ ਕਿ ਜੋ ਵੀ ਦੁਕਾਨਦਾਰ ਨਜਾਇਜ਼ ਮੁਨਾਫਾਖ਼ੋਰੀ ਲੈ ਕੇ ਸਮਾਨ ਵੇਚੇਗਾ। ਉਸ ਵਿਰੁੱਧ ਬਣਦੀ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਇਸ ਸਬੰਧੀ ਇੱਕ ਨੋਟਿਸ ਵੀ ਜਾਰੀ ਕੀਤਾ।

## ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਘੱਗਰ ਨੇੜਲੇ ਪਿੰਡਾਂ ਦਾ ਦੌਰਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਘੱਗਰ ਦਰਿਆ ਵਿੱਚ ਲਗਾਤਾਰ ਵਧ ਰਿਹਾ ਪਾਣੀ ਦੇ ਮੱਦੇਨਜ਼ਰ ਸਥਿਤੀ ਉੱਤੇ ਨਜ਼ਰ ਰੱਖਣ ਦੇ ਮਕਸਦ ਨਾਲ ਘੱਗਰ ਦਰਿਆ ਤੋਂ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ।ਇਸ ਦੌਰਾਨ ਉਹਨਾਂ ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਦਰਜਨ ਦੇ ਕਰੀਬ ਪਿੰਡਾਂ ਬਾਦਸ਼ਾਹਪੁਰ, ਰਸੌਲੀ, ਰਾਮਪੁਰ ਪੜਤਾ, ਹਰਚੰਦਪੁਰਾ, ਅਰਨੇਟੂ, ਤੇਈਪੁਰ, ਸਾਗਰਾ, ਸ਼ੁਤਰਾਣਾ, ਨਾਈਵਾਲ, ਗੁਲਹਾੜ, ਜੋਗੇਵਾਲ ਤੇ ਮਤੌਲੀ ਵਿਖੇ ਨਾਜ਼ੁਕ ਥਾਵਾਂ ਦਾ ਦੌਰਾ ਕੀਤਾ ਅਤੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਐਸ ਡੀ ਐਮ ਪਾਤੜਾਂ ਅਸ਼ੋਕ ਕੁਮਾਰ ਤੇ ਡਰੇਨੇਜ ਵਿਭਾਗ ਦੇ ਐਕਸੀਅਨ ਪ੍ਰਥਮ ਗੰਭੀਰ ਸਮੇਤ ਬੀਡੀਪੀਓ ਪਾਤੜਾਂ ਬਘੇਲ ਸਿੰਘ ਹਾਜ਼ਰ ਸਨ।ਹਲਕਾ ਵਿਧਾਇਕ ਨੇ ਜਲ ਨਿਕਾਸ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਦੀਆਂ ਹਦਾਇਤਾਂ ਜਾਰੀ ਕੀਤੀਆਂ।ਉਨ੍ਹਾਂ ਕਿਹਾ ਕਿ ਘੱਗਰ ਦੇ ਕਮਜ਼ੋਰ ਕਿਨਾਰਿਆਂ ਵਾਲੇ ਥਾਵਾਂ ਨੂੰ ਮਿੱਟੀ ਨਾਲ ਭਰੇ ਥੈਲਿਆਂ ਨਾਲ ਮਜ਼ਬੂਤ ਕੀਤਾ ਗਿਆ ਹੈ ਤਾਂ ਜੋ ਪਾਣੀ ਉਛਲਣ ਤੋਂ ਬਚਾਇਆ ਜਾਵੇ।ਇਸ ਤੋਂ ਇਲਾਵਾ ਮਿੱਟੀ ਦੇ ਭਰੇ ਥੈਲੇ, ਮਸ਼ੀਨਰੀ ਅਤੇ ਲੋੜੀਂਦਾ ਸਟਾਫ਼ ਵੀ ਇਥੇ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਿਆ ਜਾ ਸਕੇ।ਉਨ੍ਹਾਂ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਯਤਨਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ।ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਕਿ ਮੁੱਖ ਮੰਤਰੀ ਮਾਨ ਪੂਰੀ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ ਜਦੋਂਕਿ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੀ ਹਰੇਕ ਤਰ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਪੂਰੀ ਤਰ੍ਹਾਂ ਤਿਆਰ ਹੈ ਪਰੰਤੂ ਹਾਲ ਦੀ ਘੜੀ ਅਜਿਹੀ ਕੋਈ ਸਥਿਤੀ ਨਹੀਂ ਹੈ ਤੇ ਸਾਰੇ ਪ੍ਰਬੰਧ ਇਹਿਤਿਆਤਨ ਕੀਤੇ ਜਾ ਰਹੇ ਹਨ। ਇਸ ਸਮੇਂ ਪਾਣੀ ਕੰਟਰੋਲ ਹੇਠ ਹੈ ਤੇ ਆਸ ਹੈ ਕਿ ਪਾਣੀ ਦਾ ਪੱਧਰ ਆਉਣ ਵਾਲੇ ਸਮੇਂ ਵਿੱਚ ਘੱਟ ਹੋਵੇਗਾ। ਉਨ੍ਹਾਂ ਲੋਕਾਂ ਨੂੰ ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ।ਇਸ ਮੌਕੇ ਉਹਨਾਂ ਨਾਲ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ, ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਡਰੋਲੀ, ਸਾਬਕਾ ਸਰਪੰਚ ਬਲਜੀਤ ਸਿੰਘ ਸਹੋਤਾ, ਹਰਦੀਪ ਸਿੰਘ ਠਰੂਆ ਆਦਿ ਹਾਜ਼ਰ ਸਨ।

## ਠੇਕੇਦਾਰ ਗੁੰਮਟੀ ਵੱਲੋਂ ਲੋੜਵੰਦਾਂ ਦੇ ਘਰਾਂ ਦੀਆਂ ਛੱਤਾਂ ਉੱਪਰ ਮੁਫ਼ਤ ਤਰਪਾਲਾਂ ਪਾਉਣ ਦੀ ਸੇਵਾ ਸ਼ੁਰੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਠੇਕੇਦਾਰ ਕੁਲਦੀਪ ਸਿੰਘ ਗੁੰਮਟੀ ਵੱਲੋਂ ਮਜ਼ਦੂਰ ਭਾਈਚਾਰੇ ਦੇ ਸਹਿਯੋਗ ਨਾਲ, ਸਾਥੀ ਠੇਕੇਦਾਰ ਮਿੱਤਲ ਦੇ ਉੱਦਮ ਸਦਕਾ ਮਨੁੱਖਤਾ ਦੀ ਭਲਾਈ ਲਈ ਮਹਿੰਮ ਸ਼ੁਰੂ ਕੀਤੀ ਗਈ ਹੈ।ਇਸ ਮੁਹਿੰਮ ਤਹਿਤ ਵੱਖ-ਵੱਖ ਪਿੰਡਾਂ 'ਚ ਪਿਛਲੇ ਦਿਨਾਂ ਤੋਂ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਪ੍ਰਭਾਵਿਤ ਘਰਾਂ ਦੀਆਂ ਛੱਤਾਂ ਉੱਪਰ ਮੀਂਹ ਦੇ ਪਾਣੀ ਦੇ ਚੋਏ ਤੋਂ ਬਚਾਉਣ ਲਈ ਮੁਫ਼ਤ ਤਰਪਾਲਾਂ ਪਾਉਣ ਦੀ ਸੇਵਾ ਕੀਤੀ ਜਾ ਰਹੀ ਹੈ।ਅੱਜ ਇਸ ਮੁਹਿੰਮ ਅਧੀਨ ਟੀਮ ਵੱਲੋਂ ਦੋ ਦਰਜਨ ਦੇ ਕਰੀਬ ਪਿੰਡਾਂ ਅੰਦਰ ਲੋੜਵੰਦ ਪਰਵਾਰਾਂ ਦੇ ਘਰਾਂ ਦੀਆਂ ਛੱਤਾਂ ਉੱਪਰ ਮੁਫ਼ਤ ਕਾਗਜ਼ ਪਾ ਕੇ ਸਹਾਇਤਾ ਕੀਤੀ ਗਈ ਹੈ। ਠੇਕੇਦਾਰ ਕੁਲਦੀਪ ਸਿੰਘ ਗੁੰਮਟੀ, ਬਿੰਦਰ ਸਿੰਘ ਉਗੋਕੇ ਅਤੇ ਰਿੰਕੂ ਸਿੰਘ ਗੁੰਮਟੀ ਨੇ ਦੱਸਿਆ ਕਿ ਲਗਾਤਾਰ ਹੋ ਰਹੀ ਬਰਸਾਤ ਕਾਰਨ ਘਰਾਂ ਦੀਆਂ ਛੱਤਾਂ ਚੋਅ ਰਹੀਆਂ ਹਨ। ਇਸ ਬਿਪਤਾ ਦੀ ਘੜੀ ਵਿੱਚ ਲੋੜਵੰਦ ਪਰਵਾਰਾਂ ਦੀ ਮਦਦ ਲਈ ਮਜ਼ਦੂਰਾਂ ਦੇ ਸਹਿਯੋਗ ਨਾਲ ਘਰ ਘਰ ਜਾ ਕੇ ਮੁਫ਼ਤ ਕਾਗਜ਼ ਪਾਏ ਜਾ ਰਹੇ ਹਨ।ਮਨੁੱਖਤਾ ਦੀ ਭਲਾਈ ਲਈ ਹਰ ਇਕ ਇਨਸਾਨ ਦਾ ਫਰਜ਼ ਹੈ।ਕਿ ਉਹ ਕੁਦਰਤੀ ਆਫ਼ਤਾਂ ਦੌਰਾਨ ਲੋਕਾਂ ਦੀ ਮਦਦ ਲਈ ਅੱਗੇ ਆਵੇ।

## ਬਾਬਾ ਮੋਨੀ ਜੀ ਕਾਲਜ ਦਾ ਬੀ ਏ ਭਾਗ ਤੀਜਾ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ. ਏ ਭਾਗ ਤੀਜਾ (ਸਮੈਸਟਰ ਛੇਵਾਂ) ਦੇ ਨਤੀਜੇ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ 'ਚੋਂ ਵਿਦਿਆਰਥਣ ਕੁਮਕੁਮ ਨੇ ਪਹਿਲਾ , ਜਸਪ੍ਰੀਤ ਕੌਰ ਨੇ ਦੂਜਾ ਤੇ ਸੁਮਨਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਨਤੀਜਾ ਲਗਭਗ ਸੌ ਫੀਸਦੀ ਰਿਹਾ। ਜਿਸ ਵਿੱਚ ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਅਤੇ ਐਡਮਿਨਸਟ੍ਰੇਟਰ ਕੁਲਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

## ਵਰਿੰਦਰ ਜੇਤਾਵਨੀ ਨਾਲ ਰੂ-ਬ-ਰੂ ਤੇ ਸਨਮਾਨ ਸਮਾਗਮ ਕਰਾਇਆ



**ਜਲਾਲਾਬਾਦ (ਜੀਤ ਕੁਮਾਰ)** ਸਾਹਿਤ ਸਭਾ (ਰਜਿ.) ਵੱਲੋਂ ਜਨਤਾ ਭਵਨ ਵਿਖੇ ਸਾਹਿਤਕ ਪ੍ਰੋਗਰਾਮ ਕਰਾਇਆ ਗਿਆ। ਸਾਹਿਤ ਸਭਾ ਦੇ ਪ੍ਰਧਾਨ ਗੋਪਾਲ ਬਜਾਜ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਆਖਿਆ ਅਤੇ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਹੜ੍ਹਾਂ ਕਾਰਨ ਪ੍ਰਭਾਵਤ ਲੋਕਾਂ ਦੀ ਮਦਦ ਕਰ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਹਿਤਕਾਰਾਂ ਨੂੰ ਵੀ ਹਾੜ੍ਹ ਨਾਲ ਪ੍ਰਭਾਵਤ ਲੋਕਾਂ ਦੀ ਮਦਦ ਕਰਨ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ।

ਸਟੇਜ ਦੀ ਭੂਮਿਕਾ ਐਡਵੋਕੇਟ ਮੈਡਮ ਪ੍ਰੀਤੀ ਬਾਬੂਟਾ ਨੇ ਬਾਖੂਬੀ ਨਿਭਾਉਂਦਿਆਂ ਕਿਹਾ ਕਿ ਤਣਾਅ ਭਰੀ ਜ਼ਿੰਦਗੀ ਵਿੱਚ ਲੋਕ ਹੱਸਣਾ ਭੁੱਲ ਚੁੱਕੇ ਹਨ, ਪਰ ਵਰਿੰਦਰ ਜੇਤਾਵਨੀ ਇੱਕ ਅਜਿਹੇ ਕਵੀ ਹਨ, ਜਿਨ੍ਹਾਂ ਨੂੰ ਸੁਣ ਕੇ ਹਰ ਇਕ ਇਨਸਾਨ ਦੀ ਤਨਾਵ ਭਰੀ ਜ਼ਿੰਦਗੀ 'ਚ ਖੁਸ਼ੀ ਦੀ ਲਹਿਰ ਦੌੜ ਉੱਠਦੀ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਲੁਧਿਆਣੇ ਤੋਂ ਪਹੁੰਚੇ ਹਾਸਰਸ ਕਵੀ ਵਰਿੰਦਰ ਜੇਤਾਵਨੀ ਵੱਲੋਂ ਪੇਸ਼ ਕੀਤੀ ਗਈ ਕਵਿਤਾ ਜੀਜੇ ਤੋਂ ਫੁੱਫੜ, ਸਾਈਕਲ, ਵੇਲੜ ਆਦਿ ਨੇ ਦਰਸ਼ਕਾਂ ਨੂੰ ਖੂਬ ਹਸਾਇਆ। ਸਾਹਿਤ ਸਭਾ ਦੇ ਕੈਸ਼ੀਅਰ ਜਸਕਰਨਜੀਤ ਸਿੰਘ ਨੇ ਰੂਬਰੂ ਪ੍ਰੋਗਰਾਮ ਵਿੱਚ ਪਹੁੰਚੇ ਵਿਸ਼ੇਸ਼ ਮਹਿਮਾਨ ਐਡਵੋਕੇਟ ਰਜੀਵ ਬਜਾਜ, ਮਨਜੀਤ ਸਿੰਘ ਦਰਗਨ ਪ੍ਰਧਾਨ ਆੜਤੀਆ ਯੂਨੀਅਨ, ਸੋਨੂ ਛਾਬੜਾ ਪ੍ਰਧਾਨ ਛਾਬੜਾ ਵੈਲਫੇਅਰ ਸੁਸਾਇਟੀ, ਦੇਵਰਾਜ ਸ਼ਰਮਾ ਚੇਅਰਮੈਨ ਮਾਰਕਟ ਕਮੇਟੀ, ਸ਼ਹਿਜ਼ਾਦ ਦੀਵਾਨ, ਸਚਿਨ ਮਿੱਢਾ ਵਾਈਸ ਪ੍ਰਧਾਨ ਆੜ੍ਹਤੀਆ ਯੂਨੀਅਨ ਪੰਜਾਬ ਆਦਿ ਦਾ ਧੰਨਵਾਦ ਕਰਦਿਆਂ ਆਖਿਆ ਕਿ ਇਨ੍ਹਾਂ ਮਹਿਮਾਨਾਂ ਵੱਲੋਂ ਸਾਹਿਤ ਸਭਾ ਜਲਾਲਾਬਾਦ ਲਈ ਹਮੇਸ਼ਾ ਹੀ ਵਿਸ਼ੇਸ਼ ਯੋਗਦਾਨ ਪਾਇਆ ਜਾਂਦਾ ਹੈ, ਜਿਸ ਕਾਰਨ ਸਾਹਿਤ ਸਭਾ ਜਲਾਲਾਬਾਦ ਪੰਜਾਬ ਪੱਧਰ ਦੇ ਕਵੀਆਂ ਨੂੰ ਬੁਲਾ ਕੇ ਰੂ-ਬ-ਰੂ ਪ੍ਰੋਗਰਾਮ ਕਰਾਉਂਦੀ ਰਹਿੰਦੀ ਹੈ। ਪ੍ਰੋਗਰਾਮ ਦੇ ਵਿਸ਼ੇਸ਼ ਸਲਾਹਕਾਰ ਪ੍ਰਵੇਸ਼ ਖੰਨਾ ਨੇ ਸਾਹਿਤ ਸਭਾ ਵੱਲੋਂ ਸਾਲ ਭਰ ਵਿੱਚ ਕੀਤੀਆਂ ਗਈਆਂ ਪ੍ਰਾਪਤੀਆਂ ਬਾਰੇ ਦੱਸਿਆ ਕਿ ਸਹਿਤ ਸਭਾ ਜਲਾਲਾਬਾਦ ਵੱਲੋਂ ਜ਼ਿਲ੍ਹੇ ਭਰ ਵਿੱਚ ਸਭ ਤੋਂ ਵੱਧ ਸਮਾਗਮ ਕਰਾਏ ਜਾਂਦੇ ਹਨ।

## ਅੰਗਰੇਜ਼ੀ ਵਿਭਾਗ ਵੱਲੋਂ ਆਯੋਜਤ ਮਹਾਨ ਸਪੈਲਿੰਗ ਚੈਲੇਂਜ



**ਰਾਜਪੁਰਾ (ਰਮੇਸ਼ ਕਟਾਰੀਆ)** ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਦੇ ਅੰਗਰੇਜ਼ੀ ਵਿਭਾਗ ਨੇ ਵਿਦਿਆਰਥੀਆਂ ਦੀ ਸਪੈਲਿੰਗ ਸ਼ੁੱਧਤਾ ਨੂੰ ਵਧਾਉਣ ਤੇ ਸਹੀ ਸ਼ਬਦਾਂ ਦੀ ਵਰਤੋਂ 'ਚ ਵਿਸ਼ਵਾਸ ਪੈਦਾ ਕਰਨ ਲਈ ਸਪੈਲਾਥੌਨ-ਦਿ ਮਹਾਨ ਸਪੈਲਿੰਗ ਚੈਲੇਂਜ ਦਾ ਆਯੋਜਨ ਕੀਤਾ।ਇਹ ਪ੍ਰੋਗਰਾਮ ਵਿਭਾਗ ਮੁਖੀ ਪ੍ਰੋ. ਚੀਨਾ ਚਾਵਲਾ ਦੀ ਅਗਵਾਈ ਹੇਠ ਆਯੋਜਤ ਕੀਤਾ ਗਿਆ ਸੀ ਤੇ ਨਿਰਣਾ ਡਾ. ਗੀਤੂ ਗੁਡਵਾਨੀ ਦੁਆਰਾ ਕੀਤਾ ਗਿਆ ਸੀ।ਪ੍ਰੋ. ਨੰਦਿਤਾ ਨੇ ਸਟੇਜ ਨੂੰ ਸ਼ਾਨਦਾਰ ਢੰਗ ਨਾਲ ਸੰਭਾਲਿਆ।ਵਿਦਿਆਰਥੀਆਂ ਨੂੰ ਸ਼ਬਦਾਂ ਦੇ ਦਿੱਤੇ ਗਏ ਸੈੱਟ ਨੂੰ ਸਪੈਲ ਕਰਨ ਲਈ ਕਿਹਾ ਗਿਆ ਸੀ ਤੇ ਉਨ੍ਹਾਂ ਨੇ ਇਸ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਪ੍ਰਿੰਸੀਪਲ ਡਾ. ਸੀ.ਪੀ. ਗਾਂਧੀ, ਡਾ. ਸ਼ੇਰ ਸਿੰਘ, ਡਾ. ਤਰਨਜੀਤ ਸਿੰਘ ਤੇ ਪ੍ਰੋ. ਭਾਵਨਾ ਨੇ ਜੇਤੂਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਬੀਕਾਮ 1 ਦੀ ਨੰਦਿਤਾ ਤੇ ਬੀਏ-3 ਦੀ ਮੀਨਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਬੀਏ-3 ਦੀ ਅਕਾਂਕਸ਼ਾ ਅਤੇ ਬੀਕਾਮ-1 ਦੀ ਹਰਮਨਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਤੀਜਾ ਇਨਾਮ ਬੀਕਾਮ 1 ਦੀ ਸਿਮਰਨਜੀਤ ਕੌਰ ਤੇ ਬੀਏ-1 ਦੀ ਖੁਸ਼ਪ੍ਰੀਤ ਕੌਰ ਨੂੰ ਦਿੱਤਾ ਗਿਆ।ਆਪਣੇ ਭਾਸ਼ਣ ਵਿੱਚ, ਡਾ. ਸੀ.ਪੀ.ਗਾਂਧੀ ਨੇ ਵਿਭਾਗ ਨੂੰ ਇਸ ਸਮਾਗਮ ਦੀ ਸਫ਼ਲਤਾ ਲਈ ਵਧਾਈ ਦਿੱਤੀ ਤੇ ਭਵਿੱਖ 'ਚ ਵਿਦਿਆਰਥੀਆਂ ਲਈ ਅਜਿਹੀਆਂ ਹੋਰ ਗਤੀਵਿਧੀਆਂ ਦਾ ਆਯੋਜਨ ਕਰਨ ਲਈ ਪ੍ਰੇਰਿਤ ਕੀਤਾ।

2- Sept - Page - 7.qxd 9/1/2025 10:39 PM Page 1



# ਸਤਲੁਜ ਦਰਿਆ ਦੀ ਬੁਰਜੀ ਨੰਬਰ 96 ਕੋਲੋਂ ਢਾਹ ਲੱਗਣੀ ਸ਼ੁਰੂ



ਮੌਕੇ 'ਤੇ ਪੁੱਜੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਤੇ ਹੋਰ।

ਸ਼ਾਹਕੋਟ (ਗਿਆਨ ਸੈਦਪੁਰੀ)

ਰੁਕ-ਰੁਕ ਕੇ ਪੈ ਰਹੀ ਭਾਰੀ ਬਾਰਿਸ਼ ਕਾਰਨ ਦਰਿਆ ਸਤਲੁਜ ਦੇ ਪਾਣੀ ਦੇ ਵਗਣ ਦੀ ਗਤੀ ਤੇਜ਼ ਹੋ ਗਈ ਹੈ ਤੇ ਪਿੰਡ ਥੰਮੂਵਾਲ ਦੇ ਸਾਹਮਣੇ ਬੁਰਜੀ ਨੰਬਰ 96 ਕੋਲ ਪੈਂਦੀ ਨੋਚ ਨੂੰ ਖੋਰਾ ਲੱਗਣਾ ਸ਼ੁਰੂ ਹੋ ਗਿਆ ਹੈ। ਪਿੰਡ ਦੇ ਲੋਕ ਸੁਰੱਖਿਅਤ ਥਾਵਾਂ 'ਤੇ ਜਾਣ ਲੱਗ ਪਏ ਹਨ। ਨਾਜ਼ੁਕ ਹੁੰਦੀ ਜਾ ਰਹੀ ਸਥਿਤੀ ਦਾ ਜਾਇਜ਼ਾ ਲੈਣ ਲਈ ਜਿੱਥੇ ਐੱਸ ਡੀ ਐੱਮ ਅਤੇ ਡਰੇਨਜ਼ ਵਿਭਾਗ ਦੇ ਅਧਿਕਾਰੀ ਧੁੱਸੀ ਬੰਨ੍ਹ ਦਾ ਦੌਰਾ ਕਰ ਰਹੇ ਹਨ, ਉੱਥੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂ ਵੀ ਧੁੱਸੀ ਬੰਨ੍ਹ 'ਤੇ ਪਹੁੰਚੇ। ਇਸੇ ਸਿਲਸਿਲੇ ਤਹਿਤ ਸੋਮਵਾਰ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਬੁਰਜੀ ਨੰਬਰ 96 ਕੋਲ ਪਾਣੀ ਦੀ ਵਧ ਰਹੀ ਮਾਰ ਨੂੰ ਰੋਕਣ ਲਈ ਤਹਿਸੀਲਦਾਰ ਸ਼ਾਹਕੋਟ ਜਸਪਾਲ ਸਿੰਘ ਬਾਜਵਾ, ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਅਤੇ ਹੜ੍ਹ ਪ੍ਰਭਾਵਤ ਲੋਕਾਂ ਨਾਲ ਵਿਸਥਾਰ ਨਾਲ ਚਰਚਾ ਕੀਤੀ। ਵਿਗੜ ਰਹੀ ਸਥਿਤੀ ਤੋਂ ਜਾਣੂ ਕਰਵਾਉਣ ਲਈ ਸ਼ੇਰੋਵਾਲੀਆ ਨੇ ਡਿਪਟੀ ਕਮਿਸ਼ਨਰ ਜਲੰਧਰ ਅਤੇ ਡਰੇਨਜ਼ ਵਿਭਾਗ ਦੇ ਐਕਸੀਅਨ ਸਰਤਾਜ ਸਿੰਘ ਰੰਧਾਵਾ ਨਾਲ ਫੋਨ 'ਤੇ ਗੱਲਬਾਤ ਕੀਤੀ। ਸ਼ੇਰੋਵਾਲੀਆ ਨੇ ਅਧਿਕਾਰੀਆਂ ਨੂੰ ਸੁਝਾਅ ਦਿੱਤਾ ਕਿ ਦੋਨਾ ਖੇਤਰ ਦੀ ਤਲਵੀ ਜ਼ਮੀਨ ਤੋਂ ਮਿੱਟੀ ਲਿਆ ਕੇ ਦਰਿਆ ਦੇ ਨਾਜ਼ੁਕ ਥਾਵਾਂ 'ਤੇ ਸੁੱਟੀ ਜਾਵੇ। ਇਸ ਸੁਝਾਅ ਨੂੰ ਮੰਨਦਿਆਂ ਉੱਚ ਅਧਿਕਾਰੀਆਂ ਨੇ ਇਸ ਨੂੰ ਅਮਲ ਵਿੱਚ ਲਿਆਉਣ ਦਾ ਭਰੋਸਾ ਦਿੱਤਾ। ਇਸੇ ਦੌਰਾਨ ਪ੍ਰਭਾਵਤ ਲੋਕਾਂ ਨੇ ਦੱਸਿਆ ਕਿ ਪੱਕੇ ਮਕਾਨ ਢਹਿ ਰਹੇ ਹਨ। ਬਹੁਤੇ ਮਕਾਨਾਂ ਦੀਆਂ ਛੱਤਾਂ ਚੋਅ ਰਹੀਆਂ ਹਨ। ਪਸ਼ੂਆਂ ਦਾ ਚਾਰਾ ਪਾਣੀ ਵਿੱਚ ਡੁੱਬ ਗਿਆ ਹੈ। ਮੁਸ਼ਕਲਾਂ ਸੁਣਨ ਉਪਰੰਤ ਵਿਧਾਇਕ ਨੇ ਤਰਪਾਲਾਂ ਅਤੇ ਪਸ਼ੂਆਂ ਦੇ ਚਾਰੇ ਦਾ ਫੌਰਨ ਪ੍ਰਬੰਧ ਕਰਨ ਲਈ ਪ੍ਰਸ਼ਾਸਨ ਨੂੰ ਹਦਾਇਤਾਂ ਕੀਤੀਆਂ। ਸ਼ੇਰੋਵਾਲੀਆ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਉਹ ਲੋਕਾਂ ਦੇ ਅੰਗਸੰਗ ਰਹਿਣਗੇ ਤੇ ਹਰ ਮੁਸ਼ਕਲ ਦੇ ਹੱਲ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਉਪਰੰਤ ਸ਼ੇਰੋਵਾਲੀਆ ਨੇ ਬੂੜੇਵਾਲ ਅਤੇ ਹਾਥੀਆਣਾ ਦੇ ਬੰਨ੍ਹ 'ਤੇ ਪਹੁੰਚ ਕੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਦੀਆਂ ਮੁਸ਼ਕਲਾਂ ਸੁਣੀਆਂ। ਹੋਰਨਾਂ ਤੋਂ ਇਲਾਵਾ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਅਤੇ ਬਲਾਕ ਸ਼ਾਹਕੋਟ ਕਾਂਗਰਸ ਦੇ ਪ੍ਰਧਾਨ ਸੁਰਿੰਦਰਜੀਤ ਸਿੰਘ ਚੱਠਾ, ਸੁਖਦੀਪ ਸਿੰਘ ਕੰਗ ਪੀ ਏ, ਸਾਬਕਾ ਸਰਪੰਚ ਥੰਮੂਵਾਲ ਚਰਨਜੀਤ ਥੰਮੂਵਾਲ, ਜਗਤਾਰ ਸਿੰਘ ਸਾਬਕਾ ਸਰਪੰਚ ਬਾਜਵਾ ਕਲਾਂ, ਜਸਵਿੰਦਰ ਗਿੱਲ (ਫੁੰਮਣ) ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਟਿੰਪੀ ਕੁਮਰਾ ਸੀਨੀਅਰ ਕਾਂਗਰਸੀ ਆਗੂ, ਬੰਟੀ ਬਠਲਾ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ, ਗੁਰਮੇਜ ਸਿੰਘ ਲਾਲੀ ਸਾਬਕਾ ਸਰਪੰਚ ਸੰਢਾਂਵਾਲ, ਮੇਜਰ ਸਿੰਘ ਬਾਜਵਾ, ਹਰਜਿੰਦਰ ਸਿੰਘ ਨੰਬਰਦਾਰ ਬਾਹਮਣੀਆਂ, ਗੁਰਮੀਤ ਸਿੰਘ ਬੱਬੂ ਸਾਬਕਾ ਸਰਪੰਚ, ਜਗਤਾਰ ਸਿੰਘ ਖਾਲਸਾ, ਨਿਸ਼ਾਨ ਸਿੰਘ ਥੰਮੂਵਾਲ, ਰਘਬੀਰ ਸਿੰਘ ਪੰਚ ਥੰਮੂਵਾਲ, ਮੰਗੀ ਚੱਕ ਬਾਹਮਣੀਆਂ ਪਾਰ, ਬਲਕਾਰ ਸਿੰਘ ਖਾਲਸਾ ਨਾਰੰਗਪੁਰ, ਦਰਸ਼ਨ ਸਿੰਘ ਹਾਥੀਆਣਾ, ਸੁਖਦੇਵ ਸਿੰਘ ਸਾਬਕਾ ਸਰਪੰਚ ਹਾਥੀਆਣਾ, ਜਤਿੰਦਰ ਸਿੰਘ ਨੰਬਰਦਾਰ ਪਰਜੀਆਂ ਖੁਰਦ ਆਦਿ ਮੌਜੂਦ ਸਨ।

# ਸੀ ਪੀ ਆਈ ਦੀ ਟੀਮ ਵੱਲੋਂ ਸਿੱਧਵਾਂ ਬੇਟ ਦੇ ਹੜ੍ਹ ਮਾਰੇ ਇਲਾਕੇ ਦਾ ਦੌਰਾ



ਲੁਧਿਆਣਾ (ਐੱਮ ਐੱਸ ਭਾਟੀਆ) ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਦੀ ਇੱਕ ਟੀਮ, ਜਿਸ ਵਿੱਚ ਡਾਕਟਰ ਅਰੁਣ ਮਿੱਤਰਾ, ਐੱਮ ਐੱਸ ਭਾਟੀਆ, ਚਮਕੌਰ ਸਿੰਘ, ਰਾਮ ਚੰਦ ਤੇ ਕਾਮਿਲ ਸੰਜੀਤ ਰਾਮ ਸ਼ਾਮਲ ਸਨ, ਨੇ ਸਿੱਧਵਾਂ ਬੇਟ ਦੇ ਇਲਾਕੇ ਦਾ ਦੌਰਾ ਕੀਤਾ, ਜਿੱਥੇ ਕਿ ਹੜ੍ਹ ਦੇ ਨਾਲ ਲੋਕਾਂ ਦੀ ਫਸਲ ਤਬਾਹ ਹੋ ਗਈ ਹੈ। ਪਹਿਲਾਂ ਉਨ੍ਹਾਂ ਪਿੰਡ ਬਹਾਦਰ ਕੇ ਵਿਖੇ ਇੱਕ ਮੀਟਿੰਗ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਪਰੰਤ ਬਲਾਕ ਸਕੱਤਰ, ਗੁਰਨਾਮ ਸਿੰਘ ਤੇ ਹੋਰਨਾਂ ਸਾਥੀਆਂ ਦੇ ਨਾਲ ਧੁੱਸੀ ਬੰਨ੍ਹ 'ਤੇ ਗਏ, ਜਿੱਥੇ ਉਹਨਾਂ ਦੇਖਿਆ ਕਿ ਬੰਨ੍ਹ ਪਾਰਲੇ ਪਾਸੇ ਦਰਿਆ ਦਾ ਪਾਣੀ ਬੰਨ੍ਹ ਤੱਕ ਪਹੁੰਚਿਆ ਹੋਇਆ ਹੈ, ਜਿਸ ਕਰਕੇ ਬੰਨ੍ਹ ਦੇ ਪਰਲੇ ਪਾਸੇ ਦੀ ਸਾਰੀ ਜ਼ਮੀਨ ਪਾਣੀ ਹੇਠ ਆ ਗਈ ਹੈ ਤੇ ਖੜੀ ਫਸਲ ਦਾ ਨੁਕਸਾਨ ਹੋ ਚੁੱਕਿਆ ਹੈ। ਲੋਕਾਂ ਸ਼ਿਕਾਇਤ ਕੀਤੀ ਕਿ ਇਸ ਫਸਲ ਦਾ ਸਰਕਾਰ ਕੋਈ ਮੁਆਵਜ਼ਾ ਨਹੀਂ ਦਿੰਦੀ, ਜਦੋਂ ਕਿ ਇਹ ਜ਼ਮੀਨਾਂ ਉਹਨਾਂ ਨੇ ਪੈਸੇ ਦੇ ਕੇ ਖਰੀਦੀਆਂ ਹੋਈਆਂ ਹਨ ਤੇ ਰਜਿਸਟਰੀਆਂ ਵੀ ਹੋਈਆਂ ਹੋਈਆਂ ਹਨ, ਜਦੋਂ ਕਿ ਬੰਨ੍ਹ ਤੋਂ ਬਾਹਰਲੀ ਜ਼ਮੀਨ ਦਾ ਮੁਆਵਜ਼ਾ ਮਿਲਦਾ ਹੈ, ਪਰ ਅੰਦਰਲੀ ਜ਼ਮੀਨ ਦਾ ਕੋਈ ਮੁਆਵਜ਼ਾ ਨਾ ਮਿਲਣਾ ਲੋਕਾਂ ਨਾਲ ਬੜੀ ਜ਼ਿਆਦਤੀ ਹੈ। ਇਸ ਇਲਾਕੇ ਦੇ ਲੋਕ ਛੋਟੇ ਕਿਸਾਨ ਹਨ, ਜਿਨ੍ਹਾਂ ਕੋਲ ਥੋੜ੍ਹੀ ਜ਼ਮੀਨ ਹੈ ਤੇ ਜੇ ਹੜ੍ਹ ਦੀ ਮਾਰ ਪਏ ਤਾਂ ਉਹਨਾਂ ਦੀ ਹਾਲਤ ਬਹੁਤ ਖਰਾਬ ਹੋ ਜਾਂਦੀ ਹੈ। ਲੋਕਾਂ ਨੇ ਇਹ ਵੀ ਕਿਹਾ ਕਿ ਬਹੁਤ ਸਾਰੇ ਘਰ, ਕਿਉਂਕਿ ਆਰਥਿਕ ਤੌਰ 'ਤੇ ਕਮਜ਼ੋਰ ਕਿਸਾਨ ਹਨ, ਛੱਤਾਂ ਚੋਣ ਕਰਕੇ ਉਨ੍ਹਾਂ ਦੇ ਘਰਾਂ ਨੂੰ ਬੜਾ ਨੁਕਸਾਨ ਹੋ ਰਿਹਾ ਹੈ। ਉਹਨਾਂ ਮੰਗ ਕੀਤੀ ਕਿ ਸਰਕਾਰ ਪੱਕੀਆਂ ਛੱਤਾਂ ਬਣਾਉਣ ਲਈ ਸਾਰੇ ਕਿਸਾਨਾਂ ਨੂੰ ਪੈਸੇ ਦੇਵੇ, ਬੰਨ੍ਹ ਨੂੰ ਉੱਚਾ ਕੀਤਾ ਜਾਏ ਤੇ ਉੱਥੇ ਪੱਕੇ ਪੱਥਰ ਲਾਏ ਜਾਣ। ਜ਼ਿਆਦਾ ਪਾਣੀ ਆਉਣ ਦੀ ਸਥਿਤੀ ਵਿੱਚ ਬੰਨ੍ਹ ਛੇਤੀ ਹੀ ਟੁੱਟ ਜਾਂਦਾ ਹੈ ਤਾਂ ਫਿਰ ਇਲਾਕੇ ਦੇ ਸਾਰੇ ਪਿੰਡ ਇਸ ਵਿੱਚ ਆ ਜਾਂਦੇ ਹਨ ਤੇ ਨੁਕਸਾਨ ਬਹੁਤ ਜ਼ਿਆਦਾ ਹੋ ਜਾਂਦਾ ਹੈ, ਪਸ਼ੂਆਂ ਦਾ ਨੁਕਸਾਨ ਹੁੰਦਾ ਹੈ ਤੇ ਫਸਲ ਦਾ ਨੁਕਸਾਨ ਹੁੰਦਾ ਤੇ ਅਨੇਕਾਂ ਵਾਰ ਬੰਦੇ ਵੀ ਆਪਣੇ-ਆਪ ਨੂੰ ਬਚਾ ਨਹੀਂ ਸਕਦੇ। ਉਹਨਾਂ ਕਿਹਾ ਕਿ ਬੰਨ੍ਹ ਚੌੜਾ ਕਰਨ ਵੇਲੇ ਜੋ ਜ਼ਮੀਨ ਕਿਸਾਨਾਂ ਦੀ ਵਿੱਚ ਆਏਗੀ, ਉਸ ਦਾ ਮੁਆਵਜ਼ਾ ਵੀ ਉਸ ਕਿਸਾਨ ਨੂੰ ਜ਼ਰੂਰ ਦਿੱਤਾ ਜਾਏ। ਬਹਾਦਰ ਕੇ ਪਿੰਡ ਤੋਂ ਬਾਅਦ ਟੀਮ ਕੱਟੀ ਜਟਾਂ ਪਿੰਡ, ਜੋ ਕਿ ਪਰਲੇ ਪਾਸਿਓਂ ਮੰਗੇ ਜ਼ਿਲ੍ਹੇ ਦਾ ਆਖਰੀ ਪਿੰਡ ਹੈ, ਗਈ। ਦਰਿਆ ਦਾ ਸਾਰਾ ਪਾਣੀ ਬੰਨ੍ਹ ਦੇ ਨੇੜੇ ਖੜਾ ਸੀ। ਲੋਕਾਂ ਕਿਹਾ ਕਿ ਉਹ ਕਿਉਂਕਿ ਨੀਵੇਂ ਥਾਂ ਹੈ, ਇਸ ਲਈ ਉਹ ਰਾਤ ਭਰ ਇੱਥੇ ਜਾਗ ਕੇ ਪਹਿਰਾ ਦਿੰਦੇ ਹਨ ਤੇ ਦਿਨ ਨੂੰ ਵੀ ਦੋ ਨੌਜਵਾਨ ਉਥੇ ਖੜੇ ਰਹਿੰਦੇ ਹਨ ਤਾਂ ਜੋ ਜੇ ਕੋਈ ਖਤਰਾ ਹੋਏ ਤਾਂ ਫੌਰੀ ਪਿੰਡ ਦੇ ਲੋਕਾਂ ਨੂੰ ਇਤਲਾਹ ਦੇ ਦੇਣ। ਲੋਕਾਂ ਮੁੱਖ ਤੌਰ 'ਤੇ ਮੰਗ ਕੀਤੀ ਕਿ ਪਹਾੜਾਂ ਵਿੱਚੋਂ ਆਉਂਦਾ ਪਾਣੀ ਹੌਲੀ-ਹੌਲੀ ਛੱਡਣਾ ਚਾਹੀਦਾ ਹੈ ਤਾਂ ਜੋ ਕਿ ਇਕਦਮ ਪਾਣੀ ਛੱਡ ਕੇ ਜੋ ਨੁਕਸਾਨ ਹੋਣ ਦਾ ਖਤਰਾ ਰਹਿੰਦਾ ਹੈ, ਉਸ ਨੂੰ ਬਚਾਇਆ ਜਾ ਸਕੇ।

# ਸਕੂਲ ਵੈਨ ਤੇ ਆਟੋ ਰਿਕਸ਼ਾ ਯੂਨੀਅਨ ਵੱਲੋਂ ਰੇਲਵੇ ਸਟੇਸ਼ਨ ਠੇਕੇਦਾਰ ਵਿਰੁੱਧ ਰੋਸ ਵਿਖਾਵਾ ਅੱਜ



ਛੇਹਰਟਾ, (ਮਨੋਜ ਕੁਮਾਰ)-ਸਕੂਲ ਵੈਨ ਤੇ ਆਟੋ ਰਿਕਸ਼ਾ ਯੂਨੀਅਨ (ਸੀਟੂ) ਵੱਲੋਂ ਰੇਲਵੇ ਸਟੇਸ਼ਨ ਅੰਮ੍ਰਿਤਸਰ ਦੇ ਪਾਰਕਿੰਗ ਠੇਕੇਦਾਰ ਦੀਆਂ ਮਨਮਰਜ਼ੀਆਂ ਖ਼ਿਲਾਫ਼ ਮੀਟਿੰਗ ਸੀਟੂ ਦਫ਼ਤਰ ਵਿਚ ਕੀਤੀ ਗਈ। ਯੂਨੀਅਨ ਦੇ ਪ੍ਰਧਾਨ ਜਗਤਾਰ ਸਿੰਘ ਮੌਜ਼ ਨੇ ਦੱਸਿਆ ਕਿ ਉਨ੍ਹਾਂ ਦੇ ਆਟੋ ਰਿਕਸ਼ਾ ਡਰਾਈਵਰ ਪਿਛਲੇ 40 ਸਾਲਾਂ ਤੋਂ ਅੰਮ੍ਰਿਤਸਰ ਸਟੇਸ਼ਨ 'ਤੇ ਕੰਮ ਕਰ ਰਹੇ ਹਨ। ਸਰਕਾਰ ਵੱਲੋਂ ਪ੍ਰਤੀ ਆਟੋ ਰਿਕਸ਼ੇ ਦੀ 500 ਰੁਪਏ ਫੀਸ ਨਿਰਧਾਰਿਤ ਕੀਤੀ ਗਈ ਹੈ, ਪਰ ਅੰਮ੍ਰਿਤਸਰ ਰੇਲਵੇ ਸਟੇਸ਼ਨ ਪਾਰਕਿੰਗ ਦਾ ਠੇਕੇਦਾਰ ਪ੍ਰਤੀ ਰਿਕਸ਼ਾ 2500 ਰੁਪਏ ਦੀ ਮੰਗ ਕਰ ਰਿਹਾ ਹੈ। ਇਸ ਸੰਬੰਧੀ ਰੇਲਵੇ ਪ੍ਰਬੰਧ ਵੱਲੋਂ ਆਟੋ ਰਿਕਸ਼ਾ ਡਰਾਈਵਰਾਂ ਤੇ ਠੇਕੇਦਾਰ ਦਾ ਫ਼ੈਸਲਾ ਕਰਵਾ ਦਿੱਤਾ ਗਿਆ ਸੀ ਜਿਸ ਵਿਚ 500 ਰੁਪਏ ਪ੍ਰਤੀ ਆਟੋ ਰਿਕਸ਼ਾ ਤੈਅ ਕੀਤੇ ਗਏ ਸਨ। ਉਪਰੰਤ ਹੁਣ ਠੇਕੇਦਾਰ ਜਬਰੀ ਤੌਰ 'ਤੇ 500 ਰੁਪਏ ਦੀ ਥਾਂ 2500 ਰੁਪਏ ਦੀ ਮੰਗ ਕਰ ਰਿਹਾ ਹੈ। ਇਸ ਗੱਲ ਦਾ ਵਿਰੋਧ ਕਰਨ 'ਤੇ ਆਟੋ ਰਿਕਸ਼ੇ ਵਾਲਿਆਂ ਨੂੰ ਸਟੇਸ਼ਨ ਤੋਂ ਸਵਾਰੀ ਚੁੱਕਣ ਤੋਂ ਰੋਕਿਆ ਜਾ ਰਿਹਾ ਹੈ। ਇਸ ਸੰਬੰਧੀ ਸੀਟੂ ਦੇ ਸੂਬਾਈ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਠੇਕੇਦਾਰ ਦੀ ਲੁੱਟ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਸੰਬੰਧੀ 2 ਸਤੰਬਰ ਦਿਨ ਮੰਗਲਵਾਰ ਨੂੰ ਸੀਟੂ ਦਫਤਰ ਵਿਚ ਵੱਡਾ ਇਕੱਠ ਕਰਕੇ ਪੁਤਲੀਘਰ ਚੌਕ ਵਿਚ ਰੋਸ ਵਿਖਾਵਾ ਕਰਦਿਆਂ ਜਾਮ ਕੀਤਾ ਜਾਵੇਗਾ। ਇਸ ਮੌਕੇ ਸੀਟੂ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਮਜੀਠਾ, ਸਕੂਲ ਵੈਨ ਤੇ ਆਟੋ ਰਿਕਸ਼ਾ ਯੂਨੀਅਨ ਦੇ ਜਨਰਲ ਸਕੱਤਰ ਮਹਿੰਦਰ ਖਹਿਰਾ, ਕਿਰਪਾ ਰਾਮ, ਨਰਿੰਦਰ ਪਾਲ ਚਮਿਆਰੀ, ਵਿਜੇ ਕੁਮਾਰ, ਜਸਪਾਲ ਸ਼ਰਮਾ ਆਦਿ ਸਾਥੀ ਹਾਜ਼ਰ ਸਨ।

## ਪਬਲਿਕ ਨੋਟਿਸ

हर आम खास को सूचित किया जाता है कि अरोड़ा हॉस्पिटल की ओर से 31 दिसम्बर 2019 तक का मैडीकल रिकार्ड नष्ट किया जा रहा है, यदि किसी भी व्यक्ति को मैडीकल रिकार्ड के विषय पर कोई पूछताछ या कोई रिकार्ड देखना है तो वह इस नोटिस प्रकाशित होने के एक महीने के अंदर संपर्क कर सकता है। इसके बाद और अरोड़ा हॉस्पिटल की कोई देनदारी या जवाबदेही नहीं होगी, प्रबंधक अरोड़ा हॉस्पिटल जी टी रोड छेहरटा रोड अमृतसर-98145-23958, 98882-62707

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-1/2, ਅੰਮ੍ਰਿਤਸਰ-2

ਵਿਸ਼ਾ :- ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ-ਦਰਖਾਸਤ

ਵੱਲੋਂ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ, ਵਾਸੀ ਪਿੰਡ ਵਡਾਲਾ ਭਿੱਟੇਵੱਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ।

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਸ੍ਰੀ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ, ਵਾਸੀ ਪਿੰਡ ਵਡਾਲਾ ਭਿੱਟੇਵੱਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਦਰਖਾਸਤ ਪ੍ਰਾਪਤ ਹੋਈ ਹੈ, ਜਿਸ ਵਿੱਚ ਹਰਪ੍ਰੀਤ ਸਿੰਘ ਨੇ ਬੇਨਤੀ ਕੀਤੀ ਹੈ ਕਿ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਪ੍ਰੀਤਮ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਅਤੇ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਦੋਵੇਂ ਨਾਂਅ ਦਰਜ ਹਨ, ਜ ਕਿ ਇੱਕੋ ਸ਼ਖ਼ਸ ਦੇ ਦੋ ਨਾਂਅ ਦਰਜ ਹਨ। ਇਹ ਕਿ ਉਸ ਦੇ ਆਧਾਰ ਕਾਰਡ ਉੱਪਰ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਦਰਜ ਹੈ। ਇਹ ਕਿ ਪ੍ਰੀਤਮ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਦੇ ਨਾਂਅ ਦੀ ਕੋਈ ਆਈ.ਡੀ. ਨਹੀਂ ਹੈ। ਇਸ ਲਈ ਮਾਲ ਰਿਕਾਰਡ ਵਿੱਚ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ ਨਾਂਅ ਦਰੁਸਤ ਕੀਤਾ ਜਾਵੇ।

ਸੋ ਪੰਜਾਬ ਸਰਕਾਰ ਮਾਲ ਪੁਨਰਵਾਸ ਅਤੇ ਡਿਜਾਸਟਰ ਮੈਨੇਜਮੈਂਟ ਵਿਭਾਗ (ਭੌ ਮਾਲੀਆ ਸ਼ਾਖਾ), ਚੰਡੀਗੜ੍ਹ ਜੀ ਦੇ ਦਫ਼ਤਰ ਦੇ ਮੀਮੋ ਨੰਬਰ 25/78-2012ਭਮ-2/12445-71 ਮਿਤੀ 26.7.2013 ਰਾਹੀਂ ਮਾਲ ਰਿਕਾਰਡ ਵਿੱਚ ਨਾਂਅ ਦੀ ਤਬਦੀਲੀ ਦਾ ਅੰਦਰਾਜ਼ ਕਰਨ ਬਾਰੇ ਹਦਾਇਤ ਦੀ ਪਾਲਣਾ ਕਰਦੇ ਹੋਏ ਪੰਜਾਬ ਲੈਂਡ ਰਿਕਾਰਡ ਮੈਨੂਅਲ ਦੇ ਪੈਰਾ ਨੰਬਰ 7.28(2) ਅਨੁਸਾਰ ਪ੍ਰਾਰਥੀ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ ਦੀ ਬੇਨਤੀ ਮੁਤਾਬਿਕ ਮਾਲ ਰਿਕਾਰਡ ਵਿੱਚ ਪ੍ਰੀਤਮ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਤੋਂ ਪ੍ਰੀਤਮ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਉਰਫ ਹਰਪ੍ਰੀਤ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਬਾਜ ਸਿੰਘ ਹੋਣ ਵਿੱਚ ਜੇਕਰ ਕਿਸੇ ਆਮ ਅਤੇ ਖਾਸ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਦਫ਼ਤਰ ਵਿੱਚ ਇਹ ਅਦਾਲਤੀ/ਦਫ਼ਤਰੀ ਨੋਟਿਸ (ਇਸ਼ਤਿਹਾਰ) ਦੀ ਪ੍ਰਕਾਸ਼ਨਾ ਤੋਂ 10 ਦਿਨਾਂ ਦੇ ਅੰਦਰ-ਅੰਦਰ ਇਸ ਦਫ਼ਤਰ ਵਿੱਚ ਹਾਜ਼ਰ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਜੇਕਰ ਨਿਸ਼ਚਿਤ ਕੀਤੇ ਗਏ ਸਮੇਂ ਅੰਦਰ ਕੋਈ ਇਤਰਾਜ਼ ਪੇਸ਼ ਨਹੀਂ ਹੁੰਦਾ ਹੈ ਤਾਂ ਨਾਂਅ ਦੀ ਦਰੁਸਤੀ ਕਰਨ ਸੰਬੰਧੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਨੋਟਿਸ ਨਿਮਨਹਸਤਾਖ਼ਰ ਦੇ ਹਸਤਾਖ਼ਰਾਂ ਅਤੇ ਦਫ਼ਤਰੀ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਤਹਿਸੀਲਦਾਰ ਅੰਮ੍ਰਿਤਸਰ-2, ਅੰਮ੍ਰਿਤਸਰ

ਨੰਬਰ : ਰੀਡਰ/ 1811 ਮਿਤੀ : 1/9/2025

## PSPCL Punjab State Power Corporation Limited

(ਦਫਤਰ -ਸਹਾਇਕ ਕਾਰਜਕਾਰੀ ਇੰਜੀਨੀਅਰ, ਵੰਡ ਉਪ ਮੰਡਲ ਦਿਹਾਤੀ ਧੂਰੀ)
ਈਮੇਲ- aeesuburbandhuri2@gmail.com ਫੋਨ- 96461-10087

## ਜਨਤਕ ਸੂਚਨਾ

ਸ੍ਰੀ ਜਗਵੀਰ ਸਿੰਘ ਸ. ਲ. ਮ. (ਆਈ ਡੀ. ਨੰ: 344025) ਪੁੱਤਰ ਸ੍ਰੀ ਹੀਰਾ ਸਿੰਘ, ਵਾਸੀ ਪਿੰਡ ਖੇੜੀ ਕਲਾਂ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਤੁਹਾਡੀ ਲਗਾਤਾਰ ਗੈਰ-ਹਾਜ਼ਰੀ ਅਤੇ ਪੱਤਰਾਂ ਦਾ ਜਵਾਬ ਨਾ ਦੇਣ ਕਾਰਨ, ਵਿਭਾਗੀ ਕਾਰਵਾਈ ਸ਼ੁਰੂ ਕੀਤੀ ਜਾ ਰਹੀ ਹੈ। ਤੁਹਾਨੂੰ ਪਹਿਲਾਂ ਵੀ ਕਈ ਪੱਤਰਾਂ (ਜਿਵੇਂ ਕਿ ਪੱਤਰ ਨੰਬਰ 618 ਮਿਤੀ 21.03.2025, 717 ਮਿਤੀ 03.04.2025 ਅਤੇ 766 ਮਿਤੀ 11.04.2025) ਰਾਹੀਂ ਆਪਣੀ ਗੈਰ-ਹਾਜ਼ਰੀ ਬਾਰੇ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ। ਇਹ ਆਖਰੀ ਮੌਕਾ ਹੈ। ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਤੁਸੀਂ ਤੁਰੰਤ ਨਿਮਨ ਦਫ਼ਤਰ ਸਹਾਇਕ ਕਾਰਜਕਾਰੀ ਇੰਜੀਨੀਅਰ, ਵੰਡ ਉਪ ਮੰਡਲ ਦਿਹਾਤੀ, ਧੂਰੀ ਵਿਖੇ ਖੁਦ ਪੇਸ਼ ਹੋ ਕੇ ਆਪਣੀ ਹਾਜ਼ਰੀ ਰਿਪੋਰਟ ਪੇਸ਼ ਕਰੋ। ਜੇਕਰ ਤੁਸੀਂ ਨਿਰਧਾਰਿਤ ਸਮੇਂ ਵਿਚ ਪੇਸ਼ ਨਹੀਂ ਹੁੰਦੇ ਤਾਂ ਇਹ ਮੰਨ ਲਿਆ ਜਾਵੇਗਾ ਕਿ ਤੁਹਾਡੇ ਕੋਲ ਆਪਣੇ ਬਚਾਅ ਵਿਚ ਕਹਿਣ ਲਈ ਕੁਝ ਵੀ ਨਹੀਂ ਹੈ ਅਤੇ ਤੁਹਾਡੇ ਵਿਰੁੱਧ ਕਾਰਵਾਈ ਅੱਗੇ ਵਧਾਈ ਜਾਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਤੁਹਾਡੀ ਆਪਣੀ ਹੋਵੇਗੀ।

ਸਹਾ. ਕਾ. ਕਾ. ਇੰਜ./ਉਪ ਮੰਡਲ ਅਫਸਰ
ਵੰਡ ਉਪ ਮੰਡਲ ਦਿਹਾਤੀ PSPCL, ਧੂਰੀ

ਨੰ: 2462 ਮਿਤੀ : 29.08.2025

## ਜਨਤਕ ਸੂਚਨਾ

ਸ੍ਰੀ ਜਗਵੀਰ ਸਿੰਘ ਸ. ਲ. ਮ. (ਆਈ ਡੀ. ਨੰ: 344025) ਪੁੱਤਰ ਸ੍ਰੀ ਹੀਰਾ ਸਿੰਘ, ਵਾਸੀ ਪਿੰਡ ਖੇੜੀ ਕਲਾਂ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਤੁਹਾਡੀ ਲਗਾਤਾਰ ਗੈਰ-ਹਾਜ਼ਰੀ ਅਤੇ ਪੱਤਰਾਂ ਦਾ ਜਵਾਬ ਨਾ ਦੇਣ ਕਾਰਨ, ਵਿਭਾਗੀ ਕਾਰਵਾਈ ਸ਼ੁਰੂ ਕੀਤੀ ਜਾ ਰਹੀ ਹੈ। ਤੁਹਾਨੂੰ ਪਹਿਲਾਂ ਵੀ ਕਈ ਪੱਤਰਾਂ (ਜਿਵੇਂ ਕਿ ਪੱਤਰ ਨੰਬਰ 618 ਮਿਤੀ 21.03.2025, 717 ਮਿਤੀ 03.04.2025 ਅਤੇ 766 ਮਿਤੀ 11.04.2025) ਰਾਹੀਂ ਆਪਣੀ ਗੈਰ-ਹਾਜ਼ਰੀ ਬਾਰੇ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ। ਇਹ ਆਖਰੀ ਮੌਕਾ ਹੈ। ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਤੁਸੀਂ ਤੁਰੰਤ ਨਿਮਨ ਦਫ਼ਤਰ ਸਹਾਇਕ ਕਾਰਜਕਾਰੀ ਇੰਜੀਨੀਅਰ, ਵੰਡ ਉਪ ਮੰਡਲ ਦਿਹਾਤੀ, ਧੂਰੀ ਵਿਖੇ ਖੁਦ ਪੇਸ਼ ਹੋ ਕੇ ਆਪਣੀ ਹਾਜ਼ਰੀ ਰਿਪੋਰਟ ਪੇਸ਼ ਕਰੋ। ਜੇਕਰ ਤੁਸੀਂ ਨਿਰਧਾਰਿਤ ਸਮੇਂ ਵਿਚ ਪੇਸ਼ ਨਹੀਂ ਹੁੰਦੇ ਤਾਂ ਇਹ ਮੰਨ ਲਿਆ ਜਾਵੇਗਾ ਕਿ ਤੁਹਾਡੇ ਕੋਲ ਆਪਣੇ ਬਚਾਅ ਵਿਚ ਕਹਿਣ ਲਈ ਕੁਝ ਵੀ ਨਹੀਂ ਹੈ ਅਤੇ ਤੁਹਾਡੇ ਵਿਰੁੱਧ ਕਾਰਵਾਈ ਅੱਗੇ ਵਧਾਈ ਜਾਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਤੁਹਾਡੀ ਆਪਣੀ ਹੋਵੇਗੀ।

ਸਹਾ. ਕਾ. ਕਾ. ਇੰਜ./ਉਪ ਮੰਡਲ ਅਫਸਰ
ਵੰਡ ਉਪ ਮੰਡਲ ਦਿਹਾਤੀ PSPCL, ਧੂਰੀ

ਨੰ: 2462 ਮਿਤੀ : 29.08.2025

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਹ ਪ੍ਰਾਪਰਟੀ (ਵਪਾਰਕ) ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰਾਪਰਟੀ ਟੈਕਸ ਰਿਕਾਰਡ ਵਿੱਚ ਸ੍ਰੀ ਜਗੀਰੀ ਲਾਲ ਪੁੱਤਰ ਫਕੀਰ ਚੰਦ ਪੁੱਤਰ ਸਾਧੂ ਰਾਮ ਵਾਸੀ ਲੋਹੀਆਂ ਖਾਸ 'ਤੇ ਦਰਜ ਹੈ। ਜਿਸ ਦਾ ਪੀ.ਟੀ. ਨੰਬਰ P-1007- 1550780 ਹੈ। ਜਿਸ ਦਾ ਰਕਬਾ ਕਰੀਬ (ਕਵਰਡ ਏਰੀਆ 400 ਫੁੱਟ) ਹੈ। ਇਹ ਪ੍ਰਾਪਰਟੀ ਵਾਰਡ ਨੰ. 10 (Old 07) ਜਿਸ ਦੀਆਂ ਹੱਦਾਂ ਚੜ੍ਹਦੇ ਰਸਤਾ ਸੜਕ, ਲਹਿੰਦੇ ਜਗੀਰੀ ਲਾਲ, ਪਹਾੜ ਸੁਖਵਿੰਦਰ ਸਿੰਘ ਦੱਖਣ ਰਸਤਾ ਰਾਕੇਸ਼ ਕੁਮਾਰ, ਦੁਕਾਨ ਬਣੀ ਜ਼ਮੀਨ ਤੋਂ ਆਸਮਾਨ ਤੱਕ, ਸਣੇ ਇੱਕ ਸ਼ਟਰ, ਮੀਟਰ ਬਿਜਲੀ ਖਾਤਾ ਨੰ. 3005807750 ਲੋਹੀਆਂ ਖਾਸ ਹੈ। ਸ੍ਰੀ ਜਗੀਰੀ ਲਾਲ ਪੁੱਤਰ ਫਕੀਰ ਚੰਦ ਪੁੱਤਰ ਸਾਧੂ ਰਾਮ ਵਾਸੀ ਲੋਹੀਆਂ ਖਾਸ ਵੱਲੋਂ ਇਹ ਪ੍ਰਾਪਰਟੀ ਸ੍ਰੀ ਬਲਵੰਤ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਪਿੰਡ ਕਰ੍ਹਾ, ਤਹਿ: ਸ਼ਾਹਕੋਟ ਹਾਲ ਲੋਹੀਆਂ ਖਾਸ ਦਸਤਾਵੇਜ਼ ਨੰਬਰ 108 ਮਿਤੀ 04.05.2023 ਰਜਿਸਟਰੀ ਕਰਵਾਈ ਗਈ ਹੈ। ਇਹ ਪ੍ਰਾਪਰਟੀ ਦਾ ਪ੍ਰਾਪਰਟੀ ਟੈਕਸ ਕਲੀਅਰ ਹੈ। ਸ੍ਰੀ ਬਲਵੰਤ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਪਿੰਡ ਕਰ੍ਹਾ, ਤਹਿ: ਸ਼ਾਹਕੋਟ ਹਾਲ ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰਾਪਰਟੀ ਦਾ ਕੋਈ ਪਰਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚੱਲਦਾ ਹੈ। ਇਸ ਲਈ ਇਹ ਪ੍ਰਾਪਰਟੀ (ਵਪਾਰਕ) ਸਿਰਫ ਪ੍ਰਾਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰਾਪਰਟੀ ਸ੍ਰੀ ਬਲਵੰਤ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਪਿੰਡ ਕਰ੍ਹਾ, ਤਹਿ: ਸ਼ਾਹਕੋਟ ਹਾਲ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ, 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰਾਪਰਟੀ ਸ੍ਰੀ ਬਲਵੰਤ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਪਿੰਡ ਕਰ੍ਹਾ, ਤਹਿ: ਸ਼ਾਹਕੋਟ, ਹਾਲ ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

Ref. ਨੰ: 740 ਮਿਤੀ : 12-08-2025 ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-27/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 22.09.2025 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜ਼ਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ। ਆਈ।ਟੀ

| | | | |
|---|---|---|---|
| ਕੰਮ ਦਾ ਨਾਮ | ਫਿਰੋਜ਼ਪੁਰ ਮੰਡਲ ਵਿਚ ਰੇਲਵੇ ਟ੍ਰੈਕ ਦੇ ਹੇਠਾਂ ਵਖ-ਵਖ ਗੈਸ ਪਾਈਪਲਾਈਨਾਂ ਨੂੰ ਕ੍ਰਾਸ ਕਰਨ ਦੇ ਸਬੰਧ ਵਿਚ ਦੂਰਸੰਚਾਰ ਸਬੰਧ ਵਿਚ ਦੂਰਸੰਚਾਰ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 22.09.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 01.09.2025 11:19 |
| ਅੰਦਾਜਨ ਲਾਗਤ | 5334440.66 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 08.09.2025 |
| ਬਿਆਨਾ ਰਾਸ਼ੀ (ਰੁ) | 106700.00 | ਕੰਮ ਪੂਰਾ ਕਰਨ ਦਾ ਸਮਾਂ | 3 ਮਹੀਨੇ |
| ਨੋਟ: | ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। | | |

ਨਿਵਿਦਾ ਸੂਚਨਾ ਨੰ. 433-ਸਿਗ- ਟੀ-27-25-26 ਮਿਤੀ: 01.09.2025 ਬੰਦ ਹੋਣ ਦੀ ਮਿਤੀ/ਸਮਾਂ: 22.09.2025 15:00 ਵਜੇ 2642/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ

## Change of Name

I Gaurav S/o Satish Kumar R/o Plot No. 3, Street No 6, Gali Nathe Kha, Gate Khazana Amritsar, Punjab Have changed my name from Gaurav to Gourav Kumar. All concerned may please note.

I, Darshana Saini alias Sudesh Devi Wife of Janak Raj Saini residing at H.No. A-86, Nagina Avenue, Majitha Road, Amritsar, Punjab-143001, do hereby declare that I have changed my name from Darshana Saini alias Sudesh Devi to Darshana Saini. All nears and dears may note.

I, Sarbjeet Singh S/o Bakhsish Singh V.P.O. Amarjitpur, Tehsil Sultanpur Lodhi (Kapurthala), Have Changed My Name Sarbjeet Singh to Sarbjit Singh Concerned May Note.

I, Sandip Kaur W/o Ranjit Singh, resident of V.P.O. Lohian Khas, Ward No. 11, Tehsil Shahkot (Jalandhar), Have Changed My Name, Sandip Kaur to Sandeep Kaur, Concerned May Note.

I Rajinder Singh S/o Paras R/o Rashmar Singh R/o Burj Nauabad P.O majitha District Amritsar. I declare that my given name is Rajinder and surname is Singh. Please concerned note.

I, Rajwant Kaur w/o Pargat Singh resident of Near Water Supply, Ward No.5, Patti, Tehsil Patti District Tarn Taran, I have changed the name of my minor son from Hajoordil Singh to Hazoordil Singh. All concerned please note it.

I, Bhim Sain Jagotta S/o Sulakhan Lal Jagotta R/o H. No. 3923/8, Kaulsar, Kartarpur, Distt. Jalandhar, Punjab that in Aadhar Card my name is Bhim Sain Jagotta, but I want my name on Passport Bhim Sain as my given name and Jagotta as my Surname.

I, Triveni D/O Vijay Kumar R/O Vtc. Manan, Po. Naugajja, Distt: Jalandhar, I Have Changed My Name From Triveni To Triveni Bhatia.

I, Prabhat Kumar Kushwaha S/O Ram Dev Singh, R/o House No 81, Street No 81, Street No 2, Near Police Chowki, Shimlapuri, Lohora, Ludhiana, Punjab- 141016, have changed my name and shall hereafter be Known as Prabhat Kumar Maurya.

I, Manish Singla S/O Omparkash Singla, R/o 11, Supreme Homes, Krishna Enclave Ramgarh Bhuda Road N/o Anand Atta Chakki Zirakpur Sas Nagar (Mohali) Punjab- 140603, Declare that name of Mine and My wife has been wrongly written as Manish Kumar and Reema in my minor Son Navi Singla, aged about 14 Years, In his School Records. The actual name of Mine and My wife are Manish singla and Reema Singla, which may be amended accordingly.

I, Surinder Indoria S/O Pritam Singh, R/o Near Ravi Cold Store, Tehsil- Pathankot Dist- Pathankot, Sarna, Gurdaspur, Punjab- 145025, have changed my name and shall hereafter be Known as Surinder Singh.

I, Baljit Kaur W/O Shamsher Singh Billing, R/o Ward 3, Billing Colony, Near Punjab Residency, Banur, Sas Nagar (Mohali), Punjab- 140601. have changed my name and shall hereafter be Known as Baljit Kaur Billing.

I, Parveen Kumari W/O Vijay Kumar, R/o H N 84, Ward No,3 Garhdiwala, Hoshiarpur, Punjab- 144207. have changed my name and shall hereafter be Known as Sheela Rani.

I, Monica Sethi W/O Jatinder Singh, R/o Flat No 706 Seventh Floor, Block-T, Jaipuria Sunrise Greens, Opposite Nabha Sahib Gurudwara, Village Lohgarh, Zirakpur, Sas Nagar(Mohali), Punjab- 140603. have changed my name and shall hereafter be Known as Monica Singh.

I, Preeti Aggarwal, D/O Yash Pal Garg R/o #13978, Street Number 9, Ganesha Basti, Bathinda, Punjab- 151001. have changed my name and shall hereafter be Known as Preeti Gupta.

## Change of Name

I, Balwinder S/O Sona Ram, R/o Talwandi Kanungoian, Sham Chaurasi, Hoshiarpur, Punjab- 144105, have changed my name and shall hereafter be Known as Balwinder Saroya.

I, Surjit Singh S/o Sukhdev Singh R/o R/o Bachiwind Amritsar have declare that my minor son Amaan Singh. Armaan is his Given name and Singh is his Surname.

I, Jugraj Singh S/o Gurmukh Singh R/o Village Attalgarh PO Mode Tehsil Attari, Amritsar have declare that Jugraj is my Given name and Singh is my Surname.

I, Santosh Trehan, Santosh and Kiran W/o Suresh Chander R/o H.No.27, Green Field, Phase-2, Majitha Road, Amritsar have declare that above all names are mine one and same person.

I, Parjinder Singh S/o Parmeet Singh R/o Vill Bishammerpura, P.O. Jhita Kalan Amritsar Punjab-143413 have declare that Parjinder is my Given name and Singh is my Surname.

I Gurpreet Singh S/o Charnjit Singh R/o H. No. 19-C, Village Jand, PO Nangal Dyal Singh, Amritsar have changed my name from Gurpreet Singh to Gurpreet Singh Sohal.

I, Dharminder Singh S/o Nirmaljit Singh R/o Dhodiwind, PO Rangarh, Amritsar have changed my name from Dharminder Singh to Dharminder Singh Sandhu.

I, Ranjot Singh S/o Dilbagh Singh R/o Village Kale PO Bhikhiwind Tehsil Patti District Tarn Taran have declare that Ranjot is my Given name and Singh is my Surname.

I, Nirmal W/o Dev Raj, R/o H.No. 25, Lane 1, Friends Colony, Near Wadala Chowk, Jalandhar-144003, Punjab, India, have changed my name from Nirmal to Nirmal Kaur.

I, Mohinder Pal S/o Surti Ram R/o New Basti Hayat Nagar, Tehsil/District Gurdaspur, Punjab, India declare that is Known my name Mohinder Pal and Mohinder Pal Singh is one and same person.

I, Poonam Malaviya w/o Sunil Kumar Malviya r/o H.No.489, Guru Gobind Singh Avenue, Chogitti, Jalandhar-1 have changed my name to Poonam Rani Malviya for all future purposes.

I, Richi Malaviya d/o Sunil Kumar Malviya. r/o H.No. 489, Guru Gobind Singh Avenue, Chogitti, Jalandhar-1 have changed my name to Richi Malviya for all future purposes.

I, Lakhbir Singh s/o Ratan Singh r/o Vill. Nussi, Po. Kala Bahian, Distt. Jalandhar have changed the spelling of my name as Lakhvir Singh. All Please Note.

I, Yogita w/o Raj Kamal Bhoond Paul r/o 119/A, VPO.Dakoha, Distt.Jalandhar have changed my name to Given name as Yogita & Surname as Bhoond Paul. All Please Note.

I, Balwinder Kumar s/o Gurpal Dass r/o Vill. kahanpur, Po.raipur, rasulpur, Jalandhar changed my name to given name as Balwinder & Surname as Kumar. All Please Note.

I, Gurwinder Singh s/o Sukhdev Singh r/o Patti Baho Ki, VPO. Sarih, Tehsil Nakodar, Jalandhar, Punjab- 144043 have changed my name to Gurwinder as given name and Singh as surname. All Please Note.

I, hitherto known as Balwant S/o Phuman Singh R/o House No 107/3, Shaheed Babadeep Singh Nagar, Jalandhar- I, Reru, Jalandhar, Punjab - 144012 have changed my name and shall hereafter be known as Balwant Singh.

I, Narinder Kaur W/o Resham Singh R/o VPO. Khusropur, District Jalandhar, Punjab have changed my name from Narinder Kaur to Ninder. All Please Note.

## Change of Name

I, Rachna Rani W/o Sanjiv Kumar R/o H.No. 159, W.No. 6, Adarsh Colony, Kartarpur, District Jalandhar, Punjab have changed the name of my minor son from Bhuvnesh to Bhuvnesh Kumar. All Please Note.

I, Prince Chumber s/o Mahinder Pal r/o Patti Bahodipur, PO. Birk , Distt. Jalandhar declare that my given name as Prince & Surname as Chumber. All Please Note.

## ਬੇਦਖਲੀ ਨੋਟਿਸ

ਮੈਂ, ਸਵਿੰਦਰ ਸਿੰਘ ਪੁੱਤਰ ਬੇਲਾ ਸਿੰਘ ਵਾਸੀ ਭਾਈ ਮੰਝ ਰੋਡ, ਮਾਤਾ ਗੰਗਾ ਨਗਰ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਤਲਬੀਰ ਸਿੰਘ ਅਤੇ ਉਸ ਦੀ ਪਤਨੀ ਮਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਪ੍ਰਵੀਨ ਕੁਮਾਰ ਪੁੱਤਰ ਹੰਸ ਰਾਜ ਅਤੇ ਰੇਖਾ ਰਾਣੀ ਪਤਨੀ ਪ੍ਰਵੀਨ ਕੁਮਾਰ ਵਾਸੀ ਮਕਾਨ ਨੰ: ਏ-237, ਨਿਊ ਅੰਮ੍ਰਿਤਸਰ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਵਰਮਾ, ਉਸ ਦੀ ਪਤਨੀ ਸੁਕਰੀਤੀ ਪਾਹਵਾ ਅਤੇ ਉਸ ਦੀ ਬੇਟੀ ਮਿਰਾਇਆ ਵਰਮਾ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਜਸਪਾਲ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ 60, ਵਾਰਡ ਨੰ: 18, ਦਵਿੰਦਰ ਨਗਰ, ਤਰਨ ਤਾਰਨ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਭੈਣ ਬੇਵੀ ਅਤੇ ਉਸ ਦੇ ਪਤੀ ਕਵਲਜੀਤ ਸਿੰਘ ਨੂੰ ਮੇਰੇ ਕਹਿਣੇਕਾਰ ਨਾ ਹੋਣ ਕਰਕੇ ਅਤੇ ਮੇਰੇ ਨਾਲ ਲੜਾਈ-ਝਗੜਾ ਕਰਨ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਜਸਪਾਲ ਸਿੰਘ ਉਰਫ ਜਾਨੀ ਸਿੰਘ ਪੁੱਤਰ ਮਦਨ ਸਿੰਘ ਅਤੇ ਪਰਮਜੀਤ ਕੌਰ ਪਤਨੀ ਜਸਪਾਲ ਸਿੰਘ ਉਰਫ ਜਾਨੀ ਸਿੰਘ, ਵਾਸੀ ਪਿੰਡ ਮਾੜੀ ਬੁੱਚੀਆਂ, ਤਹਿਸੀਲ ਬਟਾਲਾ (ਗੁਰਦਾਸਪੁਰ) ਹਾਲ ਵਾਸੀ ਨਜ਼ਦੀਕ ਗਿੱਲ ਹਸਪਤਾਲ ਉੜਮੁੜ ਟਾਂਡਾ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਬਿਕਰਮਜੀਤ ਸਿੰਘ ਉਰਫ ਬੰਟੀ, ਜੋ ਸਾਡੇ ਕਹਿਣੇ ਤੋਂ ਬਾਹਰ ਹੈ, ਜਿਸ ਕਰਕੇ ਅਸੀਂ ਇਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਦਰਸ਼ਨ ਕੁਮਾਰ ਪੁੱਤਰ ਤਰਸੇਮ ਲਾਲ ਅਤੇ ਪ੍ਰਸਨਤਾ ਰਾਣੀ ਪਤਨੀ ਦਰਸ਼ਨ ਕੁਮਾਰ, ਵਾਸੀ ਪਿੰਡ ਘੁੱਲਾ, ਡਾਕਖਾਨਾ ਰਣਜੀਤ ਬਾਗ, ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਨੀਰਜ ਸ਼ਰਮਾ ਅਤੇ ਉਸ ਦੀ ਪਤਨੀ ਰਿਤੂ ਸ਼ਰਮਾ ਦੋਨੋਂ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਸੰਤੀ ਕੁਮਾਰੀ ਵਿਧਵਾ ਕਿਸ਼ੋਰ ਕੁਮਾਰ, ਵਾਸੀ ਮਕਾਨ ਨੰ: 412/7 ਗੋਪਾਲ ਸ਼ਾਹ ਰੋਡ, ਇਸਲਾਮਾਬਾਦ ਮੁਹੱਲਾ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਗਗਨਦੀਪ ਅਤੇ ਉਸ ਦੀ ਪਤਨੀ ਨਿਸ਼ੀ ਕੁਮਾਰੀ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਬਦਲੇਵ ਰਾਜ ਪੁੱਤਰ ਉਜਾਗਰ ਮੱਲ ਅਤੇ ਕਾਂਤਾ ਕੁਮਾਰੀ ਪਤਨੀ ਬਲਦੇਵ ਰਾਜ, ਵਾਸੀ ਮਕਾਨ ਨੰ: 100, ਪਿੰਡ ਰਾਵਲ, ਡਾਕਖਾਨਾ ਖੋਜੇਪੁਰ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ। ਸਾਡਾ ਪੁੱਤਰ ਪ੍ਰਤੀਸ਼ ਰਾਜ ਅਤੇ ਉਸ ਦੀ ਪਤਨੀ ਮਨਦੀਪ ਕੌਰ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਦਰਸ਼ਨ ਕੁਮਾਰ ਪੁੱਤਰ ਸ੍ਰੀ ਲਕਸ਼ਮਨ ਦਾਸ ਵਾਸੀ 82-83 ਗਲੀ ਨੰ: 3, ਕ੍ਰਿਸ਼ਨਾ ਨਗਰ ਨੇੜੇ ਆਦਰਸ਼ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਭੁਵੇਸ਼ ਕੁਮਾਰ ਤੇ ਉਸ ਦੀ ਪਤਨੀ ਜੈਸਮੀਨ ਮਲਹੋਤਰਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਕੁਲਵਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਪਿੰਡ ਭੰਗਵਾਂ ਤਹਿਸੀਲ ਤੇ ਜਿਲਾ ਗੁਰਦਸਪੁਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ ਅਤੇ ਉਸਦੀ ਪਤਨੀ ਪਲਕਪ੍ਰੀਤ ਕੌਰ ਮੇਰੇ ਕਹਿਣੇ ਸੁਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ ਪੱਪੂ ਸਿੰਘ ਪੁੱਤਰ ਗੁਰਬਚਨ ਸਿੰਘ, ਪਰਮਜੀਤ ਕੌਰ ਪਤਨੀ ਪੱਪੂ ਸਿੰਘ ਪਿੰਡ ਮਰੌੜੀ ਤਹਿਸੀਲ ਸਮਾਣਾ ਜਿਲਾ ਪਟਿਆਲਾ ਆਪਣੇ ਲੜਕੇ ਗੁਰਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ, ਬੁਰੀ ਸੰਗਤ ਦਾ ਸ਼ਿਕਾਰ ਹੋਣ ਕਰਕੇ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਏਗਾ ਅੱਜ ਤੋਂ ਬਾਅਦ ਸਾਡੇ ਲੜਕੇ ਗੁਰਪ੍ਰੀਤ ਸਿੰਘ ਨਾਲ ਕੋਈ ਰਿਸ਼ਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਬਲਵੀਰ ਸਿੰਘ ਪੁੱਤਰ ਗੁਰਨਾਮ ਸਿੰਘ, ਪਿੰਡ ਬਰੜਵਾਲ (ਸੰਗਰੂਰ) ਆਪਣੇ ਲੜਕੇ ਅਕਾਸ਼ਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਖੁੱਦ ਜਿੰਮੇਵਾਰ ਹੋਣਗੇ।

ਮੈਂ, ਸੁਦਰਸ਼ਨ ਕੁਮਾਰ ਪੁੱਤਰ ਸ੍ਰੀ ਲਕਸ਼ਮਨ ਦਾਸ ਤੇ ਸੀਮਾ ਪਤਨੀ ਸੁਦਰਸ਼ਨ ਕੁਮਾਰ ਵਾਸੀਆਨ 82-83, ਗਲੀ ਨੰ: 3, ਕ੍ਰਿਸ਼ਨਾ ਨਗਰ ਨੇੜੇ ਆਦਰਸ਼ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਭੁਵੇਸ਼ ਕੁਮਾਰ ਵਾ ਉਸਦੀ ਪਤਨੀ ਜੈਸਮੀਨ ਮਲਹੋਤਰਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਤਰਸੇਮ ਕੁਮਾਰ ਪੁੱਤਰ ਸ੍ਰੀ ਖਰੈਤੀ ਲਾਲ ਵਾਸੀ ਮਕਾਨ ਨੰ: ਬੀ-2/534, ਧਰਮਪੁਰਾ ਡਾਕਖਾਨਾ ਕਾਦੀਆਂ, ਸਬ ਤਹਿਸੀਲ ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਵਨੀਤ ਗੁਪਤਾ ਵਾ ਮੇਰੀ ਨੂੰਹ ਸ੍ਰੀਮਤੀ ਸੋਨੀਆ ਗੁਪਤਾ ਪਤਨੀ ਵਨੀਤ ਗੁਪਤਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਪਰਦੀਪ ਕੁਮਾਰ ਪੁੱਤਰ ਬਨਾਰਸੀ ਦਾਸ ਵਾਸੀ ਮਕਾਨ ਨੰਬਰ 27, ਨਿਊ ਰਸੀਲਾ ਨਗਰ,ਬਸਤੀ ਦਾਨਿਸ਼ਮੰਦਾ, ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਸਾਗਰ ਡਾਲਿਆ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਅਸੀਂ, ਜਤਿੰਦਰ ਕੁਮਾਰ ਪੁੱਤਰ ਤੁਲਾ ਰਾਮ ਅਤੇ ਜੋਤੀ ਪਤਨੀ ਜਤਿੰਦਰ ਕੁਮਾਰ ਵਾਸੀ ਮਕਾਨ ਨੰ. 857, ਪ੍ਰਤਾਪ ਬਾਗ, ਘੁਮਿਆਰਾ, ਮਸਜਿਦ ਸੈਂਟਰਲ ਟਾਊਨ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕ੍ਰਿਸ਼ ਆਦੀਆ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਆਸ਼ਾ ਰਾਣੀ ਪਤਨੀ ਭਗਵੰਤ ਸਿੰਘ ਵਾਸੀ 1311, ਗੁਰੂ ਨਾਨਕ ਕਾਲੋਨੀ, ਮੇਨ ਬਾਜ਼ਾਰ, ਨੇੜੇ ਭਾਈ ਮੰਝ ਸਿੰਘ ਦਾ ਗੁਰਦੁਆਰਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਭਾਰਤੀ ਜੋ ਕਿ ਮੇਰੇ ਕਹਿਣੇ,ਸੁਨਣੇ ਤੋਂ ਬਾਹਰ ਹੈ, ਆਪਣੀਆਂ ਮਨਮਰਜੀਆਂ ਕਰਦੀ ਹੈ । ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਅਤੇ ਰਿਸ਼ਤੇ ਨਾਤਿਆਂ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗੀ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਤਰਸੇਮ ਕੁਮਾਰ ਪੁੱਤਰ ਸ੍ਰੀ ਖਰੈਤੀ ਲਾਲ ਵਾਸੀ ਮਕਾਨ ਨੰ: ਬੀ-2/534 ਧਰਮਪੁਰਾ, ਡਾਕਖਾਨਾ ਕਾਦੀਆਂ, ਸਬ-ਤਹਿਸੀਲ ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਨੀਤ ਗੁਪਤਾ ਅਤੇ ਮੇਰੀ ਨੂੰਹ ਸੋਨੀਆ ਗੁਪਤਾ ਪਤਨੀ ਵਨੀਤ ਗੁਪਤਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਗੁਰਮੀਤ ਸਿੰਘ (Gurmeet singh) ਪੁੱਤਰ ਪੂਰਨ ਸਿੰਘ ਪਿੰਡ ਮੱਕੋਵਾਲ ਤਹਿਸੀਲ ਚਮਕੌਰ ਸਾਹਿਬ ਜ਼ਿਲ੍ਹਾ ਰੋਪੜ ਬਿਆਨ ਕਰਦਾ ਹਾਂ ਕਿ ਮੈਂ ਗੁਰਮੀਤ ਸਿੰਘ (Gurmit Singh) ਪੁੱਤਰ ਪੂਰਨ ਸਿੰਘ ਦੋਵੇ ਨਾਵਾਂ ਵਾਲਾ ਇੱਕੋ ਹੀ ਵਿਅਕਤੀ ਹਾਂ । ਮੈਨੂੰ ਦੋਵੇ ਨਾਵਾਂ ਨਾਲ ਜਾਣਿਆ ਜਾਂਦਾ ਹੈ। ਸੰਬੰਧਤ ਨੋਟ ਕਰਨ। ਜੇਕਰ ਇਸ ਵਿੱਚ ਕੋਈ ਗਲਤ ਬਿਆਨਬਾਜੀ ਹੋਵੇ ਤਾਂ ਮੈਂ ਖੁਦ ਜ਼ਿੰਮੇਵਾਰ ਹੋਵਾਗਾਂ।

## ਆਮ ਸੂਚਨਾ

ਸ੍ਰੀਮਤੀ ਪਰਮਜੀਤ ਕੌਰ ਪਤਨੀ ਸ.ਤਰਲੋਕ ਸਿੰਘ ਪਿੰਡ ਜੀਵਨਵਾਲ ਮੋਟਰ ਖਾਤਾ ਨੰਬਰ AP17/348, 5 BHP ਵਾਕਿਆ ਪਿੰਡ ਜੀਵਨਵਾਲ ਤਹਿਸੀਲ ਗੁਰਦਾਸਪੁਰ ਜੋਕਿ ਅਮਰ ਸਿੰਘ ਸਪੁੱਤਰ ਸਾਧੂ ਸਿੰਘ ਦੇ ਨਾਮ ਚੱਲ ਰਿਹਾ ਹੈ ਜੋਕਿ ਆਪਣੇ ਨਾਮ ਕਰਵਾਉਣਾ ਚਾਹੁੰਦੀ ਹੈ । ਜੇ ਕਿਸੇ ਨੂੰ ਇਤਰਾਜ ਹੋਵੇ ਤਾਂ ਉਪ ਮੰਡਲ ਅਫਸਰ ਸ਼ਹਿਰੀ ਸਬ ਡਿਵੀਜਨ, ਪੀਐਸਪੀਸੀਐੱਲ, ਗੁਰਦਾਸਪੁਰ ਨੂੰ 15 ਦਿਨ ਵਿੱਚ ਪੇਸ਼ ਕਰ ਸਕਦਾ ਹੈ । ਅਜਿਹਾ ਨਾਂ ਹੋਣ ਦੀ ਸੂਰਤ ਵਿੱਚ ਨਾਮ ਬਦਲੀ ਕਰ ਦਿੱਤਾ ਜਾਵੇਗਾ ।

## LOST & FOUND

I Anmol Kumar Sharma S/O Sh. Banarsi Dass Sharma R/O H.No.198,Ajanta Colony,Maqbool Road, Amritsar declare as that nine Ashtams of my registry of H.No.198,Ajnata Colony,Maqbool Road,Amritsar has been misplaced on 9.7.2025.I went for its photocopies of my house's registry at near by shop of my resident but while coming back I checked that my nine Ashtams of registry have been misplaced somewhere the details of my house's registry are as Registry No.11836 dt,18.01.2005 Area 62.20 sqyard, Khasra No.424, Intkal No.14733.If anybody found these documents please inform at my mobile No.9779197722.I shall be thankful for that.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਫਾਰਮ ਨੰ: 14

[ਵੇਖੋ ਨਿਯਮ 33 (2)]
ਰਾਹੀਂ ਦਸਤੀ ਮੋਡ/ਪ੍ਰਕਾਸ਼ਨਾ
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
ਰਾਹੀਂ ਦਸਤੀ ਮੋਡ/ਪ੍ਰਕਾਸ਼ਨਾ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ

ਆਰ ਸੀ/809/2019 29-07-2025

ਐਕਸਿਸ ਬੈਂਕ ਲਿਮਟਿਡ
ਬਨਾਮ
ਮਨਜੀਤ ਸਿੰਘ ਉਰਫ ਮਲਜੀਤ ਸਿੰਘ ਅਤੇ ਹੋਰ

ਸੇਵਾ 'ਚ

(ਸੀ ਡੀ 1) ਮਨਜੀਤ ਸਿੰਘ ਉਰਫ ਮਲਜੀਤ ਸਿੰਘ ਪੁੱਤਰ ਮੋਹਰ ਸਿੰਘ ਵਾਸੀ ਮਕਾਨ ਨੰ. 10, ਵਾਰਡ ਨੰ. 6, ਪਿੰਡ ਘਨੌਰ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ। (ਕਰਜ਼ਦਾਰ)

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/97/2018 'ਚ ਰਕਮ ਰੁਪਏ 65,21,415.00/- (ਪੈਂਹਠ ਲੱਖ ਇੱਕੀ ਹਜ਼ਾਰ ਚਾਰ ਸੌ ਪੰਦਰਾਂ ਰੁਪਏ ਕੇਵਲ) ਸਮੇਤ ਪੈਂਡੇਂਟਲਾਈਟ ਅਤੇ ਭਵਿੱਖੀ ਵਿਆਜ 10.90 % ਦੀ ਦਰ 'ਤੇ 26/12/2017 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 1,06,000.00/- (ਇੱਕ ਲੱਖ ਛੇ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਇਹ ਨੋਟਿਸ ਟ੍ਰਿਬਿਊਨਲ ਵੱਲੋਂ 05/02/2026 ਨੂੰ ਸਵੇਰੇ 10.30 ਵਜੇ ਹਾਜ਼ਰ ਹੋਣ ਲਈ ਦਿੱਤਾ ਗਿਆ ਹੈ।

4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ :

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 29/07/2025 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)

## ਫਾਰਮ ਨੰ: 14

[ਵੇਖੋ ਨਿਯਮ 33 (2)]
ਪ੍ਰਕਾਸ਼ਨਾ ਰਾਹੀਂ
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ
ਪ੍ਰਕਾਸ਼ਨਾ ਰਾਹੀਂ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ

ਆਰ ਸੀ/1129/2024 23-07-2025

ਐਕਸਿਸ ਬੈਂਕ ਲਿਮਟਿਡ
ਬਨਾਮ
ਕੁਲਦੀਪ ਸਿੰਘ ਅਤੇ ਹੋਰ

ਸੇਵਾ 'ਚ

(ਸੀ ਡੀ 2) ਸ੍ਰੀ ਪਰਮਜੀਤ ਸਿੰਘ ਪੁੱਤਰ ਸ੍ਰੀ ਰਣ ਸਿੰਘ ਵਾਸੀ ਪਿੰਡ ਮਹਿਤਾਬਗੜ੍ਹ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ-140401

(ਸੀ ਡੀ 3) ਸ੍ਰੀ ਕੁਲਵੰਤ ਸਿੰਘ ਪੁੱਤਰ ਸ੍ਰੀ ਰਣ ਸਿੰਘ ਵਾਸੀ ਪਿੰਡ ਮਹਿਤਾਬਗੜ੍ਹ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ-140401

(ਸੀ ਡੀ 4) ਸ੍ਰੀ ਰਣ ਸਿੰਘ ਪੁੱਤਰ ਸ੍ਰੀ ਦੀਦਾਰ ਸਿੰਘ ਵਾਸੀ ਪਿੰਡ ਮਹਿਤਾਬਗੜ੍ਹ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ-140401

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/858/2020 'ਚ ਰਕਮ 40,13,411/-(ਚਾਲੀ ਲੱਖ ਤੇਰਾਂ ਹਜ਼ਾਰ ਚਾਰ ਸੌ ਗਿਆਰਾਂ ਰੁਪਏ ਕੇਵਲ) ਸਮੇਤ ਪੈਂਡੇਂਟਲਾਈਟ ਅਤੇ ਭਵਿੱਖੀ ਵਿਆਜ 8.00 % ਸਧਾਰਨ ਵਿਆਜ ਸਾਲਾਨਾ ਦਰ 'ਤੇ 01/10/2020 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 43,000/- (ਤਰਤਾਲੀ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਇਹ ਨੋਟਿਸ ਟ੍ਰਿਬਿਊਨਲ ਵੱਲੋਂ 10/03/2026 ਨੂੰ ਸਵੇਰੇ 10.30 ਵਜੇ ਹਾਜ਼ਰ ਹੋਣ ਲਈ ਦਿੱਤਾ ਗਿਆ ਹੈ।

4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ :

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 23/07/2025 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਵਾਂਸ਼ਹਿਰ

ਮਿਸਲ ਨੰਬਰ : 5/ਟੀ (ਏ ਟੂ ਡੀ) ਦਾਇਰ ਮਿਤੀ : 19.06.2023
ਪਿੰਡ : ਭੌਰਾ ਤਾਰੀਖ ਪੇਸ਼ੀ : 09.09.2025
ਕਿਸਮ ਕੇਸ : ਤਕਸੀਮ

ਕੇਸ ਅਨੁਵਾਨ : ਜੋਰਾਵਰ ਸਿੰਘ ਬਨਾਮ ਸੁਰਿੰਦਰ ਸਿੰਘ ਆਦਿ

ਜੋਰਾਵਰ ਸਿੰਘ ਪੁੱਤਰ ਤਰਲੋਚਨ ਸਿੰਘ, ਵਾਸੀ ਪਿੰਡ ਭੌਰਾ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ..... ਫਰੀਕ ਅੱਵਲ

ਬਨਾਮ

1. ਸੁਰਿੰਦਰ ਸਿੰਘ, 2. ਬਲਵਿੰਦਰ ਸਿੰਘ, 3. ਜਰਨੈਲ ਸਿੰਘ ਬੇਟੇ ਮਲਕੀਤ ਸਿੰਘ, 4. ਸੁਰਿੰਦਰ ਸਿੰਘ ਪੁੱਤਰ ਜਗਤਾਰ ਸਿੰਘ, 5. ਜਗਤਾਰ ਸਿੰਘ ਬੇਟੇ ਰਣਜੀਤ ਸਿੰਘ, 6. ਦਰਸ਼ਨ ਕੌਰ ਪਤਨੀ ਅਜਮੇਰ ਸਿੰਘ, 7. ਤਰਲੋਕ ਸਿੰਘ, 8. ਚੈਂਚਲ ਸਿੰਘ, 9. ਪਰਮਜੀਤ ਸਿੰਘ, 10, ਸੰਤੋਖ ਸਿੰਘ ਬੇਟੇ ਮਲਕੀਤ ਸਿੰਘ, 11. ਧਿਆਨ ਸਿੰਘ ਪੁੱਤਰ ਬਲਵੀਰ ਸਿੰਘ, 12. ਜਸਵੰਤ ਸਿੰਘ ਪਤਨੀ ਜਸਵਿੰਦਰ ਸਿੰਘ, 13. ਬਲਵੀਰ ਕੌਰ, 14. ਗੁਰਜੀਤ ਸਿੰਘ ਪੁੱਤਰੀਆਂ ਜਸਵਿੰਦਰ ਸਿੰਘ, 15. ਹਰਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ, 16. ਇੰਦਰਜੀਤ ਸਿੰਘ, 17. ਅਮਰਜੀਤ ਸਿੰਘ, 18. ਅਮਰੀਕ ਸਿੰਘ ਬੇਟੇ ਕੁਲਦੀਪ ਸਿੰਘ, 19. ਪਰਵਿੰਦਰ ਕੌਰ ਪੁੱਤਰੀ ਕੁਲਦੀਪ ਸਿੰਘ, 20. ਤਜਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ, 21. ਮਹਿੰਦਰ ਕੌਰ ਵਿਧਵਾ ਬਲਵੀਰ ਸਿੰਘ, 22. ਰਣਜੀਤ ਸਿੰਘ, 23. ਚਰਨ ਸਿੰਘ, 24. ਗੁਲਜਾਰ ਸਿੰਘ, 25. ਤੇਜਾ ਸਿੰਘ ਬੇਟੇ ਸੁਰਜਨ ਸਿੰਘ, 26. ਅਜਮੇਰ ਸਿੰਘ ਪੁੱਤਰ ਧੰਨੂ, 27. ਮਲਕੀਤ ਸਿੰਘ ਪੁੱਤਰ ਕੇਵਲ ਸਿੰਘ, 28. ਬਲਜਿੰਦਰ ਸਿੰਘ, 29. ਗੁਰਦੇਵ ਸਿੰਘ ਬੇਟੇ ਦਿਲਬਾਗ ਸਿੰਘ, 30. ਸੁਰਿੰਦਰ ਕੌਰ, 31. ਨਿਰਮਲ ਕੌਰ, 32. ਸੁਰਜੀਤ ਕੌਰ, 33. ਰਛਪਾਲ ਕੌਰ ਪੁੱਤਰੀਆਂ ਦਿਲਬਾਗ ਸਿੰਘ, ਵਾਸੀਆਨ ਪਿੰਡ ਭੌਰਾ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, 34. ਪੰਜਾਬ ਨੈਸ਼ਨਲ ਬੈਂਕ, ਮਾਹਲ ਗਹਿਲਾਂ, ਤਹਿਸੀਲ ਬੰਗਾ ਬਜਰੀਆ ਮੈਨੇਜਰ। ......ਫਰੀਕ ਦੋਇਮ

(ਦਰਖਾਸਤ ਬਰਾਏ ਕਰਨੇ ਵੰਡ ਅਰਾਜੀ
01ਕ-02ਮ. ਖੇਵਟ ਨੰ:178/160 ਮਿਨ, ਖਤੌਨੀ ਨੰ: 208
28ਕ-12ਮ. ਖੇਵਟ ਨੰ:164/147 ਮਿਨ, ਖਤੌਨੀ ਨੰ:194
03ਕ-13ਮ. ਖੇਵਟ ਨੰ:160/144, ਖਤੌਨੀ ਨੰ:190
00ਕ-12ਮ. ਖੇਵਟ ਨੰ:168/150, ਖਤੌਨੀ ਨੰ:198
ਵਾਕਿਆ ਰਕਬਾ ਪਿੰਡ ਭੌਰਾ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਬਰੂਏ ਫਰਦ ਜਮ੍ਹਾਂਬੰਦੀ ਸਾਲ 2015-2016).

ਉਪਰੋਕਤ ਅਨੁਵਾਨ ਮੁਕੱਦਮਾ ਅਧੀਨ ਤਕਸੀਮ ਕੇਸ ਵਿੱਚ ਫਰੀਕ ਦੋਇਮ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਹਨ। ਇਸ ਕਰਕੇ ਫਰੀਕ ਦੋਇਮਾਂ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ। ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮਾਂ ਦੀ ਮਾਮੂਲੀ ਤਰੀਕੇ ਨਾਲ ਇਤਲਾਹ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 09.09.2025 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰ ਕੇ ਇਸ ਇਸ਼ਤਿਹਾਰ ਰਾਹੀਂ ਫਰੀਕ ਦੋਇਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਵੇ। ਉਕਤ ਮੁਕੱਰਰ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

ਅੱਜ ਮਿਤੀ 08-08-2025 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਵਾਂਸ਼ਹਿਰ।

ਨੰ: 477/ਰੀਡਰ-1, ਮਿਤੀ : 08.08.25

## Bank of India BOI — LUDHIANA SSI BRANCH, 223, INDUSTRIAL AREA, LUDHIANA, PUNJAB

### ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੀ ਮੂਲ ਮੁੜ ਅਦਾਇਗੀ ਅਤੇ ਵਿਆਜ ਦੀ ਅਦਾਇਗੀ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ, ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਐੱਨ ਪੀ ਦਾ ਨਾਂਅ | ਐੱਸਟ ਦਾ ਵੇਰਵਾ | ਐੱਨ ਪੀ ਏ ਦੀ ਮਿਤੀ / ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|
| (1) ਸ੍ਰੀ ਹਰਜਿੰਦਰ ਪ੍ਰਤਾਪ ਸਿੰਘ ਪੁੱਤਰ ਸਵ. ਸ੍ਰੀ ਬੰਸੀ ਲਾਲ ਚੌਧਰੀ (2) ਸ੍ਰੀ ਗੁਰਪ੍ਰਤਾਪ ਸਿੰਘ ਪੁੱਤਰ ਸਵ. ਸ੍ਰੀ ਬੰਸੀ ਲਾਲ ਚੌਧਰੀ (ਸਹਿ-ਕਰਜ਼ਦਾਰ) ਬੀ-II-218/5, ਮੁਹੱਲਾ ਫਤਿਹਗੰਜ, ਨੇੜੇ ਬਾਬਾ ਥਾਨ ਸਿੰਘ ਚੌਂਕ, ਲੁਧਿਆਣਾ-141008 (3) ਮੈਸਰਜ਼ ਮੀਨਾਕਸ਼ੀ ਜੀਵਨ ਕਨੌਂਜੀਆ (ਪੁੱਤਰ ਸਵ. ਬੰਸੀ ਲਾਲ ਚੌਧਰੀ) ਆਰ ਐੱਮ 84, ਸ੍ਰੀ ਸੁਦਾਮਾ ਨਾਮਦਾਨ ਸੀ ਐੱਚ ਐੱਸ ਏ-302, ਨੇੜੇ ਏਮਸ ਹਸਪਤਾਲ, ਮਿਲਾਪ ਨਗਰ, ਐੱਮ ਆਈ ਡੀ ਸੀ, ਡੋਮੀਵਾਲੀ ਕਲਿਆਣ, ਥਾਣੇ, ਮਹਾਰਾਸ਼ਟਰ-421203 (4) ਸ੍ਰੀ ਜਤਿੰਦਰ ਕੁਮਾਰ ਪੁੱਤਰ ਸ੍ਰੀ ਚਮਨ ਲਾਲ, 218/1, ਮੁਹੱਲਾ ਫਤਿਹਗੰਜ, ਨੇੜੇ ਬਾਬਾ ਥਾਨ ਸਿੰਘ ਚੌਂਕ, ਲੁਧਿਆਣਾ-141008 | ਵਸੀਕਾ ਨੰ. 4378 ਮਿਤੀ 06.06.2007 ਅਨੁਸਾਰ ਸ੍ਰੀ ਬੰਸੀ ਲਾਲ ਚੌਧਰੀ, ਸ੍ਰੀ ਹਰਜਿੰਦਰ ਪ੍ਰਤਾਪ ਅਤੇ ਸ੍ਰੀ ਗੁਰਪ੍ਰਤਾਪ ਦੇ ਨਾਂਅ ਰਿਹਾਇਸ਼ੀ ਜਾਇਦਾਦ ਦਾ ਉੱਚਿਤ ਗਿਰਵੀਨਾਮਾ ਇਮਾਰਤ ਰਕਬਾ 70 ਵਰਗ ਗਜ਼ ਬੀ-II-218/5, ਮੁਹੱਲਾ ਫਤਿਹਗੰਜ, ਨੇੜੇ ਬਾਬਾ ਥਾਨ ਸਿੰਘ ਚੌਂਕ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ। ਜਾਇਦਾਦ ਦੀਆਂ ਹੱਦਾਂ :-ਪੂਰਬ : ਗਲੀ (15'-0''), ਪੱਛਮ : ਗੁਆਂਢ (15'-0''), ਉੱਤਰ : ਗੁਆਂਢ (43'-0''), ਦੱਖਣ : ਗੁਆਂਢ (4'-0'') | 29.07.2025 / 06.08.2025 | ਰੁਪਏ 8,76,449.45 (ਨੋਟਿਸ ਦੀ ਮਿਤੀ ਤੱਕ ਇਕਰਾਰਨਾਮੇ ਅਨੁਸਾਰ ਬਕਾਇਆ) ਸਮੇਤ ਇਸ 'ਤੇ 12.90% ਸਾਲਾਨਾ ਦੀ ਦਰ ਨਾਲ ਹੋਰ ਵਿਆਜ (ਪੀਨਲ ਵਿਆਜ ਸ਼ਾਮਲ) ਮਹੀਨਾਵਾਰ ਬੈਂਕ ਦੁਆਰਾ ਤੈਅ ਬਕਾਏ ਅਤੇ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ। |

ਬਦਲਵੇਂ ਨੋਟਿਸ ਦੀ ਸੇਵਾ ਲਈ ਕਦਮ ਚੁੱਕੇ ਜਾ ਰਹੇ ਹਨ। ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਦੋਂ ਵੀ ਲਾਗੂ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ, ਨਹੀਂ ਤਾਂ ਸਕਿਰਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸ ਐਕਟ 2002 ਦੀ ਧਾਰਾ 13 ਦੀ ਉਪ ਧਾਰਾ (4) ਦੇ ਤਹਿਤ ਅਗਲੇ ਕਦਮ ਚੁੱਕੇ ਜਾਣਗੇ।

ਮਿਤੀ : 01.09.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ (ਬੈਂਕ ਆਫ ਇੰਡੀਆ)

## SBI — BRANCH: HLC SANGRUR, DISTRICT : SANGRUR (PB), email : sbi.64793@sbi.co.in

### ਰੂਲ (8-1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਐੱਚ ਐੱਲ ਸੀ ਸੰਗਰੂਰ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ/ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਐੱਚ ਐੱਲ ਸੀ ਸੰਗਰੂਰ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਅਤੇ ਗਰੰਟਰਾਂ ਦਾ ਧਿਆਨ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|---|
| 01. | ਕਰਜ਼ਦਾਰ /ਾਂ : (ਏ)-ਸ੍ਰੀ ਅਬਦੁਲ ਜੱਬਾਰ ਪੁੱਤਰ ਸ੍ਰੀ ਅਬਦੁਲ ਸੱਤਾਰ ਵਾਸੀ ਮਕਾਨ ਨੰਬਰ 67, ਨੇੜੇ ਮੁਲਤਾਨੀ ਚੌਂਕ, ਮੁਬਾਰਕ ਮੰਜ਼ਿਲ, ਮਲੇਰਕੋਟਲਾ, ਜ਼ਿਲ੍ਹਾ ਮਲੇਰਕੋਟਲਾ (ਪੰਜਾਬ) 148023 (ਬੀ) ਸ੍ਰੀਮਤੀ ਸ਼ਹਿਨਾਜ਼ ਖਾਨ, ਪਤਨੀ ਸ੍ਰੀ ਅਬਦੁਲ ਜੱਬਾਰ ਵਾਸੀ ਮਕਾਨ ਨੰਬਰ 67, ਨੇੜੇ ਮੁਲਤਾਨੀ ਚੌਂਕ, ਮੁਬਾਰਕ ਮੰਜ਼ਿਲ, ਮਲੇਰਕੋਟਲਾ, ਜ਼ਿਲ੍ਹਾ ਮਲੇਰਕੋਟਲਾ (ਪੰਜਾਬ) 148023 | ਬੈਨਾਮਾ ਵਸੀਕਾ ਨੰ. 3320 ਮਿਤੀ 03/03/2010 ਅਨੁਸਾਰ ਸ੍ਰੀਮਤੀ ਸ਼ਹਿਨਾਜ਼ ਖਾਨ ਪਤਨੀ ਅਬਦੁੱਲ ਜੱਬਾਰ ਦੇ ਨਾਂਅ ਜ਼ਮੀਨ ਅਤੇ ਇਮਾਰਤ, ਖੱਤਾ ਨੰ. 103/189, ਖਸਰਾ ਨੰ. 2432/7 ਮਿਨ (79-0) ਖੇਤਰ ਰਕਬਾ 0-8.13/30 ਮਰਲਾ, ਜੋ ਕਿ 253.1/3 ਵਰਗ ਗਜ਼ ਕੁੱਲ ਜ਼ਮੀਨ ਰਕਬਾ 70 ਕਨਾਲ 0 ਮਰਲਾ ਦਾ 253/47400 ਹਿੱਸਾ, ਪਿੰਡ ਮਲੇਰਕੋਟਲਾ, ਜਮ੍ਹਾਂਬੰਦੀ ਸਾਲ 2013-14 ਮੁਬਾਰਕ ਮੰਜ਼ਲ ਨਾਲ ਜਾਣੀ ਜਾਂਦੀ ਥਾਂ, ਨੇੜੇ ਮੁਲਤਾਨੀ ਚੌਂਕ ਮਲੇਰਕੋਟਲਾ ਨਾਲ ਸੰਬੰਧਤ ਸਭ ਕੁੱਝ। ਜਾਇਦਾਦ ਦੀਆਂ ਹੱਦਾਂ : ਪੂਰਬ : 30'-0'' ਗਲੀ 22'0'' ਚੌੜੀ, ਪੱਛਮ : 30'-0'' ਮਾਸਟਰ ਟੀਟੂ ਦਾ ਪਲਾਟ, ਉੱਤਰ : 76'-0'' ਵਿਸ਼ੰਬਰ ਦਾਸ ਦਾ ਪਲਾਟ, ਦੱਖਣ : 76'-00', ਗੁਲਜ਼ਾਰ ਖਾਨ ਦਾ ਮਕਾਨ। | 17.06.2025 | 27.08.2025 | ਸੰਕੇਤਕ ਕਬਜ਼ਾ / ਰੁਪਏ : 13/06/2025 ਨੂੰ 14,06,863.00 (ਚੌਦਾਂ ਲੱਖ ਛੇ ਹਜ਼ਾਰ ਅੱਠ ਸੌ ਤਰੇਹਠ ਰੁਪਏ ਕੇਵਲ)+ ਉਸ ਉੱਤੇ ਵਿਆਜ ਅਤੇ ਹੋਰ ਖਰਚੇ |
| 02. | (2) ਕਰਜ਼ਦਾਰ /ਾਂ : (ਏ)-ਸ੍ਰੀਮਤੀ ਗੀਤਾ ਭਾਰਦਵਾਜ ਪਤਨੀ ਸ੍ਰੀ ਪ੍ਰਦੀਪ ਭਾਰਦਵਾਜ ਵਾਸੀ ਮਕਾਨ ਨੰਬਰ 299 ਬਲਾਕ ਐਫ, ਗਲੀ ਨੰਬਰ 03, ਆਫੀਸਰ ਕਲੋਨੀ, ਸੰਗਰੂਰ (ਪੰਜਾਬ) 148001 (ਬੀ) ਸ੍ਰੀ ਪ੍ਰਦੀਪ ਭਾਰਦਵਾਜ ਪੁੱਤਰ ਸ੍ਰੀ ਸਵਰਾਜ ਦੇਵ ਵਾਸੀ ਮਕਾਨ ਨੰਬਰ 299 ਬਲਾਕ ਐਫ, ਗਲੀ ਨੰਬਰ 03, ਆਫੀਸਰ ਕਲੋਨੀ, ਸੰਗਰੂਰ (ਪੰਜਾਬ) 148001 (ਸੀ) ਸ੍ਰੀ ਦੀਪਾਂਸ਼ੂ ਭਾਰਦਵਾਜ ਪੁੱਤਰ ਸ੍ਰੀ ਪ੍ਰਦੀਪ ਭਾਰਦਵਾਜ ਵਾਸੀ ਮਕਾਨ ਨੰਬਰ 299 ਬਲਾਕ ਐਫ, ਗਲੀ ਨੰਬਰ 03, ਆਫੀਸਰ ਕਾਲੋਨੀ, ਸੰਗਰੂਰ (ਪੰਜਾਬ) 148001 ਅਤੇ ਗਰੰਟਰ : ਸ੍ਰੀ ਪ੍ਰਦੀਪ ਭਾਰਦਵਾਜ ਪੁੱਤਰ ਸ੍ਰੀ ਸਵਰਾਜ ਦੇਵ ਵਾਸੀ ਮਕਾਨ ਨੰਬਰ 299 ਬਲਾਕ ਐਫ, ਗਲੀ ਨੰਬਰ 03, ਆਫੀਸਰ ਕਲੋਨੀ, ਸੰਗਰੂਰ (ਪੰਜਾਬ) 148001 | ਬੈਨਾਮਾ ਵਸੀਕਾ ਨੰ. 2713 ਮਿਤੀ 04/11/2009 ਅਨੁਸਾਰ ਸ੍ਰੀਮਤੀ ਗੀਤਾ ਭਾਰਦਵਾਜ ਪਤਨੀ ਸ੍ਰੀ ਪ੍ਰਦੀਪ ਭਾਰਦਵਾਜ ਦੇ ਨਾਂਅ ਰਿਹਾਇਸ਼ੀ ਜਾਇਦਾਦ ਦਾ ਉਚਿਤ ਗਿਰਵੀਨਾਮਾ ਮਕਾਨ ਰਕਬਾ 11.2/30 ਮਰਲਾ, ਜੋ ਕਿ 332.66 ਵਰਗ ਗਜ਼, ਖੱਤਾ/ਖਤੌਨੀ ਨੰ. 1718/2823 (ਨਵਾਂ ਖੱਤਾ/ਖਤੌਨੀ ਨੰ. 1959/3156) ਖਸਰਾ ਨੰ. 77//10/6-19, 78//6/8-0, 7/8-0, 14/2/1/1-8, 15/2-17, 998/48960 ਹਿੱਸਾ ਹੱਦ ਦਾ ਰਕਬਾ 27 ਕਨਾਲ 4 ਮਰਲੇ, ਜੋ ਕਿ 11.2/30 ਮਰਲਾ, ਗਲੀ ਨੰ. 3, ਆਫੀਸਰ ਕਾਲੋਨੀ, ਨਾਨਕਿਆਣਾ ਗੁਰਦੁਆਰਾ ਰੋਡ ਸੰਗਰੂਰ। ਹੱਦਾਂ : ਉੱਤਰ : ਗਲੀ 20' ਚੌੜੀ ਬਾਹੀ 39'-8'', ਦੱਖਣ : ਖਾਲੀ ਪਲਾਟ ਬਾਹੀ 39'-8'', ਪੂਰਬ : ਖਾਲੀ ਪਲਾਟ ਬਾਹੀ 75'-6'', ਪੱਛਮ : ਖਾਲੀ ਪਲਾਟ ਬਾਹੀ 75'-6'' | 29.10.2019 | 29.08.2025 | ਸੰਕੇਤਕ ਕਬਜ਼ਾ / ਰੁਪਏ : 28/10/2019 ਨੂੰ 25,51,523.00 (ਪੱਚੀ ਲੱਖ ਇਕਵੰਜਾ ਹਜ਼ਾਰ ਪੰਜ ਸੌ ਤੇਈ ਰੁਪਏ ਕੇਵਲ) + ਉਸ ਉੱਤੇ ਵਿਆਜ ਅਤੇ ਹੋਰ ਖਰਚੇ |

ਮਿਤੀ : 01-09-2025 ਸਥਾਨ : ਸੰਗਰੂਰ ਅਧਿਕਾਰਤ ਅਫਸਰ

# ਟਰਾਂਸਫਾਰਮਰ 'ਤੇ ਫਿਊਜ਼ ਲਗਾਉਣ ਚੜ੍ਹੇ ਠੇਕਾ ਮੁਲਾਜ਼ਮ ਦੀ ਕਰੰਟ ਲੱਗਣ ਨਾਲ ਮੌਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਹੁਸ਼ਿਆਰਪੁਰ ਸ਼ਹਿਰ ਵਿੱਚ ਪੈ ਰਹੀ ਭਾਰੀ ਬਰਸਾਤ ਦਰਮਿਆਨ ਬੀਤੀ ਰਾਤ ਤੋਂ ਨਿਊ ਦਸਮੇਸ਼ ਨਗਰ ਇਲਾਕੇ ਵਿੱਚ ਬੰਦ ਹੋਈ ਬਿਜਲੀ ਨੂੰ ਠੀਕ ਕਰਨ ਲਈ ਵਰ੍ਹਦੇ ਮੀਂਹ 'ਚ ਬਿਜਲੀ ਦੇ ਟਰਾਂਸਫਾਰਮਰ ਉਪਰ ਫਿਊਜ਼ ਲਾਉਣ ਲਈ ਚੜ੍ਹੇ ਠੇਕਾ ਅਧਾਰਤ ਮੁਲਾਜ਼ਮ ਦੀ ਕਰੰਟ ਲੱਗਣ ਨਾਲ ਮੌਕੇ ਤੇ ਮੌਤ ਹੋ ਜਾਣ ਦੀ ਦੁਖਦਾਇਕ ਖਬਰ ਮਿਲੀ ਹੈ।ਮੌਕੇ ਤੇ ਇਕੱਠੇ ਹੋਏ ਲੋਕਾਂ ਮੁਤਾਬਕ ਉਕਤ ਠੇਕਾ ਅਧਾਰਿਤ ਮੁਲਾਜ਼ਮ ਦੋ ਹੋਰ ਪੱਕੇ ਮੁਲਾਜ਼ਮਾਂ ਦੀ ਹਾਜ਼ਰੀ ਵਿੱਚ ਬਿਨਾਂ ਸੁਰੱਖਿਆ ਉਪਕਰਨਾਂ ਤੋਂ ਟਰਾਂਸਫਾਰਮਰ ਦੇ ਉੱਪਰ ਚੜ ਕੇ ਫਿਊਜ਼ ਲਾਉਣ ਦਾ ਕੰਮ ਕਰ ਰਿਹਾ ਸੀ। ਇਸ ਬਾਰੇ ਜਾਣਕਾਰੀ ਦਿੰਦਿਆਂ ਨੰਬਰਦਾਰ ਬਲਜਿੰਦਰ ਸਿੰਘ ਪਿੰਡ ਭਾਗੋਵਾਲ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਉਸ ਦਾ ਸਕਾ ਭਤੀਜਾ ਮਨਿੰਦਰ ਸਿੰਘ (25) ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਭਾਗੋਵਾਲ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੀ ਸਬ ਅਰਬਨ ਸਬ ਡਿਵੀਜ਼ਨ ਵਿੱਚ ਠੇਕਾ ਅਧਾਰਤ ਮੁਲਾਜ਼ਮ ਵਜੋਂ ਕੰਮ ਕਰ ਰਿਹਾ ਸੀ। ਸਵੇਰੇ 8 ਵਜੇ ਜਦੋਂ ਉਹ ਕੰਮ ਤੇ ਹਾਜ਼ਰ ਹੋਇਆ ਤਾਂ ਉਸ ਨੂੰ ਬਿਜਲੀ ਮਹਿਕਮੇ ਵਿੱਚ ਪੱਕੇ ਮੁਲਾਜ਼ਮ ਵਜੋਂ ਕੰਮ ਕਰ ਰਹੇ ਪਲਵਿੰਦਰ ਸਿੰਘ ਅਤੇ ਸ਼ਿਵ ਕੁਮਾਰ ਨਾਲ ਲੈ ਕੇ ਬਿਜਲੀ ਬੰਦ ਦੀ ਸ਼ਿਕਾਇਤ ਤੇ ਕਾਰਵਾਈ ਕਰਨ ਲਈ ਗਲੀ ਨੰਬਰ 7 ਨਿਊ ਦਸਮੇਸ਼ ਨਗਰ ਹੁਸ਼ਿਆਰਪੁਰ ਪਹੁੰਚੇ। ਨੰਬਰਦਾਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਇੱਕ ਸ਼ਿਕਾਇਤ 'ਤੇ ਬਿਜਲੀ ਠੀਕ ਕਰਨ ਲਈ ਬਿਨਾਂ ਪੌੜੀ ਤੋਂ ਆਏ ਤਾਂ ਦੇਖਿਆ ਕਿ ਟਰਾਂਸਫਾਰਮਰ ਦਾ ਇੱਕ ਫਿਊਜ਼ ਉਡਿਆ ਹੋਇਆ ਸੀ। ਉਕਤ ਮੁਲਾਜ਼ਮਾਂ ਨੇ ਬਿਜਲੀ ਦੀ ਸਪਲਾਈ ਦਾ ਜੀਓ ਸਵਿੱਚ ਕਟਿਆ, ਦੋ ਬਲੇਡ ਬਾਹਰ ਆਏ ਪਰ ਇੱਕ ਵਿੱਚੋ ਲੱਗਾ ਰਿਹਾ ਜਿਸ ਨਾਲ ਕਰੰਟ ਦੀ ਸਪਲਾਈ ਪੂਰੀ ਤਰ੍ਹਾਂ ਕੱਟ ਨਾ ਹੋਣ ਕਾਰਨ ਮਨਿੰਦਰ ਸਿੰਘ ਨੂੰ ਜ਼ੋਰਦਾਰ ਝੱਟਕਾ ਲੱਗਾ ਅਤੇ ਉਹ ਟ੍ਰਾਂਸਫਰ ਤੋਂ ਹੇਠਾਂ ਆ ਡਿੱਗਿਆ ਉਸ ਨੂੰ ਤੁਰੰਤ ਸਿਵਲ ਹਸਪਤਾਲ ਹੁਸ਼ਿਆਰਪੁਰ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਥਾਣਾ ਮਾਡਲ ਟਾਊਨ ਤੋਂ ਪੁਲਿਸ ਅਧਿਕਾਰੀ ਮੌਕੇ ਤੇ ਪਹੁੰਚ ਗਏ ਤੇ ਬਣਦੀ ਕਾਨੂੰਨੀ ਕਾਰਵਾਈ ਆਰੰਭ ਕਰ ਦਿੱਤੀ ਹੈ।



# 3 ਤੱਕ ਕਾਲਜ, ਯੂਨੀਵਰਸਿਟੀਆਂ ਤੇ ਪੌਲੀਟੈਕਨਿਕ ਇੰਸਟੀਚਿਊਟ ਬੰਦ ਰਹਿਣਗੇ : ਬੈਂਸ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਉਚੇਰੀ ਅਤੇ ਤਕਨੀਕੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਭਾਰੀ ਮੀਂਹ ਅਤੇ ਹੜ੍ਹਾਂ ਦੀ ਸਥਿਤੀ ਨੂੰ ਦੇਖਦਿਆਂ ਸੂਬੇ ਦੇ ਸਾਰੇ ਉਚੇਰੀ ਸਿੱਖਿਆ ਸੰਸਥਾਨ, ਜਿਨ੍ਹਾਂ ਵਿੱਚ ਕਾਲਜ, ਯੂਨੀਵਰਸਿਟੀਆਂ ਅਤੇ ਪੌਲੀਟੈਕਨਿਕ ਇੰਸਟੀਚਿਊਟ ਸ਼ਾਮਲ ਹਨ, 3 ਸਤੰਬਰ ਤੱਕ ਬੰਦ ਰਹਿਣਗੇ।ਸ੍ਰੀ ਬੈਂਸ ਨੇ ਕਿਹਾ ਕਿ ਇਹ ਫੈਸਲਾ ਵਿਦਿਆਰਥੀਆਂ ਅਤੇ ਸਟਾਫ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹੋਸਟਲਾਂ ਵਿੱਚ ਰਹਿਣ ਵਾਲੇ ਵਿਦਿਆਰਥੀਆਂ ਦੀ ਦੇਖਭਾਲ ਅਤੇ ਸੁਰੱਖਿਆ ਦੀ ਜ਼ਿੰਮੇਵਾਰੀ ਸਬੰਧਤ ਵਿਦਿਅਕ ਸੰਸਥਾ ਦੀ ਹੈ। ਉਹ ਇਸ ਚੁਣੌਤੀਪੂਰਨ ਸਮੇਂ ਦੌਰਾਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਲਈ ਜ਼ਰੂਰੀ ਉਪਾਅ ਕਰਨਗੇ ਅਤੇ ਜ਼ਰੂਰੀ ਸੇਵਾਵਾਂ ਪ੍ਰਦਾਨ ਕਰਨਗੇ।ਸ. ਹਰਜੋਤ ਸਿੰਘ ਬੈਂਸ ਨੇ ਸਾਰੇ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਰਾਜ ਸਰਕਾਰ ਦੁਆਰਾ ਜਾਰੀ ਕੀਤੇ ਜਾਂਦੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਨਾਗਰਿਕਾਂ, ਖਾਸ ਕਰਕੇ ਵਿਦਿਆਰਥੀਆਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਸਥਿਤੀ ਉਤੇ ਲਗਾਤਾਰ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ।

# ਰਾਜਪਾਲ ਨੇ 5 ਟੀਬੀ ਰੋਗੀਆਂ ਨੂੰ ਨਿਕਸ਼ੇ ਮਿੱਤਰ ਵਜੋਂ ਅਪਣਾਇਆ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਰਾਜਪਾਲ ਸ੍ਰੀ ਅਸੀਮ ਕੁਮਾਰ ਘੋਸ਼ ਤੇ ਉਨ੍ਹਾਂ ਦੀ ਧਰਮ ਪੱਤਨੀ ਸ੍ਰੀਮਤੀ ਮਿਤਰਾ ਘੋਸ਼ ਨੇ ਰਾਸ਼ਟਰੀ ਟੀਬੀ ਉਨਮੂਲਨ ਪ੍ਰੋਗਰਾਮ (ਐਨਟੀਈਪੀ) ਤਹਿਤ 5 ਟੀਬੀ ਰੋਗੀਆਂ ਨੂੰ ਪੋਸ਼ਣ ਸਬੰਧੀ ਸਹਾਇਤਾ ਪ੍ਰਦਾਨ ਕਰ ਕੇ ਗੋਦ ਲਿਆ। ਇਸ ਪ੍ਰੋਗਰਾਮ ਵਿੱਚ ਰਾਜ ਟੀਬੀ ਅਧਿਕਾਰੀ ਡਾ. ਰਾਜੇਸ਼ ਰਾਜੂ ਅਤੇ ਡਬਲਿਊਐਚਓ ਦੇ ਨੋਮਿਨੀ ਡਾ. ਸੁਖਵੰਤ ਨੇ ਰਾਜਪਾਲ ਨੂੰ ਸੂਬੇ ਵਿੱਚ ਚੱਲ ਰਹੇ ਟੀਬੀ ਮੁਹਿੰਮ ਦੇ ਮੌਜੂਦਾ ਹਾਲਾਤ ਬਾਰੇ ਜਾਣੂ ਕਰਵਾਇਆ।ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਸੋਮਵਾਰ ਨੂੰ ਹਰਿਆਣਾ ਰਾਜਭਵਨ ਵਿੱਚ ਨਿਕਸ਼ੇ ਮਿੱਤਰ ਵਜੋ ਰਜਿਸਟ੍ਰੇਸ਼ਣ ਕਰਵਾਇਆ ਅਤੇ 5 ਟੀਬੀ ਰੋਗੀਆਂ ਨੂੰ ਗੋਦ ਲਿਆ।ਉਨ੍ਹਾਂ ਨੇ ਕਿਹਾ ਕਿ ਕਮਿਊਨਿਟੀ ਸਹਾਇਤਾ ਪ੍ਰੋਗਰਾਮ-ਨਿਕਸ਼ੇ ਮਿੱਤਰ ਨੂੰ 9 ਸਤੰਬਰ, 2022 ਨੂੰ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਵੱਲੋਂ ਪ੍ਰਧਾਨ ਮੰਤਰੀ ਟੀਬੀ ਮੁਕਤ ਭਾਰਤ ਮੁਹਿੰਮ ਤਹਿਤ ਲਾਂਚ ਕੀਤਾ ਗਿਆ ਸੀ।ਉਨ੍ਹਾਂ ਨੇ ਕਿਹਾ ਕਿ ਹਰਿਆਣਾ ਵਿੱਚ ਇਸ ਪਹਿਲ ਦੀ ਸ਼ੁਰੂਆਤ 17 ਸਤੰਬਰ, 2022 ਨੂੰ ਕੀਤੀ ਗਈ ਸੀ। ਪਹਿਲੇ ਪੜਾਅ ਵਿੱਚ ਹਰਿਆਣਾ ਸੂਬੇ ਦੇ ਲਗਭਗ 2200 ਪਿੰਡ ਟੀਬੀ ਮੁਕਤ ਹੋ ਚੁੱਕੇ ਹਨ। ਇਸੀ ਤਰ੍ਹਾ ਸਮੂਚੇ ਹਰਿਆਣਾ ਨੂੰ ਟੀਬੀ ਮੁਕਤ ਕਰਨ ਲਈ ਹਰਿਆਣਾ ਸਰਕਾਰ ਸ਼ਲਾਘਾਯੋਗ ਕੰਮ ਕਰ ਰਹੀ ਹੈ। ਇਸ ਦੌਰਾਨ ਰਾਜਪਾਲ ਦੇ ਸਕੱਤਰ ਸ੍ਰੀ ਡੀ. ਕੇ. ਬੇਹਰਾ ਵੀ ਮੌਜੂਦ ਸਨ।



# 'ਆਪ' ਨੇ ਪਹਿਲੇ ਦਿਨ ਤੋਂ ਰਾਹਤ ਤੇ ਬਚਾਅ ਕਾਰਜ ਸ਼ੁਰੂ ਕੀਤੇ : ਚੰਦਰ ਮੋਹਨ



**ਬਲਾਚੌਰ, (ਜਸਵਿੰਦਰ ਬੈਂਸ)**-ਜ਼ਿਲ੍ਹਾ ਮੀਡੀਆ ਇੰਚਾਰਜ ਚੰਦਰ ਮੋਹਣ ਜੇਡੀ ਨੇ ਕਿਹਾ ਕਿ ਪੰਜਾਬ ਵਿੱਚ ਆਈ ਹਾਲੀਆ ਹੜ੍ਹ ਦੀ ਸਥਿਤੀ ਨੂੰ ਦੇਖਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੇ ਦਿਨ ਤੋਂ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਰਾਹਤ ਕੰਮਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕੈਂਪ ਲਗਾਏ ਗਏ ਹਨ, ਜਿੱਥੇ ਲੋਕਾਂ ਤੱਕ ਸਮੇਂ ਸਿਰ ਰਾਸ਼ਨ, ਦਵਾਈਆਂ ਅਤੇ ਹੋਰ ਜ਼ਰੂਰੀ ਸਮੱਗਰੀ ਪਹੁੰਚਾਈ ਜਾ ਰਹੀ ਹੈ।ਪਸ਼ੂਆਂ ਦੇ ਚਾਰੇ ਲਈ ਵੀ ਖ਼ਾਸ ਪ੍ਰਬੰਧ ਕੀਤੇ ਗਏ ਹਨ।ਹੜ੍ਹ ਕੰਟਰੋਲ ਲਈ ਦਰਿਆਵਾਂ ਅਤੇ ਨਾਲਿਆਂ ਦੇ ਕਿਨਾਰਿਆਂ 'ਤੇ ਮਜ਼ਬੂਤ ਪ੍ਰਬੰਧ ਕੀਤੇ ਜਾ ਰਹੇ ਹਨ। ਪੰਜਾਬ ਦੇ ਮੰਤਰੀ, ਵਿਧਾਇਕ ਅਤੇ ਪਾਰਟੀ ਦੇ ਵਾਲੰਟੀਅਰ ਖ਼ੁਦ ਜ਼ਮੀਨੀ ਪੱਧਰ 'ਤੇ ਜਾ ਕੇ ਪੀੜਤਾਂ ਦੀ ਮਦਦ ਕਰ ਰਹੇ ਹਨ।ਇਸ ਤੋਂ ਇਲਾਵਾ ਪ੍ਰਸ਼ਾਸਨ ਨੂੰ ਸਖ਼ਤ ਹੁਕਮ ਦਿੱਤੇ ਗਏ ਹਨ ਕਿ ਕਿਸੇ ਵੀ ਪ੍ਰਭਾਵਿਤ ਪਰਵਾਰ ਨੂੰ ਮਦਦ ਤੋਂ ਵਾਂਝਾ ਨਾ ਰੱਖਿਆ ਜਾਵੇ।

# ਸੁੱਚਾ ਸਿੰਘ ਪਿੰਡ ਘੁਮਿਆਲਾ ਦੇ ਨੰਬਰਦਾਰ ਨਿਯੁਕਤ



**ਮਾਹਿਲਪੁਰ, (ਸ਼ਫ਼ਰੀ)**-ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਘੁਮਿਆਲਾ ਸੁੱਚਾ ਸਿੰਘ ਪੁਤਰ ਸੰਤ ਰਾਮ ਨੂੰ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵਲੋਂ ਪਿੰਡ ਘੁਮਿਆਲਾ ਦਾ ਨੰਬਰਦਾਰ ਨਿਯੁਕਤ ਕੀਤਾ ਗਿਆ।

# ਰੇਲਵੇ ਲਾਈਨ ਦੇ ਉੱਪਰੋਂ ਲੰਘਦੀ ਓਵਰਹੈੱਡ ਲਾਈਨ 'ਚ ਆਇਆ ਕਰੰਟ, ਸਿਗਨਲ ਵਿਭਾਗ ਦੇ ਮੁਲਾਜ਼ਮ ਦੀ ਮੌਤ

**ਜਲੰਧਰ, (ਯੋਗੇਸ਼ਵਰ, ਰੀਨਾ ਸ਼ਰਮਾ) :** ਪੰਜਾਬ ਭਰ ਵਿਚ ਮੀਂਹ ਨੇ ਆਫਤ ਮਚਾਈ ਹੋਈ ਹੈ। ਜਲੰਧਰ ਵਿਚ ਮੀਂਹ ਕਾਰਨ, ਸਿਗਨਲ ਵਿਭਾਗ ਦੇ ਇੱਕ ਕਰਮਚਾਰੀ ਦੀ ਬਿਜਲੀ ਸਪਲਾਈ ਯਾਨੀ ਰੇਲਵੇ ਲਾਈਨ ਦੇ ਉੱਪਰੋਂ ਲੰਘਦੀ ਓਵਰਹੈੱਡ ਲਾਈਨ ਤੋਂ ਬਿਜਲੀ ਦਾ ਕਰੰਟ ਲੱਗਣ ਕਾਰਨ ਮੌਤ ਹੋ ਗਈ। ਇਹ ਘਟਨਾ ਸ਼ਹਿਰ ਦੇ ਰੇਲਵੇ ਸਟੇਸ਼ਨ ਦੇ ਬਾਹਰੀ ਖੇਤਰ ਦੇ ਯਾਰਡ ਵਿੱਚ ਵਾਪਰੀ। ਬਿਜਲੀ ਸਪਲਾਈ 25 ਕੇਵੀ ਹੋਣ ਕਾਰਨ, ਕਰਮਚਾਰੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਤੋਂ ਤੁਰੰਤ ਬਾਅਦ, ਰੇਲਵੇ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਤੁਰੰਤ ਬਿਜਲੀ ਸਪਲਾਈ ਕੱਟ ਦਿੱਤੀ।



# ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਪਿੰਡ ਚੇਤਾ ਪਹੁੰਚ ਕੇ ਲਿਆ ਸਥਿਤੀ ਦਾ ਜਾਇਜ਼ਾ



**ਬੰਗਾ (ਅਵਤਾਰ ਕਲੇਰ)**

ਭਾਰੀ ਬਰਸਾਤ ਦੌਰਾਨ ਸਬ ਡਿਵੀਜ਼ਨ ਵਿਚੋਂ ਦੀ ਲੰਘਦੀ ਵੇਈਂ ਦੇ ਓਵਰਫਲੋ ਹੋ ਜਾਣ 'ਤੇ ਪਿੰਡ ਚੇਤਾ ਦੇ ਖੇਤਾਂ ਵਿੱਚ ਪਾਣੀ ਭਰਨ ਦੇ ਮੱਦੇ ਨਜ਼ਰ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਐਸ.ਡੀ.ਐਮ. ਅਤੇ ਹੋਰਨਾਂ ਸਬੰਧਤ ਅਧਿਕਾਰੀਆਂ ਸਮੇਤ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।

ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਪਾਣੀ ਦੀ ਮਾਰ ਹੇਠ ਆਏ ਖੇਤਰ ਵਿੱਚ ਜਾ ਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ ਅਤੇ ਪ੍ਰਸ਼ਾਸਨਿਕ ਅਧਿਕਾਰੀ ਲਗਾਤਾਰ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਵੇਈਂ ਦੇ ਓਵਰਫਲੋ ਦੇ ਹੱਲ ਲਈ ਤੁਰੰਤ ਢੁੱਕਵੇਂ ਕਦਮ ਚੁੱਕੇ ਜਾਣ ਤਾਂ ਜੋ ਲੋਕਾਂ ਨੂੰ ਜਲਦ ਤੋਂ ਜਲਦ ਰਾਹਤ ਦਿਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਰੇਤਾ, ਮਿੱਟੀ ਦੇ ਬੋਰੇ ਅਤੇ ਹੋਰ ਲੋੜੀਂਦੇ ਸਮਾਨ ਸਮੇਤ ਜਲਦ ਪਹੁੰਚ ਕੇ ਓਵਰਫਲੋ ਦਾ ਹੱਲ ਕਰ ਰਹੇ ਹਨ।ਲੋਕਾਂ ਨੂੰ ਕਿਸੇ ਵੀ ਪੱਖੋਂ ਨਾ ਘਬਰਾਉਣ ਦੀ ਅਪੀਲ ਕਰਦਿਆਂ ਵਿਧਾਇਕ ਡਾ. ਸੁੱਖੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲਗਾਤਾਰ ਲੋਕਾਂ ਦੇ ਬਚਾਅ ਅਤੇ ਸੁਰੱਖਿਆ ਵਿੱਚ ਲੱਗਾ ਹੋਇਆ ਹੈ ਅਤੇ ਹਰ ਸੰਭਵ ਮਦਦ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਲੋੜ ਪੈਣ 'ਤੇ ਪਾਣੀ ਦੀ ਮਾਰ ਹੇਠ ਆਏ ਪਿੰਡਾਂ ਦੇ ਵਸਨੀਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਣ ਦੇ ਵੀ ਪ੍ਰਬੰਧ ਕੀਤੇ ਗਏ ਹਨ ਜਿਨ੍ਹਾਂ ਵਿੱਚ ਤਿੰਨ ਸੈਕਟਰ ਬਣਾ ਕੇ ਛੇ ਥਾਵਾਂ 'ਤੇ ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ ਤਾਂ ਜੋ ਜੇਕਰ ਹੰਗਾਮੀ ਹਾਲਤ ਬਣਦੀ ਹੈ ਤਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਸਕੇ। ਇਸ ਮੌਕੇ ਐਸ.ਡੀ.ਐਮ. ਵਿਪਨ ਭੰਡਾਰੀ, ਸੋਹਣ ਲਾਲ ਢੰਡਾ, ਸਰਪੰਚ ਸੁਖਵਿੰਦਰ ਸਿੰਘ, ਪਿੰਡ ਚੇਤਾ ਤੋਂ ਸ਼ਿੰਦਾ ਸਿੰਘ,ਨੰਬਰਦਾਰ ਰਾਜ ਕੁਮਾਰ, ਰਣਜੀਤ ਸਿੰਘ ਰਾਣਾ, ਤਲਵਿੰਦਰ ਸਿੰਘ, ਪ੍ਰਭਜੋਤ ਸਿੰਘ ਆਦਿ ਮੌਜੂਦ ਸਨ।

# ਸਤਨਾਮ ਨਗਰ ਸੁਸਾਇਟੀ ਨੇ ਮਹਿੰਦਰ ਭਗਤ ਦਾ ਕੀਤਾ ਸਨਮਾਨ



**ਜਲੰਧਰ (ਰਾਜੇਸ਼ ਥਾਪਾ)**

ਸਤਨਾਮ ਨਗਰ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਤਰਸੇਮ ਸਿੰਘ ਅਤੇ ਪ੍ਰਿੰਸ ਚੌਹਾਨ ਸਮੇਤ ਸੋਸਾਇਟੀ ਦੇ ਮੈਂਬਰਾਂ ਨੇ ਕੈਬਨਿਟ ਮੰਤਰੀ ਮਹਿੰਦਰ ਭਗਤ ਅਤੇ ਕਮਲ ਲੋਚ ਦਾ ਸਨਮਾਨ ਕਰਕੇ ਧੰਨਵਾਦ ਕੀਤਾ। ਇਹ ਸਨਮਾਨ ਸਤਨਾਮ ਨਗਰ ਵਿੱਚ ਇੱਕ ਨਵਾਂ ਟ੍ਰਾਂਸਫਾਰਮਰ ਅਤੇ ਨਵੀਆਂ ਬਿਜਲੀ ਦੀਆਂ ਤਾਰਾਂ ਲਗਵਾਉਣ ਲਈ ਕੀਤਾ ਗਿਆ।ਸੋਸਾਇਟੀ ਦੇ ਮੈਂਬਰਾਂ ਨੇ ਦੱਸਿਆ ਕਿ ਪੁਰਾਣੇ ਟ੍ਰਾਂਸਫਾਰਮਰ ਦੀ ਸਮੱਸਿਆ ਕਾਰਨ ਇਲਾਕੇ ਵਿੱਚ ਬਿਜਲੀ ਦੀ ਸਪਲਾਈ ਵਿੱਚ ਕਾਫ਼ੀ ਦਿੱਕਤ ਆ ਰਹੀ ਸੀ, ਜਿਸ ਨਾਲ ਲੋਕਾਂ ਨੂੰ ਗਰਮੀ ਤੇ ਹੋਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਨੇ ਮੰਤਰੀ ਮਹਿੰਦਰ ਭਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਨਾਲ ਇਸ ਸਮੱਸਿਆ ਦਾ ਹੱਲ ਹੋ ਗਿਆ ਹੈ ਅਤੇ ਹੁਣ ਇਲਾਕੇ ਵਿੱਚ ਬਿਜਲੀ ਦੀ ਸਪਲਾਈ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਮਹਿੰਦਰ ਭਗਤ ਨੇ ਸੋਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਤਿਆਰ ਹਨ ਅਤੇ ਭਵਿੱਖ ਵਿੱਚ ਵੀ ਉਹ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਰਹਿਣਗੇ।

# ਅੱਖ ਦਾਨ ਪੰਦਰਵਾੜੇ ਸੰਬੰਧੀ ਸੈਮੀਨਾਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-40ਵੇਂ ਰਾਸ਼ਟਰੀ ਅੱਖ ਦਾਨ ਪੰਦਰਵਾੜੇ ਪ੍ਰੋਗਰਾਮ ਦੇ ਤਹਿਤ ਆਈ ਡੋਨੇਸ਼ਨ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਸ਼ਾਮ ਦੇ ਸਮੇਂ ਗੁਰਦੁਆਰਾ ਸ਼ਾਲੀਮਾਰ ਨਗਰ, ਹੁਸ਼ਿਆਰਪੁਰ ਵਿੱਚ ਅੱਖ ਦਾਨ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪ੍ਰੋ. ਬਹਾਦਰ ਸਿੰਘ ਸੁਨੇਤ (ਪੈਟਰੋਨ) ਅਤੇ ਸ. ਬਲਜੀਤ ਸਿੰਘ (ਜਨਰਲ ਸਕੱਤਰ) ਨੇ ਸੰਗਤ ਨੂੰ ਅੱਖ ਦਾਨ ਦੀ ਮਹੱਤਤਾ ਬਾਰੇ ਰੌਸ਼ਨ ਕੀਤਾ ਤੇ ਸਭ ਨੂੰ ਇਸ ਪੁੰਨ ਦੇ ਕਾਰਜ ਵੱਲ ਪ੍ਰੇਰਿਤ ਕੀਤਾ। ਇਸ ਮੌਕੇ ਗੁਰਪ੍ਰੀਤ ਸਿੰਘ, ਗੁਰਪਾਲ ਸਿੰਘ, ਸੁਰਜਨ ਨੈਨ ਕੌਰ ਤੇ ਜਤਿੰਦਰ ਕੌਰ ਹਾਜ਼ਰ ਸਨ। ਗੁਰਦੁਆਰਾ ਪ੍ਰਧਾਨ ਪ੍ਰਿੰਸੀਪਲ ਅਵਤਾਰ ਸਿੰਘ ਤੇ ਸ. ਗੁਰਮਿੱਤਰਪਾਲ ਸਿੰਘ ਨੇ ਆਈ ਡੋਨੇਸ਼ਨ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਸਿਰੋਪਾਓ ਭੇਂਟ ਕੀਤੇ ਤੇ ਅੱਖ ਦਾਨ ਅੰਦੋਲਨ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਹ ਸਮਾਗਮ ਇੱਕ ਸਾਂਝੀ ਕਸਮ ਨਾਲ ਸਮਾਪਤ ਹੋਇਆ ਜਿਸ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਅਤੇ ਹੋਰ ਵੱਧ ਤੋਂ ਵੱਧ ਲੋਕਾਂ ਨੂੰ ਅੱਖ ਦਾਨ ਵੱਲ ਪ੍ਰੇਰਿਤ ਕਰਨ ਦਾ ਸੁਨੇਹਾ ਦਿੱਤਾ ਗਿਆ।

# ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਪਵਿੱਤਰ ਸਰੋਵਰ ਦੀ ਸਫ਼ਾਈ ਦੀ ਕਾਰ ਸੇਵਾ ਹੁਣ 5 ਨੂੰ ਹੋਵੇਗੀ : ਭਾਈ ਚਾਵਲਾ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਪਵਿੱਤਰ ਸਰੋਵਰ ਦੀ ਸਫ਼ਾਈ ਦੀ ਕਾਰ ਸੇਵਾ ਜੋ 1 ਸਤੰਬਰ ਨੂੰ ਹੋਣੀ ਸੀ ਹੁਣ 5 ਸਤੰਬਰ ਨੂੰ ਹੋਵੇਗੀ। ਇਸ ਦੀ ਜਿਆਦਾ ਜਾਣਕਾਰੀ ਦਿੰਦਿਆ ਭਾਈ ਅਮਰਜੀਤ ਸਿੰਘ ਚਾਵਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਮੌਸਮ ਦੀ ਖ਼ਰਾਬੀ ਅਤੇ ਭਾਰੀ ਬਰਸਾਤ ਹੋਣ ਕਰਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਪਵਿੱਤਰ ਸਰੋਵਰ ਦੀ ਸਫ਼ਾਈ ਦੀ ਕਰ ਸੇਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਾਬਾ ਬਚਨ ਸਿੰਘ ਜੀ ਕਾਰ ਸੇਵਾ ਦਿੱਲੀ ਵਾਲਿਆਂ ਵਲੋ ਤਖ਼ਤ ਸਾਹਿਬ ਦੇ ਪਵਿੱਤਰ ਸਰੋਵਰ ਦੀ ਸਫ਼ਾਈ ਦੀ ਸੇਵਾ ਹੁਣ5 ਸਤੰਬਰ ਨੂੰ ਹੋਵੇਗੀ, ਜਿਸ ਦੀ ਆਰੰਭਤਾ ਦੀ ਅਰਦਾਸ 5 ਸਤੰਬਰ ਨੂੰ ਸਵੇਰੇ 10 ਵਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਤੇ ਪੰਜ ਪਿਆਰੇ ਸਾਹਿਬਾਨ ਵਲੋ ਕੀਤੀ ਜਾਵੇਗੀ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਕਾਰ ਸੇਵਾ ਦੀ ਅਰੰਭਤਾ ਕੀਤੀ ਜਾਵੇਗੀ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਇਸ ਕਾਰ ਸੇਵਾ ਵਿਚ ਹਾਜ਼ਰੀ ਲਗਵਾਉਣਗੀਆਂ।



# ਰਾਸ਼ਟਰੀ ਐਕਸ਼ਨ ਪਲਾਨ ਸੰਬੰਧੀ ਮੈਡੀਕਲ ਅਫਸਰਾਂ ਦੀ ਟ੍ਰੇਨਿੰਗ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਨਸ਼ੇ ਦੀ ਮੰਗ ਨੂੰ ਘਟਾਉਣ ਲਈ ਰਾਸ਼ਟਰੀ ਐਕਸ਼ਨ ਪਲਾਨ (ਨੈਸ਼ਨਲ ਐਕਸ਼ਨ ਪਲਾਨ ਫਾਰ ਡਰੱਗ ਡਿਮਾਂਡ ਰੀਡਕਸ਼ਨ) ਤਹਿਤ ਡਾ. ਬੀ.ਆਰ. ਅੰਬੇਦਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਏ ਆਈ ਏ ਐਸ), ਮੋਹਾਲੀ ਦੇ ਮਨੋਰੋਗ ਵਿਭਾਗ ਵਿੱਚ ਸਥਾਪਿਤ ਕੀਤੇ ਕਲੱਸਟਰ ਰੀਸੋਰਸ ਸੈਂਟਰ ਵਿੱਚ ਮਿਤੀ 1 ਸਤੰਬਰ ਤੋਂ 5 ਸਤੰਬਰ ਤੱਕ ਮੋਹਾਲੀ, ਰੋਪੜ, ਫ਼ਤਹਿਗੜ੍ਹ ਸਾਹਿਬ, ਮਾਲੇਰਕੋਟਲਾ ਅਤੇ ਲੁਧਿਆਣਾ ਜ਼ਿਲ੍ਹਿਆਂ ਤੋਂ 38 ਮੈਡੀਕਲ ਅਫ਼ਸਰ ਦੀ ਨਸ਼ਾ ਛੁਡਵਾਉਣ ਅਤੇ ਮੁੜ੍ਹ-ਵਸੇਬੇ ਸੰਬੰਧੀ ਟ੍ਰੇਨਿੰਗ ਦੇ ਦੂਜੇ ਬੈਚ ਦੀ ਸ਼ੁਰੂਆਤ ਹੋਈ।ਇਸ ਪੰਜ ਰੋਜ਼ਾ ਟ੍ਰੇਨਿੰਗ ਵਿੱਚ ਨਸ਼ਿਆਂ ਤੋਂ ਬਚਣ, ਇਲਾਜ, ਕਾਊਂਸਲਿੰਗ ਅਤੇ ਮੁੜ੍ਹ-ਵਸੇਬੇ ਸੰਬੰਧੀ ਵੱਖ ਵੱਖ ਮਾਹਿਰਾਂ ਦੁਆਰਾ ਟ੍ਰੇਨਿੰਗ ਦਿੱਤੀ ਜਾਵੇਗੀ।ਏ ਆਈ ਐਮ ਐਸ ਮੋਹਾਲੀ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਸਮੂਹ ਆਏ ਹੋਏ ਮੈਡੀਕਲ ਅਫ਼ਸਰਾਂ ਨੂੰ ਆਇਆਂ ਆਖਦਿਆਂ ਮੌਜੂਦਾ ਸਮੇਂ ਵਿੱਚ ਨਸ਼ਿਆਂ ਦੀ ਦਲਦਲ ਵਿੱਚੋਂ ਨੌਜਵਾਨਾਂ ਨੂੰ ਕੱਢਣ ਲਈ ਆਪਣਾ ਪੂਰਾ ਯੋਗਦਾਨ ਪਾਉਣ ਲਈ ਪ੍ਰੇਰਿਆ ਤਾਂ ਕਿ ਸਮਾਜ ਨੂੰ ਬੇਹਤਰ ਬਣਾਇਆ ਜਾ ਸਕੇ।ਡਾ. ਨਿਧੀ ਮਲਹੋਤਰਾ (ਮਨੋਰੋਗ ਮਾਹਿਰ, ਏ ਆਈ ਐਮ ਐਸ, ਮੋਹਾਲੀ) ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਸਰਕਾਰ ਅਤੇ ਅਨੰਨਯਾ ਬਿਰਲਾ ਫਾਊਂਡੇਸ਼ਨ ਦੁਆਰਾ ਸਥਾਪਿਤ ਕੀਤੇ ਡਾਟਾ ਇੰਟੈਲੀਜੈਂਸ ਅਤੇ ਟੈਕਨੀਕਲ ਸਪੋਰਟ ਯੂਨਿਟ ਅਤੇ ਪੰਜਾਬ ਸਰਕਾਰ ਦੀਆਂ ਨਸ਼ਾ ਮੁਕਤ ਹੋਏ ਲੋਕਾਂ ਲਈ ਵੱਖ ਵੱਖ ਮੁੜ੍ਹ-ਵਸੇਬਾ ਯੋਜਨਾਵਾਂ ਬਾਰੇ ਚਾਨਣਾ ਪਾਇਆ।ਕਲੱਸਟਰ ਰੀਸੋਰਸ ਸੈਂਟਰ ਦੇ ਟ੍ਰੇਨਰ ਡਾ. ਪ੍ਰਿਆ ਅਰੋੜਾ ਅਤੇ ਡਾ. ਹਰਸਿਮਰਨ ਕੌਰ (ਮਨੋਰੋਗ ਮਾਹਿਰ, ਏ ਆਈ ਐਮ ਐਸ, ਮੋਹਾਲੀ) ਨੇ ਵੱਖ ਵੱਖ ਵਿਸ਼ਿਆਂ ਸੰਬੰਧੀ ਆਏ ਹੋਏ ਸਮੂਹ ਮੈਡੀਕਲ ਅਫ਼ਸਰਜ਼ ਨੂੰ ਟ੍ਰੇਨਿੰਗ ਦਿੱਤੀ।



# ਜੀਵਾਣੂਆਂ ਤੇ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ : ਸੰਧੂ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਚੰਡੀਗੜ੍ਹ ਰੋਡ ਸੰਧੂ ਹਸਪਤਾਲ ਨਵਾਂਸ਼ਹਿਰ ਮਾਲਿਕ ਦਿਮਾਗੀ ਰੋਗਾਂ ਦੇ ਮਾਹਿਰ ਡਾ. ਜੋਤਨਿੰਦਰ ਸੰਧੂ ਅਤੇ ਮਾਹਿਰ ਸਕਿਨ ਸਪੈਸ਼ਲਿਸਟ ਡਾ ਗੁਰਜੀਤ ਕੌਰ ਸੰਧੂ ਨੇ ਬਰਸਾਤ ਦੇ ਮੌਸਮ ਦੇ ਮੱਦੇਨਜ਼ਰ ਜੀਵਾਣੂਆਂ ਤੇ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਹੁੰਦਾ ਹੈ, ਲੋਕਾਂ ਨੂੰ ਅਪੀਲ ਕੀਤੀ ਕਿ ਸਾਫ਼ ਪਾਣੀ ਜਾਂ ਪਾਣੀ ਉਬਾਲ ਕੇ ਪੀਣਾ ਚਾਹੀਦਾ ਹੈ। ਪੀਣ ਵਾਲੇ ਪਾਣੀ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ।ਕਿਸੇ ਵੀ ਤਰ੍ਹਾਂ ਦੀ ਇਨਫੈਕਸ਼ਨ ਤੋਂ ਬਚਣ ਲਈ ਹੱਥਾਂ ਨੂੰ ਸਾਬਣ ਨਾਲ ਚੰਗੀ ਤਰ੍ਹਾਂ ਧੋਵੋ।ਹੜ੍ਹ ਦੇ ਪਾਣੀ ਨਾਲ ਗਿਲੇ ਖਾਣੇ ਨੂੰ ਖਾਣ ਤੋਂ ਪ੍ਰਹੇਜ਼ ਕਰੋ। ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ ਤਾਂ ਨੇੜਲੇ ਹਸਪਤਾਲ ਤੋਂ ਇਲਾਜ ਕਰਵਾਓ। ਹੜ੍ਹਾਂ ਦੇ ਦੂਸ਼ਿਤ ਪਾਣੀ ਅਤੇ ਕੀੜਿਆਂ ਦੇ ਕੱਟਣ ਨਾਲ ਚਮੜੀ ਤੇ ਬੈਕਟੀਰੀਆ ਇਨਫੈਕਸ਼ਨ ਹੋਣ ਨਾਲ ਖਾਰਸ਼ ਵਗੈਰਾ ਹੋ ਸਕਦੀ ਹੈ। ਇਸ ਲਈ ਸਫ਼ਾਈ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ। ਡਾਕਟਰ ਜੋਤਨਿੰਦਰ ਸੰਧੂ ਅਤੇ ਮਾਹਿਰ ਸਕਿਨ ਸਪੈਸ਼ਲਿਸਟ ਡਾ ਗੁਰਜੀਤ ਕੌਰ ਸੰਧੂ ਨੇ ਕਿਹਾ ਕੱਟੇ ਹੋਏ ਫ਼ਲ ਅਤੇ ਸਬਜ਼ੀਆਂ ਨਾ ਖਰੀਦੋ ਹੈ ਤੇ ਨਾ ਹੀ ਵਰਤੋ।ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ, ਆਪਣੇ ਡਾਕਟਰ ਨਾਲ ਸੰਪਰਕ ਕਰੋ। ਬਰਸਾਤ ਦੌਰਾਨ ਦੂਸ਼ਿਤ ਪਾਣੀ ਅਤੇ ਚਮੜੀ ਉੱਤੇ ਬੈਕਟੀਰੀਅਲ (ਇੰਫੈਕਸ਼ਨ ਲਾਗ) ਹੋ ਜਾਂਦੀ ਹੈ।



# ਨੇਤਰਦਾਨ ਜਾਗਰੂਕਤਾ ਕੈਂਪ ਲਗਾਇਆ



**ਹੁਸ਼ਿਅਰਪੁਰ, ਅੱਡਾ ਸਰਾਂ, (ਬਲਵੀਰ ਸਿੰਘ ਸੈਦੀ, ਜਸਵੀਰ ਕਾਜਲ)**

ਨੌਜਵਾਨ ਕਿਸਾਨ ਮਜ਼ਦੂਰ ਭਲਾਈ ਸੁਸਾਇਟੀ ਦੇ ਸਹਿਯੋਗ ਨਾਲ ਕਰਤਾਰ ਮੈਮੋਰੀਅਲ ਹਸਪਤਾਲ ਤੱਗੜਾ ਵਿਖੇ ਆਈ ਡੋਨੇਸ਼ਨ ਐਸੋਸੀਏਸ਼ਨ ਵਲੋਂ ਨੇਤਰਦਾਨ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿਚ ਕਰਤਾਰ ਮੈਮੋਰੀਅਲ ਹਸਪਤਾਲ ਤੱਗੜਾ ਦੇ ਐਮ ਡੀ ਪਰਮਵੀਰ ਸਿੰਘ, ਦਵਿੰਦਰ ਸਿੰਘ ਸਮੂਹ ਸਟਾਫ ਅਤੇ ਪਤਵੰਤਿਆਂ ਨੇ ਹਿੱਸਾ ਲਿਆ।ਕੈਂਪ ਦੀ ਅਗਵਾਈ ਕਰਦਿਆਂ ਉਂਕਾਰ ਸਿੰਘ ਖਾਲਸਾ ਨੇ ਆਏ ਪਤਵੰਤਿਆਂ ਨੂੰ ਕੈਂਪ ਸਬੰਧੀ ਜਾਣਕਾਰੀ ਦੇਣ ਲਈ ਸਟੇਜ ਤੇ ਬੁਲਾਇਆ। ਬਹਾਦਰ ਸਿੰਘ ਸੁਨੇਤ ਨੇ ਐਸੋਸੀਏਸ਼ਨ ਵਲੋਂ ਚਲਾਈਆ ਗਤੀਵਿਧੀਆਂ ਬਾਰੇ ਦੱਸਿਆ। ਜੋਤ ਹਸਪਤਾਲ ਹਰਿਆਣਾ ਦੇ ਮੁੱਖ ਡਾਕਟਰ ਨੇ ਅੱਖਾਂ ਸਬੰਧੀ ਬਿਮਾਰੀਆਂ ਦਾ ਚਾਨਣਾ ਪਾਇਆ।ਬਲਜੀਤ ਸਿੰਘ ਜਨਰਲ ਸਕੱਤਰ ਨੇ ਆਉਣ ਵਾਲੇ ਸਮੇਂ ਦਾ ਏਜੰਡਾ ਦੱਸਿਆ। ਮਾਸਟਰ ਦਵਿੰਦਰ ਸਿੰਘ ਬੂਰੇ ਜੱਟਾਂ, ਮਾਸਟਰ ਗੁਰਪ੍ਰੀਤ ਸਿੰਘ, ਜਤਿੰਦਰ ਕੌਰ, ਸੰਤੋਸ਼ ਕੁਮਾਰੀ ਅਤੇ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ। ਐਮ ਡੀ ਪਰਮਵੀਰ ਸਿੰਘ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਹਰ ਸਹਿਯੋਗ ਦਾ ਵਾਅਦਾ ਕੀਤਾ। ਆਏ ਪਤਵੰਤਿਆਂ ਨੂੰ ਸਨਮਾਨ ਚਿੰਨ੍ਹ ਦਿੱਤੇ।

# ਸੰਤ ਮਾਹਨ ਦਾਸ ਦੇ ਜਨਮ ਉਤਸਵ 'ਤੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**

ਬ੍ਰਹਮਲੀਨ, ਨਾਮ ਦੇ ਰਸੀਏ ਸ੍ਰੀਮਾਨ 108 ਸੰਤ ਮਾਹਨ ਦਾਸ ਜੀ ਦੇ ਜਨਮ ਉਤਸਵ ਸਮਾਗਮ ਡੇਰਾ ਮਹਾਨਪੁਰੀ ਸਾਹਰੀ ਵਿਖੇ ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਸੰਤ ਜਸਪਾਲ ਸਿੰਘ ਓਡਰਾ ਦਸੂਹਾ, ਸੰਤ ਧਰਮਪਾਲ ਸ਼ੇਰਗੜ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਗੋਬਿੰਦ ਦਾਸ ਮਾਛੀਵਾੜਾ ਤੋਂ ਇਲਾਵਾ ਰਾਗੀ, ਢਾਡੀ, ਕਵੀਸ਼ਰੀ ਜਥੇ, ਕਥਾ ਵਾਚਕ ਭਾਈ ਗੁਰਦੇਵ ਸਿੰਘ ਮੁਬਾਰਕ ਪੁਰ ਨਵਾਂ ਸ਼ਹਿਰ, ਭਾਈ ਹੀਰਾ ਸਿੰਘ ਮਾਣਕ ਢੇਰੀ, ਸੁਖਵੀਰ ਸਿੰਘ ਚੌਹਾਨ ਢਾਡੀ ਅਤੇ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਨੀ ਰਾਹੀਂ ਨਿਹਾਲ ਕੀਤਾ।ਇਸ ਮੌਕੇ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਵਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਸੰਤ ਮਾਹਨ ਦਾਸ ਦੇ ਜਨਮ ਉਤਸਵ ਤੇ ਅੱਖਾਂ ਅਤੇ ਮੈਡੀਕਲ ਫ੍ਰੀ ਚੈੱਕਅਪ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਵੱਖ ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰ ਸਾਹਿਬਾਨਾਂ ਦੀ ਟੀਮ ਵਲੋਂ ਮੁਆਇਨਾ ਕਰਕੇ ਦਵਾਈਆਂ ਵੀ ਦਿੱਤੀਆਂ। ਇਸ ਮੌਕੇ ਸੇਵਾਦਾਰ ਲਾਲ ਚੰਦ ਹਿਸਾਰ, ਪ੍ਰੇਮ ਸਿੰਘ ਡਵਿਡਾ ਰਿਹਾਣਾ, ਮਨਜਿੰਦਰ ਸਿੰਘ ਕੰਧਾਲੀ, ਰਾਣਾ ਕੋਟਲਾ, ਸੁਰਿੰਦਰ ਛਿੰਦਾ ਭੀਖੋਵਾਲ, ਰਾਜ ਕੁਮਾਰ ਸਾਹਰੀ, ਜਸਵੀਰ ਗੋਲਡੀ ਸਰਪੰਚ ਤੇ ਸੰਗਤਾਂ ਹਾਜ਼ਰ ਸਨ।

# ਸੁਸ਼ੀਲ ਚਮ ਬਣੇ ਆਮ ਆਦਮੀ ਪਾਰਟੀ ਵਪਾਰਕ ਵਿੰਗ ਦੇ ਕੋਆਰਡੀਨੇਟਰ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਆਮ ਆਦਮੀ ਪਾਰਟੀ ਵੱਲੋਂ ਸੁਸ਼ੀਲ ਚਮ (ਮੈਸਰਜ਼ ਕਲਾਸਿਕ ਟਰੈਵਲਜ਼) ਨੂੰ ਵਪਾਰ ਵਿੰਗ ਫਗਵਾੜਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਸੁਸ਼ੀਲ ਚਮ ਨੇ ਆਪਣੀ ਨਿਯੁਕਤੀ ਲਈ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਤਰਜੀਹ ਵਪਾਰੀ ਵਰਗ ਨੂੰ ਆਮ ਆਦਮੀ ਪਾਰਟੀ ਨਾਲ ਜੋੜਨਾ ਹੋਵੇਗੀ। ਇਸ ਦੌਰਾਨ ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਸੁਸ਼ੀਲ ਚਮ ਨੂੰ ਕੇਕ ਖੁਆ ਕੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਅਤੇ ਗੁਰਦੀਪ ਸਿੰਘ ਦੀਪਾ ਆਦਿ ਨੇ ਵੀ ਸੁਸ਼ੀਲ ਚਮ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਸੁਸ਼ੀਲ ਚਮ ਨੇ ਆਮ ਆਦਮੀ ਪਾਰਟੀ ਨਾਲ ਆਪਣੀ ਰਾਜਨੀਤਿਕ ਪਾਰੀ ਸ਼ੁਰੂ ਕੀਤੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸੁਸ਼ੀਲ ਚਮ ਆਪਣੀ ਜ਼ਿੰਮੇਵਾਰੀਆਂ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਆਮ ਆਦਮੀ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ। ਇਸ ਮੌਕੇ ਜਸਪਾਲ ਸਿੰਘ, ਬੌਬੀ ਬੇਦੀ, ਓਮ ਪ੍ਰਕਾਸ਼ ਬਿੱਟੂ ਆਦਿ ਵੀ ਮੌਜੂਦ ਸਨ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ 28 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਧਾਰਮਿਕ ਤੇ ਸਮਾਜ ਸੇਵਾ ਖੇਤਰ ਵਿੱਚ ਪਿਛਲੇ ਕਰੀਬ 5 ਸਾਲ ਤੋਂ ਕਾਰਜਸ਼ੀਲ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਗੋਬਿੰਦਪੁਰ ਖੁਣ ਖੁਣ ਦੀ ਅਹਿਮ ਮੀਟਿੰਗ ਪਿੰਡ ਗੋਬਿੰਦਪੁਰ ਖੁਣ ਖੁਣ ਮਾਸਟਰ ਸੁਖਵਿੰਦਰ ਸਿੰਘ ਮੱਲੀ ਦੇ ਗ੍ਰਹਿ ਵਿਖੇ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ ਦੇ ਚੇਅਰਮੈਨ ਸਰਬਜੀਤ ਸਿੰਘ ਬਡਵਾਲ, ਪ੍ਰਧਾਨ ਗੁਰਬਿੰਦਰ ਸਿੰਘ ਪਲਾਹਾ ਅਤੇ ਜਨਰਲ ਸਕੱਤਰ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਪਹੁੰਚੇ। ਚੇਅਰਮੈਨ ਸਰਬਜੀਤ ਸਿੰਘ ਬਡਵਾਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਕਲੱਬ ਦੇ ਪਹਿਲੇ ਪ੍ਰਧਾਨ ਮਝੈਲ ਸਿੰਘ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਕਲੱਬ ਦੀਆਂ ਸਰਗਰਮੀਆਂ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਨਵੀਂ ਚੋਣ ਕੀਤੀ ਗਈ ਜਿਸ ਮੁਤਾਬਕ ਸਰਬ ਸੰਮਤੀ ਨਾਲ ਕੁਲਦੀਪ ਸਿੰਘ ਦੁੱਲਟ ਨੂੰ ਨਵਾਂ ਪ੍ਰਧਾਨ, ਗਿਆਨੀ ਕੇਵਲ ਸਿੰਘ ਮੀਤ ਪ੍ਰਧਾਨ, ਮਾਸਟਰ ਸੁਖਵਿੰਦਰ ਸਿੰਘ ਮੱਲੀ ਜਨਰਲ ਸਕੱਤਰ, ਸਰਬਜੀਤ ਸਿੰਘ ਵਧੀਕ ਜਨਰਲ ਸਕੱਤਰ, ਮਨਜਿੰਦਰ ਸਿੰਘ ਕੋਆਰਡੀਨੇਟਰ ਕਮ ਕੈਸ਼ੀਅਰ, ਰਜਿੰਦਰ ਸਿੰਘ ਸਕੱਤਰ, ਰਜਿੰਦਰਜੀਤ ਸਿੰਘ ਪ੍ਰੈਸ ਸਕੱਤਰ ਚੁਣੇ ਗਏ। ਇਸ ਤੋਂ ਇਲਾਵਾ ਮਹੇਸ਼ ਸਿੰਘ,ਹਰਵੀਰ ਕੌਰ,ਸੁਖਵਿੰਦਰ ਕੌਰ ਅਤੇ ਅਮਰਜੀਤ ਸਿੰਘ ਨੂੰ ਐਗਜੈਕਟਿਵ ਮੈਂਬਰ ਚੁਣਿਆ ਗਿਆ। ਇਸ ਤੋਂ ਇਲਾਵਾ ਗੁਲਸ਼ਨ ਰਾਏ, ਜੋਗਿੰਦਰ ਸਿੰਘ, ਕੁਲਵਿੰਦਰ ਸਿੰਘ ਨੂੰ ਨਵੇਂ ਮੈਂਬਰ ਲਿਆ ਗਿਆ। ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਨਵੇਂ ਚੁਣੇ ਗਏ ਪ੍ਰਧਾਨ ਕੁਲਦੀਪ ਸਿੰਘ ਦੱਲਟ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪਹਿਲਾਂ ਵਾਂਗ ਹੀ ਕਲੱਬ ਦੀਆਂ ਧਾਰਮਿਕ ਅਤੇ ਸਮਾਜਿਕ ਸਰਗਰਮੀਆਂ ਜਾਰੀ ਰੱਖੀਆਂ ਜਾਣਗੀਆਂ ਤੇ 28 ਸਤੰਬਰ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਸਮਾਗਮ ਕਰਵਾਏ ਜਾਣਗੇ ਜਿਸ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।



# ਬਲਜਿੰਦਰ ਸਿੰਘ ਹੁਸੈਨਪੁਰ ਨੇ ਸ਼ੋਭਾ ਯਾਤਰਾ ਦਾ ਕੀਤਾ ਉਦਘਾਟਨ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਗਣੇਸ਼ ਚਤੁਰਥੀ ਦੇ ਆਖਰੀ ਦਿਨ ਦੀ ਪੂਜਾ ਪੰਡਿਤ ਧਰਮਪਾਲ ਦੁਆਰਾ ਮੁਹੱਲਾ ਚੌਂਕ ਪਟੂਆ ਰਾਹੋਂ ਵਿਖੇ ਸਥਿਤ ਪ੍ਰਾਚੀਨ ਸ਼ਿਵ ਮੰਦਰ ਵਿੱਚ ਭਰਤ ਸ਼ਰਮਾ ਤੇ ਉਨ੍ਹਾਂ ਦੀ ਪਤਨੀ ਆਦਰਸ਼ ਸ਼ਰਮਾ ਨੇ ਪੰਡਤ ਧਰਮਪਾਲ ਦੁਆਰਾ ਕੀਤੀ। ਗਣੇਸ਼ ਮਹਾਰਾਜ ਜੀ ਦਾ 12ਵਾਂ ਜਨਮ ਦਿਨ ਕੇਕ ਕੱਟ ਕੇ ਅਤੇ 21 ਕਿਲੋ ਲੱਡੂ ਭੋਗ ਲਗਾਕੇ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਨਰੋਆ ਪੰਜਾਬ ਸੰਸਥਾ ਦੇ ਸਰਪ੍ਰਸਤ ਸਰਦਾਰ ਬਲਜਿੰਦਰ ਸਿੰਘ ਹੁਸੈਨਪੁਰ ਨੇ ਰਿਬਨ ਕੱਟ ਕੇ ਸ਼ੋਭਾ ਯਾਤਰਾ ਦਾ ਉਦਘਾਟਨ ਕੀਤਾ। ਬਲਜਿੰਦਰ ਸਿੰਘ ਹੁਸੈਨਪੁਰ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਸ਼ਹਿਰ ਦੇ ਸਾਰੇ ਲੋਕ ਇੱਕ ਜਗ੍ਹਾ ਇਕੱਠੇ ਹੁੰਦੇ ਹਨ ਅਤੇ ਸਮਾਗਮ ਦਾ ਆਯੋਜਨ ਕਰਦੇ ਹਨ ਤਾਂ ਬਹੁਤ ਚੰਗਾ ਲੱਗਦਾ ਹੈ। ਉਨ੍ਹਾਂ ਲੰਗਰ ਦੀ ਸੇਵਾ ਲਈ 21000 ਰੁਪਏ ਦਿੱਤੇ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰੇਸ਼ ਪ੍ਰਭਾਕਰ ਨੇ ਮੁੱਖ ਮਹਿਮਾਨ ਬਲਜਿੰਦਰ ਸਿੰਘ ਤੇ ਹੋਰ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਮਹਿਲਾ ਮੰਡਲੀ ਨੇ ਕੀਰਤਨ ਕਰਕੇ ਆਪਣੀ ਹਾਜ਼ਰੀ ਲਗਵਾਈ।ਆਰਤੀ ਉਪਰੰਤ ਵੱਖ ਵੱਖ ਤਰ੍ਹਾਂ ਦੇ ਪ੍ਰਸ਼ਾਦ ਅਤੇ ਕੜ੍ਹੀ, ਚਾਵਲ ਹਲਵੇ ਦਾ ਲੰਗਰ ਲਗਾਇਆ ਗਿਆ। ਗਣੇਸ਼ ਜੀ ਦੀ 12ਵੀਂ ਵਿਸ਼ਾਲ ਸ਼ੋਭਾ ਯਾਤਰਾ ਸਤਲੁਜ ਦਰਿਆ ਵਿਖੇ ਪਹੁੰਚੀ। ਇਸ ਮੌਕੇ ਗੋਪਾਲ ਕ੍ਰਿਸ਼ਨ ਭਨੋਟ ਅਤੇ ਪਵਨ ਸ਼ਰਮਾ ਨੇ ਖ਼ੂਬਸੂਰਤ ਭਜਨ ਗਾ ਕੇ ਆਪਣੀ ਹਾਜ਼ਰੀ ਲਗਵਾਈ। ਆਰਤੀ ਉਪਰੰਤ ਮੂਰਤੀ ਵਿਸਰਜਨ ਕੀਤੀ ਗਈ ਅਤੇ ਇਸ ਦੇ ਨਾਲ ਹੀ ਕੋਲਡ ਡਰਿੰਕ, ਫਲਾਂ ਦੇ ਲੱਡੂ, ਮੋਦਕ ਅਤੇ ਅਖੰਡ ਭੰਡਾਰੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਐਡਵੋਕੇਟ ਗੰਗਵੀਰ, ਰਵਿੰਦਰ ਸ਼ਰਮਾ, ਰਾਘਵ ਸ਼ਰਮਾ, ਵਿਕਾਸ ਸ਼ਰਮਾ, ਰਾਘਵ ਸਿੰਘ, ਦਿਸ਼ਾਂਤ ਪ੍ਰਭਾਕਰ, ਵਿਜੇ ਅਰੋੜਾ, ਜਤਿਨ ਅਰੋੜਾ, ਰਿਸ਼ਭ ਅਰੋੜਾ, ਮੋਂਟੀ ਸਿੰਘ, ਹਰਸ਼ ਅਰੋੜਾ, ਅਸ਼ੋਕ ਜੋਸ਼ੀ, ਸ਼ਿਵਾਨੀ ਸ਼ਰਮਾ, ਤ੍ਰਿਪਤਾ ਸ਼ਰਮਾ, ਨੀਲਮ ਚੱਢਾ ਆਦਿ ਮੌਜੂਦ ਸਨ।

# ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਸਬ-ਕਮੇਟੀ ਦੀ ਹੋਈ ਇਕੱਤਰਤਾ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਅਤੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦੀ ਅਗਲੀ ਰੂਪ-ਰੇਖਾ ਸਬੰਧੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸ. ਬਲਦੇਵ ਸਿੰਘ ਮਾਹਿਲਪੁਰੀ ਮੀਟਿੰਗ ਹਾਲ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿੱਚ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਨਾਲ ਯਾਦ ਕਰਨ ਲਈ ਕੀਤੇ ਜਾਣ ਵਾਲੇ ਵੱਖ-ਵੱਖ ਸਮਾਗਮਾਂ 'ਤੇ ਚਰਚਾ ਹੋਈ।

ਇਕੱਤਰਤਾ ਦੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮੌਕੇ ਦੇਸ਼-ਵਿਦੇਸ਼ ਤੋਂ ਕਰੋੜਾਂ ਦੀ ਗਿਣਤੀ ਵਿਚ ਸੰਗਤਾਂ ਦੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਦਾ ਅਨੁਮਾਨ ਹੈ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਦੇ ਮੁੱਖ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਸਬੰਧੀ ਇਕੱਤਰਤਾ ਵਿਚ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸਬੰਧੀ ਮੁੱਖ ਸਮਾਗਮ 21 ਨਵੰਬਰ ਤੋਂ 29 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ। ਐਡਵੋਕੇਟ ਧਾਮੀ ਨੇ ਦੱਸਿਆ ਕਿ ਇਸੇ ਤਰ੍ਹਾਂ ਗੁਰਦੁਆਰਾ ਧੁਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਨਗਰ ਕੀਰਤਨ ਦੇਸ਼ ਦੇ 20 ਤੋਂ ਵੱਧ ਸੂਬਿਆਂ ਵਿਚੋਂ ਹੁੰਦਾ ਹੋਇਆ 23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਸਬੰਧੀ ਦੇਸ਼ ਭਰ ਵਿਚ ਸੰਗਤਾਂ ਵਲੋਂ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਦੇ ਚਾਂਦਨੀ ਚੌਂਕ ਤੋਂ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਵਾਲੇ ਭਾਈ ਜੈਤਾ ਜੀ (ਬਾਬਾ ਜੀਵਨ ਸਿੰਘ) ਦੀ ਯਾਦ ਵਿਚ ਬਾਬਾ ਮੇਜਰ ਸਿੰਘ ਮੁਖੀ ਦਸਮੇਸ਼ ਤਰਨਾ ਦਲ ਵਲੋਂ 25 ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ 'ਸੀਸ ਮਾਰਚ' ਆਰੰਭ ਕਰਕੇ ਪੜਾਅਵਾਰ 28 ਨਵੰਬਰ ਨੂੰ ਗੁ. ਬਿਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਹ ਪੁੱਜੇਗਾ, ਜਿੱਥੋਂ ਵਿਸ਼ਾਲ ਨਗਰ ਕੀਰਤਨ ਦੇ ਰੂਪ ਵਿਚ 29 ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ।ਉਨ੍ਹਾਂ ਕਿਹਾ ਕਿ ਖ਼ਾਲਸਾ ਕਾਲਜ ਪਟਿਆਲਾ ਵਲੋਂ ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦੀ ਬਾਣੀ ਦੇ ਸ਼ਬਦਾਂ ਅਤੇ ਸਲੋਕਾਂ ਨੂੰ ਨਿਰਧਾਰਿਤ 15 ਰਾਗਾਂ ਵਿਚ ਵੱਖ-ਵੱਖ ਰਾਗੀ ਜਥਿਆਂ ਅਤੇ ਸੰਗੀਤਕਾਰਾਂ ਦੀ ਆਵਾਜ਼ ਵਿਚ ਰਿਕਾਰਡ ਕਰਵਾਇਆ ਗਿਆ ਹੈ, ਜਿਸ ਨੂੰ ਅੱਜ ਜਾਰੀ ਕੀਤਾ ਗਿਆ।

# ਪ੍ਰਾਚੀਨ ਸ਼ਿਵ ਮੰਦਰ 'ਚ ਮਨਾਇਆ ਰਾਧਾ ਅਸ਼ਟਮੀ ਉਤਸਵ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**

ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਜੀ, ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਜੀ ਦੀ ਅਪਾਰ ਕਿਰਪਾ ਨਾਲ ਤੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਜੀ ਦੇ ਆਸ਼ੀਰਵਾਦ ਤੇ ਅਗਵਾਈ ਹੇਠ ਸ੍ਰੀ ਰਾਧਾ ਅਸ਼ਟਮੀ ਦਾ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸ਼ੁਭ ਅਵਸਰ ਤੇ ਸ੍ਰੀ ਕ੍ਰਿਸ਼ਨ ਤੇ ਰਾਧਾ ਰਾਣੀ ਦਾ ਭਵਨ ਬੜਾ ਸੁੰਦਰ ਤੇ ਫੁੱਲਾਂ ਨਾਲ ਸਜਾਇਆ ਹੋਇਆ ਸੀ। ਪ੍ਰਾਚੀਨ ਸ਼ਿਵ ਮੰਦਿਰ ਵਿੱਚ ਰਾਧਾ ਰਾਣੀ ਜੀ ਗੁਣਗਾਨ ਜਲੰਧਰ ਤੋਂ ਆਏ ਭਜਨ ਗਾਇਕ ਅੰਗਦ ਭਈਆ ਵੱਲੋਂ ਕੀਤਾ ਗਿਆ। ਇਸ ਮੌਕੇ ਭਾਰੀ ਬਾਰਿਸ਼ ਪੈਣ ਬਾਵਜੂਦ ਮੰਦਿਰ ਵਿੱਚ ਸ੍ਰੀ ਰਾਧਾ ਅਸ਼ਟਮੀ ਮਨਾਏ ਜਾਣ ਤੇ ਸੰਗਤਾਂ ਵਿੱਚ ਬੜਾ ਉਤਸ਼ਾਹ ਸੀ ਤੇ ਸੰਗਤਾਂ ਵੱਡੀ ਗਿਣਤੀ 'ਚ ਮੰਦਿਰ ਵਿੱਚ ਪਹੁੰਚੀਆਂ। ਇਸ ਮੌਕੇ ਅੰਗਦ ਭਈਆ ਵੱਲੋਂ ਰਾਧਾ ਰਾਣੀ ਜੀ ਦੇ ਭਜਨ ਗਾ ਕੇ ਸੰਗਤਾਂ ਨੂੰ ਖੁਸ਼ੀ ਵਿੱਚ ਝੂੰਮਣ ਲਾ ਦਿੱਤਾ ਅਤੇ ਸਾਰੇ ਹੀ ਭਗਤ ਰਾਧਾ ਰਾਣੀ ਜੀ ਦੇ ਰੰਗ ਵਿੱਚ ਰੰਗੇ ਹੋਏ ਸੀ। ਇਸ ਸ਼ੁਭ ਅਵਸਰ ਤੇ ਮੰਦਿਰ ਵਿੱਚ ਲੰਗਰ ਪ੍ਰਸ਼ਾਦ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵੱਲੋਂ ਸ੍ਰੀ ਰਾਧਾ ਅਸ਼ਟਮੀ ਮੌਕੇ ਸੰਗਤਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮਹੰਤ ਸ੍ਰੀ ਗੋਪਾਲ ਗਿਰੀ, ਮਹੰਤ ਸ੍ਰੀ ਅਨੁਰਧ ਗਿਰੀ, ਪੰਡਿਤ ਪਾਰਸ, ਪੰਡਿਤ ਧਰਮਰਾਜ, ਸੰਜੀਵ ਕੁਮਾਰ ਕੰਡਾ, ਬੋਬੀ ਕੰਡਾ, ਕਮਲ ਸ਼ਰਮਾ, ਪ੍ਰੇਮ ਕੁਮਾਰ ਸੱਦੀ, ਖਜਾਨਚੀ ਦਾਸ, ਪ੍ਰਸ਼ੋਤਮ ਲਾਲ ਗੁਪਤਾ, ਸੰਤੋਖ ਸਿੰਘ, ਰਕੇਸ਼ ਟਾਰਗਟ, ਰਵੀ ਸ਼ੰਕਰ, ਲੱਕੀ ਮਤਰੀ, ਕਪਿਲ ਕਵੀ, ਪ੍ਰਦੀਪ ਮਹਿਤਾ, ਯੋਗੇਸ਼ਵਰ, ਨਰਿੰਦਰ ਕਾਲੀਆ, ਹਨੀ ਸ਼ਰਮਾ, ਦਿਨੇਸ਼ ਗੁਪਤਾ ਆਦਿ ਸੇਵਾਦਾਰ ਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।



# ਭਿਆਨਕ ਸੜਕ ਹਾਦਸੇ ਦੌਰਾਨ ਬੱਸ ਪਲਟੀ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਜਲੰਧਰ ਪਠਾਨਕੋਟ ਰਾਸ਼ਟਰੀ ਮਾਰਗ ਤੇ ਪਿੰਡ ਮੂਨਕਾਂ ਨਜ਼ਦੀਕ ਇੱਕ ਟੂਰਿਸਟ ਬਸ, ਟਰੈਕਟਰ, ਸਕੂਟੀ, ਕਾਰ ਵਿਚਕਾਰ ਟੱਕਰ ਹੋਣ ਕਾਰਨ ਟਰੈਕਟਰ ਚਾਲਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਸਕੂਟੀ ਸਵਾਰ ਵਿਅਕਤੀ, ਕਾਰ ਸਵਾਰ ਔਰਤ ਤੇ ਬੱਸ ਵਿੱਚ ਸਵਾਰੀਆਂ ਜ਼ਖਮੀ ਹੋ ਗਈਆਂ। ਇਹ ਹਾਦਸਾ ਸਵੇਰੇ ਕਰੀਬ 7 ਵਜੇ ਉਸ ਸਮੇਂ ਵਾਪਰਿਆ ਜਦੋਂ ਗੁਰਦਾਸਪੁਰ ਤੋਂ ਲੁਧਿਆਣਾ ਜਾ ਰਹੀ ਟੂਰਿਸਟ ਬਸ ਅਚਾਨਕ ਹੀ ਹਾਈਵੇ ਤੇ ਚੜਨ ਲੱਗੇ ਟਰੈਕਟਰ ਨਾਲ ਜਾ ਟਕਰਾਈ ਜਿਸ ਕਾਰਨ ਬੱਸ ਪਲਟ ਗਈ ਤੇ ਬੱਸ ਨੇ ਸਕੂਟੀ ਸਵਾਰ, ਤੇ ਕਾਰ ਸਵਾਰ ਔਰਤ ਅਤੇ ਇੱਕ ਬੱਚੇ ਨੂੰ ਆਪਣੀ ਚਪੇਟ ਵਿੱਚ ਲੈ ਲਿਆ। ਇਸ ਹਾਦਸੇ ਵਿੱਚ ਟ੍ਰੈਕਟਰ ਚਾਲਕ ਪ੍ਰਵਾਸੀ ਮਜ਼ਦੂਰ ਦੀ ਮੌਕੇ ਤੇ ਹੀ ਮੌਤ ਹੋ ਗਈ। ਇਸ ਤੋਂ ਇਲਾਵਾ ਕਾਰ ਸਵਾਰ ਜਸਦੀਪ ਕੌਰ ਪਤਨੀ ਬਲਜੀਤ ਸਿੰਘ ਤੇ ਉਸ ਦਾ ਸਪੁੱਤਰ ਹਰਮਨ ਸਿੰਘ ਵਾਸੀ ਪਿੰਡ ਮੂਨਕ ਖੁਰਦ ਗੰਭੀਰ ਜ਼ਖਮੀ ਹੋ ਗਏ। ਇਸ ਤੋਂ ਇਲਾਵਾ ਸਕੂਟੀ ਸਵਾਰ ਵਿਅਕਤੀ ਦਰਸ਼ਨ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਮੂਨਕ ਖੁਰਦ ਵੀ ਗੰਭੀਰ ਜਖਮੀ ਹੋ ਗਿਆ ਜਿਨਾਂ ਨੂੰ ਸਰਬੱਤ ਦਾ ਭਲਾ ਸੇਵਾ ਸੁਸਾਇਟੀ ਦੇ ਵਲੰਟੀਅਰ ਜਥੇਦਾਰ ਦਵਿੰਦਰ ਸਿੰਘ ਮੂਨਕਾਂ ਨੇ ਸਰਕਾਰੀ ਹਸਪਤਾਲ ਟਾਂਡਾ ਪਹੁੰਚਾਇਆ ਹਾਦਸੇ ਦੀ ਸੂਚਨਾ ਮਿਲਣ ਉਪਰੰਤ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ, ਥਾਣਾ ਮੁਖੀ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ ਤੇ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਪਲਟੀ ਹੋਈ ਬੱਸ ਨੂੰ ਸਿੱਧਾ ਕਰਵਾਇਆ ਅਤੇ ਟ੍ਰੈਫਿਕ ਬਹਾਲ ਕੀਤਾ।

# 3 ਵੱਖ-ਵੱਖ ਮਾਮਲਿਆਂ ਵਿਚ 5 ਵਿਅਕਤੀ ਗ੍ਰਿਫ਼ਤਾਰ



**ਬੰਗਾ, (ਅਵਤਾਰ ਕਲੇਰ)**

ਥਾਣਾ ਬਹਿਰਾਮ ਦੀ ਪੁਲਸ ਨੇ 3 ਵੱਖ-ਵੱਖ ਮਾਮਲਿਆਂ ਵਿਚ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ 35 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਐੱਸ ਐੱਚ ਓ ਬਹਿਰਾਮ ਐੱਸ ਆਈ ਰਾਕੇਸ਼ ਕੁਮਾਰ ਨੇ ਦੱਸਿਆ ਕਿ ਚੌਂਕੀ ਕਟਾਰੀਆ ਦੇ ਇੰਚਾਰਜ ਜਸਵਿੰਦਰ ਸਿੰਘ ਦੀ ਪੁਲਸ ਪਾਰਟੀ ਨੇ ਮੇਹਲੀ ਪੁਲ ਦੇ ਹੇਠਾਂ ਸ਼ੱਕੀ ਲੋਕਾਂ ਅਤੇ ਵਾਹਨਾ ਦੀ ਜਾਂਚ ਕਰ ਰਹੀ ਸੀ ਤਾਂ ਫਗਵਾੜੇ ਵਾਲੇ ਪਾਸੇ ਤੋਂ ਐਕਟਿਵਾ ਸਵਾਰ 2 ਨੌਜਵਾਨ ਆਉਂਦੇ ਦਿਖਾਈ ਦਿੱਤੇ। ਪੁਲਸ ਪਾਰਟੀ ਨੂੰ ਦੇਖ ਕੇ ਉਹ ਘਬਰਾ ਗਏ ਅਤੇ ਆਪਣੀ ਜੇਬ ਵਿਚੋ ਇਕ ਪਾਰਦਰਸ਼ੀ ਲਿਫਾਫਾ ਸੜਕ ਤੇ ਸੁੱਟ ਦਿੱਤਾ ਅਤੇ ਸਕੂਟਰੀ ਨੂੰ ਪਿੱਛੇ ਮੋੜਨਾ ਸ਼ੁਰੂ ਕਰ ਦਿਤਾ ਪਰ ਸਕੂਟਰੀ ਰੁਕ ਗਈ। ਐੱਸ ਐੱਚ ਓ ਨੇ ਦੱਸਿਆ ਕਿ ਪੁਲਸ ਮੁਲਾਜ਼ਮਾਂ ਨੇ ਸਕੂਟਰੀ ਸਵਾਰਾਂ ਨੂੰ ਫੜ ਲਿਆ ਗਿਆ। ਸੁੱਟੇ ਗਏ ਲਿਫਾਫੇ ਦੀ ਜਾਂਚ ਕੀਤੀ ਗਈ। ਉਸ ਵਿੱਚੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਐੱਸ ਐੱਚ ਓ ਬਹਿਰਾਮ ਨੇ ਦੱਸਿਆ ਗ੍ਰਿਫਤਾਰ ਕੀਤੇ ਮੁਲਜ਼ਮ ਦੀ ਪਛਾਣ ਕਵਨਦੀਪ ਸਿੰਘ ਬਸਰਾ ਉਰਫ ਕਵਨ ਪੁੱਤਰ ਅਮਰਜੀਤ ਸਿੰਘ ਵਾਸੀ ਮੇਹਲੀ ਤੇ ਕੁਲਵੰਤ ਰਾਏ ਉਰਫ ਸੋਨੂ ਪੁੱਤਰ ਗਿਆਨ ਚੰਦ ਵਾਸੀ ਮੇਹਲੀ ਵਜੋਂ ਹੋਈ ਹੈ। ਇਕ ਹੋਰ ਮਾਮਲੇ ਵਿੱਚ ਏ ਐਸ ਆਈ ਸ਼ਿੰਦਰ ਪਾਲ ਦੀ ਪੁਲਸ ਪਾਰਟੀ ਨੇ 2 ਵਿਆਕਤੀਆਂ ਨੂੰ 10 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ। ਜਿੰਨਾ ਦੀ ਪਛਾਣ ਪ੍ਰੀਤਮ ਕੁਮਾਰ ਪੁੱਤਰ ਪਰਮਾਨੰਦ ਵਾਸੀ ਗੋਰਾਇਆ ਅਤੇ ਲਖਵੀਰ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਦੁਸਾਂਝ ਕਲਾਂ ਵਜੋਂ ਹੋਈ ਹੈ। ਐੱਸ ਐੱਚ ਓ ਨੇ ਦੱਸਿਆ ਕਿ ਇੱਕ ਹੋਰ ਮਾਮਲੇ ਵਿਚ ਏ ਐਸ ਆਈ ਸ਼ਿੰਦਰ ਪਾਲ ਦੀ ਟੀਮ ਨੇ ਇਕ ਵਿਆਕਤੀ ਨੂੰ 5 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ। ਗ੍ਰਿਫਤਾਰ ਕੀਤੇ ਵਿਆਕਤੀ ਦੀ ਪਛਾਣ ਲਖਵੀਰ ਸਿੰਘ ਉਰਫ ਲੱਖਾ ਪੁੱਤਰ ਜਸਵਿੰਦਰ ਸਿੰਘ ਪਿੰਡ ਕੋਟਲੀ ਖੱਖਿਆਂ ਥਾਣਾ ਗੁਰਾਇਆਂ ਵਜੋਂ ਹੋਈ।ਗ੍ਰਿਫਤਾਰ ਕੀਤੇ ਵਿਆਕਤੀਆਂ ਖਿਲਾਫ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿਤੀ ਹੈ।

# ਰਾਹਤ ਕੇਂਦਰਾਂ 'ਚ ਲੋਕਾਂ ਨੂੰ ਸੁਰੱਖਿਅਤ ਰੱਖਣਾ ਰਾਜ ਸਰਕਾਰ ਦੀ ਤਰਜੀਹ : ਅਨੁਰਾਗ ਵਰਮਾ



**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਪੰਜਾਬ ਦੇ ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ ਮਾਲ ਸ੍ਰੀ ਅਨੁਰਾਗ ਵਰਮਾ ਨੇ ਜ਼ਿਲ੍ਹਿਆਂ ਵਿੱਚ ਹੜ੍ਹ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਮੌਜੂਦਾ ਸਥਿਤੀ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਪ੍ਰਭਾਵਿਤ ਪਰਵਾਰਾਂ ਲਈ ਨਿਰਵਿਘਨ ਰਾਹਤ ਉਪਾਅ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਤਲੁਜ ਦਰਿਆ ਨਾਲ ਲੱਗਦੇ ਪਿੰਡਾਂ ਦਾ ਦੌਰਾ ਕਰਨ ਉਪਰੰਤ ਗੱਲਬਾਤ ਕਰਦਿਆਂ ਵਧੀਕ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਿਹਾ ਕਿ ਭਾਰੀ ਬਾਰਿਸ਼ ਕਾਰਨ ਰਾਜ ਵਿੱਚ 3 ਲੱਖ ਏਕੜ ਜ਼ਮੀਨ ਪ੍ਰਭਾਵਿਤ ਹੋਈ ਹੈ ਤੇ ਸਵਾ ਲੱਖ ਦੇ ਕਰੀਬ ਲੋਕ ਹੜ੍ਹਾਂ ਦੀ ਮਾਰ ਹੇਠ ਆਏ ਹਨ। ਇਸ ਦੌਰੇ ਮੌਕੇ ਉਨ੍ਹਾਂ ਨਾਲ ਡਿਵੀਜ਼ਨਲ ਕਮਿਸ਼ਨਰ ਫਿਰੋਜ਼ਪੁਰ ਅਰੁਣ ਸੇਖੜੀ, ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਐਸ ਐਸ ਪੀ ਭੁਪਿੰਦਰ ਸਿੰਘ ਸਿੱਧੂ ਅਤੇ ਏ ਡੀ ਸੀ ਦਮਨਜੀਤ ਸਿੰਘ ਮਾਨ ਵੀ ਮੌਜੂਦ ਸਨ।ਵਿੱਤ ਕਮਿਸ਼ਨਰ ਮਾਲ ਸ੍ਰੀ ਅਨੁਰਾਗ ਵਰਮਾ ਨੇ ਜ਼ਿਲ੍ਹੇ ਵਿੱਚ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਪਿੰਡ ਵਾਸੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੋਏ ਨੁਕਸਾਨ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਦੀ ਮੁਢਲੀ ਤਰਜੀਹ ਹੜ੍ਹ ਵਿੱਚ ਫਸੇ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨਾ, ਉਨ੍ਹਾਂ ਨੂੰ ਰਾਹਤ ਕੇਂਦਰਾਂ ਵਿਚ ਸੁਰੱਖਿਅਤ ਰੱਖਣਾ ਅਤੇ ਛੋਟੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਲਈ ਖਾਣ-ਪੀਣ ਦੀ ਵਿਵਸਥਾ ਕਰਨਾ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿਸ਼ੇਸ਼ ਗਿਰਦਾਵਰੀ ਕਰਕੇ ਫਸਲਾਂ ਦੇ ਖ਼ਰਾਬੇ ਦਾ ਮੁਆਵਜ਼ਾ ਦੇਣ ਦਾ ਐਲਾਨ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਜ਼ਿਲ੍ਹਾ ਅਧਿਕਾਰੀਆਂ ਨੂੰ ਫ਼ਸਲਾਂ ਦੇ ਨੁਕਸਾਨ ਸਬੰਧੀ ਡਾਟਾ ਇਕੱਠਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਅਨੁਸਾਰ ਉਚਿਤ ਮੁਆਵਜ਼ਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾਕਟਰ ਮਨਦੀਪ ਕੌਰ, ਐਸ.ਡੀ.ਐਮ. ਕ੍ਰਿਸ਼ਨਾ ਪਾਲ ਰਾਜਪੂਤ ਅਤੇ ਕਮਰਜੀਤ ਸਿੰਘ ਮਾਨ, ਡੀ ਐਸ ਪੀ ਅਵਿਨਾਸ਼ ਚੰਦਰ ਵੀ ਹਾਜ਼ਰ ਸਨ।

# ਲੋਕਾਂ ਦੀ ਜਾਨ-ਮਾਲ ਦੀ ਰਾਖੀ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ : ਸੰਤੋਸ਼ ਕਟਾਰੀਆ

**ਬਲਾਚੌਰ (ਜਸਵਿੰਦਰ ਬੈਂਸ)**

ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪ੍ਰਸ਼ਾਸਨ ਨੂੰ ਸਖਤੀ ਨਾਲ ਆਦੇਸ਼ ਦਿੱਤੇ ਗਏ ਹਨ ਕਿ ਹੜ੍ਹ ਨਾਲ ਪੀੜਤ ਲੋਕਾਂ ਦੀ ਮੱਦਦ ਕੀਤੀ ਜਾਵੇ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਬੀਬੀ ਸੰਤੋਸ਼ ਕਟਾਰੀਆ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਪੈ ਰਹੇ ਮੀਹਾਂ ਕਾਰਨ ਬਰਸਾਤੀ ਨਦੀਆ ਨਾਲੇ ਖੱਡਾਂ ਆਉਣ ਕਾਰਨ ਪਿੰਡਾ ਅਤੇ ਖੇਤਾਂ ਵਿਚ ਪਾਣੀ ਆਉਣ ਨਾਲ ਕਾਫੀ ਨੁਕਸਾਨ ਹੋਇਆ ਹੈ। ਹਲਕਾ ਬਲਾਚੌਰ ਵਿੱਚ ਕਾਫੀ ਬਚਾ ਰਿਹਾ ਹੈ ਅਗਰ ਫਿਰ ਕਿਸੇ ਪਿੰਡ ਵਿਚ ਕੋਈ ਨੁਕਸਾਨ ਹੋਇਆ ਹੈ ਤਾਂ ਮੇਰੇ ਨਾਲ ਰਾਬਤਾ ਕਰ ਸਕਦਾ ਹੈ।ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਲੋਕਾਂ ਦੀ ਜਾਨ-ਮਾਲ ਦੀ ਰਾਖੀ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਨੇ ਦੱਸਿਆ ਕਿ ਹਲਕੇ ਦੇ ਹਰ ਨਾਗਰਿਕ ਦੀ ਸੁਰੱਖਿਆ ਤੇ ਭਲਾਈ ਦੀ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੈ।ਸੰਤੋਸ਼ ਕਟਾਰੀਆ ਨੇ ਕਿਹਾ ਕਿ ਜੇ ਕਿਸੇ ਵੀ ਵਿਅਕਤੀ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸਿੱਧਾ ਉਨ੍ਹਾਂ ਨਾਲ ਰਾਬਤਾ ਕਰ ਸਕਦਾ ਹੈ।ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ।



ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਖ਼ੁਦ ਸਾਰੀ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ।ਪੰਜਾਬ ਸਰਕਾਰ ਵੱਲੋਂ ਰਾਹਤ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਹਿਲਾਂ ਹੀ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਨੂੰ ਹੋਏ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਲਈ ਢੁਕਵਾਂ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਜਾ ਚੁੱਕਾ ਹੈ ਅਤੇ ਇਸ ਤੋਂ ਬਾਅਦ ਵਿਸ਼ੇਸ਼ ਗਿਰਦਾਵਰੀ ਕਰਕੇ ਮੁਆਵਜ਼ਾ ਦਿੱਤਾ ਜਾਵੇਗਾ।

# ਸੀਚੇਵਾਲ ਨੇ ਮੁੱਖ ਸਕੱਤਰ ਕੋਲ ਹਰੀਕੇ ਪੱਤਣ ਨੂੰ ਡੀ-ਸਿਲਟਿੰਗ ਕਰਵਾਉਣ ਦਾ ਮੁੱਦਾ ਉਠਾਇਆ



**ਸੁਲਤਾਨਪੁਰ ਲੋਧੀ, (ਹਨੀ)**

ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਪਹੁੰਚੇ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ ਸਿਨਹਾ ਨੇ ਮੰਡ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਮੁੱਖ ਸਕੱਤਰ ਕੋਲ ਹਰੀਕੇ ਪੱਤਣ ਨੂੰ ਡੀ-ਸਿਲਟਿੰਗ ਕਰਵਾਉਣ ਦਾ ਮੁੱਦਾ ਉਠਾਉਂਦਿਆ ਕਿਹਾ ਕਿ ਜਦੋਂ ਤੱਕ ਦਰਿਆ ਦੀ ਡੀ-ਸਿਲਟਿੰਗ ਨਹੀ ਕਰਵਾਈ ਜਾਂਦੀ ਉਦੋਂ ਤੱਕ ਇਸ ਇਲਾਕੇ ਦੇ ਹਲਾਤ ਨਹੀਂ ਸੁਧਰ ਸਕਦੇ। ਸੰਤ ਸੀਚੇਵਾਲ ਨੇ ਦੱਸਿਆ ਕਿ ਇਹ ਇਲਾਕਾ ਪੰਜਾਬ ਦੇ ਦੋ ਦਰਿਆਵਾਂ ਬਿਆਸ ਤੇ ਸਤਲੁਜ ਨਾਲ ਜੁੜਿਆ ਹੋਇਆ ਹੈ।ਸੰਤ ਸੀਚੇਵਾਲ ਨੇ ਕਿਹਾ ਕਿ ਹਰ ਸਾਲ ਹੀ ਹਿਮਾਚਲ ਵਿੱਚ ਪੈਂਦੇ ਮੀਂਹ ਨਾਲ ਬਿਆਸ ਦਰਿਆ ਵਿੱਚ ਵੱਡੇ ਪੱਧਰ ਤੇ ਮਿੱਟੀ ਤੇ ਰੇਤਾ ਪਾਣੀ ਰਾਹੀ ਆ ਜਾਂਦੀ ਹੈ। ਜਿਹੜੀ ਹਰੀਕੇ ਹੈੱਡ ਤੇ ਜਮ੍ਹਾ ਹੁੰਦੀ ਰਹਿੰਦੀ ਹੈ। ਉਹਨਾਂ ਮੁੱਖ ਸਕੱਤਰ ਨੂੰ ਇਸ ਗੱਲ ਤੋਂ ਜਾਣੂ ਕਰਵਾਇਆ ਕਿ ਹਰੀਕੇ ਜਲਗਾਹ ਅਸਲ ਵਿੱਚ ਰਾਜਸਥਾਨ ਸਰਕਾਰ ਦਾ ਪੌਂਡ ਏਰੀਆ ਹੈ। ਰਾਜਸਥਾਨ ਨੂੰ ਜਾਣ ਵਾਲੀ ਨਹਿਰ ਦਾ ਪਾਣੀ ਇਸ ਇਲਾਕੇ ਵਿੱਚ ਜੰਮ੍ਹਾ ਰਹਿੰਦਾ ਹੈ। ਇਸ ਬਾਬਤ ਰਾਜਸਥਾਨ ਸਰਕਾਰ ਨੇ 400 ਕਰੋੜ ਦਾ ਪ੍ਰੋਜੈਕਟ ਵੀ ਬਣਾਇਆ ਸੀ। ਸੰਤ ਸੀਚੇਵਾਲ ਨੇ ਦੱਸਿਆ ਕਿ ਬਿਆਸ ਦਰਿਆ ਵਿੱਚ ਗਾਰ ਜੰਮਣ ਕਾਰਣ ਇਹ ਉਚਾ ਵੱਗ ਰਿਹਾ ਹੈ ਜਦਕਿ ਇਸ ਦੇ ਨਾਲ ਲਗਦੀਆਂ ਜ਼ਮੀਨਾਂ ਨੀਵੀਆਂ ਹਨ।ਉਪਰੰਤ ਸੰਤ ਸੀਚੇਵਾਲ ਵੱਲੋਂ ਮੁੱਖ ਸਕੱਤਰ ਨੂੰ ਕਿਸ਼ਤੀ ਰਾਹੀ ਮੰਡ ਇਲਾਕੇ ਦੇ ਸਭ ਤੋਂ ਪ੍ਰਭਾਵਿਤ ਘਰਾਂ ਦਾ ਦੌਰਾ ਕਰਵਾਇਆ ਗਿਆ। ਹੜ੍ਹ ਦੌਰਾਨ ਇਹ ਘਰ ਬੁਰੀ ਤਰ੍ਹਾਂ ਨੁਕਸਾਨੇ ਗਏ ਹਨ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਪਿਛਲੇ 21 ਦਿਨਾਂ ਤੋਂ ਹੜ੍ਹਾਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ 'ਚ ਦਿਨ ਰਾਤ ਡਟੇ ਹੋਏ ਹਨ। ਪੀੜਤ ਇੱਕ ਬਜ਼ੁਰਗ ਕਿਸਾਨ ਨੇ ਦੱਸਿਆ ਕਿ ਉਹਨਾਂ ਦੀਆਂ 3 ਪੀੜੀਆਂ ਇਸ ਦਰਿਆ ਨਾਲ ਜੂਝ ਜੂਝ ਖਤਮ ਹੋ ਗਈਆਂ ਹਨ ਤੇ ਇਸ ਵਕਤ ਪੰਜਵੀ ਪੀੜੀ ਜੂਝ ਰਹੀ ਹੈ। ਇਸ ਬਜ਼ੁਰਗ ਦਾ ਕਹਿਣ ਹੈ ਕਿ ਜੇਕਰ ਦਰਿਆ ਸਮੇਂ ਸਿਰ ਸਾਫ ਕਿਤੇ ਹੁੰਦੇ ਤਾਂ ਸਾਨੂੰ ਕਦੇ ਵੀ ਇਹ ਦਿਨ ਨਾ ਦੇਖਣੇ ਪੈਂਦੇ।

# ਪਰਗਟ ਸਿੰਘ ਵੱਲੋਂ ਕੈਂਟ ਹਲਕੇ 'ਚ ਚਿੱਟੀ ਵੇਈਂ ਦਾ ਦੌਰਾ



**ਜਲੰਧਰ (ਸ਼ੈਲੀ ਐਲਬਰਟ)**

ਲਗਾਤਾਰ ਹੋ ਰਹੀ ਬਰਸਾਤ ਦੇ ਪਾਣੀ ਅਤੇ ਚਿਟੀ ਵੇਈਂ ਦੇ ਓਵਰਫਲੋ ਕਾਰਣ ਕਈ ਪਿੰਡਾਂ ਦੇ ਖੇਤਾਂ ਵਿੱਚ ਪਾਣੀ ਭਰ ਗਿਆ।ਕੈਂਟ ਹਲਕੇ ਵਿੱਚ ਹੜ੍ਹ ਦੇ ਖਤਰਿਆਂ ਨੂੰ ਭਾਪਤੇ ਹੋਏ ਅਖਿਲ ਭਾਰਤੀ ਕਾਂਗਰਸ ਕਮੇਟੀ ਕੇ ਸਕੱਤਰ ਅਤੇ ਵਿਧਾਇਕ ਪਦਮਸ੍ਰੀ ਪਰਗਟ ਸਿੰਘ ਨੇ ਕੈਂਟ ਹੱਲੇ ਦੇ ਪ੍ਰਭਾਵਿਤ ਇਲਾਕਾਂ ਦਾ ਦੌਰਾ ਕੀਤਾ।ਉਨ੍ਹਾਂ ਨੇ ਜਿਲ੍ਹਾ ਪ੍ਰਸ਼ਾਸਨ ਦੇ ਉਚ ਅਧਿਕਾਰਿਆਂ ਦੇ ਨਾਲ ਫੋਨ 'ਤੇ ਹੜ੍ਹ ਦੇ ਖਤਰੇ ਦੀ ਜਾਣਕਾਰੀ ਦਿੱਤੀ।ਉਨ੍ਹਾਂ ਨੇ ਤੁਰੰਤ ਪੁਖਤਾ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਅਤੇ ਸਥਿਤੀ 'ਤੇ ਨਜ਼ਰ ਰੱਖਣ ਲਈ ਕਿਹਾ। ਕੈਂਟ ਹਲਕੇ ਦੇ ਕੁੱਕੜ ਪਿੰਡ, ਚਾਚੋਵਾਲ, ਜਗਰਾਲ ਅਤੇ ਬਜੂਹਾ ਵਰਗੇ ਪਿੰਡਾਂ ਵਿੱਚ ਪਾਣੀ ਦਾ ਨਿਰੀਖਣ ਕਰਨ ਤੋਂ ਬਾਅਦ ਉਨ੍ਹਾਂ ਨੇ ਕਿਹਾ ਕਿ ਹੁਸ਼ਿਆਰਪੁਰ ਚੋਅ ਵੱਲੋਂ ਪਾਣੀ ਆਉਣ ਕਾਰਨ ਫਗਵਾੜਾ ਤੇ ਜਲੰਧਰ ਕੈਂਟ ਦੇ ਹਲਕੇ ਵਿੱਚ ਚਿੱਟੀ ਬੇਈਂ ਓਵਰਫਲੋ ਹੋ ਗਈ ਹੈ।ਚਿੱਟੀ ਬੇਈਂ ਦੇ ਨਾਲ ਲਗਦੇ ਪਿੰਡਾਂ ਦੇ ਖੇਤਾਂ ਵਿੱਚ ਪਾਣੀ ਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮਾਝਾ ਅਤੇ ਮਾਲਵਾ ਪਹਿਲੇ ਹੀ ਹੜ੍ਹ ਨਾਲ ਪ੍ਰਭਾਵਿਤ ਹਨ।ਇਸ ਮੌਕੇ ਬਲਦੇਵ ਸਿੰਘ ਉਦੋਪੁਰ, ਲੰਬੜਦਾਰ ਕੁਲਵੰਤ ਸਿੰਘ ਉਦੋਪੁਰ, ਵਿਕਰਮਜੀਤ ਸਿੰਘ ਪੰਚਾਇਤ ਮੈਂਬਰ ਜਮਸ਼ੇਰ, ਦੀਪਾ ਜਮਸ਼ੇਰ, ਅਮਨਦੀਪ ਜਮਸ਼ੇਰ, ਹਰਦੀਪ ਸਿੰਘ ਉਦੋਪੁਰ, ਜਸਬੀਰ ਸਿੰਘ ਉਦੋਪੁਰ, ਸੁਖਪਾਲ ਸਿੰਘ ਉਦੋਪੁਰ, ਜਸਬੀਰ ਸਿੰਘ ਉਦੋਪੁਰ ਅਤੇ ਗੁਰਪ੍ਰੀਤ ਸਿੰਘ ਜਮਸ਼ੇਰ ਅਤੇ ਹੋਰ ਪਿੰਡਾਂ ਦੇ ਪ੍ਰਮੁੱਖ ਲੋਕ ਮੌਜੂਦ ਹਨ।ਉਨ੍ਹਾਂ ਨੇ ਵਿਧਾਇਕ ਨੂੰ ਪਿੰਡਾਂ ਵਿੱਚ ਖਤਰੇ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਤੁਰੰਤ ਇੰਤਜਾਮ ਕੀਤੇ ਜਾਣ, ਤਾਂ ਕੀ ਹੜ੍ਹ ਤੋਂ ਬਚੇਆ ਜਾ ਸਕੇ।

# ਹੜ੍ਹ ਪੀੜਤਾਂ ਨੂੰ ਰਾਸ਼ਨ ਵੰਡਿਆ



**ਸੁਲਤਾਨਪੁਰ ਲੋਧੀ, (ਹਨੀ)**

ਮੰਡ ਖੇਤਰ ਦੇ ਪਿੰਡ ਬਾਘੂ ਗੱਟਾ ਅਤੇ ਕੰਮੇਵਾਲ ਵੀ ਹੜ ਦੇ ਪਾਣੀ ਦੀ ਗ੍ਰਿਫਤ ਵਿੱਚ ਆਏ ਹੋਏ ਹਨ ਅਤੇ ਵੱਡੀ ਗਿਣਤੀ ਵਿੱਚ ਹੜ ਪੀੜਤ ਪਰਿਵਾਰਾਂ ਦਾ ਗੁਜ਼ਾਰਾ ਕਰਨਾ ਮੁਸ਼ਕਲ ਬਣਿਆ ਹੋਇਆ ਹੈ । ਹੜ ਪੀੜਤ ਪਰਵਾਰਾਂ ਦੀ ਵੱਡੀ ਪੱਧਰ ਤੇ ਧਾਰਮਿਕ, ਸਮਾਜਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਵੱਲੋਂ ਉਨਾਂ ਦੀ ਹਰ ਸੰਭਵ ਮਦਦ ਕਰਦਿਆਂ ਸਾਰ ਲਈ ਜਾ ਰਹੀ ਹੈ। ਇਸੇ ਲੜੀ ਤਹਿਤ ਗੁਰੂਦੁਆਰਾ ਸ਼ਹੀਦਾਂ ਸਾਹਿਬ ਖੋਜੇਵਾਲ ਕਪੂਰਥਲਾ ਦੇ ਪ੍ਰਧਾਨ ਤਰਸੇਮ ਸਿੰਘ ਗੁਰੂਦੁਆਰਾ ਸ਼ਹੀਦਾਂ ਸਾਹਿਬ ਖੋਜੇਵਾਲ ਦੀ ਸੰਗਤ ਵੱਲੋਂ ਪਿੰਡ ਬਾਘੂ ਗੱਟਾ ਅਤੇ ਕੰਮੇਵਾਲ ਵਿਖੇ 250 ਹੜ ਪੀੜਤ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਪ੍ਰਧਾਨ ਤਰਸੇਮ ਸਿੰਘ ਨੇ ਕਿਹਾ ਹੜ ਪੀੜਤ ਇਹਨਾਂ ਲੋਕਾਂ ਦੀ ਸੰਗਤਾਂ ਵੱਲੋਂ ਰਾਸ਼ਨ ਸਮੱਗਰੀ ਨਾਲ ਕੁਝ ਮਦਦ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਹੜ ਪੀੜਤਾਂ ਦੀ ਮਦਦ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੱਖਣ ਸਿੰਘ, ਰੇਸ਼ਮ ਸਿੰਘ, ਨਿਰਵੈਰ ਸਿੰਘ ਅਮਰੀਕ ਸਿੰਘ, ਬਲਵਿੰਦਰ ਸਿੰਘ ਚੀਮਾ, ਸੁਖਵਿੰਦਰ ਸਿੰਘ, ਗੁਰਮੀਤ ਸਿੰਘ, ਨੰਬਰਦਾਰ ਜੋਗਾ ਸਿੰਘ ਕਾਲੇਵਾਲ, ਸਾਬ੍ਹੀ ਜੰਮੂ,ਕੁਲਵੰਤ ਸਿੰਘ ਨੂਰੋਵਾਲ,ਬਾਬਾ ਕੱਬਡੀ ਕੋਚ, ਬਿੱਕਰ ਸਿੰਘ, ਜਰਨੈਲ ਸਿੰਘ, ਡਾਕਟਰ ਕੋਹਲੀ, ਵਰਿੰਦਰ ਸਿੰਘ, ਗੁਰਪ੍ਰੀਤ ਸਿੰਘ, ਹਰਸ਼ਦੀਪ ਸਿੰਘ, ਕਿਸ਼ਨ, ਗੋਪਾਲ ਆਦਿ ਵੀ ਹਾਜ਼ਰ ਸਨ।

# ਸੰਤ ਬਾਬਾ ਜੋਤਾ ਸਿੰਘ ਦੀ ਸਾਲਾਨਾ ਬਰਸੀ ਮੌਕੇ ਗੁਰਮਤਿ ਸਮਾਗਮ ਅੱਜ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਭੁੰਗਰਨੀ ਵਿਖੇ ਕੁਟੀਆ ਸੰਤ ਬਾਬਾ ਜੋਤਾ ਸਿੰਘ ਦੇ ਤੱਪ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਜੋਤਾ ਸਿੰਘ ਜੀ ਦੀ ਸਾਲਾਨਾ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ 2 ਸਤੰਬਰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸੇਵਾਦਾਰ ਬੀਬੀ ਸੁਰਜੀਤ ਕੌਰ, ਸਤਨਾਮ ਸਿੰਘ ਪਰਹਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 2 ਸਤੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਭਾਈ ਪ੍ਰਸ਼ੋਤਮ ਸਿੰਘ ਭੁੰਗਰਨੀ, ਭਾਈ ਕੁਲਦੀਪ ਸਿੰਘ ਭੁੰਗਰਨੀ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ, ਭਾਈ ਮਨਜੀਤ ਸਿੰਘ ਮੋਜੀ ਭੁੰਗਰਨੀ ਆਦਿ ਗੁਰਬਾਣੀ ਗੁਰਇਤਿਹਾਸ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪੀ ਸੀ ਸੀ ਟੀ ਯੂ ਦੀ ਡੀ ਏ ਵੀ ਕਾਲਜ ਜਲੰਧਰ ਇਕਾਈ ਵੱਲੋਂ ਹੜਤਾਲ



**ਜਲੰਧਰ, (ਸ਼ੈਲੀ ਐਲਬਰਟ)**

ਪੰਜਾਬ ਕਾਲਜ ਅਤੇ ਯੂਨੀਵਰਸਿਟੀ ਕਾਲਜ ਅਧਿਆਪਕ ਯੂਨੀਅਨ (ਪੀ ਸੀ ਸੀ ਟੀ ਯੂ) ਦੀ ਡੀ ਏ ਵੀ ਕਾਲਜ ਜਲੰਧਰ ਇਕਾਈ ਨੇ 27 ਅਗਸਤ, 28 ਅਗਸਤ ਤੇ 29 ਅਗਸਤ, ਨੂੰ ਦੋ-ਮਿਆਦ ਦੀ ਹੜਤਾਲ ਕੀਤੀ। ਇਹ ਹੜਤਾਲ ਪੰਜਾਬ ਸਰਕਾਰ ਵੱਲੋਂ ਸਹਾਇਤਾ ਪ੍ਰਾਪਤ ਕਾਲਜਾਂ ਨੂੰ 5 ਮਹੀਨਿਆਂ ਦੀ ਤਨਖਾਹ ਗ੍ਰਾਂਟ ਜਾਰੀ ਕਰਨ ਵਿੱਚ ਅਸਫਲ ਰਹਿਣ ਦੇ ਵਿਰੋਧ ਵਿੱਚ ਕੀਤੀ ਜਾ ਰਹੀ ਹੈ।ਪੀ ਸੀ ਸੀ ਟੀ ਯੂ ਮੰਗ ਕਰਦਾ ਹੈ ਕਿ ਪੰਜਾਬ ਸਰਕਾਰ ਤੁਰੰਤ ਸਹਾਇਤਾ ਪ੍ਰਾਪਤ ਕਾਲਜਾਂ ਨੂੰ ਬਕਾਇਆ ਤਨਖਾਹ ਗ੍ਰਾਂਟ ਜਾਰੀ ਕਰੇ, ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹਾਂ ਦੀ ਅਦਾਇਗੀ ਯਕੀਨੀ ਬਣਾਈ ਜਾਵੇ।ਡੀ ਏ ਵੀ ਕਾਲਜ ਜਲੰਧਰ ਵਿਖੇ ਪੀ ਸੀ ਸੀ ਟੀ ਯੂ ਇਕਾਈ ਸਰਕਾਰ ਨੂੰ ਸਹਾਇਤਾ ਪ੍ਰਾਪਤ ਕਾਲਜ ਕਰਮਚਾਰੀਆਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਨੂੰ ਯਕੀਨੀ ਬਣਾਉਣ ਲਈ ਤੁਰੰਤ ਕਾਰਵਾਈ ਕਰਨ ਦੀ ਅਪੀਲ ਕਰਦੀ ਹੈ।ਪੀ ਸੀ ਸੀ ਟੀ ਯੂ ਦੇ ਜਨਰਲ ਸਕੱਤਰ ਡਾ. ਐਸ ਐਸ ਰੰਧਾਵਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਤਾਂ ਪੀ ਸੀ ਸੀ ਟੀ ਯੂ 2 ਸਤੰਬਰ ਨੂੰ ਸ਼ਾਮ 5.30 ਵਜੇ ਜਲੰਧਰ ਵਿਖੇ ਦੇਸ਼ ਭਗਤ ਯਾਦਗਰ ਹਾਲ ਤੋਂ ਇੱਕ ਮੋਮਬੱਤੀ ਮਾਰਚ ਦਾ ਆਯੋਜਨ ਕਰੇਗਾ। ਵਿਰੋਧ ਪ੍ਰਦਰਸ਼ਨ ਨੂੰ ਹੋਰ ਤੇਜ਼ ਕਰਦੇ ਹੋਏ, ਅਧਿਆਪਕ ਦਿਵਸ (5 ਸਤੰਬਰ) ਤੇ ਮੋਹਾਲੀ ਵਿਖੇ ਪੰਜਾਬ ਸਰਕਾਰ ਵਿਰੁੱਧ ਇੱਕ ਸੂਬਾਈ ਰੈਲੀ ਕੀਤੀ ਜਾਵੇਗੀ।

# ਹਰਕੀਤ ਨਿੱਝਰ ਕਿਸਾਨ ਵਿੰਗ ਦੇ ਹਲਕਾ ਕੋਆਰਡੀਨੇਟਰ ਨਿਯੁਕਤ



**ਆਦਮਪੁਰ, (ਪਰਮਜੀਤ ਸਿੰਘ)**

ਹਰਕੀਤ ਸਿੰਘ ਨਿੱਝਰ ਭੇਲਾਂ ਦੀਆਂ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨੂੰ ਦੇਖਦਿਆਂ ਆਮ ਆਦਮੀ ਪਾਰਟੀ ਵੱਲੋਂ ਉਸ ਨੂੰ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ ਨਿਯੁਕਤ ਕੀਤਾ ਗਿਆ ਹੈ।ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਨੇ ਨਵ-ਨਿਯੁਕਤ ਕੁਆਰਡੀਨੇਟਰ ਹਰਕੀਤ ਸਿੰਘ ਦਾ ਸਨਮਾਨ ਕਰਦਿਆਂ ਦੱਸਿਆ ਕਿ ਪਾਰਟੀ ਨੂੰ ਹਰਕੀਤ ਸਿੰਘ ਭੇਲਾਂ ਵਰਗੇ ਪਾਰਟੀ ਪ੍ਰਤੀ ਵਫ਼ਾਦਾਰ ਪੜ੍ਹੇ ਲਿਖੇ ਨੌਜਵਾਨਾਂ ਦੀ ਲੋੜ ਹੈ। ਹਰਕੀਤ ਸਿੰਘ ਵੱਲੋਂ ਜਿੱਥੇ ਹਾਈਕਮਾਨ ਦਾ ਧੰਨਵਾਦ ਕੀਤਾ ਗਿਆ ਉੱਥੇ ਹੀ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਚਰਨਜੀਤ ਸਿੰਘ ਸ਼ੇਰੀ ਸਾਬਕਾ ਕੌਂਸਲਰ, ਯੋਗੀ ਗਾਂਧੀ, ਦੀਪਾ ਆਦਮਪੁਰੀਆ, ਰਾਜਾ ਡਰੋਲੀ, ਪਰਮਿੰਦਰ ਸਿੰਘ ਖੁਰਦਪੁਰ, ਅਮਨਦੀਪ ਮਾਹੀ, ਮਨਜੋਤ ਸਿੰਘ ਨਿੱਝਰ, ਗੁਰਕੀਰਤ ਸਿੰਘ ਸਾਰੋਬਾਰ ਹਾਜ਼ਰ ਹੋਏ।

# ਖਾਲਸਾ ਫ਼ਾਰਮ ਵੱਲੋਂ ਭੇਜੀ ਗਈ ਪੀ ਜੀ ਆਈ ਲੰਗਰ ਸੇਵਾ



**ਬਲਾਚੌਰ (ਜਸਵਿੰਦਰ ਬੈਂਸ)**-ਗੁਰੂ ਰਾਮਦਾਸ ਗੁਰਮਤਿ ਸੇਵਾ ਸੁਸਾਇਟੀ ਕਿਸ਼ਨਪੁਰ-ਭਰਥਲਾ ਅਤੇ ਬਾਬਾ ਜਸਦੀਪ ਸਿੰਘ ਝੰਡਾ ਖਟਕੜਕਲਾਂ ਵਾਲਿਆਂ ਵਲੋਂ ਹਰ ਮਹੀਨੇ ਪੀ ਜੀ ਆਈ ਚੰਡੀਗੜ੍ਹ ਲਈ ਲੰਗਰ ਦੀ ਸੇਵਾ ਕੀਤੀ ਜਾਂਦੀ ਹੈ।ਇਸ ਵਾਰ ਫਿਰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਇਹ ਸੇਵਾ ਖਾਲਸਾ ਫਾਰਮ ਮਹਿੰਦੀਪੁਰ ਵਲੋਂ ਕੀਤੀ ਗਈ।ਗੁਰੂ ਰਾਮਦਾਸ ਗੁਰਮਤਿ ਸੇਵਾ ਸੁਸਾਇਟੀ ਕਿਸ਼ਨਪੁਰ-ਭਰਥਲਾ ਦੇ ਸੇਵਾਦਾਰਾਂ ਨੇ ਖੁਦ ਚੰਡੀਗੜ੍ਹ ਪਹੁੰਚ ਕੇ ਹੱਥੀਂ ਲੰਗਰ ਵਰਤਾਇਆ। ਇਸ ਮੌਕੇ ਸੇਵਾਦਾਰ ਰੱਜਤ, ਦੀਸ਼ਾ ਭਰਥਲਾ, ਬਿੱਲਾ ਭਰਥਲਾ, ਵਿਸ਼ਾਲ ਸ਼ਰਮਾ, ਭੂਸ਼ਣ ਸ਼ਰਮਾ, ਪ੍ਰਿੰਸ, ਜਸਪਾਲ ਮੁੱਤੋ, ਮੋਹਣ ਲਾਲ, ਕਮਲਪ੍ਰੀਤ ਸਿੰਘ, ਮਨਦੀਪ ਸਿੰਘ, ਲਵਪ੍ਰੀਤ ਸਿੰਘ ਸੇਵਾਦਾਰ ਵੀਰ ਹਾਜਰ ਸਨ।

# ਉੱਤਰੀ ਭਾਰਤ ਦਾ ਪ੍ਰਸਿੱਧ ਜੋੜ ਮੇਲਾ 'ਝੰਡਾ ਸਾਹਿਬ' ਸ਼ਾਨੋ-ਸ਼ੌਕਤ ਨਾਲ ਸੰਪੰਨ



**ਅਲਾਵਲਪੁਰ, (ਮਦਨ ਬੰਗੜ)**

ਉੱਤਰੀ ਭਾਰਤ ਦਾ ਪ੍ਰਸਿੱਧ ਧਾਰਮਿਕ ਅਸਥਾਨ ਉਦਾਸੀਨ ਡੇਰਾ ਬਾਬਾ ਮਾੜੂ ਦਾਸ ਜੀ ਝੰਡਾ ਸਾਹਿਬ ਅਲਾਵਲਪੁਰ ਵਿਖੇ ਸ਼ਰਧਾ ਉਤਸਾਹ ਅਤੇ ਧੂਮ ਧਾਮ ਨਾਲ ਆਯੋਜਿਤ ਕਰਵਾਇਆ ਗਿਆ।ਸ੍ਰੀ ਗੁਰੂ ਰਾਮ ਰਾਏ ਦਰਬਾਰ ਦੇਹਰਾਦੂਨ ਦੇ ਮੁਖੀ ਸ੍ਰੀ ਦਵਿੰਦਰ ਦਾਸ ਮਹਾਰਾਜ ਜੀ ਦੀ ਅਗਵਾਈ ਹੇਠ ਅਤੇ ਦੇਹਰਾਦੂਨ ਦਰਬਾਰ ਤੋਂ ਵਿਸ਼ੇਸ਼ ਤੌਰ 'ਤੇ ਆਏ ਪ੍ਰਿੰਸੀਪਲ ਜੀਤ ਪਾਲ ਰਾਣਾ ਅਤੇ ਗਣੇਸ਼ ਬਿਡਾਲੀਆ ਦੀ ਦੇਖ-ਰੇਖ ਹੇਠ, ਸਮਾਧ ਬਾਬਾ ਮਾੜੂ ਦਾਸ ਜੀ ਦੇ ਦਰਬਾਰ ਡੇਰਾ ਝੰਡਾ ਸਾਹਬ ਜੀ ਦਾ ਸਾਲਾਨਾ ਮੇਲਾ ਹਰ ਸਾਲ ਦੀ ਤਰ੍ਹਾਂ ਆਯੋਜਿਤ ਕੀਤਾ ਗਿਆ । ਜਿਸ ਵਿੱਚ ਸਭ ਤੋਂ ਪਹਿਲਾਂ ਸ੍ਰੀ ਝੰਡਾ ਸਾਹਿਬ ਨੂੰ ਉਤਾਰਿਆ ਗਿਆ ਅਤੇ ਦੇਹਰਾਦੂਨ ਦਰਬਾਰ ਤੋਂ ਵਿਸ਼ੇਸ਼ ਤੌਰ 'ਤੇ ਆਏ ਪੰਡਿਤ ਭਾਨੂਦਾਸ ਦੁਆਰਾ ਬੈਂਡ ਬਾਜਿਆਂ ਅਤੇ ਢੋਲਕੀਆਂ ਦੀ ਸੰਗਤ ਨਾਲ ਪੂਜਾ ਕਰਨ ਤੋਂ ਬਾਅਦ, ਝੰਡਾ ਸਾਹਿਬ ਨੂੰ ਨਵੇਂ ਕੱਪੜੇ ਪਹਿਨਾਏ ਗਏ ਅਤੇ ਮੇਲੇ ਵਿਚ ਭਾਰਤ ਅਤੇ ਵਿਦੇਸ਼ ਤੋਂ ਆਏ ਸ਼ਰਧਾਲੂਆਂ ਨੇ ਝੰਡਾ ਸਾਹਿਬ ਨੂੰ ਖਿਡੌਣੇ ਬੰਨ ਕੇ ਆਪਣੀਆਂ ਮਨੋਕਾਮਨਾਵਾਂ ਸੰਪੂਰਨ ਕੀਤੀਆਂ। ਜਿਸ ਤੋਂ ਬਾਅਦ ਢੋਲਕੀਆਂ ਅਤੇ ਬੈਂਡ ਵਾਜਿਆਂ ਦੀ ਧੁਨ ਵਿਚਕਾਰ ਝੰਡਾ ਸਾਹਿਬ ਨੂੰ ਦੁਬਾਰਾ ਸਥਾਪਿਤ ਕੀਤਾ ਗਿਆ। ਇਸ ਮੌਕੇ ਜਲੰਧਰ ਦੇ ਸਾਬਕਾ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਵਿਸ਼ੇਸ਼ ਤੌਰ 'ਤੇ ਅਸ਼ੀਰਵਾਦ ਲੈਣ ਲਈ ਮੇਲੇ ਵਿੱਚ ਮੌਜੂਦ ਸਨ, ਜਿਨ੍ਹਾਂ ਨੂੰ ਡੇਰੇ ਵੱਲੋਂ ਸਨਮਾਨਤ ਵੀ ਕੀਤਾ ਗਿਆ। ਡੇਰੇ ਵੱਲੋਂ ਮੌਜੂਦ ਸ਼ਰਧਾਲੂਆਂ ਲਈ ਇੱਕ ਵਿਸ਼ਾਲ ਲੰਗਰ ਸਮਰਪਿਤ ਕੀਤਾ ਗਿਆ। ਇਸ ਮੌਕੇ ਜਤਿੰਦਰ ਚੱਢਾ, ਹਰਭਜਨ ਸਿੰਘ, ਤੀਰਥ ਸਿੰਘ, ਗੋਪਾਲ ਸ਼ਰਨ ਭੱਲਾ, ਪਰਵੇਜ਼ ਕੁਮਾਰ, ਅਮਰਜੀਤ, ਨਰਿੰਦਰ ਸ਼ਰਮਾ,ਜਥੇਦਾਰ ਹਰਨਾਮ ਸਿੰਘ ਕੁਲਵੰਤ ਸਿੰਘ, ਮਹਿੰਦਰ ਸਿੰਘ, ਅਤੇ ਸ੍ਰੀ ਗੁਰੂ ਰਾਮ ਰਾਏ ਪਬਲਿਕ ਸਕੂਲ ਦੇ ਸਮੂਹ ਸਟਾਫ਼ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਇਲਾਕੇ ਭਰ ਤੋਂ ਸੰਗਤਾਂ ਹਾਜ਼ਰ ਸਨ।

# ਫਰੈਸ਼ਰ ਤੇ ਫੇਅਰਵੈਲ ਪਾਰਟੀ 'ਆਗਾਜ਼ 2025' ਕਰਵਾਈ



**ਬੰਗਾ, (ਅਵਤਾਰ ਕਲੇਰ)**

ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਵੱਲੋਂ ਸਾਲ 2025 ਦੇ ਬੀ ਐਸ ਸੀ ਅਤੇ ਐਮ ਐਸ ਸੀ ਦੇ ਨਵੇਂ ਬੈਚਾਂ ਦੇ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਅਤੇ ਪਹਿਲੇ ਬੈਚ ਦੇ ਵਿਦਿਆਰਥੀਆਂ ਦੀ ਵਿਦਾਇਗੀ ਲਈ ਫਰੈਸ਼ਰ ਪਾਰਟੀ ਅਤੇ ਫੇਅਰਵੈੱਲ ਪਾਰਟੀ ਅਗਾਜ਼ 2025 ਦਾ ਆਯੋਜਨ ਢਾਹਾਂ ਕਲੇਰਾਂ ਵਿਖੇ ਕੀਤਾ ਗਿਆ, ਜਿਸ ਵਿਚ ਮਿਸ ਫਰੈਸ਼ਰ ਸੁਖਮਨੀ ਕੌਰ ਅਤੇ ਮਿਸਟਰ ਫਰੈਸ਼ਰ ਮਨੀਸ਼ ਕੁਮਾਰ ਚੁਣੇ ਗਏ। ਮੁੱਖ ਮਹਿਮਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਅਤੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਬਾਹੜੋਵਾਲ ਸਨ। ਪਾਰਟੀ ਦਾ ਸ਼ੁਭ ਆਰੰਭ ਮਹਿਮਾਨਾਂ ਵੱਲੋਂ ਸ਼ਮਾਂ ਰੌਸ਼ਨ ਕਰਨ ਉਪਰੰਤ ਹੋਇਆ। ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਤੇ ਡਿਗਰੀ ਕੋਰਸਾਂ ਦੀ ਵਧੀਆ ਪੜ੍ਹਾਈ ਕਰਕੇ ਅਵੱਲ ਪੁਜ਼ੀਸ਼ਨਾਂ ਹਾਸਲ ਕਰਕੇ ਆਪਣਾ,ਆਪਣੇ ਮਾਪਿਆਂ ਅਤੇ ਆਪਣੇ ਕਾਲਜ ਦਾ ਨਾਮ ਰੋਸ਼ਨ ਕਰਨ ਲਈ ਪ੍ਰੇਰਿਆ ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਪ੍ਰਧਾਨ ਅਤੇ ਵਰਿੰਦਰ ਸਿੰਘ ਬਰਾੜ ਐਚ ਆਰ ਨੇ ਨਵੇਂ ਦਾਖਲ ਹੋਏ ਤੇ ਵਿਦਾ ਹੋ ਰਹੇ ਵਿਦਿਆਰਥੀਆਂ ਨੂੰ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਵਿਦਿਆਰਥੀਆਂ ਵੱਲੋਂ ਪੰਜਾਬ ਦਾ ਲੋਕ ਨਾਚ ਭੰਗੜਾ, ਗਿੱਧਾ, ਹਿਮਾਚਲੀ ਨਾਟੀ ਡਾਂਸ, ਮਹਾਰਾਸ਼ਟਰ ਦਾ ਲਾਵਨੀ ਡਾਂਸ, ਲੇਜ਼ੀ ਡਾਂਸ,ਕਲਾਸੀਕਲ ਡਾਂਸ, ਹਰਿਆਣਵੀ ਡਾਂਸ, ਬੌਲੀਵੁੱਡ ਡਾਂਸ ਆਦਿ ਦੀਆਂ ਕੋਰੀਓਗਰਾਫੀਆਂ ਪੇਸ਼ ਕਰਕੇ ਸਰੋਤਿਆ ਦਾ ਮਨ ਮੋਹ ਲਿਆ। ਮੁਕਾਬਲੇ ਵਿਚੋਂ ਮਿਸ ਫਰੈਸ਼ਰ 2025 ਸੁਖਮਨੀ ਕੌਰ ਅਤੇ ਮਿਸਟਰ ਫਰੈਸ਼ਰ 2025 ਮਨੀਸ਼ ਕੁਮਾਰ ਚੁਣੇ ਗਏ। ਜਦ ਕਿ ਮਿਸਟਰ ਚਾਰਮਿੰਗ ਰਾਹੁਲ ਕੁਮਾਰ , ਮਿਸ ਐਲੀਗੈਂਟ ਸੰਜਨਾ, ਮਿਸ ਕ੍ਰੀਏਟਿਵ ਜਸ਼ਰਨ ਕੌਰ, ਮਿਸ ਟੇਲੈਂਟਿਡ ਰਮਨਦੀਪ ਕੌਰ, ਮਿਸਟਰ ਟੇਲੈਂਟਿਡ ਪ੍ਰਿੰਸ ਅਤੇ ਮਿਸ ਅਚੀਵਰ ਨੇਹਾ ਨੂੰ ਚੁਣਿਆ ਗਿਆ। ਇਸ ਮੌਕੇ ਜੱਜਾਂ ਦੀ ਅਹਿਮ ਜ਼ਿੰਮੇਦਾਰੀ ਮੈਡਮ ਰਮਨਦੀਪ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ, ਰਮਨ ਕੁਮਾਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ, ਸਰਵਣ ਕੁਮਾਰ ਮੈਨੇਜਰ ਟੋਲ ਪਲਾਜ਼ਾ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ ਅਤੇ ਮੈਡਮ ਜੋਤੀ ਭਾਟੀਆ ਫਰੰਟ ਡੈਸਕ ਮਨੈਜਰ ਨੇ ਬਾਖੂਬੀ ਨਿਭਾਈ। ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਜੇਤੂ ਵਿਦਿਆਰਥੀਆਂ ਨੂੰ ਸਨਾਮਨ ਚਿੰਨ੍ਹ ਪ੍ਰਦਾਨ ਕਰਕੇ ਸਨਮਾਨਤ ਕੀਤਾ। ਵਾਈਸ ਪ੍ਰਿੰਸੀਪਲ ਰਾਜਦੀਪ ਥਿਦਵਾਰ ਵੱਲੋ ਮੁੱਖ ਮਹਿਮਾਨ ਅਤੇ ਫਰੈਸ਼ਰ ਪਾਰਟੀ ਆਗਾਜ਼ 2025 ਨੂੰ ਸਫਲ ਕਰਨ ਵਿਚ ਯੋਗਦਾਨ ਪਾਉਣ ਵਾਲੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ।

# ਅਮਰੀਕਾ ਵੱਲੋਂ ਬ੍ਰਾਹਮਣਾਂ 'ਤੇ ਕੀਤੀ ਟਿੱਪਣੀ ਨਿੰਦਨਯੋਗ : ਰਵਿੰਦਰ ਵੈਸ਼ਨਵ

**ਡੇਰਾਬਸੀ (ਵਿਨੈ ਕੁਮਾਰ ਜੈਨ)**

ਅਮਰੀਕਾ ਨੇ ਆਪਣਾ ਦਬਦਬਾ ਕਾਇਮ ਰੱਖਣ ਲਈ ਵਰਲਡ ਪਾਵਰ ਦੇ ਨਾਤੇ ਵੱਖ ਵੱਖ ਦੇਸ਼ਾਂ 'ਤੇ ਟੈਰਿਫ ਵਾਰ ਦਾ ਯੁੱਧ ਛੇੜ ਰੱਖਿਆ ਹੈ ਜਿਹਦੇ ਵਿੱਚ ਸਭ ਤੋਂ ਵੱਧ ਟੈਰਿਫ ਉਸਨੇ ਹਿੰਦੁਸਤਾਨ ਅਤੇ ਚਾਈਨਾ 'ਤੇ ਲਗਾਏ ਹਨ ਜੋ ਕਿ ਅਮਰੀਕਾ ਦੀ ਦੁਨੀਆ ਉੱਪਰ ਦਾਦਾਗਿਰੀ ਕਾਇਮ ਰੱਖਣ ਦੀ ਕੋਝੀ ਚਾਲ ਹੈ, ਇਹ ਗੱਲ ਕਰਦੇ ਬ੍ਰਾਹਮਣ ਸਭਾ ਪੰਜਾਬ ਦੇ ਮੀਤ ਪ੍ਰਧਾਨ ਅਤੇ ਡੇਰਾਬੱਸੀ ਦੇ ਪ੍ਰਧਾਨ ਰਵਿੰਦਰ ਵੈਸ਼ਣਵ ਡੇਰਾਬੱਸੀ ਨੇ ਕਿਹਾ ਕਿ ਉਸ ਤੋਂ ਵੀ ਥੱਲੇ ਡਿੱਗ ਗਏ ਅਮੇਰਿਕਾ ਦੇ ਰਾਸ਼ਟਰਪਤੀ ਡੌਨਲਡ ਟਰੰਪ ਦੇ ਸਲਾਹਕਾਰ ਪੀਟਰ ਨਵਾਰੋ ਨੇ ਬੀਤੇ ਦਿਨੀਂ ਹਿੰਦੁਸਤਾਨ ਉੱਤੇ ਦੋਸ਼ ਲਾਇਆ ਕਿ ਹਿੰਦੁਸਤਾਨ ਵਿੱਚ ਬ੍ਰਾਹਮਣ ਦੇਸ਼ ਦੀਆਂ ਯੋਜਨਾਵਾਂ 'ਤੇ ਭਾਰੀ ਹਨ ਜਦੋਂ ਕਿ ਵਿਦੇਸ਼ ਨੀਤੀ ਭਾਰਤ ਸਰਕਾਰ ਦੀ ਹੈ ਨਾ ਕਿ ਕਿਸੀ ਜਾਤੀ ਜਾਂ ਵਰਗ ਵਿਸ਼ੇਸ਼ ਦੀ ਨੀਤੀ ਹੈ, ਇਸ ਕਰਕੇ ਅਮਰੀਕਾ ਦੇ ਇਸ ਤਰ੍ਹਾਂ ਦੇ ਬਿਆਨਾਂ ਦੀ ਦੁਨੀਆਂ ਵਿੱਚ ਵਸਦੇ ਬ੍ਰਾਹਮਣਾਂ ਵੱਲੋਂ ਤਿੱਖੀ ਆਲੋਚਨਾ ਕੀਤੀ ਜਾ ਰਹੀ ਹੈ।ਜਿਸ ਵਿੱਚ ਪੰਜਾਬ ਬ੍ਰਾਹਮਣ ਸਭਾ ਦੇ ਸੂਬਾ ਮੀਤ ਪ੍ਰਧਾਨ ਰਵਿੰਦਰ ਵੈਸ਼ਨਵ ਡੇਰਾਬੱਸੀ, ਦਿਨੇਸ਼ ਕੁਮਾਰ, ਸਾਬਕਾ ਜਨਰਲ ਸਕੱਤਰ ਨਰਿੰਦਰ ਸ਼ਰਮਾ, ਸੁਸ਼ੀਲ ਵਿਆਸ, ਦੀਪਕ ਸ਼ਰਮਾ, ਰਾਕੇਸ਼ ਅਚਿੰਤ, ਆਸ਼ੀਸ਼ ਅਚਿੰਤ, ਸੁਰੇਸ਼ ਸ਼ਰਮਾ, ਅਨਿਲ ਸ਼ਰਮਾ ਵੱਲੋਂ ਅਮਰੀਕਾ ਵੱਲੋਂ ਬ੍ਰਾਹਮਣਾਂ ਦੇ ਵਿਰੋਧ ਵਿੱਚ ਦਿੱਤੇ ਗਏ ਬਿਆਨ ਦੀ ਸਖਤ ਨਿੰਦਾ ਕੀਤੀ ਹੈ ।



# ਨਰਿੰਦਰ ਬੀਬਾ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲਾ 28 ਨੂੰ

**ਕਾਲਾ ਸੰਘਿਆਂ (ਮਨਜੀਤ ਮਾਨ)**- ਪਿੰਡ ਸਾਦਿਕਪੁਰ ਵਿਖੇ 27 ਵਾਂ ਨਰਿੰਦਰ ਬੀਬਾ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲਾ 28 ਸਤੰਬਰ ਦਿਨ ਐਤਵਾਰ ਨੂੰ ਬੜੀ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਉਕਤ ਜਾਣਕਾਰੀ ਮੇਲੇ ਦੇ ਮੁੱਖ ਸੰਚਾਲਕ ਤੇ ਸੱਭਿਆਚਾਰਕ ਮੇਲਿਆਂ ਦੇ ਬਾਦਸ਼ਾਹ ਗੁਰਨਾਮ ਸਿੰਘ ਨਿਧੜਕ ਤੇ ਸੀਨੀਅਰ ਫਾਰਮੇਸੀ ਅਫਸਰ ਤਰਨਦੀਪ ਸਿੰਘ ਰੂਬੀ ਸ਼ਾਹਕੋਟ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦਿੱਤੀ। ਗੀਤਕਾਰ ਗੁਰਨਾਮ ਸਿੰਘ ਨਿਧੜਕ ਤੇ ਤਰਨਦੀਪ ਸਿੰਘ ਰੂਬੀ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਦੇ ਪ੍ਰਸਿੱਧ ਲੋਕ ਗਾਇਕ ਬਲਬੀਰ ਚੋਟੀਆ, ਜੈਸਮੀਨ ਚੋਟੀਆ, ਇਲਾਹੀ ਸੋਹਲ, ਸੂਫ਼ੀ ਗਾਇਕ ਕੁਲਵਿੰਦਰ ਸ਼ਾਹਕੋਟੀ, ਦਲਵਿੰਦਰ ਦਿਆਲਪੁਰੀ, ਗਾਮਾ ਫ਼ਕੀਰ,ਨੀਲੂ ਬੇਗਮ, ਕੁਲਜੀਤ ਕੌਰ ਸ਼ਾਹਕੋਟ, ਰਾਣਾ ਲਹਿਰੀ, ਸੁਰਪ੍ਰੀਆ ਸਹੋਤਾ, ਅਸ਼ੋਕ ਗਿੱਲ, ਨਮਰਤਾ ਸਾਦਿਕਪੁਰੀ, ਕਮੇਡੀਅਨ ਬੂਟਾ ਖਹਿਰਾ, ਪ੍ਰੀਤ ਕੰਠ ਆਦਿ ਕਲਾਕਾਰ ਆਪਣੇ ਸੱਭਿਆਚਾਰਕ ਗੀਤਾਂ ਰਾਹੀਂ ਮਰਹੂਮ ਲੋਕ ਗਾਇਕਾ ਨਰਿੰਦਰ ਬੀਬਾ ਨੂੰ ਸਰਧਾ ਦੇ ਫੁੱਲ ਭੇਟ ਕਰਨਗੇ। ਇਸ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਤੇ ਹਲਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ।ਇਸ ਮੌਕੇ ਗੀਤਕਾਰ ਗੁਰਨਾਮ ਸਿੰਘ ਨਿਧੜਕ ਤੋ ਇਲਾਵਾ ਫਾਰਮੇਸੀ ਸ਼ਾਹਕੋਟ ਦੇ ਸੀਨੀਅਰ ਅਫ਼ਸਰ ਤਰਨਦੀਪ ਸਿੰਘ ਰੂਬੀ, ਰਮਨਦੀਪ ਸਿੰਘ, ਵਿਨੋਦ ਕੁਮਾਰ ਲੈਬੋਟਰੀ ਟੈਕਨੀਸ਼ਨ ਸ਼ਾਹਕੋਟ, ਬਲਬੀਰ ਸਿੰਘ ਧੰਜੂ ਬਾਹਮਣੀਆਂ, ਸੰਗੀਤਕਾਰ ਸੁਖਪਾਲ ਸਿੰਘ ਦੇਵਗੁਣ, ਮੈਡਮ ਸੁਰਿੰਦਰ ਕੌਰ, ਪ੍ਰੀਤ ਕੰਠ ਆਦਿ ਵੀ ਹਾਜ਼ਰ ਸਨ।

# ਚਰਨਜੀਤ ਸਿੰਘ ਚੰਨੀ ਪਹੁੰਚੇ ਗੁਰਦੁਆਰਾ ਸਿੰਘ ਸਭਾ



**ਨੂਰਮਹਿਲ(ਬਾਲ ਕ੍ਰਿਸ਼ਨ ਬਾਲੀ)**

ਗੁਰਦੁਆਰਾ ਸਿੰਘ ਸਭਾ ਪਿੰਡ ਸੁੰਨੜ ਕਲਾਂ ਵਿਖੇ ਜਵਾਹਰਕੇ ਪਰਵਾਰ ਸੁਲਿੰਦਰ ਸਿੰਘ ਲੱਖੋ ਅਤੇ ਸਮੂਹ ਪਰਵਾਰ ਵੱਲੋਂ ਆਰੰਭ ਕੀਤੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਤੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਮੁੱਖ ਮੰਤਰੀ ਪੰਜਾਬ, ਜਲੰਧਰ ਤੋਂ ਸਾਂਸਦ ਮੈਂਬਰ ਚਰਨਜੀਤ ਸਿੰਘ ਚੰਨੀ, ਹਲਕਾ ਇੰਚਾਰਜ ਕਾਂਗਰਸ ਪਾਰਟੀ ਨਵਜੋਤ ਸਿੰਘ ਦਾਹੀਆ, ਉੱਘੇ ਸਮਾਜ ਸੇਵੀ ਪਰਮਜੀਤ ਚਾਹਲ ਨੂਰਮਹਿਲ। ਇਸ ਮੌਕੇ ਦੀਵਾਨ ਸਜਾਏ ਗਏ, ਜਿਸ ਵਿਚ ਭਾਈ ਗੁਰਮੁੱਖ ਸਿੰਘ ਨੇ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਗੁਰਮੁੱਖ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਚਰਨਜੀਤ ਸਿੰਘ ਚੰਨੀ, ਡਾਕਟਰ ਨਵਜੋਤ ਸਿੰਘ ਦਾਹੀਆ, ਸਮਾਜ ਸੇਵੀ ਪਰਮਜੀਤ ਚਾਹਲ ਨੂਰਮਹਿਲ, ਪ੍ਰਧਾਨ ਅਮਰਜੀਤ ਸਿੰਘ ਲੰਬੜਦਾਰ, ਮਨਿੰਦਰ ਸਿੰਘ, ਜੁਝਾਰ ਸਿੰਘ, ਨਵਨੀਤ ਪ੍ਰਸ਼ਾਦ (ਇਟਲੀ) ਅਮਰਜੀਤ ਸਿੰਘ ਜਵਾਹਰਕੇ, ਕੁਲਵਿੰਦਰ ਸਿੰਘ ਜਵਾਹਰਕੇ, ਜੱਸਾ, ਪੱਤਰਕਾਰ ਅਵਤਾਰ ਚੰਦ, ਪੱਤਰਕਾਰ ਬਾਲ ਕ੍ਰਿਸ਼ਨ ਬਾਲੀ, ਜੁਝਾਰ ਸਿੰਘ ਬਿੱਲਗੀਏ, ਤਾਰਨੀ ਸਿੰਘ ਜਵਾਹਰਕੇ, ਮੱਖਣ ਸਿੰਘ ਜਵਾਹਰਕੇ , ਸਾਬਕਾ ਸਰਪੰਚ ਚੈਨ ਰਾਮ ਬਾਘੇਕੇ, ਹਰਜੀਤ ਸਿੰਘ ਗਹੀਰ, ਮੌਟੀ, ਸਰਪੰਚ ਦਲਜੀਤ ਸਿੰਘ ਬਿੱਲੂ, ਬੱਬੂ ਲੰਬੜਦਾਰ, ਆਦਿ ਪੱਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋ ਖੇਡਾਂ ਵਤਨ ਪੰਜਾਬ ਸੀਜ਼ਨ-4 ਨੂੰ ਮੁਲਤਵੀ ਕਰਨ ਦਾ ਫੈਸਲਾ ਸ਼ਲਾਘਾਯੋਗ : ਪਰਮਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਆਮ ਆਦਮੀ ਪਾਰਟੀ ਦੇ ਪੁਰਾਣੇ ਵਲੰਟੀਅਰਾਂ ਦੀ ਇੱਕ ਮੀਟਿੰਗ ਹੁਸ਼ਿਆਰਪੁਰ ਵਿਖੇ ਡਾ: ਜਸਵੀਰ ਸਿੰਘ ਪਰਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪੰਜਾਬ ਵਿੱਚ ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਕਾਰਨ ਆਏ ਹੜ੍ਹਾਂ ਨਾਲ ਹੋਏ ਅਤੇ ਹੋ ਰਹੇ ਵੱਡੇ ਨੁਕਸਾਨ ਤੇ ਗਹਿਰੀ ਚਿੰਤਾ ਪ੍ਰਗਟ ਕੀਤੀ ਗਈ। ਮੀਟਿੰਗ ਵਿੱਚ ਗੰਭੀਰ ਵਿਚਾਰਾਂ ਕਰਨ ਤੋਂ ਬਾਅਦ ਇਸ ਸਿੱਟੇ ਤੇ ਪਹੁੰਚੇ ਕਿ ਅਜੋਕੇ ਸਮੇਂ ਵਿੱਚ ਸਭ ਤੋਂ ਪਹਿਲਾਂ ਪੰਜਾਬ ਵਾਸੀਆਂ ਦੀ ਜਾਨ ਅਤੇ ਮਾਲ ਦੀ ਰਾਖੀ ਕਰਨਾ ਅਤੀ ਜਰੂਰੀ ਹੈ। ਬਾਰਿਸ਼ਾਂ ਦੇ ਕੁਦਰਤੀ ਕਹਿਰ ਦੀ ਕਰੋਪੀ ਕਾਰਨ ਹੁਣ ਤੱਕ ਸਵਰਗ ਸਿਧਾਰ ਚੁੱਕੇ ਵਿਅਕਤੀਆਂ ਨੂੰ ਦੋ ਮਿੰਟ ਨੂੰ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਜ਼ਖਮੀ ਹੋਣ ਕਾਰਨ ਜ਼ੇਰੇ ਇਲਾਜ ਵਿਅਕਤੀਆਂ ਦੇ ਜਲਦੀ ਤੰਦਰੁਸਤ ਹੋਣ ਦੀ ਕਾਮਨਾ ਕੀਤੀ ਗਈ।ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋ ਖੇਡਾਂ ਵਤਨ ਪੰਜਾਬ ਸੀਜਨ-4 ਨੂੰ ਮੁਲਤਵੀ ਕਰਨ ਦੇ ਫੈਸਲੇ ਨੂੰ ਬਹੁਤ ਹੀ ਸ਼ਲਾਘਾਯੋਗ ਦੱਸਿਆ ਤੇ ਸਰਕਾਰ ਦੇ ਇਸ ਫੈਸਲੇ ਦਾ ਭਰਪੂਰ ਸਵਾਗਤ ਤੇ ਸਮਰਥਨ ਕੀਤਾ । ਉਨ੍ਹਾਂ ਮੰਗ ਕੀਤੀ ਕਿ ਇਹ ਖੇਡਾਂ ਮੁਲਤਵੀ ਨਹੀਂ ਸਗੋਂ ਇਸ ਵਾਰ ਪੱਕੇ ਤੌਰ 'ਤੇ ਰੱਦ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਅਤੇ ਇਹਨਾਂ ਖੇਡਾਂ ਉੱਪਰ ਆਉਣ ਵਾਲਾ ਖਰਚਾ ਹੜ੍ਹ ਪੀੜਤਾਂ ਦੀ ਮਦਦ ਲਈ ਖਰਚ ਕਰ ਦਿੱਤਾ ਜਾਵੇ। ਮੀਟਿੰਗ ਵਿੱਚ ਸਰਵਸ੍ਰੀ ਜਸਵੀਰ ਸਿੰਘ ਪਰਮਾਰ, ਜਸਵੰਤ ਸਿੰਘ ਮਠਾੜੂ, ਐਸ ਪੀ ਸ਼ਰਮਾ, ਬਲਵੀਰ ਸਿੰਘ ਸੈਣੀ, ਮਲਕੀਤ ਸਿੰਘ, ਡਾ: ਕੁਲਵੰਤ ਸਿੰਘ, ਪਰਮਜੀਤ ਸਿੰਘ, ਰਵੀ ਕੁਮਾਰ, ਜਤਿੰਦਰ ਸਿੰਘ ਫਲੋਰਾ, ਹਰਪ੍ਰੀਤ ਸਿੰਘ ਧਾਮੀ ਆਦਿ ਮੈਂਬਰ ਹਾਜ਼ਰ ਸਨ।



2-SEP-PAGE-10.qxd 9/1/2025 10:33 PM Page 1



## ਡੀ ਸੀ ਦੇ ਗੰਨਮੈਨਾਂ ਵੱਲੋਂ ਹੜ੍ਹ ਪੀੜਤਾਂ ਲਈ ਇੱਕ-ਇੱਕ ਦਿਨ ਦੀ ਤਨਖਾਹ ਦਾ ਯੋਗਦਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ 'ਚ ਹੜ੍ਹ ਪੀੜਤ ਇਲਾਕਿਆਂ ਵਿੱਚ ਜੂਝ ਰਹੇ ਲੋਕਾਂ ਲਈ ਜਿੱਥੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ, ਆਪਸੀ ਭਾਈਚਾਰਕ ਸਾਂਝ ਤੋਂ ਇਲਾਵਾ ਹੋਰਨਾਂ ਵਲੋਂ ਖਾਣ, ਪੀਣ ਅਤੇ ਪਸ਼ੂਆਂ ਲਈ ਹਰਾ ਚਾਰਾ ਭੇਜ ਕੇ ਆਪਣਾ ਪੂਰਨ ਯੋਗਦਾਨ ਪਾਇਆ ਜਾ ਰਿਹਾ ਹੈ ਉਥੇ ਹੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੇ ਗੰਨਮੈਨਾਂ ਵਲੋਂ ਇੱਕ-ਇੱਕ ਦਿਨ ਦੀ ਤਨਖਾਹ ਦੇ ਕੇ ਹੜ੍ਹ ਪੀੜਤਾਂ ਦੀ ਸੇਵਾ ਕੀਤੀ ਗਈ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਗੰਨਮੈਨਾਂ ਦੀ ਹੌਸਲਾ-ਅਫਜ਼ਾਈ ਕਰਦਿਆਂ ਭਵਿੱਖ ਵਿੱਚ ਵੀ ਲੋੜਵੰਦਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਉਨ੍ਹਾਂ ਆਮ ਲੋਕਾਂ ਨੂੰ ਵੀ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਸੇਵਾ ਲਈ ਵੱਧ ਤੋਂ ਵੱਧ ਯੋਗਦਾਨ ਜ਼ਰੂਰ ਪਾਉਣ।ਇਸ ਦੌਰਾਨ ਪੀ ਐਸ ਓ ਏ ਐਸ ਆਈ ਜਸਕਰਨ ਸਿੰਘ, ਏ ਐਸ ਆਈ ਹਰਪਾਲ ਸਿੰਘ, ਏ ਐਸ ਆਈ ਜੀਤ ਸਿੰਘ, ਏ ਐਸ ਆਈ ਹਰਜੀਤ ਸਿੰਘ, ਏ ਐਸ ਆਈ ਰਜਿੰਦਰ ਸਿੰਘ, ਏ ਐਸ ਆਈ ਜਸਬੀਰ ਸਿੰਘ, ਸੀਨੀਅਰ ਸਿਪਾਹੀ ਅਨਮੋਲ ਰਤਨ ਸਿੰਘ, ਰਮਨਦੀਪ ਸਿੰਘ, ਮਨਪ੍ਰੀਤ ਸਿੰਘ, ਸੁਖਮੰਦਰ ਸਿੰਘ, ਜਸਵਿੰਦਰ ਸਿੰਘ, ਜਸਪਾਲ ਸਿੰਘ ਅਤੇ ਹਰਬੰਸ ਸਿੰਘ ਆਦਿ ਹਾਜ਼ਰ ਸਨ।

## ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਸਾਹਿਤ ਸਭਾ ਦਾ ਪੁਨਰਗਠਨ




**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਦਾ ਪੁਨਰਗਠਨ ਕੀਤਾ ਗਿਆ। ਸਾਹਿਤ ਸਭਾ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।ਇਹਨਾਂ ਵਿੱਚੋਂ ਰਾਜਪਾਲ ਸਿੰਘ ਨੂੰ ਪ੍ਰਧਾਨ, ਅੰਮ੍ਰਿਤਪਾਲ ਰਾਮ ਨੂੰ ਮੀਤ ਪ੍ਰਧਾਨ, ਸ਼ੁਭਕਰਮਨ ਸਿੰਘ ਅਤੇ ਸੰਦੀਪ ਕੌਰ ਨੂੰ ਜਨਰਲ ਸਕੱਤਰ, ਗਗਨਦੀਪ ਸਿੰਘ ਅਤੇ ਪ੍ਰਿੰਅਕਦੀਪ ਨੂੰ ਸਕੱਤਰ, ਸਹਿਜਪਾਲ ਸਿੰਘ ਨੂੰ ਪ੍ਰੈਸ ਸਕੱਤਰ, ਸ਼ਿਵਮ ਸੈਣੀ ਅਤੇ ਮਨਜੋਤ ਕੌਰ ਨੂੰ ਖਜ਼ਾਨਚੀ, ਅਨੀਤਾ ਅਤੇ ਜਸਮੈਨ ਸਿੰਘ ਨੂੰ ਸਟੇਜ ਸਕੱਤਰ ਅਤੇ ਕਰਨਦੀਪ ਸੋਨੀ ਨੂੰ ਅਲੂਮਨੀ ਸਲਾਹਕਾਰ ਵਜੋਂ ਚੁਣਿਆ ਗਿਆ।ਇਸ ਮੌਕੇ ਮੁਖੀ ਭਾਸ਼ਾਵਾਂ ਵਿਭਾਗ ਡਾ ਸੰਦੀਪ ਰਾਣਾ ਅਤੇ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਡਾ ਬਲਦੇਵ ਸਿੰਘ ਨੇ ਚੁਣੇ ਹੋਏ ਮੈਂਬਰਾਂ ਨੂੰ ਵਧਾਈ ਦਿੱਤੀ। ਡਾ ਅਮਨਦੀਪ ਸਿੰਘ ਸੇਖੋਂ ਅਤੇ ਡਾ ਸੁਨੀਤਾ ਰਾਣੀ ਨੇ ਵਿਦਿਆਰਥੀਆਂ ਨੂੰ ਸਾਹਿਤਕ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਹੋਰ ਉਚਾਈਆਂ 'ਤੇ ਲੈ ਕੇ ਜਾਣ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਸਾਹਿਤ ਸਭਾ ਦੇ ਕਨਵੀਨਰ ਡਾ ਮਨਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਤਨਦੇਹੀ ਨਾਲ ਨਿਭਾਉਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਡਾ ਸੁਖਦੀਪ ਕੌਰ, ਡਾ ਪਾਇਲਦੀਪ, ਮੈਡਮ ਗੁਰਬਿੰਦਰ ਕੌਰ ਅਤੇ ਹਰਵਿੰਦਰ ਸਿੰਘ ਨੇ ਚੁਣੇ ਹੋਏ ਵਿਦਿਆਰਥੀਆਂ ਨੂੰ ਮਿਲਜੁਲ ਕੇ ਸਾਹਿਤਕ ਗਤੀਵਿਧੀਆਂ ਕਰਦੇ ਰਹਿਣ ਲਈ ਹੱਲਾਸ਼ੇਰੀ ਦਿੱਤੀ।ਕੈਂਪਸ ਡਾਇਰੈਕਟਰ ਪ੍ਰੋਫੈਸਰ ਕਮਲਜੀਤ ਸਿੰਘ ਨੇ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਦੀ ਸਮੁੱਚੀ ਟੀਮ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਭਵਿੱਖ ਵਿੱਚ ਵੱਧ ਤੋਂ ਵੱਧ ਸਾਹਿਤਕ ਗਤੀਵਿਧੀਆਂ ਕਰਨ ਲਈ ਪ੍ਰੇਰਿਆ।

## ਗੁਰਦੁਆਰਾ ਜ਼ਫਰਨਾਮਾ ਲੋਹਗੜ੍ਹ ਸਾਹਿਬ ਦੀਨਾ ਸਾਹਿਬ ਵਿਖੇ ਗੁਰਬਾਨੀ ਸ਼ਬਦ ਕੀਰਤਨ ਮੁਕਾਬਲੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਗੁਰਦੁਆਰਾ ਜ਼ਫ਼ਰਨਾਮਾ ਲੋਹਗੜ੍ਹ ਸਾਹਿਬ ਪਿੰਡ ਦੀਨਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਬਾਨੀ ਸ਼ਬਦ ਕੀਰਤਨ ਮੁਕਾਬਲੇ ਕਰਵਾਏ ਗਏ। ਸਮਾਗਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਭਾਈ ਪਰਦੀਪਕ ਸਿੰਘ ਨੇ ਜਿਹੜੇ ਬੱਚੇ ਗੁਰਬਾਨੀ ਸਿੱਖਣ ਅਤੇ ਕੀਰਤਨ ਸਿੱਖਣ ਆਉਂਦੇ ਹਨ ਓਹਨਾਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਜਿਹੜੇ ਮਾਪੇ ਆਪਣੇ ਬੱਚਿਆਂ ਨੂੰ ਗੁਰਦੁਆਰਾ ਸਾਹਿਬ ਵਿਖੇ ਭੇਜਦੇ ਹਨ ਅਤੇ ਨਾਲ ਹੀ ਭਾਈ ਰਣਜੀਤ ਸਿੰਘ ਸਰਪੰਚ ਜੋ ਲੰਬੇ ਸਮੇਂ ਤੋਂ ਬੱਚਿਆਂ ਨੂੰ ਕੀਰਤਨ ਦੀ ਵਿੱਦਿਆ ਸਿਖਾ ਰਹੇ ਹਨ ਅਤੇ ਨਾਲ ਹੀ ਭਾਈ ਸੁਖਪਾਲ ਸਿੰਘ ਹਜ਼ੂਰੀ ਰਾਗੀ ਜਥੇ ਦਾ ਵੀ ਧੰਨਵਾਦ ਕੀਤਾ ਜੋ ਬੱਚਿਆਂ ਨੂੰ ਕੀਰਤਨ ਦੇ ਨਾਲ ਜੋੜ ਰਹੇ ਹਨ। ਇਹ ਸਾਰਾ ਪ੍ਰੋਗਰਾਮ ਬਾਬਾ ਸੁਖਵਿੰਦਰ ਸਿੰਘ ਜੀ ਖਾਲਸਾ ਅਤੇ ਲਖਵੀਰ ਸਿੰਘ ਨਿਊਜ਼ੀਲੈਂਡ ਵਾਲੇ ਦੀ ਪ੍ਰੇਰਨਾ ਸਦਕਾ ਕੀਤਾ ਗਿਆ। ਇਸ ਮੌਕੇ ਭਾਈ ਹਰਜਿੰਦਰ ਸਿੰਘ ਖਾਲਸਾ ਪ੍ਰਧਾਨ ਸੁਸਾਇਟੀ, ਸਰਪੰਚ ਰਣਜੀਤ ਸਿੰਘ ਖਜਾਨਚੀ ਸੁਸਾਇਟੀ, ਪ੍ਰਧਾਨ ਰੁਪਿੰਦਰ ਸਿੰਘ ਦੀਨਾ ਜਨਰਲ ਸਕੱਤਰ ਸੁਸਾਇਟੀ, ਭਾਈ ਪ੍ਰਦੀਪ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ, ਭਾਈ ਕੁਲਵੰਤ ਸਿੰਘ ਘੰਡਾਬੰਨਾ ਮੀਤ ਗ੍ਰੰਥੀ, ਭਾਈ ਕੁਲਵਿੰਦਰ ਸਿੰਘ ਕਿੰਦਾ ਮੀਤ ਪ੍ਰਧਾਨ ਸੁਸਾਇਟੀ, ਭਾਈ ਸੁਖਪਾਲ ਸਿੰਘ ਹੈਡ ਰਾਗੀ, ਭਾਈ ਗੁਰਕੰਵਲਪ੍ਰੀਤ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਮਨਜਿੰਦਰ ਸਿੰਘ ਗ੍ਰੰਥੀ ਸੁਸਾਇਟੀ, ਅਰਸ਼ਦੀਪ ਸਿੰਘ, ਰਮਨਦੀਪ ਕੌਰ, ਸੁਮਨਦੀਪ ਕੌਰ, ਅਮਨਦੀਪ ਕੌਰ,ਮਨਦੀਪ ਕੌਰ ਖਾਲਸਾ,ਜੋਤੀ ਕੌਰ,ਜਗਰਾਜ ਸਿੰਘ,ਸਰਬਜੀਤ ਸਿੰਘ ਸਰਬਾ, ਇਕਬਾਲ ਸਿੰਘ, ਕੰਦੂ ਖਾਲਸਾ ਆਦਿ ਵੀ ਹਾਜ਼ਰ ਹੋਏ।

## ਡੀ ਸੀ ਪਟਿਆਲਾ ਵੱਲੋਂ ਮੀਂਹ ਤੇ ਮੌਸਮ ਵਿਭਾਗ ਦੀ ਭਵਿੱਖਬਾਣੀ ਦੇ ਮੱਦੇਨਜ਼ਰ ਸਲਾਹਕਾਰੀ ਜਾਰੀ



**ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮੌਜੂਦਾ ਬਾਰਿਸ਼ ਅਤੇ ਮੌਸਮ ਵਿਭਾਗ ਦੀ ਭਵਿੱਖਬਾਣੀ ਦੇ ਮੱਦੇਨਜ਼ਰ, ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਵਸਨੀਕਾਂ ਲਈ ਇੱਕ ਸਲਾਹਕਾਰੀ ਜਾਰੀ ਕੀਤੀ ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਨਦੀਆਂ, ਖ਼ਾਸ ਕਰਕੇ ਘੱਗਰ, ਟਾਂਗਰੀ ਤੇ ਮਾਰਕੰਡਾ ਸਮੇਤ ਕੁਝ ਬਰਸਾਤੀ ਨਾਲੇ ਵਾਧੂ ਪਾਣੀ ਆਉਣ ਕਾਰਨ ਉਛਲ ਰਹੇ ਹਨ, ਜਿਸ ਕਾਰਨ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕੱਚੇ ਰਸਤੇ ਜਾਂ ਅਸਥਾਈ ਸੜਕਾਂ, ਖਾਸ ਕਰਕੇ ਨਦੀਆਂ ਤੇ ਹੋਰ ਜਲ ਸਰੋਤਾਂ ਦੇ ਨੇੜੇ, ਜਾਣ ਤੇ ਇਨ੍ਹਾਂ ਨੇੜਲੇ ਰਸਤਿਆਂ ਦੀ ਵਰਤੋਂ ਕਰਨ ਤੋਂ ਬਚਣ ਅਤੇ ਬੇਲੋੜੀ ਆਵਾਜਾਈ ਤੋਂ ਪਰਹੇਜ਼ ਕਰਨ।ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਫੋਟੋਆਂ ਤੇ ਸੈਲਫੀ ਲੈਣ ਜਾਂ ਮਨੋਰੰਜਨ ਲਈ ਸੈਰ ਕਰਨ ਲਈ ਪੁਲਾਂ ਅਤੇ ਵੱਧ ਪਾਣੀ ਵਾਲੇ ਜਲ ਸਰੋਤਾਂ 'ਤੇ ਜਾਂ ਨੇੜੇ ਨਾ ਖੜ੍ਹੇ ਹੋਣ ਦੀ ਅਪੀਲ ਵੀ ਕੀਤੀ ਅਤੇ ਨਦੀ ਦੇ ਕਿਨਾਰਿਆਂ ਦੇ ਨੇੜੇ ਪਸ਼ੂਆਂ ਤੇ ਮਵੇਸ਼ੀਆਂ ਨੂੰ ਲੈ ਕੇ ਜਾਣ ਤੋਂ ਵੀ ਬਚਣ ਦੀ ਸਲਾਹ ਦਿੱਤੀ ਹੈ।ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਅਗਲੇ ਤਿੰਨ ਦਿਨਾਂ ਲਈ ਇੱਕ ਚੇਤਾਵਨੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਟੀਮਾਂ ਜ਼ਿਲ੍ਹੇ ਭਰ ਦੇ ਨਦੀਆਂ ਤੇ ਨਾਲਿਆਂ ਦੀ ਨਿਗਰਾਨੀ ਸਮੇਤ ਇਨ੍ਹਾਂ ਦੇ ਕਮਜ਼ੋਰ ਕੰਢਿਆਂ ਤੇ ਬੰਨ੍ਹਾਂ 'ਤੇ ਤਾਇਨਾਤ ਹਨ। ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਪਰ ਸਾਵਧਾਨੀ ਦੇ ਉਪਾਅ ਜ਼ਰੂਰੀ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ ਸਿਰ ਅਲਰਟ ਅਤੇ ਅਪਡੇਟ ਜਾਰੀ ਕੀਤੇ ਜਾਂਦੇ ਰਹਿਣਗੇ। ਐਮਰਜੈਂਸੀ ਲਈ ਜਾਂ ਜਾਣਕਾਰੀ ਸਾਂਝੀ ਕਰਨ ਲਈ, ਜ਼ਿਲ੍ਹਾ ਨਿਵਾਸੀ ਕੰਟਰੋਲ ਰੂਮ ਨੰਬਰਾਂ 0175-2350550 ਤੇ 2358550 'ਤੇ ਸੰਪਰਕ ਕਰ ਸਕਦੇ ਹਨ।

## ਖ਼ੂਨਦਾਨ ਕਿਸੇ ਲਈ ਸੰਜੀਵਨੀ ਬੂਟੀ ਤੋਂ ਘੱਟ ਨਹੀਂ : ਮਹਿੰਦਰ ਗਰਗ



**ਧੂਰੀ (ਮਨੋਹਰ ਸਿੰਘ ਸੱਗੂ)**-ਖ਼ੂਨਦਾਨ ਕਰਨਾ ਸੰਜੀਵਨੀ ਬੂਟੀ ਤੋਂ ਘੱਟ ਨਹੀਂ ਤੇ ਖ਼ੂਨਦਾਨ ਦਾ ਇੱਕ ਕਤਰਾ ਵੀ ਕਈ ਬਾਰੀ ਕਿਸੇ ਦੀ ਜਾਨ ਬਚਾਉਣ 'ਚ ਸਹਾਈ ਸਾਬਤ ਹੋ ਸਕਦਾ ਹੈ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਕੰਪਿਊਟਰ ਫੈਕਲਟੀ ਮਹਿੰਦਰ ਕੁਮਾਰ ਗਰਗ ਨੇ ਖ਼ੂਨਦਾਨ ਦੀ ਮਹੱਤਤਾ ਬਾਰੇ ਉਪਰੋਕਤ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ 'ਚ ਖ਼ੂਨਦਾਨ ਸਭ ਤੋਂ ਵੱਡਾ ਮਹਾਂਦਾਨ ਹੈ, ਕਿਉਂਕਿ ਖ਼ੂਨ ਇੱਕ ਅਜਿਹਾ ਪਦਾਰਥ ਹੈ ਜੋ ਕਿਸੇ ਲੈਬੋਰੇਟਰੀ 'ਚ ਅਜੇ ਤੱਕ ਬਣਾਇਆ ਨਹੀਂ ਜਾ ਸਕਿਆ ਤੇ ਇਸੇ ਕਰਕੇ ਖ਼ੂਨ ਦੀ ਕੋਈ ਕੀਮਤ ਨਿਸਚਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਜਿੱਥੇ ਅਸੀਂ ਆਪਣਾ ਖ਼ੂਨਦਾਨ ਕਰਕੇ ਕਿਸੇ ਦੀ ਜ਼ਿੰਦਗੀ ਬਚਾਉਣ 'ਚ ਮਦਦਗਾਰ ਸਾਬਤ ਹੋ ਸਕਦੇ ਹਾਂ, ਉਥੇ ਖ਼ੂਨਦਾਨ ਕਰਨ ਨਾਲ ਆਤਮਿਕ ਆਨੰਦ ਮਿਲਦਾ ਹੈ। ਉਨ੍ਹਾਂ ਕਿਹਾ ਕਿ 18 ਸਾਲ ਦੀ ਉਮਰ ਤੇ 45 ਕਿਲੋਗ੍ਰਾਮ ਵਜ਼ਨ ਵਾਲਾ ਸਿਹਤਮੰਦ ਵਿਅਕਤੀ ਖ਼ੂਨਦਾਨ ਕਰ ਸਕਦਾ ਹੈ ਅਤੇ ਦਾਨ ਕੀਤਾ ਖ਼ੂਨ ਕੁੱਝ ਘੰਟਿਆਂ 'ਚ ਸਾਡੇ ਸਰੀਰ 'ਚ ਪੂਰਾ ਹੋ ਜਾਂਦਾ ਹੈ।



ਬਾਲਾ ਜੀ ਮੰਦਰ ਨਿਹਾਲ ਸਿੰਘ ਵਾਲਾ ਸਮੂਹ ਸਮਾਜਿਕ ਸੰਸਥਾਵਾਂ ਅਤੇ ਨਿਹਾਲ ਸਿੰਘ ਵਾਲਾ ਮੰਡੀ ਦੇ ਸਹਿਯੋਗ ਨਾਲ ਬਰਸਾਤਾਂ ਦੇ ਮੌਸਮ ਨੂੰ ਧਿਆਨ 'ਚ ਰੱਖਦੇ ਹੋਏ ਗਰੀਬਾਂ ਨੂੰ ਕਾਗਜ਼ ਵੰਡੇ ਗਏ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ, ਬੱਧਨੀ ਕਲਾਂ)

# ਜਥੇਬੰਦੀ 'ਚੋਂ ਮੁਅੱਤਲ ਕੀਤੇ ਹਸਨਪੁਰ ਵੱਲੋਂ ਕੀਤੇ ਜਾ ਰਹੇ ਕੂੜ ਪ੍ਰਚਾਰ ਦੀ ਨਿੰਦਾ



**ਜਗਰਾਉਂ (ਨਛੱਤਰ ਸੰਧੂ)**

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਕਮੇਟੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਲੈਂਡ ਪੂਲਿੰਗ ਪਾਲਸੀ ਰੱਦ ਕਰਾਉਣ ਲਈ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਸਰਕਾਰ ਖਿਲਾਫ਼ ਛੇੜੀ ਫੈਸਲਾਕੁੰਨ ਕਾਰਵਾਈ, ਜਿਸ ਵਿੱਚ ਟਰੈਕਟਰ ਮਾਰਚ ਤੇ 24 ਅਗਸਤ ਦੀ ਐਲਾਨੀ ਸਮਰਾਲਾ ਰੈਲੀ ਸ਼ਾਮਲ ਸੀ, ਨੇ ਸੰਘਰਸ਼ ਨੂੰ ਅੰਤਿਮ ਜਿੱਤ ਤੱਕ ਪੁਚਾਇਆ।ਇਸ ਸੰਘਰਸ਼ ਵਿੱਚ ਪੰਜਾਬ ਭਰ 'ਚ ਪੀੜਤ ਪਿੰਡਾਂ ਦੇ ਵਸਨੀਕਾਂ ਵੱਲੋਂ ਪਿੰਡਾਂ 'ਚ ਕੀਤਾ ਸੰਘਰਸ਼, ਲੈਂਡ ਪੂਲਿੰਗ ਪਾਲਸੀ ਖਿਲਾਫ ਪਾਏ ਮਤੇ, ਹਾਕਮ ਪਾਰਟੀ ਦਾ ਕੀਤਾ ਬਾਈਕਾਟ, ਲੁਧਿਆਣਾ ਵਿਖੇ ਜਥੇਬੰਦੀ ਵੱਲੋਂ ਗਲਾਡਾ ਅੱਗੇ ਉਲੀਕਿਆ ਧਰਨਾ ਵੀ ਸ਼ਾਮਲ ਹੈ।21 ਮਈ ਦੀ ਲੈਂਡ ਪੂਲਿੰਗ ਪੀੜਤ ਕਮੇਟੀ ਵਲੋਂ ਭਨੋਹੜ ਵਿਖੇ ਕੀਤੀ ਪਲੇਠੀ ਕਾਨਫਰੰਸ 'ਚ ਜਥੇਬੰਦੀ ਵੱਲੋਂ ਕੀਤੀ ਭਰਵੀਂ ਸ਼ਮੂਲੀਅਤ, ਪਿੰਡਾਂ 'ਚ ਝੰਡਿਆਂ ਪ੍ਰਚਾਰ ਤੇ ਪਿੰਡਾਂ 'ਚੋਂ ਗ੍ਰਾਮ ਸਭਾਵਾਂ ਦੇ ਮਤੇ ਪਵਾਉਣ ਦੀ ਅਗਵਾਈ ਦੇ ਬਾਵਜੂਦ ਸੋਸ਼ਲ ਮੀਡੀਏ ਤੇ ਜਥੇਬੰਦੀ ਦੇ ਖਿਲਾਫ ਇੱਕ ਵਿਅਕਤੀ ਵੱਲੋਂ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ।ਜਥੇਬੰਦੀ ਨੇ ਇਸ ਕੂੜ ਪ੍ਰਚਾਰ ਦਾ ਸਖਤ ਨੋਟਿਸ ਲੈਂਦਿਆਂ ਕਿਹਾ ਕਿ ਜਗਰੂਪ ਸਿੰਘ ਹਸਨਪੁਰ ਨੂੰ ਜ਼ਿਲ੍ਹੇ ਦੀ ਮੁੱਲਾਂਪੁਰ ਵਿਖੇ ਹੋਈ ਮੀਟਿੰਗ 'ਚ ਜਥੇਬੰਦੀ ਦੇ ਸੀਨੀਅਰ ਆਗੂਆਂ ਖਿਲਾਫ਼ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਦਾ ਸਪੱਸ਼ਟੀਕਰਨ ਦੇਣ ਲਈ ਸੱਦਿਆ ਗਿਆ ਸੀ, ਪਰ ਜਥੇਬੰਦਕ ਅਨੁਸ਼ਾਸਨ ਦੀ ਪ੍ਰਵਾਹ ਨਾ ਕਰਕੇ ਆਈਆਂ ਸ਼ਿਕਾਇਤਾਂ ਦਾ ਜਵਾਬ ਨਾ ਦੇ ਕੇ ਸ੍ਰੀ ਹਸਨਪੁਰ ਨੇ ਜ਼ਿਲ੍ਹਾ ਕਮੇਟੀ ਨੂੰ ਮਜਬੂਰੀ ਵੱਸ ਉਨ੍ਹਾਂ ਨੂੰ 15 ਦਿਨ ਲਈ ਨੋਟਿਸ ਭੇਜਦਿਆਂ ਮੁਅੱਤਲ ਕਰਨ ਦਾ ਫ਼ੈਸਲਾ ਕਰਨਾ ਪਿਆ।

ਉਨ੍ਹਾਂ ਨੂੰ ਜਥੇਬੰਦੀ 'ਚੋਂ ਮੁਅੱਤਲ ਕੀਤਾ ਗਿਆ ਹੈ, ਨਾ ਕਿ ਕੱਢਿਆ ਗਿਆ। ਗਲਾਡਾ ਧਰਨੇ 'ਚ ਜਥੇਬੰਦੀ ਦੀਆਂ ਹੰਬੜਾਂ ਬਲਾਕ, ਲੁਧਿਆਣਾ-1, ਮੁੱਲਾਂਪੁਰ ਬਲਾਕ ਦੇ ਵਰਕਰਾਂ ਨੇ ਹਰ ਪੱਖੋਂ ਵਧ-ਚੜ੍ਹ ਕੇ ਭਾਗ ਲਿਆ।ਜ਼ਿਲ੍ਹਾ ਕਮੇਟੀ ਦੇ ਆਗੂ ਸੰਬੋਧਨ ਕਰਦੇ ਰਹੇ।ਉਨ੍ਹਾਂ ਦੱਸਿਆ ਕਿ ਜਥੇਬੰਦੀ ਦੇ ਸੀਨੀਅਰ ਆਗੂ ਸੂਬਾ ਮੀਤ ਪ੍ਰਧਾਨ ਖਿਲਾਫ਼ ਲਲਤੋਂ ਕਲਾਂ ਦੇ ਖਿਲਾਫ਼ ਝੂਠਾ ਇਲਜ਼ਾਮ ਲਾ ਕੇ ਕੂੜ ਪ੍ਰਚਾਰ ਕੀਤਾ ਗਿਆ। ਸੋਸ਼ਲ ਮੀਡੀਆ 'ਤੇ ਸੂਬਾ ਪ੍ਰਧਾਨ ਨੂੰ ਗਾਲੀ ਗਲੋਚ ਕੀਤਾ ਗਿਆ।ਗਲਾਡਾ ਧਰਨੇ 'ਚ ਸੂਬਾ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਪ੍ਰਧਾਨ ਖਿਲਾਫ ਜਾਣ-ਬੁੱਝ ਕੇ ਕੂੜ ਪ੍ਰਚਾਰ ਕਰਾਇਆ ਗਿਆ।ਸ੍ਰੀ ਹਸਨਪੁਰ ਵੱਲੋਂ 16 ਅਗਸਤ ਨੂੰ ਇੱਕ ਸਟਿੱਕਰ ਸੋਸ਼ਲ ਮੀਡੀਏ 'ਤੇ ਜਾਰੀ ਕਰਕੇ ਸ੍ਰੀ ਰਣਵੀਰ ਸਿੰਘ ਰੁੜਕਾ ਬਲਾਕ ਪ੍ਰਧਾਨ ਮੁਲਾਂਪੁਰ ਦੀ ਥਾਂ ਇੱਕ ਵਿਅਕਤੀ ਨੂੰ ਮੁਲਾਂਪੁਰ ਬਲਾਕ ਦਾ ਪ੍ਰਧਾਨ ਤੇ ਇਕ ਹੋਰ ਵਿਅਕਤੀ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਥਾਪ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਇੱਕ ਪਾਸੇ ਜਥੇਬੰਦੀ ਦੇ ਅਹੁਦੇਦਾਰ ਬਦਲਣ ਦਾ ਗੈਰ ਜਥੇਬੰਦਕ ਤੇ ਆਪਹੁਦਰਾ ਕੰਮ ਕੀਤਾ ਜਾ ਰਿਹਾ ਹੈ ਤੇ ਦੂਜੇ ਬੰਨੇ ਕਿਹਾ ਜਾ ਰਿਹਾ ਹੈ ਕਿ ਗਲਾਡਾ ਧਰਨਾ ਸ਼ੁਰੂ ਕਰਨ ਸਮੇ ਹੀ ਜਥੇਬੰਦੀ ਛੱਡ ਦਿੱਤੀ ਸੀ, ਜਦੋਂਕਿ ਸੱਚਾਈ ਇਹ ਹੈ ਕਿ ਗਲਾਡਾ ਧਰਨੇ ਤੋਂ ਬਾਦ ਜ਼ਿਲ੍ਹਾ ਸਕੱਤਰ ਨਾਲ ਸੌਦੇਬਾਜ਼ੀ ਕਰ ਰਿਹਾ ਹੈ ਕਿ ਮੈਨੂੰ ਜਥੇਬੰਦੀ ਦਾ ਸੂਬਾ ਮੀਤ ਪ੍ਰਧਾਨ ਬਣਾ ਦਿੱਤਾ ਜਾਵੇ, ਨਹੀ ਤਾਂ ਮੈਂ ਹਸਨਪੁਰ ਦੇ ਨਾਂਅ 'ਤੇ ਅਲੱਗ ਧੜਾ ਬਣਾ ਲਵਾਂਗਾ।ਜ਼ਿਲ੍ਹਾ ਕਮੇਟੀ ਵੱਲੋਂ ਸ੍ਰੀ ਹਸਨਪੁਰ ਨੂੰ ਜਾਰੀ ਨੋਟਿਸ ਰਾਹੀ 11 ਨੁਕਤਿਆਂ ਦਾ ਸਪੱਸ਼ਟੀਕਰਨ ਮੰਗਿਆ ਗਿਆ ਸੀ ਕਿ ਜਥੇਬੰਦੀ ਦੀ ਹਦਾਇਤ ਦੇ ਬਾਵਜੂਦ ਭਨੋਹੜ ਕਾਨਫਰੰਸ 'ਚ ਕਾਂਗਰਸੀ ਆਗੂ ਖਹਿਰਾ ਨੂੰ ਕਿਉਂ ਬੁਲਾਇਆ ਗਿਆ। ਜਥੇਬੰਦੀ ਨਾਲ ਜੁੜਨ ਤੋਂ ਲੈ ਕੇ ਕਿਸੇ ਵੀ ਜ਼ਿਲ੍ਹਾ ਮੀਟਿੰਗ 'ਚ ਹੁਣ ਤੱਕ ਹਾਜ਼ਰ ਕਿਉਂ ਨਹੀਂ ਹੋਇਆ ਗਿਆ।ਮੋਰਚੇ ਦੇ ਟਰੈਕਟਰ ਮਾਰਚ 'ਚ ਸ਼ਾਮਲ ਹੋਣ ਦੀ ਥਾਂ ਕਿਸਾਨਾਂ ਨੂੰ ਮਾਰਚ 'ਚ ਜਾਣ ਤੋਂ ਕਿਉਂ ਰੋਕਿਆ ਗਿਆ।ਸਪੱਸ਼ਟ ਕਰਨ ਦੇ ਬਾਵਜੂਦ ਕਿ ਮੋਰਚੇ ਦੇ ਅਨੁਸ਼ਾਸਨ ਚ ਹੋਣ ਕਾਰਨ ਸੂਬਾ ਪ੍ਰਧਾਨ ਗਲਾਡਾ ਧਰਨੇ 'ਚ ਨਹੀ ਆਏ, ਪਰ ਜ਼ਿਲ੍ਹਾ ਕਮੇਟੀ ਨੂੰ ਧਰਨੇ ਸਫ਼ਲ ਬਨਾਉਣ ਲਈ ਹਰ ਰੋਜ਼ ਹਦਾਇਤਾਂ ਕਰਦੇ ਰਹੇ।ਸ੍ਰੀ ਹਸਨਪੁਰ ਨੇ 24 ਅਗਸਤ ਦੀ ਮੋਰਚੇ ਦੀ ਸਮਰਾਲਾ ਰੈਲੀ 'ਚ ਸ਼ਿਰਕਤ ਨਾ ਕਰਾ ਕੇ ਸਿਰਫ ਨਿੱਜ ਨੂੰ ਹੀ ਪ੍ਰਫੁੱਲਤ ਕੀਤਾ ਹੈ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਨੇ ਕਰਾਏ ਐਕਸਟੈਂਪੋਰ ਮੁਕਾਬਲੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਰੈਗਿੰਗ ਵਿਰੁੱਧ ਮੁਹਿੰਮ ਵਿੱਚ ਹਿੱਸਾ ਲੈਂਦੇ ਹੋਏ ਐਕਸਟੈਂਪੋਰ ਮੁਕਾਬਲੇ ਕਰਾਏ ਗਏ, ਜਿਸ ਵਿਚ ਵਿਭਾਗ ਦੇ ਵਿਦਿਆਰਥੀਆਂ ਨੇ ਰੈਗਿੰਗ ਵਿਰੁੱਧ ਜਾਗਰੂਕਤਾ ਫੈਲਾਉਣ ਸਬੰਧੀ ਵਡਮੁੱਲੇ ਵਿਚਾਰ ਪੇਸ਼ ਕੀਤੇ।ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰੈਗਿੰਗ ਦੇ ਵੱਖ-ਵੱਖ ਰੂਪਾਂ ਤੇ ਇਸ ਦੇ ਗੰਭੀਰ ਨਤੀਜਿਆਂ ਬਾਰੇ ਜਾਗਰੂਕ ਕਰਨਾ ਸੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਦਾ ਕੈਂਪਸ ਰੈਗਿੰਗ ਮੁਕਤ ਕੈਂਪਸ ਹੈ ਤੇ ਕਾਲਜ ਵਿਦਿਆਰਥੀਆਂ ਨੂੰ ਇੱਕ ਸ਼ਾਂਤ ਤੇ ਸੁਰੱਖਿਆਤਮਕ ਅਕਾਦਮਿਕ ਵਾਤਾਵਰਣ ਪ੍ਰਦਾਨ ਕਰਨ ਲਈ ਵਚਨਬੱਧ ਹੈ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਰੈਗਿੰਗ ਨਾਲ ਸਬੰਧਿਤ ਘਟਨਾਵਾਂ ਦੀ ਗੰਭੀਰਤਾ ਤੇ ਇਸ ਸਬੰਧੀ ਨਵੇਂ ਵਿਦਿਆਰਥੀਆਂ ਵਿੱਚ ਸਮੂਹਿਕ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਪ੍ਰੋਗਰਾਮ ਕੋਆਰਡੀਨੇਟਰ ਪ੍ਰੋ. ਰੰਜਿਤਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਜਿੱਥੇ ਰੈਗਿੰਗ ਸਬੰਧੀ ਯੂ.ਜੀ.ਸੀ. ਦੇ ਨਿਯਮਾਂ ਬਾਰੇ ਜਾਣੂ ਕਰਾਇਆ, ਉਥੇ ਰੈਗਿੰਗ ਦੇ ਗੰਭੀਰ ਪ੍ਰਭਾਵਾਂ ਬਾਰੇ ਵੀ ਵਿਸਥਾਰ ਨਾਲ ਦੱਸਿਆ।ਵਰਣਨਯੋਗ ਹੈ ਕਿ ਇਸ ਮੁਕਾਬਲੇ ਵਿੱਚ ਐਮ.ਏ.ਜੇ.ਐਮ.ਸੀ. ਭਾਗ ਪਹਿਲਾ ਦੀ ਰੱਜੀ ਨੇ ਪਹਿਲਾ ਸਥਾਨ, ਬੀ.ਏ.ਜੇ.ਐਮ.ਸੀ. ਭਾਗ ਤੀਜਾ ਦੀ ਨਵੀਨ ਨੇ ਦੂਜਾ ਸਥਾਨ ਅਤੇ ਬੀ.ਏ.ਜੇ.ਐਮ.ਸੀ. ਭਾਗ ਤੀਜਾ ਦੀ ਪਲਕ ਅਰੋੜਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

## ਪੰਚ ਤੇ ਨੰਬਰਦਾਰ ਸਮੇਤ 5 ਲੋਕਾਂ 'ਤੇ ਧੋਖਾਧੜੀ ਦਾ ਕੇਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਸ਼ਾ ਤਸਕਰੀ ਦੇ ਇਕ ਕੇਸ ਵਿੱਚ ਫੜੇ ਗਏ ਨੌਜਵਾਨ ਨੂੰ ਜੁਵੇਨਾਈਲ (ਨਾਬਾਲਗ) ਦਰਸਾਉਣ ਲਈ ਜਾਲ੍ਹੀ ਜਨਮ ਸਰਟੀਫਿਕੇਟ ਬਣਾਉਣ ਦੇ ਮਾਮਲੇ ਵਿੱਚ ਫਿਰੋਜ਼ਪੁਰ ਦੀ ਅਦਾਲਤ ਨੇ ਕਾਰਵਾਈ ਕਰਦਿਆਂ ਪੰਜ ਲੋਕਾਂ ਖਿਲਾਫ਼ ਕੇਸ ਦਰਜ ਕਰਨ ਦੇ ਹੁਕਮ ਦਿੱਤੇ ਹਨ। ਇਨ੍ਹਾਂ ਹੁਕਮਾਂ ਤੋਂ ਬਾਅਦ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਇਕ ਪੰਚ ਤੇ ਇਕ ਨੰਬਰਦਾਰ ਸਮੇਤ ਪੰਜ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦਿਆਂ ਥਾਣਾ ਕੈਂਟ ਫਿਰੋਜ਼ਪੁਰ ਦੇ ਏਐੱਸਆਈ ਸਲਵਿੰਦਰ ਸਿੰਘ ਨੇ ਦੱਸਿਆ ਕਿ ਮਾਨਯੋਗ ਅਦਾਲਤ ਰਾਜਿੰਦਰ ਸਿੰਘ ਤੇਜੀ, ਜੀਐੱਮਆਈਸੀ ਫਿਰੋਜ਼ਪੁਰ ਵੱਲੋਂ ਇਕ ਹੁਕਮ ਨੰਬਰ 893 ਮਿਤੀ 28 ਅਗਸਤ 2025 ਬਜਰੀਆ ਡਾਕ ਪ੍ਰਾਪਤ ਹੋਇਆ। ਇਸ ਹੁਕਮ ਵਿਚ ਇਹ ਸਾਹਮਣੇ ਆਇਆ ਕਿ ਗੁਰਪ੍ਰੀਤ ਸਿੰਘ ਪੁੱਤਰ ਮਲੂਕ ਸਿੰਘ ਵਾਸੀ ਰੇੜਵਾ ਖਿਲਾਫ਼ 1 ਜਨਵਰੀ 2025 ਨੂੰ ਥਾਣਾ ਐੱਸਟੀਐੱਫ ਮੋਹਾਲੀ ਵਿਚ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਨੰਬਰ 01 ਦਰਜ ਕੀਤਾ ਗਿਆ ਸੀ। ਇਸ ਕੇਸ ਵਿੱਚ ਗੁਰਪ੍ਰੀਤ ਸਿੰਘ ਦੇ ਪਿਤਾ ਮਲੂਕ ਸਿੰਘ ਨੇ ਉਸ ਨੂੰ ਜੁਵੇਨਾਈਲ ਜਸਟਿਸ ਬੋਰਡ ਦਾ ਲਾਭ ਦਿਵਾਉਣ ਲਈ ਇਕ ਜਾਲ੍ਹੀ ਜਨਮ ਸਰਟੀਫਿਕੇਟ ਤਿਆਰ ਕਰਵਾਇਆ ਸੀ। ਮਾਨਯੋਗ ਅਦਾਲਤ ਨੇ ਇਸ ਧੋਖਾਧੜੀ ਦਾ ਗੰਭੀਰ ਨੋਟਿਸ ਲੈਂਦਿਆਂ ਮਲੂਕ ਸਿੰਘ ਪੁੱਤਰ ਬਲਵੀਰ ਸਿੰਘ, ਹਰਬੰਸ ਕੌਰ ਪਤਨੀ ਨਛੱਤਰ ਸਿੰਘ, ਹਰਬੰਸ ਸਿੰਘ ਪੰਚ ਤੇ ਮਹਿੰਦਰ ਸਿੰਘ ਨੰਬਰਦਾਰ ਵਾਸੀਅਨ ਰੇੜਵਾਂ ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਖਿਲਾਫ਼ ਮਾਮਲਾ ਦਰਜ ਕਰਨ ਦਾ ਆਦੇਸ਼ ਦਿੱਤਾ। ਏਐੱਸਆਈ ਸਲਵਿੰਦਰ ਸਿੰਘ ਨੇ ਦੱਸਿਆ ਕਿ ਅਦਾਲਤ ਦੇ ਹੁਕਮਾਂ ਅਨੁਸਾਰ ਇਨ੍ਹਾਂ ਸਾਰੇ ਦੋਸ਼ੀਆਨ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਡੀ ਆਈ ਜੀ ਅਸ਼ਵਨੀ ਕਪੂਰ ਦੀ ਸੇਵਾ-ਮੁਕਤੀ ਮੌਕੇ ਫੁੱਲਾਂ ਦਾ ਮੀਂਹ ਵਰ੍ਹਾਇਆ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**



ਡੀ.ਆਈ.ਜੀ. ਸ਼੍ਰੀ ਅਸ਼ਵਨੀ ਕਪੂਰ ਪੁਲਸ ਫੋਰਸ ਵਿੱਚ 35 ਸਾਲ ਦੀ ਸ਼ਾਨਦਾਰ ਸੇਵਾ ਪੂਰੀ ਕਰਨ ਤੋਂ ਬਾਅਦ ਰਿਟਾਇਰਡ ਹੋ ਗਏ।ਉਨ੍ਹਾਂ ਦਾ ਇਹ ਸਫ਼ਰ ਪੂਰਨ ਸਮਰਪਣ ਤੇ ਮਜਬੂਤ ਨੇਤ੍ਰਿਤਵ ਨਾਲ ਭਰਿਆ ਰਿਹਾ।ਉਨ੍ਹਾਂ ਦੀ ਉਤਕ੍ਰਿਸ਼ਟ ਸੇਵਾ ਦੀ ਮਾਨਤਾ ਵਿੱਚ ਪੁਲਸ ਅਧਿਕਾਰੀਆਂ ਵੱਲੋਂ ਗਰਮਜੋਸ਼ੀ ਨਾਲ ਵਿਦਾਇਗੀ ਪਾਰਟੀ ਦਿੱਤੀ ਗਈ, ਜਿਸ ਵਿੱਚ ਡੀ.ਆਈ.ਜੀ ਬਠਿੰਡਾ ਰੇਂਜ ਸਮੇਤ ਫਰੀਦਕੋਟ ਰੇਂਜ ਤੇ ਫ਼ਿਰੋਜ਼ਪੁਰ ਦੇ ਐਸ.ਐਸ.ਪੀ ਸਮੇਤ ਕਈ ਸਾਬਕਾ ਅਧਿਕਾਰੀ ਤੇ ਮੌਜੂਦਾ ਪੁਲਸ ਕ੍ਰਮਚਾਰੀ ਫ਼ਰੀਦਕੋਟ ਵਿੱਚ ਹੋਏ ਸਮਾਰੋਹ ਵਿੱਚ ਸ਼ਾਮਲ ਹੋਏ ਤੇ ਸ਼੍ਰੀ ਅਸ਼ਵਨੀ ਕਪੂਰ ਡੀ.ਆਈ.ਜੀ. ਦੇ ਪੰਜਾਬ ਪੁਲਸ ਲਈ ਯੋਗਦਾਨਾਂ ਨੂੰ ਸਲਾਮ ਕੀਤਾ।

ਸ਼੍ਰੀ ਅਸ਼ਵਨੀ ਕਪੂਰ ਆਈ.ਪੀ.ਐਸ ਡੀ.ਆਈ.ਜੀ ਫਰੀਦਕੋਟ ਰੇਂਜ ਨੇ ਕਿਹਾ ਕਿ ਮੇਰੇ ਲਈ ਇਹ ਪਲ ਬਹੁਤ ਭਾਵੁਕ ਹੈ।35 ਸਾਲ ਪਹਿਲਾਂ ਜਦੋਂ ਮੈਂ ਖਾਕੀ ਵਰਦੀ ਪਹਿਨੀ ਸੀ, ਉਸ ਸਮੇਂ ਸਿਰਫ਼ ਇੱਕ ਜਜ਼ਬਾ ਸੀ-ਦੇਸ਼ ਤੇ ਲੋਕਾਂ ਦੀ ਸੇਵਾ ਕਰਨ ਦਾ, ਅੱਜ ਜਦੋਂ ਮੈਂ ਮੁੜ ਪਿੱਛੇ ਮੁੜ ਕੇ ਦੇਖਦਾ ਹਾਂ, ਤਾਂ ਮੈਨੂੰ ਮਹਿਸੂਸ ਹੁੰਦਾ ਹੈ ਕਿ ਇਹ ਸਫ਼ਰ ਸਿਰਫ਼ ਮੇਰਾ ਨਹੀਂ ਸੀ, ਸਗੋਂ ਹਰ ਉਸ ਸਾਥੀ ਦਾ ਸੀ ਜਿਸ ਨੇ ਮੇਰਾ ਹੱਥ ਫੜਿਆ, ਮੇਰੇ ਨਾਲ ਖੜਾ ਰਿਹਾ ਅਤੇ ਮੈਨੂੰ ਆਪਣਾ ਸਰਵੋਤਮ ਦੇਣ ਲਈ ਪ੍ਰੇਰਤ ਕੀਤਾ।

ਸ਼੍ਰੀ ਅਸ਼ਵਨੀ ਕਪੂਰ ਐਸ.ਐਸ.ਪੀ ਤਰਨਤਾਰਨ ਰਹਿ ਚੁੱਕੇ ਹਨ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਐਸ.ਐਸ.ਪੀ ਬਟਾਲਾ, ਡਿਪਟੀ ਕਮਿਸ਼ਨਰ ਆਫ ਪੁਲਸ ਲੁਧਿਆਣਾ, ਏ.ਆਈ.ਜੀ ਕਾਊਂਟਰ ਇੰਟੈਲੀਜੈਂਸ ਪਠਾਨਕੋਟ ਸਮੇਤ ਹੋਰ ਵੀ ਕਈ ਅਹਿਮ ਅਹੁਦਿਆਂ 'ਤੇ ਤਾਇਨਾਤ ਰਹੇ।ਇਸ ਦੌਰਾਨ ਉਨ੍ਹਾਂ ਪੁਲਸ ਫੋਰਸ ਦੀ ਭਲਾਈ ਲਈ ਕਈ ਕੰਮ ਕੀਤੇ ਤੇ ਪੁਲਸ ਲਾਈਨਜ਼ ਵਿੱਚ ਕਈ ਢਾਂਚਾਗਤ ਸੁਧਾਰ ਕੀਤੇ।ਇਸ ਮੌਕੇ ਡਾ. ਪ੍ਰਗਿਆ ਜੈਨ ਐਸ.ਐਸ.ਪੀ ਵੱਲੋਂ ਫਰੀਦਕੋਟ ਪੁਲਸ ਦੇ ਸਮੂਹ ਪੁਲਿਸ ਅਧਿਕਾਰੀਆਂ ਸਮੇਤ ਡੀ.ਆਈ.ਜੀ ਨੂੰ ਜ਼ਿਲ੍ਹੇ ਨੂੰ ਦਿੱਤੀਆਂ ਬੇਮਿਸਾਲ ਸੇਵਾਵਾਂ ਤੇ ਯੋਗ ਅਗਵਾਈ ਲਈ ਧੰਨਵਾਦ ਕਰਦੇ ਹੋਏ ਸਨਮਾਨਤ ਕੀਤਾ ਗਿਆ।ਸ਼੍ਰੀ ਅਸ਼ਵਨੀ ਕਪੂਰ ਡੀ.ਆਈ.ਜੀ ਫਰੀਦਕੋਟ ਰੇਂਜ ਨੇ ਕਿਹਾ ਕਿ ਵਿਦਾਇਗੀ ਸਮਾਗਮ ਵਿੱਚ ਮੈਂ ਹਰ ਅਧਿਕਾਰੀ, ਹਰ ਜਵਾਨ ਤੇ ਆਪਣੇ ਪਰਵਾਰ ਖ਼ਾਸ ਕਰਕੇ ਮੇਰੀ ਪਤਨੀ ਅਨੁਪਮਾ ਤੇ ਮੇਰੀਆਂ ਧੀਆਂ ਦਾ ਧੰਨਵਾਦ ਕਰਦਾ ਹਾਂ।ਉਨ੍ਹਾਂ ਮੇਰੇ ਨਾਲ ਹਰ ਖੁਸ਼ੀ-ਗਮ ਵਿੱਚ ਸਾਥ ਦਿੱਤਾ, ਮੇਰੇ ਬਿਨਾਂ ਘਰ ਦੀ ਜ਼ਿੰਮੇਵਾਰੀ ਨਿਭਾਈ ਅਤੇ ਮੇਰੀ ਸਭ ਤੋਂ ਵੱਡੀ ਤਾਕਤ ਬਣੇ ਉਹਨਾ ਅੱਗੇ ਕਿਹਾ ਕਿ ਮੈਂ ਤਰਨਤਾਰਨ ਤੋਂ ਲੈ ਕੇ ਬਟਾਲਾ, ਲੁਧਿਆਣਾ, ਪਠਾਨਕੋਟ, ਰੋਪੜ, ਫ਼ਰੀਦਕੋਟ ਅਤੇ ਹੋਰ ਕਈ ਜ਼ਿਲ੍ਹਿਆਂ ਵਿੱਚ ਸੇਵਾ ਕੀਤੀ।

# ਕਿਸ਼ਨਗੜ੍ਹ 'ਚ ਗੁੰਡਾਗਰਦੀ ਖਿਲਾਫ਼ ਏਕਤਾ ਡਕੌਂਦਾ ਵੱਲੋਂ ਭਾਰੀ ਇਕੱਠ



**ਬਰੇਟਾ (ਰੀਤਵਾਲ)**-ਲਾਗਲੇ ਪਿੰਡ ਕਿਸ਼ਨਗੜ੍ਹ ਵਿੱਚ ਗੁੰਡਾਗਰਦੀ ਖਿਲਾਫ਼ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਪਿੰਡ ਦੇ ਚੌਕ ਵਿੱਚ ਭਾਰੀ ਇਕੱਠ ਕੀਤਾ ਗਿਆ, ਜਿਸ ਵਿੱਚ ਪਿਛਲੇ ਦਿਨਾਂ ਵਿੱਚ ਜਥੇਬੰਦੀ ਦੇ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ 'ਤੇ ਹੋਏ ਕਾਤਲਾਨਾ ਹਮਲੇ ਨੂੰ ਚੁਣੌਤੀ ਵਜੋਂ ਕਬੂਲਦਿਆਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਪਿੰਡ ਵਿੱਚ ਘੁੰਮ ਰਹੇ ਬੇਲਗਾਮ ਗੁੰਡਾ ਅਨਸਰਾਂ ਤੇ ਨਸ਼ਾ ਤਸਕਰਾਂ ਨੂੰ ਨੱਥ ਪਾਈ ਜਾਵੇ ਅਤੇ ਘਟਨਾ ਨਾਲ ਸੰਬੰਧਤ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।

ਪਿੰਡ ਵਾਸੀਆਂ ਤੇ ਜਥੇਬੰਦੀ ਦੇ ਜ਼ਿਲ੍ਹੇ ਭਰ ਤੋਂ ਆਏ ਵਰਕਰ ਤੇ ਆਗੂਆਂ ਨੇ ਬੋਲਦਿਆਂ ਐਲਾਨ ਕੀਤਾ ਕਿ ਅਜਿਹੇ ਹਮਲੇ ਕਦਾਚਿਤ ਬਰਦਾਸ਼ਤ ਨਹੀਂ ਕੀਤੇ ਜਾਣਗੇ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਐਲਾਨ ਕੀਤਾ ਕਿ ਲੋਕ ਸ਼ਕਤੀ ਦੇ ਜ਼ੋਰ 'ਤੇ ਗੁੰਡਾਗਰਦੀ ਦੀਆਂ ਘਟਨਾਵਾਂ ਦਾ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ ਅਤੇ ਗੁੰਡਾ ਅਨਸਰਾਂ, ਨਸ਼ਾ ਤਸਕਰਾਂ ਤੇ ਪੁਲਸ-ਸਿਆਸੀ ਗੱਠਜੋੜ ਨੂੰ ਲੋਕਾਂ ਦੇ ਇਕੱਠ ਦੇ ਜ਼ੋਰ 'ਤੇ ਭਾਂਜ ਦਿੱਤੀ ਜਾਵੇਗੀ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਆਉਂਦੇ ਦਿਨਾਂ ਵਿੱਚ ਸੰਘਰਸ਼ ਨੂੰ ਤਿੱਖਾ ਤੇ ਵਿਸ਼ਾਲ ਰੂਪ ਦਿੱਤਾ ਜਾਵੇਗਾ।ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦੇ ਆਗੂਆਂ ਭਾਕਿਯੂ ਡਕੌਂਦਾ ਬੁਰਜ ਗਿੱਲ ਦੇ ਲਛਮਣ ਸਿੰਘ ਚੱਕ ਅਲੀਸ਼ੇਰ, ਭਾਕਿਯੂ ਲੱਖੋਵਾਲ ਦੇ ਪ੍ਰਸ਼ੋਤਮ ਸਿੰਘ ਗਿੱਲ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਸਿੰਘ ਫਫੜੇ, ਭਾਕਿਯੂ ਆਜ਼ਾਦ ਦੇ ਜਰਨੈਲ ਸਿੰਘ ਕਿਸ਼ਨਗੜ੍ਹ, ਟੀਐੱਸਯੂ ਦੇ ਜਸਪਾਲ ਬਿੱਟੂ, ਕੁਲ ਹਿੰਦ ਕਿਸਾਨ ਸਭਾ ਦੇ ਸੀਤਾ ਰਾਮ, ਰਾਮ ਲਾਜ ਬਹਾਦਰਪੁਰ ਤੇ ਭਾਕਿਯੂ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਜਗਰਾਜ ਸਿੰਘ ਹਰਦਾਸਪੁਰਾ, ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਲਖਵੀਰ ਸਿੰਘ ਅਕਲੀਆ, ਜਨਰਲ ਸਕੱਤਰ ਤਾਰਾ ਚੰਦ ਬਰੇਟਾ ਅਤੇ ਮੱਖਣ ਸਿੰਘ ਭੈਣੀ ਬਾਘਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਗ਼ਰੀਬ ਕਿਸਾਨ ਦੇ ਘਰ ਦੀ ਛੱਤ ਡਿੱਗੀ

**ਬੁਢਲਾਡਾ (ਅਸ਼ੋਕ ਲਾਕੜਾ)**-ਸ਼ਹਿਰ ਦੇ ਵਾਰਡ ਨੰਬਰ 6 ਵਿੱਚ ਇੱਕ ਗਰੀਬ ਕਿਸਾਨ ਦਾ ਬਾਰਿਸ਼ ਕਾਰਨ ਘਰ ਡਿੱਗਣ ਕਾਰਨ ਭਾਰੀ ਆਰਥਿਕ ਨੁਕਸਾਨ ਹੋਇਆ ਹੈ।ਇਸ ਘਟਨਾ ਵਿੱਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ।ਕਿਸਾਨ ਸ਼ਿੰਦਰ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਵਾਰਡ ਨੰਬਰ 6 ਬੁਢਲਾਡਾ ਨੇੜੇ ਬਿੱਲੂ ਦਾ ਆਰ ਓ ਪਲਾਂਟ ਦਾ ਮਕਾਨ ਲੰਘੀ ਰਾਤ ਲਗਾਤਾਰ ਮੀਂਹ ਪੈਣ ਕਾਰਨ ਡਿੱਗ ਪਿਆ ਹੈ।ਮਕਾਨ ਉੱਪਰ ਚੁਬਾਰਾ ਤੇ ਕਮਰਿਆਂ ਦੀ ਛੱਤ ਡਿੱਗ ਗਈ ਹੈ, ਜਿਸ ਕਾਰਨ ਕਮਰੇ ਵਿੱਚ ਫਰਿੱਜ, ਅਲਮਾਰੀ, ਬੈੱਡ ਆਦਿ ਘਰੇਲੂ ਸਮਾਨ ਪੂਰੀ ਤਰ੍ਹਾਂ ਟੁੱਟ ਗਿਆ ਹੈ ਤੇ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ।ਇਸ ਮਕਾਨ ਦੇ ਬਾਕੀ ਹਿੱਸੇ ਦੀ ਹਾਲਤ ਵੀ ਡਿੱਗਣ ਵਾਲੀ ਬਣੀ ਹੋਈ ਹੈ।ਨਗਰ ਸੁਧਾਰ ਸਭਾ ਬੁਢਲਾਡਾ ਦੇ ਆਗੂ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਅਤੇ ਕਾਂਗਰਸ ਪਾਰਟੀ ਦੇ ਆਗੂ ਬਾਜ ਸਿੰਘ ਹੰਝਰਾ ਨੇ ਕਿਹਾ ਕਿ ਉਕਤ ਕਿਸਾਨ ਪਰਿਵਾਰ ਆਰਥਿਕ ਪੱਖੋਂ ਪਹਿਲਾਂ ਹੀ ਕਾਫੀ ਟੁੱਟਿਆ ਹੋਇਆ ਹੈ ਤੇ ਮਜ਼ਦੂਰੀ ਕਰਕੇ ਆਪਣਾ ਜੀਵਨ ਨਿਰਵਾਹ ਕਰ ਰਿਹਾ ਹੈ।ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਪੰਜਾਬ ਪਾਸੋਂ ਮੰਗ ਕੀਤੀ ਹੈ ਕਿ ਉਕਤ ਗਰੀਬ ਪਰਿਵਾਰ ਨੂੰ ਫੌਰੀ ਆਰਥਿਕ ਮੱਦਦ ਕੀਤੀ ਜਾਵੇ।

# ਡੀ ਬੀ ਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਕੇਂਦਰੀ ਕੈਬਨਿਟ ਮੰਤਰੀ ਵੱਲੋਂ ਸਨਮਾਨਤ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**





ਦੇਸ਼ ਭਗਤ ਯੂਨੀਵਰਸਿਟੀ (ਡੀ.ਬੀ.ਯੂ.), ਵੱਲੋਂ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਕਰਨਾਲ ਦੇ ਡਾ. ਮੰਗਲ ਸੇਨ ਆਡੀਟੋਰੀਅਮ ਵਿੱਚ 75ਵਾਂ ਮੈਗਾ ਨੌਕਰੀ ਮੇਲਾ ਸਫਲਤਾਪੂਰਵਕ ਲਗਾਇਆ ਗਿਆ। ਇਸ ਵਿੱਚ ਕੇਂਦਰੀ ਬਿਜਲੀ, ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਖੱਟਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਦੇਸ਼ ਭਗਤ ਯੂਨੀਵਰਸਿਟੀ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਨੌਜਵਾਨਾਂ ਲਈ ਅਰਥਪੂਰਨ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਇੱਕ ਮਜ਼ਬੂਤ ਉਦਯੋਗ-ਅਕਾਦਮਿਕ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਵਿੱਚ ਇਸਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਮੌਕੇ ਡਾ. ਜ਼ੋਰਾ ਸਿੰਘ, ਚਾਂਸਲਰ, ਅਤੇ ਡਾ. ਸੰਦੀਪ ਸਿੰਘ, ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ, ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਸਨ। ਦੋਵਾਂ ਨੇ ਪ੍ਰਭਾਵਸ਼ਾਲੀ, ਕਰੀਅਰ-ਅਧਾਰਿਤ ਪਲੇਟਫਾਰਮ ਪ੍ਰਦਾਨ ਕਰਕੇ ਵਿਦਿਆਰਥੀਆਂ ਅਤੇ ਨੌਕਰੀ ਲੱਭਣ ਵਾਲਿਆਂ ਨੂੰ ਸਸ਼ਕਤ ਬਣਾਉਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦੁਹਰਾਇਆ। ਸਮਾਰੋਹ ਦੌਰਾਨ ਕੇਂਦਰੀ ਮੰਤਰੀ ਨੇ ਡਾ. ਜ਼ੋਰਾ ਸਿੰਘ ਅਤੇ ਡਾ. ਸੰਦੀਪ ਸਿੰਘ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਤ ਕੀਤਾ।ਮੁੱਖ ਮੰਤਰੀ ਹਰਿਆਣਾ ਦੇ ਵਿਸ਼ੇਸ਼ ਡਿਊਟੀ ਅਧਿਕਾਰੀ (ਓ ਐਸ ਡੀ) ਡਾ. ਪ੍ਰਭਲੀਨ ਸਿੰਘ ਨੇ ਭਾਗੀਦਾਰਾਂ ਨੂੰ ਸੰਬੋਧਨ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਵੇਂ ਨਿੱਜੀ ਖੇਤਰ ਦੀਆਂ ਤਨਖਾਹਾਂ ਸ਼ੁਰੂ ਵਿੱਚ ਮਾਮੂਲੀ ਹੋ ਸਕਦੀਆਂ ਹਨ, ਪਰ ਸਖ਼ਤ ਮਿਹਨਤ ਅਤੇ ਸਮਰਪਣ ਨਾਲ ਸਮੇਂ ਦੇ ਨਾਲ ਉਨ੍ਹਾਂ ਵਿੱਚ ਕਾਫ਼ੀ ਵਾਧਾ ਹੁੰਦਾ ਹੈ। ਉਨ੍ਹਾਂ ਨੇ ਨੌਕਰੀ ਲੱਭਣ ਵਾਲਿਆਂ ਨੌਜਵਾਨਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਕਰੀਅਰ ਵਿੱਚ ਸਫਲਤਾ ਦੀ ਕਾਮਨਾ ਕੀਤੀ।

ਡਾ. ਪ੍ਰਭਲੀਨ ਨੇ ਇਸ ਪ੍ਰਭਾਵਸ਼ਾਲੀ ਪਹਿਲਕਦਮੀ ਦਾ ਸਮਰਥਨ ਕਰਨ ਲਈ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਦਾ ਵੀ ਦਿਲੋਂ ਧੰਨਵਾਦ ਕੀਤਾ।ਡੀ ਬੀ ਯੂ ਨੌਕਰੀ ਮੇਲੇ ਦੀ ਕੋਆਰਡੀਨੇਟਰ ਪੂਜਾ ਕਥੂਰੀਆ ਦੇ ਅਨੁਸਾਰ, ਇਸ ਸਮਾਗਮ ਵਿੱਚ 50 ਤੋਂ ਵੱਧ ਨਾਮਵਰ ਕੰਪਨੀਆਂ ਨੇ ਉਤਸ਼ਾਹਜਨਕ ਭਾਗੀਦਾਰੀ ਕੀਤੀ। ਆਪਣੇ ਸਮਾਪਨ ਭਾਸ਼ਣ ਵਿੱਚ, ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਕੇਂਦਰੀ ਕੈਬਨਿਟ ਮੰਤਰੀ ਮਨੋਹਰ ਲਾਲ ਖੱਟਰ, ਹਰਿਆਣਾ ਸਰਕਾਰ, ਭਾਗ ਲੈਣ ਵਾਲੀਆਂ ਕੰਪਨੀਆਂ ਅਤੇ ਸਾਰੇ ਨੌਕਰੀ ਦੇ ਚਾਹਵਾਨਾਂ ਦਾ ਇਸ ਸਮਾਗਮ ਨੂੰ ਸ਼ਾਨਦਾਰ ਢੰਗ ਨਾਲ ਸਫਲ ਬਣਾਉਣ ਲਈ ਦਿਲੋਂ ਧੰਨਵਾਦ ਕੀਤਾ।

## ਪੁਲਸ ਨੇ 13 ਕਰੋੜ ਤੋਂ ਵੱਧ ਨਸ਼ਾ ਤਸਕਰਾਂ ਦੀ ਪ੍ਰਾਪਰਟੀ ਕੀਤੀ ਫਰੀਜ਼



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਪੁਲਸ ਵੱਲੋਂ 8 ਜੁਲਾਈ ਨੂੰ ਬਠਿੰਡਾ ਸ਼ਹਿਰ ਦੇ ਸੁੱਚਾ ਸਿੰਘ ਵਾਲੀ ਗਲੀ ਵਿੱਚੋਂ ਇੱਕ ਕਾਰ ਚੋਂ 40 ਕਿਲੋ ਹੈਰੋਇਨ ਚਿੱਟਾ ਬਰਾਮਦ ਕੀਤਾ ਸੀ ਜਿਸ ਵਿੱਚ ਪੰਜ ਲੋਕ ਮੌਕੇ 'ਤੇ ਫੜੇ ਗਏ ਸਨ ਜੋ ਮਲੋਟ ਮੁਕਤਸਰ ਜ਼ਿਲ੍ਹੇ ਦੇ ਰਹਿਣ ਵਾਲੇ ਸਨ ਜਿਨ੍ਹਾਂ ਦੀ ਉਮਰ ਤਕਰੀਬਨ 22 ਸਾਲ ਤੋਂ ਲੈ ਕੇ 32 ਸਾਲ ਤੱਕ ਦੀ ਸੀ। ਇਸ ਮਾਮਲੇ ਵਿੱਚ ਬਠਿੰਡਾ ਪੁਲਸ ਵੱਲੋਂ ਮੇਨ ਤਸਕਰ ਲਖਬੀਰ ਸਿੰਘ ਲੱਖਾ ਦੀ ਪ੍ਰਾਪਰਟੀ ਚੈੱਕ ਕਰਕੇ ਫਰੀਜ਼ ਕਰਨ ਲਈ ਕੰਪਿਟੈਂਟ ਅਥਾਰਟੀ ਦਿੱਲੀ ਨੂੰ ਭੇਜੀ ਗਈ ਸੀ ਜਿਸ ਦੀ ਕੀਮਤ ਦੋ ਕਰੋੜ 49 ਲੱਖ 81 ਹਜ਼ਾਰ ਰੁਪਏ ਬਣਦੀ ਹੈ ਅੱਜ ਬਠਿੰਡਾ ਪੁਲਸ ਵੱਲੋਂ ਇਸ ਕੋਠੀ ਨੂੰ ਨੋਟਸ ਲਾ ਕੇ ਫਰੀਜ਼ ਕਰ ਦਿੱਤਾ ਗਿਆ ਇਸ ਮੌਕੇ ਐਸ ਐਚ ਓ ਕੋਤਵਾਲੀ ਡੀ ਐਸ ਪੀ ਸਪੈਸ਼ਲ ਤੋਂ ਇਲਾਵਾ ਐਸ ਪੀ ਡੀ ਜਸਪ੍ਰੀਤ ਸਿੰਘ ਮੌਕੇ 'ਤੇ ਪੁੱਜੇ।ਮੀਡੀਆ ਨਾਲ ਗੱਲਬਾਤ ਕਰਦੇ ਹੋਏ ਐਸ ਪੀ ਡੀ ਜਸਮੀਤ ਸਿੰਘ ਸਾਹੀਵਾਲ ਨੇ ਦੱਸਿਆ ਕਿ ਬਠਿੰਡਾ ਪੁਲਿਸ ਵੱਲੋਂ ਹੁਣ ਤੱਕ 74 ਕੇਸਾਂ ਵਿੱਚ ਕਰੀਬ 13 ਕਰੋੜ ਤੋਂ ਵੱਧ ਦੀ ਪ੍ਰਾਪਰਟੀ ਫਰੀਜ਼ ਕੀਤੀ ਜਾ ਚੁੱਕੀ ਹੈ। ਉਹਨਾਂ ਦੱਸਿਆ ਕਿ ਥਾਣਾ ਕੋਤਵਾਲੀ ਵਿੱਚ 8 ਜੁਲਾਈ ਨੂੰ ਇੱਕ ਮੁੱਕਦਮਾ ਦਰਜ ਕੀਤਾ ਗਿਆ ਸੀ ਜਿਸ ਵਿੱਚ ਬਠਿੰਡਾ ਪੁਲਸ ਵੱਲੋਂ ਇੱਕ ਕਾਰ ਵਿੱਚੋਂ 40 ਕਿਲੋ ਹੈਰੋਇਨ ਚਿੱਟਾ ਬਰਾਮਦ ਕੀਤਾ ਗਿਆ ਸੀ। ਮੇਨ ਮੁਲਜ਼ਮ ਲਖਵੀਰ ਸਿੰਘ ਉਰਫ ਲੱਖਾ ਜੋ ਕਿ ਮਲੋਟ ਜ਼ਿਲ੍ਹਾ ਮੁਕਤਸਰ ਦਾ ਰਹਿਣ ਵਾਲਾ ਹੈ, ਦੀ ਨਸ਼ਿਆਂ ਵਿੱਚ ਬਣਾਈ ਚੱਲ ਅਚੱਲ ਜਾਇਦਾਦ ਜੋ ਕੰਪਿਟੈਂਟ ਅਥਾਰਟੀ ਦਿੱਲੀ ਨੂੰ ਭੇਜੀ ਗਈ ਸੀ ਜਿਸ ਦੀ ਕੀਮਤ ਦੋ ਕਰੋੜ 49 ਲੱਖ 81 ਹਜ਼ਾਰ ਰੁਪਏ ਬਣਦੀ ਹੈ, ਨੂੰ ਅੱਜ ਫਰੀਜ਼ ਕਰਨ ਦੇ ਆਰਡਰ ਆ ਗਏ ਸਨ। ਅੱਜ ਅਸੀਂ ਇਸ ਤਸਕਰ ਦੀ ਪ੍ਰਾਪਰਟੀ ਨੂੰ ਸੀਲ ਕਰਕੇ ਫਰੀਜ਼ ਕਰ ਦਿੱਤਾ ਹੈ। ਬਾਕੀ ਦੇ ਮੁਲਜਮਾਂ ਦੀਆਂ ਪ੍ਰਾਪਰਟੀਆਂ ਵੀ ਚੈੱਕ ਕੀਤੀਆਂ ਜਾ ਰਹੀਆਂ ਹਨ ਜਲਦ ਹੀ ਉਹਨਾਂ ਦੇ ਉੱਪਰ ਵੀ ਕਾਰਵਾਈ ਕੀਤੀ ਜਾਵੇਗੀ ਉਹਨਾਂ ਦੱਸਿਆ ਕਿ ਬਠਿੰਡਾ ਪੁਲਿਸ ਵੱਲੋਂ ਹੁਣ ਤੱਕ 74 ਕੇਸਾਂ ਵਿੱਚ 13 ਕਰੋੜ ਤੋਂ ਵੱਧ ਦੀ ਪ੍ਰਾਪਰਟੀ ਜੋ ਨਸ਼ਾ ਤਸਕਰਾਂ ਵੱਲੋਂ ਬਣਾਈ ਗਈ ਸੀ ਨੂੰ ਫਰੀਜ਼ ਕੀਤਾ ਜਾ ਚੁੱਕਿਆ ਹੈ।

## ਹਰੇਕ ਯੋਗ ਲਾਭਪਾਤਰੀ ਨੂੰ ਪੈਨਸ਼ਨ ਸਕੀਮਾਂ ਦਾ ਲਾਭ ਯਕੀਨੀ ਬਣਾਇਆ ਜਾਵੇ : ਏ ਡੀ ਸੀ ਧਾਲੀਵਾਲ





**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹੇ ਵਿੱਚ ਵੱਖ-ਵੱਖ ਪੈਨਸ਼ਨ ਸਕੀਮਾਂ ਸਬੰਧੀ ਲਾਭਪਾਤਰੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਢੁਕਵੇਂ ਹੱਲ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨਾਲ ਸੋਸ਼ਲ ਆਡਿਟ ਯੂਨਿਟ ਪੰਜਾਬ ਦੀ ਟੀਮ ਵੱਲੋਂ ਜ਼ਿਲ੍ਹਾ ਪੱਧਰ 'ਤੇ ਬਣੇ ਪੈਨਲ ਨਾਲ ਜਨ-ਸੁਣਵਾਈ ਕੀਤੀ ਗਈ। ਇਸ ਮੌਕੇ ਏ.ਡੀ.ਸੀ. ਸੁਰਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੌਮੀ ਸੋਸ਼ਲ ਅਸਿਸਟੈਂਸ ਪ੍ਰੋਗਰਾਮ ਅਧੀਨ ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ , ਇੰਦਰਾ ਗਾਂਧੀ ਰਾਸ਼ਟਰੀ ਵਿਧਵਾ ਪੈਨਸ਼ਨ ਸਕੀਮ, ਇੰਦਰਾ ਗਾਂਧੀ ਰਾਸ਼ਟਰੀ ਦਿਵਿਆਂਗਜਨ ਪੈਨਸ਼ਨ ਸਕੀਮ ਅਤੇ ਰਾਸ਼ਟਰੀ ਪਰਵਾਰ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਸਕੀਮਾਂ ਦਾ ਹਰੇਕ ਯੋਗ ਲਾਭਪਾਤਰੀ ਤੱਕ ਲਾਭ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ-ਸਮੇਂ 'ਤੇ ਆਡਿਟ ਕਰਵਾਇਆ ਜਾਂਦਾ ਹੈ ਤਾਂ ਜੋ ਹਰੇਕ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਦਾ ਆਸਾਨੀ ਨਾਲ ਲਾਭ ਉਠਾ ਸਕਣ ਧਾਲੀਵਾਲ ਨੇ ਦੱਸਿਆ ਕਿ ਜਨ ਸੁਣਵਾਈ ਦਾ ਮੁੱਖ ਮੰਤਵ, ਵੱਖ-ਵੱਖ ਪੈਨਸ਼ਨ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਸਰਕਾਰ ਨੂੰ ਜਾਣੂ ਕਰਵਾਉਣਾ ਹੈ ਤਾਂ ਜੋ ਲੋੜ ਅਨੁਸਾਰ ਉਚਿਤ ਕਾਰਵਾਈ ਕੀਤੀ ਜਾ ਸਕੇ।ਇਸ ਮੌਕੇ ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਜਸਵੀਰ ਕੌਰ, ਬਾਲ ਵਿਕਾਸ ਪ੍ਰੋਜੈਕਟ ਅਫਸਰ ਕੋਮਲਪ੍ਰੀਤ ਕੌਰ, ਮਨਮੋਹਨ ਜਰਗਰ ਪ੍ਰਧਾਨ ਕਨਫੈਡਰੇਸ਼ਨ ਫਾਰ ਚੈਲੈਂਜ਼ਡ ਬਸੀ ਪਠਾਣਾ, ਗੁਰਵਿੰਦਰ ਸਿੰਘ ਸੋਹੀ ਸਮਾਜ ਸੇਵੀ, ਵਰਿੰਦਰ ਸਿੰਘ ਸਿੱਧੂ ਸਟੇਟ ਕੋਆਰਡੀਨੇਟਰ, ਸੋਸ਼ਲ ਆਡਿਟ ਯੂਨਿਟ ਮੋਹਾਲੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਸਵ: ਬੇਅੰਤ ਸਿੰਘ ਦੇ ਬਲੀਦਾਨ ਦਿਹਾੜੇ ਮੌਕੇ ਸ਼ਰਧਾ ਦੇ ਫੁੱਲ ਭੇਟ



**ਦੋਰਾਹਾ (ਹਰਮਿੰਦਰ ਸੇਠ)**-ਸਵ. ਬੇਅੰਤ ਸਿੰਘ (ਮਰਹੂਮ ਮੁੱਖ ਮੰਤਰੀ) ਦੇ 30ਵੇਂ ਬਲੀਦਾਨ ਦਿਹਾੜੇ ਮੌਕੇ ਦੇ ਸੀਨੀਅਰ ਕਾਂਗਰਸੀ ਆਗੂਆਂ ਵੱਲੋਂ ਦੋਰਾਹਾ ਪੁਲ਼ 'ਤੇ ਬੇਅੰਤ ਸਿੰਘ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਹਲਕਾ ਪਾਇਲ ਤੋਂ ਕੋਆਡੀਨੇਟਰ ਟਕਸਾਲੀ ਕਾਂਗਰਸੀ ਸਾਬਕਾ ਪ੍ਰਧਾਨ ਨਗਰ ਕੌਂਸਲ ਚੇਅਰਮੈਨ ਬੰਤ ਸਿੰਘ ਦੋਬੁਰਜੀ ਦੀ ਅਗਵਾਈ ਵਿੱਚ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮੌਜੂਦ ਲੀਡਰਾਂ ਨੇ ਬੇਅੰਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਵੱਲੋਂ ਸੂਬੇ ਵਿੱਚ ਅਮਨ ਸ਼ਾਂਤੀ ਬਹਾਲ ਕਰਨ ਤੇ ਖਾੜਕੂਵਾਦ ਦੇ ਖਾਤਮੇ ਲਈ ਕੀਤੇ ਗਏ ਯਤਨਾਂ ਨੂੰ ਯਾਦ ਕੀਤਾ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਚੇਅਰਮੈਨ ਬੰਤ ਸਿੰਘ ਦੋਬੁਰਜੀ, ਡਾ. ਅਦਿਤੀ ਬੈਕਟਰ, ਸ਼ਹਿਰੀ ਪ੍ਰਧਾਨ ਕਾਂਗਰਸ ਵਿਨੀਤ ਆਸ਼ਟ, ਨੰਬਰਦਾਰ ਰਾਮ ਪ੍ਰਕਾਸ਼ ਪੱਪੂ, ਮਨਦੀਪ ਮਾਂਗਟ, ਜਸਮਿੰਦਰ ਜੱਸਾ ਸਾਬਕਾ ਕੌਂਸਲਰ, ਨਵਜੀਤ ਸਿੰਘ ਨੈਬ (ਕੌਂਸਲਰ) ਸਿਕੰਦਰ ਪਾਲ ਕੌਂਸਲਰ, ਸਤਿੰਦਰਪਾਲ ਸ਼ੁਕਲਾ, ਅਵਤਾਰ ਮਠਾੜੂ ਬੀ.ਸੀ.ਸੈੱਲ, ਪ੍ਰਧਾਨ ਅਵਤਾਰ ਸਿੰਘ ਗੁਰਥਲੀ, ਨਛੱਤਰ ਸਿੰਘ, ਨਿਰਦੋਸ਼ ਨੋਸ਼ਾ, ਨਾਜ਼ਰ ਸਿੰਘ, ਰਾਮ ਵਿਨਾਇਕ, ਕਾਕਾ ਮਠਾੜੂ, ਪ੍ਰਵੀਨ ਸ਼ਰਮਾ, ਮੋਹਿਤ ਸ਼ਰਮਾ ਤੋਂ ਇਲਾਵਾ ਸ਼ਹਿਰ ਵਾਸੀ ਹਾਜ਼ਰ ਸਨ।

### ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਾਇਆ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੰਪੂਰਨਤਾ ਦਿਵਸ ਅਤੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂਹ ਸੇਵਾ ਸੁਸਾਇਟੀਆਂ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਾਇਆ ਗਿਆ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਭਾਈ ਸੁਖਵੀਰ ਸਿੰਘ ਤੇ ਭਾਈ ਗੁਰਵਿੰਦਰ ਸਿੰਘ ਵੱਲੋਂ ਗੁਰਬਾਨੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਕਈ ਢਾਡੀ ਜੱਥਿਆਂ ਵਲੋਂ ਇਤਿਹਾਸਕ ਪ੍ਰਸੰਗ ਵੀ ਸੁਣਾਏ ਗਏ। ਸ਼ਾਮ ਨੂੰ ਰਹਿਰਾਸ ਤੋਂ ਬਾਅਦ ਗੁਰਮਤਿ ਸਮਾਗਮ ਦੀ ਸ਼ੁਰੂਆਤ ਹੋਈ, ਜਿਸ ਵਿਚ ਪੰਥ ਦੇ ਪ੍ਰਸਿੱਧ ਵਿਦਵਾਨ ਭਾਈ ਗੁਰਬਾਜ ਸਿੰਘ ਚਮਕੌਰ ਸਾਹਿਬ ਵਾਲਿਆਂ ਵੱਲੋਂ ਕਥਾ ਦਾ ਪ੍ਰਵਾਹ ਚਲਾਇਆ ਗਿਆ। ਉਨ੍ਹਾਂ ਕਥਾ ਕਰਦਿਆਂ ਨੌਜਵਾਨ ਵਰਗ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰਹਿਣ ਤੇ ਪੰਜ ਪਿਆਰਿਆਂ ਤੋਂ ਅੰਮ੍ਰਿਤ ਛਕ ਕੇ ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਨਸੀਹਤ ਕੀਤੀ।

## ਸਿਵਲ ਹਸਪਤਾਲ 'ਚ ਅੱਖਾਂ ਦਾਨ ਜਾਗਰੂਕਤਾ ਸੈਮੀਨਾਰ



**ਸਮਰਾਲਾ (ਸੁਰਜੀਤ ਸਿੰਘ)**-ਸਿਵਲ ਹਸਪਤਾਲ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਤਾਰਿਕਜੋਤ ਸਿੰਘ ਦੀ ਅਗਵਾਈ ਹੇਠ ਕੌਮੀ ਅੱਖਾਂ ਦਾ ਪੰਦਰਵਾੜਾ ਤਹਿਤ ਅੱਖਾਂ ਦਾਨ ਸਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਐਸ.ਐਮ.ਓ ਡਾਕਟਰ ਤਾਰੀਕਜੋਤ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਜਾਗਰੂਕ ਕਰਨ ਲਈ ਰਾਸ਼ਟਰੀ ਅੱਖਾਂ ਦਾਨ ਪੰਦਰਵਾੜਾ ਦੇਸ਼ ਭਰ ਵਿੱਚ ਮਨਾਇਆ ਜਾ ਰਿਹਾ ਹੈ।ਪੰਦਰਵਾੜੇ ਦਾ ਮੁੱਖ ਮਕਸਦ ਆਮ ਲੋਕਾਂ ਨੂੰ ਜੀਵਨ ਤੋਂ ਬਾਅਦ ਅੱਖਾਂ ਦਾਨ ਕਰਨ, ਕੋਰਨੀਅਲ ਅੰਨ੍ਹਾਪਣ, ਕੋਰਨੀਅਲ ਟਰਾਂਸਪਲਾਂਟ ਬਾਰੇ ਜਾਗਰੂਕ ਕਰਕੇ ਉਨ੍ਹਾਂ ਨੂੰ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਨਾ ਹੈ।ਇੱਕ ਵਿਅਕਤੀ ਜੀਵਨ ਤੋਂ ਬਾਅਦ ਆਪਣੀਆਂ ਦੋ ਅੱਖਾਂ ਦਾਨ ਕਰਕੇ ਦੋ ਨੇਤਰਹੀਣ ਵਿਅਕਤੀਆਂ ਦੀ ਜ਼ਿੰਦਗੀ ਨੂੰ ਰੌਸ਼ਨੀ ਦੇ ਸਕਦਾ ਹੈ।ਸਾਡੇ ਦੇਸ਼ ਅੰਦਰ ਕੋਰਨੀਆਂ ਦੀ ਮੰਗ ਦੇ ਮੁਕਾਬਲੇ ਦਾਨੀ ਸੱਜਣ ਬਹੁਤ ਘੱਟ ਹਨ, ਜਿਸ ਕਰਕੇ ਦੇਸ਼ ਵਿੱਚ ਅੰਨਾਪਣ ਇੱਕ ਗੰਭੀਰ ਸਮੱਸਿਆ ਬਣੀ ਹੋਈ ਹੈ।ਅੱਖਾਂ ਦਾਨ ਬਾਰੇ ਆਮ ਲੋਕਾਂ ਵਿੱਚ ਜਾਗਰੂਕਤਾ ਦੀ ਘਾਟ ਮੁੱਖ ਮੁੱਦਾ ਹੈ, ਜਿਸ ਨੂੰ ਹੱਲ ਕਰਨ ਦੀ ਲੋੜ ਹੈ।ਸਾਨੂੰ ਕਿਸੇ ਵੀ ਅੰਧ-ਵਿਸ਼ਵਾਸ, ਮਿੱਥ ਤੇ ਅੰਧ ਵਿਸ਼ਵਾਸਾਂ ਨੂੰ ਦੂਰ ਕਰਨਾ ਚਾਹੀਦਾ ਹੈ ਅਤੇ ਕਿਸੇ ਦੇ ਜੀਵਨ ਤੇ ਸਕਾਰਾਤਮਕ ਪ੍ਰਭਾਵ ਪਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।ਅੱਖਾਂ ਦਾਨ ਸਿਰਫ ਜੀਵਨ ਤੋਂ ਬਾਅਦ ਹੀ ਹੁੰਦੀਆਂ ਹਨ, ਜੋ ਮੌਤ ਦੇ ਚਾਰ ਤੋਂ ਛੇ ਘੰਟੇ ਵਿੱਚ ਹੀ ਹੋਣੀਆਂ ਚਾਹੀਦੀਆਂ ਹਨ।ਅੱਖਾਂ ਦਾਨ ਕਰਨ ਵਾਲਾ ਵਿਅਕਤੀ ਕਿਸੇ ਵੀ ਉਮਰ ਵਿੱਚ ਚਾਹੇ ਐਨਕਾਂ ਲੱਗੀਆਂ ਹੋਣ, ਅੱਖਾਂ ਦੇ ਅਪ੍ਰੇਸ਼ਨ ਹੋਏ ਹੋਣ, ਅੱਖਾਂ 'ਚ ਲੈਂਜ ਪਏ ਹੋਣ ਤਾਂ ਵੀ ਅੱਖਾਂ ਦਾਨ ਕਰ ਸਕਦਾ ਹੈ।ਅੱਖਾਂ ਦਾਨ ਕਰਨ ਵਾਸਤੇ ਅੱਖਾਂ ਦੇ ਬੈਂਕ ਦੀ ਟੀਮ ਆਉਣ ਤੱਕ ਅੱਖਾਂ ਦੀ ਸਾਂਭ ਸੰਭਾਲ ਲਈ ਕਮਰੇ ਦਾ ਪੱਖਾ ਬੰਦ ਕਰ ਦਿੱਤਾ ਜਾਵੇ, ਅੱਖਾਂ ਉੱਤੇ ਗਿੱਲਾ ਤੇ ਸਾਫ ਕੱਪੜਾ ਰੱਖਿਆ ਜਾਵੇ ਤੇ ਸਿਰ ਹੇਠਾਂ ਸਿਰਹਾਣਾ ਰੱਖਿਆ ਜਾਵੇ ਤਾਂ ਕਿ ਸਿਰ ਉੱਚਾ ਹੋ ਰਹਿ ਸਕੇ।

02-Sept -page-11-Majha-2025.qxd 9/1/2025 10:41 PM Page 1



# ਸਾਂਸਦ ਔਜਲਾ ਨੇ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਵੱਡੀ ਮਾਤਰਾ 'ਚ ਰਾਹਤ ਸਮੱਗਰੀ ਪਹੁੰਚਾਈ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਬੀਤੇ ਦਿਨੀਂ ਪੰਜਾਬ ਵਿੱਚ ਆਏ ਹੜ੍ਹਾਂ ਨੇ ਅੰਮ੍ਰਿਤਸਰ ਅਤੇ ਆਸਪਾਸ ਦੇ ਪਿੰਡਾਂ ਨੂੰ ਗੰਭੀਰ ਤਰੀਕੇ ਨਾਲ ਪ੍ਰਭਾਵਿਤ ਕੀਤਾ ਹੈ।ਲੋਕਾਂ ਦੇ ਘਰਾਂ ਵਿੱਚ ਪਾਣੀ ਦਾਖਲ ਹੋਣ ਨਾਲ ਉਨ੍ਹਾਂ ਦੀ ਜ਼ਿੰਦਗੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ।ਇਸ ਔਖੀ ਘੜੀ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਸ਼ਰੀਕ ਹੁੰਦਿਆਂ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਰਾਹਤ ਕਾਰਜਾਂ ਦੀ ਕਮਾਨ ਆਪਣੇ ਹੱਥ ਵਿੱਚ ਲੈਂਦਿਆਂ ਆਪੂ ਪੁੱਤਰ ਬਾਬਰ ਔਜਲਾ ਅਤੇ ਹੋਰ ਕਾਂਗਰਸੀ ਵਰਕਰਾਂ ਨੂੰ ਨਾਲ ਲੈ ਕੇ ਉਹ ਲਗਾਤਾਰ ਪ੍ਰਭਾਵਿਤ ਖੇਤਰਾਂ 'ਚ ਮੌਜੂਦ ਰਹਿ ਕੇ ਨਾ ਸਿਰਫ਼ ਲੋਕਾਂ ਦਾ ਹਾਲ ਚਾਲ ਪੁੱਛ ਰਹੇ ਹਨ, ਸਗੋਂ ਰਾਹਤ ਸਮੱਗਰੀ ਵੀ ਵੰਡ ਰਹੇ ਹਨ।



ਉਨ੍ਹਾਂ ਵੱਲੋਂ ਪ੍ਰਭਾਵਿਤ ਹਰ ਖੇਤਰ ਵਿੱਚ ਰਾਹਤ ਪਹੁੰਚਾਉਣ ਲਈ ਖਾਸ ਟੀਮਾਂ ਤਿਆਰ ਕੀਤੀਆਂ ਗਈਆਂ ਹਨ, ਟੀਮਾਂ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ ਕਿ ਕੋਈ ਵੀ ਪ੍ਰਭਾਵਿਤ ਪਰਿਵਾਰ ਮਦਦ ਤੋਂ ਵਾਂਝਾ ਨਾ ਰਹਿ ਜਾਵੇ।

ਉਹ ਖੁਦ ਆਪ ਵੀ ਪਿੰਡ-ਪਿੰਡ ਜਾ ਕੇ ਹਾਲਾਤ ਦਾ ਜਾਇਜ਼ਾ ਲੈ ਰਹੇ ਹਨ, ਅਤੇ ਲੋਕਾਂ ਨੂੰ ਭਰੋਸਾ ਦਿਵਾ ਰਹੇ ਹਨ ਕਿ ਉਨ੍ਹਾਂ ਦੀ ਹਰੇਕ ਲੋੜ ਨੂੰ ਪੂਰਾ ਕੀਤਾ ਜਾਵੇਗਾ।ਉਨ੍ਹਾਂ ਵੱਲੋਂ ਅੱਜ ਰਾਜਾਸਾਂਸੀ ਦੇ ਆਵਾਣ ਲੱਖਾ ਸਿੰਘ ਪਿੰਡ ਦਾ ਦੌਰਾ ਕੀਤਾ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ।ਉਨ੍ਹਾਂ ਨੇ ਕਿਹਾ ਕਿ ਉਹ ਸਿਰਫ਼ ਧਰਾਤਲ ਤੇ ਜਾ ਕੇ ਹੀ ਅਸਲ ਹਾਲਾਤ ਨੂੰ ਸਮਝ ਸਕਦੇ ਹਨ ਅਤੇ ਇਹੀ ਜਾਣਕਾਰੀ ਸਰਕਾਰ ਤੱਕ ਪਹੁੰਚਾ ਕੇ ਹੱਲ ਦੀ ਦਿਸ਼ਾ ਵਿੱਚ ਕੰਮ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਪਹਿਲਾਂ ਸੱਕੀ ਨਾਲਾ 200 ਫੁੱਟ ਚੌੜਾ ਸੀ ਪਰ ਕਬਜ਼ਿਆਂ ਕਾਰਨ ਹੁਣ ਕੇਵਲ 50 ਫੁੱਟ ਰਹਿ ਗਿਆ ਹੈ, ਜੇ ਇਸ 'ਤੇ ਕਬਜ਼ਾ ਨਾ ਕੀਤਾ ਹੁੰਦਾ ਤਾਂ ਸਥਿਤੀ ਇੰਨੀ ਗੰਭੀਰ ਨਾ ਹੁੰਦੀ।ਉਨ੍ਹਾਂ ਪ੍ਰਸ਼ਾਸਨ ਨੂੰ ਕਬਜ਼ਾ ਹਟਾਉਣ ਦੀ ਮੰਗ ਕੀਤੀ।

ਉਨ੍ਹਾਂ ਕਿਹਾ ਕਿ ਜਿਹੜੀ ਵੀ ਚੀਜ਼ ਲੋੜ ਹੈ, ਉਹ ਬੇਝਿਜਕ ਸਾਂਝੀ ਕਰਨ, ਹਰੇਕ ਪ੍ਰਭਾਵਿਤ ਪਰਿਵਾਰ ਤੱਕ ਰਾਹਤ ਪਹੁੰਚਾਈ ਜਾਵੇਗੀ।ਉਨ੍ਹਾਂ ਵੱਲੋਂ ਲਗਾਤਾਰ ਟਰੱਕ ਭਰ ਕੇ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ ਜਿਸ ਵਿੱਚ ਰਾਸ਼ਨ, ਸਾਫ਼ ਪਾਣੀ, ਫਲ, ਦੁੱਧ, ਪਸ਼ੂਆਂ ਲਈ ਚਾਰਾ ਅਤੇ ਹੋਰ ਜ਼ਰੂਰੀ ਚੀਜ਼ਾਂ ਸ਼ਾਮਲ ਹਨ।ਇਸ ਦੇ ਨਾਲ ਹੀ ਡਾਕਟਰੀ ਟੀਮਾਂ ਨੂੰ ਵੀ ਪ੍ਰਭਾਵਿਤ ਪਿੰਡਾਂ 'ਚ ਭੇਜਿਆ ਗਿਆ ਹੈ।

# ਹਰਮਨਪ੍ਰੀਤ ਕੌਰ ਨੇ ਸ਼ਾਟਪੁੱਟ 'ਚ ਚਾਂਦੀ ਦਾ ਤਮਗਾ ਜਿੱਤ ਕੇ ਇਲਾਕੇ ਦਾ ਨਾਂਅ ਰੁਸ਼ਨਾਇਆ

ਗੁਰਦਾਸਪੁਰ (ਜਨਕ ਮਹਾਜਨ)-ਨਵਾਂ ਪਿੰਡ ਬਹਾਦਰ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਹਰਮਨਪ੍ਰੀਤ ਕੌਰ ਪੁੱਤਰੀ ਜਗਜੀਤ ਸਿੰਘ ਦੀ ਸ਼ਾਟਪੁੱਟ ਵਿਚ ਨੈਸ਼ਨਲ ਪੱਧਰ 'ਤੇ ਕਰਨਾਟਕ ਵਾਸਤੇ ਚੋਣ ਹੋਈ ਹੈ ਅਤੇ ਉਸ ਨੂੰ ਇਲਾਕੇ ਵੱਲੋਂ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਇਸ ਪ੍ਰਾਪਤੀ 'ਤੇ ਪਿੰਡ ਦੇ ਸਾਬਕਾ ਸਰਪੰਚ ਹਰਭਜਨ ਵੱਲੋਂ ਆਪਣੇ ਸਾਥੀਆਂ ਸਮੇਤ ਹਰਮਨਪ੍ਰੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



ਪੱਤਰਕਾਰ ਵੱਲੋਂ ਹਰਮਨਪ੍ਰੀਤ ਕੌਰ ਦੇ ਨਾਨਾ ਬਲਦੇਵ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਦੋਹਤੀ ਪਹਿਲਾਂ ਵੀ ਸ਼ਾਟਪੁਟ ਵਿੱਚ ਕਾਫੀ ਮਾਣ ਸਨਮਾਨ ਹਾਸਲ ਕਰ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਮਾਲਵਾ ਸਕੂਲ ਗਿੱਦੜਬਾਹਾ ਵੱਲੋਂ ਗੁਰੂ ਗੋਬਿੰਦ ਸਿੰਘ ਸਟੇਡੀਅਮ ਪਿੰਡ ਬਾਦਲ ਵਿਖੇ ਸੀਆਈਐੱਸਸੀਈ ਰਿਜਨਲ ਪੱਧਰੀ ਕਰਵਾਏ ਗਏ ਟੂਰਨਾਮੈਂਟ 'ਚ ਹਰਮਨਪ੍ਰੀਤ ਨੇ ਸ਼ਾਟਪੁਟ 'ਚ ਚਾਂਦੀ ਦਾ ਮੈਡਲ ਜਿੱਤਿਆ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਪਿੰਡ ਨੁਸ਼ਹਿਰਾ ਦੇ ਖੇਡ ਸਟੇਡੀਅਮ ਨੂੰ ਅਪਗ੍ਰੇਡ ਕਰਕੇ ਹੋਰ ਸਹੂਲਤਾਂ ਖਿਡਾਰੀਆਂ ਨੂੰ ਮੁਹੱਈਆ ਕਰਵਾਈਆਂ ਜਾਣ ਜਿਸ ਨਾਲ 7 ਪਿੰਡਾਂ ਦੇ ਖਿਡਾਰੀਆਂ ਦੇ ਹੌਸਲੇ ਬੁਲੰਦ ਹੋ ਸਕਣ।

# ਕਲਗੀਧਰ ਟਰੱਸਟ ਵੱਲੋਂ ਹੜ੍ਹਾਂ ਦੀ ਲਪੇਟ 'ਚ ਆਉਣ ਵਾਲੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦਾ ਉਪਰਾਲਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਪਿਛਲੇ ਕਈ ਦਿਨਾਂ ਤੋਂ ਰਾਵੀ ਦਰਿਆ ਦੇ ਬੰਨ੍ਹ ਟੁੱਟਣ ਕਰਕੇ ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ ਹੜ੍ਹ ਆਏ ਹੋਏ ਹਨ। ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ ਹੜ੍ਹ ਵਾਲੀ ਸਥਿਤੀ ਬਣੀ ਹੋਈ ਹੈ, ਉਸੇ ਤਹਿਤ ਗੁਰਦਾਸਪੁਰ, ਪਠਾਨਕੋਟ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਫਾਜ਼ਿਲਕਾ ਜ਼ਿਲ੍ਹੇ ਦੇ ਕਈ ਪਿੰਡਾਂ 'ਚ ਵੀ ਹੜ੍ਹਾਂ ਦੀ ਸਥਿਤੀ ਬੜਾ ਭਿਆਨਕ ਰੂਪ ਧਾਰ ਗਈ। ਜਿਸ ਤਰ੍ਹਾਂ ਬੀਤੇ ਸਮੇਂ ਵਿੱਚ ਹੜ੍ਹ ਦੀ ਚਪੇਟ ਵਿੱਚ ਆਏ ਪਿੰਡਾਂ ਵਿੱਚ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਹੜ੍ਹ ਪੀੜਤਾਂ ਨੂੰ ਘਰੋਂ-ਘਰੀ ਲੰਗਰ, ਦੁੱਧ, ਪਾਣੀ, ਰਾਹਤ ਕਿੱਟਾਂ, ਪਸ਼ੂਆਂ ਲਈ ਚਾਰਾ ਆਦਿ ਲੈ ਕੇ ਬੇੜੀਆਂ ਰਾਹੀਂ ਵੰਡਿਆ ਜਾ ਰਿਹਾ ਹੈ। ਇਨ੍ਹਾਂ ਪਿੰਡਾਂ ਵਿੱਚੋਂ ਕੱਲ੍ਹ 150 ਤੋਂ ਵੱਧ ਵਿਅਕਤੀਆਂ ਛੋਟੇ ਮਾਲ ਪਸ਼ੂਆਂ ਨੂੰ ਰੈਸਕਿਊ ਕਰਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ। ਇਹ ਟੀਮ ਸਥਾਨਕ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਨੂੰ ਪੁੱਜੀ ਪਹਿਲੀ ਟੀਮ ਹੈ, ਜੋ ਲੰਗਰ ਦੇ ਨਾਲ-ਨਾਲ ਅਤੇ 50 ਮੈਡੀਕਲ ਕਿਟਾ ਅਤੇ ਡਾਕਟਰ ਨੂੰ ਨਾਲ ਲੈ ਕੇ 20 ਮਰੀਜ਼ਾਂ ਦਾ ਅਲੱਗ-ਅਲੱਗ ਡੇਰਿਆਂ 'ਚ ਜਾ ਕੇ ਚੈੱਕਅੱਪ ਕਰਵਾਇਆ ਗਿਆ। ਜਾਣਕਾਰੀ ਦਿੰਦਿਆਂ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਡਾ: ਦਵਿੰਦਰ ਸਿੰਘ ਅਤੇ ਉੱਪ-ਪ੍ਰਧਾਨ ਭਾਈ ਜਗਜੀਤ ਸਿੰਘ ਵੱਲੋਂ ਭਰੋਸਾ ਦਿੱਤਾ ਗਿਆ ਕਿ ਜਿਹੜੇ ਖੇਤਰਾਂ ਵਿੱਚ ਪਾਣੀ ਭਰ ਜਾਣ ਨਾਲ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ, ਉਹਨਾਂ ਲੋਕਾਂ ਨੂੰ ਬਾਹਰ ਕੱਢਣ ਲਈ ਟਰੱਸਟ ਵੱਲੋਂ ਰਾਹਤ ਕਿੱਟਾਂ ਪੀੜਤ ਲੋਕਾਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ ਅਤੇ ਇਹਨਾਂ ਹੜ੍ਹ-ਪੀੜਤਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ ਅਤੇ ਲੋੜੀਂਦਾ ਸਮਾਨ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਨੇ



ਜਾਣਕਾਰੀ ਦਿੰਦਿਆਂ ਦੱਸਿਆ ਕਿ ਹੁਣ ਤੱਕ 1000 ਤੋਂ ਵੱਧ ਵਿਅਕਤੀਆਂ ਨੂੰ ਰੈਸਕਿਊ ਕਰਕੇ ਸੁਰੱਖਿਅਤ ਥਾਵਾਂ ਤੇ ਪਹੁੰਚਾਇਆ ਗਿਆ ਹੈ। ਇਥੇ ਜ਼ਿਕਰਯੋਗ ਹੈ ਕਿ ਕਲਗੀਧਰ ਟਰੱਸਟ ਬੜੂ ਸਾਹਿਬ ਵਿੱਦਿਅਕ ਖੇਤਰ ਦੇ ਨਾਲ-ਨਾਲ ਜਦੋਂ ਵੀ ਦੇਸ਼ ਵਿੱਚ ਕਿਸੇ ਤਰ੍ਹਾਂ ਦੀ ਕੁਦਰਤੀ ਆਫ਼ਤ ਆਈ ਹੈ ਤਾਂ ਟਰੱਸਟ ਦੇ ਸੇਵਾਦਾਰਾਂ ਨੇ ਮੱਦਦ ਲਈ ਅੱਗੇ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਈ ਹੈ। ਕਲਗੀਧਰ ਟਰੱਸਟ ਵੱਲੋਂ ਸਭ ਦੀ ਚੜ੍ਹਦੀਕਲਾ ਦੀ ਅਰਦਾਸ ਕਰਦੇ ਹਾਂ।

# ਬਾਬਾ ਸ੍ਰੀ ਚੰਦ ਜੀ ਦਾ 531ਵਾਂ ਪ੍ਰਕਾਸ਼ ਦਿਹਾੜਾ ਮਨਾਇਆ

ਬੁਤਾਲਾ (ਨਿਰਮਲ ਸਿੰਘ ਸੰਘਾ)-ਪਿੰਡ ਚੱਕ ਸਿੱਧਵਾਂ ਵਿਖੇ ਬਾਬਾ ਸ੍ਰੀ ਚੰਦ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਸ੍ਰੀ ਚੰਦ ਜੀ ਦਾ 531ਵਾਂ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ। ਉਪਰੰਤ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ।ਖਜਾਲੇ ਵਾਲੇ ਸੰਤਾਂ ਨੇ ਮਹਾਂ ਪੁਰਸ਼ਾਂ ਦੀ ਜੀਵਨੀ ਸੰਗਤਾਂ ਨੂੰ ਸੁਣਾ ਕੇ ਗੁਰੂ ਜਸ ਨਾਲ ਜੋੜਿਆ।ਢਾਡੀ ਜਥੇ ਨੇ ਗੁਰੂ ਜੀ ਦੀਆਂ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਗੁਰੂ ਜੀ ਦਾ ਅਟੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਮਹੰਤ ਬਾਬਾ ਸ਼ਿਵ ਚਰਨ ਦਾਸ, ਸਰਪੰਚ ਦਲਜੀਤ ਸਿੰਘ, ਮੈਂਬਰ ਪੰਚਾਇਤ ਦਿਲਬਾਗ ਸਿੰਘ, ਮੈਂਬਰ ਪੰਚਾਇਤ ਮਨਜੀਤ ਸਿੰਘ, ਮੈਂਬਰ ਪੰਚਾਇਤ ਤੇਜਿੰਦਰ ਸਿੰਘ, ਮੈਂਬਰ ਪੰਚਾਇਤ ਅਜੀਤ ਸਿੰਘ, ਮੈਂਬਰ ਪੰਚਾਇਤ ਜਸਵੰਤ ਸਿੰਘ, ਡਾਕਟਰ ਹਰਨੇਕ ਸਿੰਘ, ਸੂਬੇਦਾਰ ਬਲਕਾਰ ਸਿੰਘ ਖਾਨਪੁਰ, ਸੁਖਦੇਵ ਸਿੰਘ ਪੱਡਾ, ਜਰਨੈਲ ਸਿੰਘ, ਸਰਵਣ ਸਿੰਘ ਸੱਮਾ, ਅਮਾਨਤ ਸਿੱਧਵਾਂ, ਸਰਵਣ ਸਿੰਘ ਪੱਡਾ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।



# ਹੜ੍ਹਾਂ ਤੋਂ ਬਾਅਦ ਲੋਕਾਂ ਨੂੰ ਬਹੁਤ ਸਾਰੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪੈ ਸਕਦਾ: ਗੁਰਜੰਟ ਸਿੰਘ ਓਠੀ

**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-ਇਸ ਵਕਤ ਪੰਜਾਬ ਦੇ ਬਹੁਤ ਸਾਰੇ ਇਲਾਕਿਆਂ ਵਿੱਚ ਹੜ੍ਹਾਂ ਨੇ ਕਹਿਰ ਮਚਾਇਆ ਹੋਇਆ ਹੈ।ਇਸੇ ਤਰ੍ਹਾਂ ਫਤਿਹਗੜ੍ਹ ਚੂੜੀਆਂ ਦੇ ਨਾਲ ਲੱਗਦੇ ਅਜਨਾਲਾ, ਰਮਦਾਸ ਤੇ ਡੇਰਾ ਬਾਬਾ ਨਾਨਕ ਕਸਬਿਆਂ ਅਤੇ ਇਨ੍ਹਾਂ ਅਧੀਨ ਆਉਂਦੇ ਪਿੰਡਾਂ ਵਿੱਚ ਹੜ੍ਹਾਂ ਦੇ ਕਾਰਨ ਬਹੁਤ ਵੱਡੀ ਤਬਾਹੀ ਹੋਈ ਹੈ।ਘਰ ਫ਼ਸਲਾਂ ਕਾਰੋਬਾਰ ਸਭ ਕੁਝ ਤਬਾਹ ਹੋ ਚੁੱਕਾ ਹੈ।ਪ੍ਰਸਿੱਧ ਕਲਾਕਾਰ ਗੁਰਜੰਟ ਸਿੰਘ ਓਠੀ ਨੇ ਕਿਹਾ ਕਿ ਇਹ ਤਸੱਲੀ ਵਾਲੀ ਗੱਲ ਹੈ ਕਿ ਬਹੁਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਤੇ ਆਮ ਲੋਕ ਇਨ੍ਹਾਂ ਪਿੰਡਾਂ ਵਿਚ ਹੜ੍ਹ ਪੀੜਤਾਂ ਦੀ ਮਦਦ ਲਈ ਰਾਸ਼ਨ ਪਾਣੀ ਤੇ ਹੋਰ ਜ਼ਰੂਰਤ ਦਾ ਸਾਮਾਨ ਤੇ ਪਸ਼ੂਆਂ ਲਈ ਚਾਰਾ ਲੈ ਕੇ ਆ ਰਹੇ ਹਨ ਪਰ ਇਸਦੇ ਨਾਲ ਹੀ ਉਨ੍ਹਾਂ ਚਿੰਤਾ ਪ੍ਰਗਟਾਉਂਦੇ ਹੋਏ ਕਿਹਾ ਕਿ ਕੁੱਝ ਦਿਨਾਂ ਬਾਅਦ ਜਦੋਂ ਹੜ੍ਹਾਂ ਦਾ ਪਾਣੀ ਹੇਠਾਂ ਉਤਰ ਜਾਵੇਗਾ ਤਾਂ ਉਸ ਵਕਤ ਮੁਸੀਬਤ ਦੇ ਮਾਰੇ ਲੋਕਾਂ ਦੇ ਮੁੜ ਵਸੇਬੇ ਲਈ ਰਾਸ਼ਨ ਤੋਂ ਇਲਾਵਾ ਦਵਾਈਆਂ ਦੀ ਬਹੁਤ ਜ਼ਰੂਰਤ ਹੋਵੇਗੀ। ਪ੍ਰਸ਼ਾਸਨ ਅਤੇ ਸਮਾਜ ਸੇਵੀ ਸੰਸਥਾਵਾਂ ਸੰਸਥਾਵਾਂ ਨੂੰ ਚਾਹੀਦਾ ਹੈ ਕਿ ਹੜ੍ਹਾਂ ਦੇ ਪਾਣੀ ਨਾਲ ਆਈ ਗੰਦਗੀ ਕਾਰਨ ਬਿਮਾਰ ਹੋਣ ਵਾਲੇ ਲੋਕਾਂ ਦਾ ਸਮੇਂ ਸਮੇਂ ਸਿਰ ਮੈਡੀਕਲ ਚੈਕਅੱਪ ਤੇ ਇਲਾਜ ਕੀਤਾ ਜਾਵੇ।ਉਨ੍ਹਾਂ ਮੰਗ ਕੀਤੀ ਕਿ ਹੜ੍ਹ ਪੀੜਤ ਲੋਕਾਂ ਦੇ ਇਲਾਜ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ।



# ਕਰਮੂੰਵਾਲਾ, ਧੂੰਦਾ ਤੇ ਖਾਰਾ ਵਿਖੇ ਮੈਡੀਕਲ ਕੈਂਪਾਂ 'ਚ ਲੋਕਾਂ ਦੀ ਜਾਂਚ ਕੀਤੀ : ਡਾ. ਗਿੱਲ

ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਅਸਿਸਟੈਂਟ ਸਿਵਲ ਸਰਜਨ ਡਾ. ਸੁਰਿੰਦਰ ਅਤੇ ਐਪੀਡੀਮੋਲੋਜਿਸਟ ਡਾ. ਰਾਘਵ ਗੁਪਤਾ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਰਹਿਨੁਮਾਈ ਹੇਠ ਲਗਾਏ ਗਏ ਮੈਡੀਕਲ ਕੈਂਪਾਂ ਦੀ ਚੈਕਿੰਗ ਕੀਤੀ ਗਈ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਡਾ. ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਅੱਜ ਅਸਿਸਟੈਂਟ ਸਿਵਲ ਸਰਜਨ ਡਾ. ਸੁਰਿੰਦਰ ਅਤੇ ਜਿਲ੍ਹਾ ਮਲੇਰੀਆ ਅਫਸਰ ਡਾ. ਰਾਘਵ ਗੁਪਤਾ ਵੱਲੋਂ ਪਿੰਡ ਕਰਮੂੰਵਾਲਾ,ਧੂੰਦਾ ਅਤੇ ਪਿੰਡ ਖਾਰਾ ਵਿਖੇ ਲਗਾਏ ਗਏ ਮੈਡੀਕਲ ਕੈਂਪ ਵਿੱਚ ਪਹੁੰਚਕੇ ਚੈਕਿੰਗ ਕੀਤੀ ਅਤੇ ਹਾਜਰ ਲੋਕਾਂ ਤੋਂ ਉਨਾਂ ਦੀ ਸਿਹਤ ਸਬੰਧੀ ਜਾਣਕਾਰੀ ਹਾਸਿਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਮੇਂ ਅਸਿਸਟੈਂਟ ਸਿਵਲ ਸਰਜਨ ਡਾ. ਸੁਰਿੰਦਰ ਅਤੇ ਜਿਲ੍ਹਾ ਮਲੇਰੀਆ ਅਫਸਰ ਡਾਕਟਰ ਰਾਘਵ ਗੁਪਤਾ ਵੱਲੋਂ ਲੋਕਾਂ ਨੂੰ ਬਰਸਾਤੀ ਦਿਨਾਂ ਵਿੱਚ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਨਾਲ ਨਾਲ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਮੇਂ ਹੈਲਥ ਵਰਕਰ ਅਮਨਦੀਪ ਸਿੰਘ ਧੂੰਦਾ, ਹੈਲਥ ਵਰਕਰ ਪਰਮਿੰਦਰ ਢਿੱਲੋਂ, ਹੈਲਥ ਵਰਕਰ ਕਵਲਜੀਤ ਸਿੰਘ, ਹੈਲਥ ਵਰਕਰ ਅਮਨਦੀਪ ਸਿੰਘ ਫਤਿਹਾਬਾਦ, ਰਜਿੰਦਰ ਸਿੰਘ ਫਤਿਹਗੜ੍ਹ ਚੂੜੀਆਂ, ਹੈਲਥ ਵਰਕਰ ਅਮਨਪ੍ਰੀਤ ਸਿੰਘ ਭੈਲ, ਸੀਐੱਚਓ ਰਣਜੀਤ ਕੌਰ, ਸੀਐੱਚਓ ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।



# ਐੱਚਡੀਐੱਫਸੀ ਬੈਂਕ ਪਰਿਵਰਤਨ ਨੇ ਹੁਣ ਤੱਕ ਖੇਡਾਂ ਰਾਹੀਂ 5000 ਵਿਅਕਤੀਆਂ ਨੂੰ ਪ੍ਰਭਾਵਿਤ ਕੀਤਾ

ਅੰਮ੍ਰਿਤਸਰ: ਰਾਸ਼ਟਰੀ ਖੇਡ ਦਿਵਸ 'ਤੇ ਐੱਚਡੀਐੱਫਸੀ ਬੈਂਕ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਐਥਲੀਟਾਂ ਨੂੰ ਸ਼ਸ਼ਕਤ ਬਣਾਉਣ ਲਈ ਆਪਣੀਆਂ ਸੀਐੱਸਆਰ ਪਹਿਲਕਦਮੀਆਂ ਨੂੰ ਉਜਾਗਰ ਕੀਤਾ।ਸਪੋਰਟਸ ਫਾਊਂਡੇਸ਼ਨ ਨਾਲ 2022 ਵਿੱਚ ਸ਼ੁਰੂ ਕੀਤੇ ਗਏ ਆਪਣੇ ਅਨਸਟੋਪੇਬਲ (ਯੂਕੇਡੀ) ਪ੍ਰੋਗਰਾਮ ਦੇ ਤਹਿਤ ਬੈਂਕ ਨੇ ਛੇ ਖੇਡਾਂ ਵਿੱਚ 38 ਮਹਿਲਾ ਐਥਲੀਟਾਂ ਦਾ ਸਮਰਥਨ ਕੀਤਾ ਹੈ, ਜਿਨ੍ਹਾਂ ਨੇ ਇਕੱਠੇ 204 ਤਗਮੇ ਜਿੱਤੇ ਹਨ, ਜਿਨ੍ਹਾਂ ਵਿੱਚੋਂ 36 ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਹਨ।ਇਹ ਪਹਿਲ ਸਿਖਲਾਈ ਵਿੱਤੀ ਸਹਾਇਤਾ ਅਤੇ ਐਕਸਪੋਜ਼ਰ ਪ੍ਰਦਾਨ ਕਰਦੀ ਹੈ, ਜਿਸਦਾ ਉਦੇਸ਼ ਭਾਰਤੀ ਖੇਡਾਂ ਵਿੱਚ ਨਵੇਂ ਮਹਿਲਾ ਰੋਲ ਮਾਡਲ ਬਣਾਉਣਾ ਹੈ।ਬੈਂਕ ਓਲੰਪਿਕ ਤਗਮੇ ਦੀਆਂ ਸੰਭਾਵਨਾਵਾਂ ਅਤੇ ਪੈਰਾ-ਐਥਲੀਟਾਂ ਦਾ ਸਮਰਥਨ ਕਰਨ ਲਈ ਸਪੋਰਟਸ ਐਂਡ ਗੇਮਜ਼ ਪ੍ਰਮੋਸ਼ਨ ਫਾਊਂਡੇਸ਼ਨ ਨਾਲ ਵੀ ਕੰਮ ਕਰਦਾ ਹੈ।

# '47 ਦੀ ਵੰਡ ਮੌਕੇ ਪਿੰਡ ਸਦਾ ਰੰਗ ਦੇ ਮਾਰੇ ਗਏ ਗਿਆਰਾਂ ਨਿਰਦੋਸ਼ ਲੋਕਾਂ ਨੂੰ ਕੀਤਾ ਯਾਦ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-28 ਅਗਸਤ 1947 ਨੂੰ ਪਿੰਡ ਸਦਾ ਰੰਗ ਦੇ 10 ਵਸਨੀਕ ਜਿਨ੍ਹਾਂ ਨੂੰ ਬਲੋਚ ਮਿਲਟਰੀ ਨੇ ਪਕੜ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਸੀ, ਨੂੰ ਪਿੰਡ ਵਾਸੀਆਂ ਵੱਲੋਂ ਯਾਦ ਕੀਤਾ ਗਿਆ। ਵਰਣਨਯੋਗ ਹੈ ਕਿ ਪਿੰਡ ਚੌਧਰੀਵਾਲ ਵਿਖੇ ਲੱਗੇ ਮੁਸਲਮਾਨ ਸ਼ਰਨਾਰਥੀਆਂ ਦੇ ਕੈਂਪ ਨੂੰ ਹਿਫਾਜ਼ਤ ਨਾਲ ਪਾਕਿਸਤਾਨ ਲਿਜਾਣ ਵਾਸਤੇ ਆਈ ਬਲੋਚ ਮਿਲਟਰੀ ਨੇ ਪਿੰਡ ਸਦਾ ਰੰਗ ਦੇ ਚੜ੍ਹਦੇ ਪਾਸੇ ਵਸਦੇ ਪਿੰਡ ਪੇਰੋ ਸ਼ਾਹ ਦੇ ਲੋਕਾਂ ਨੂੰ ਕੈਂਪ ਵਿੱਚ ਲਿਆਉਣ ਵਾਸਤੇ ਇਥੋਂ ਲੰਘਣ ਮੌਕੇ ਪਿੰਡ ਵਿੱਚ ਜਿਹੜਾ ਜਿਹੜਾ ਵੀ ਉਨ੍ਹਾਂ ਦੇ ਸਾਹਮਣੇ ਆਇਆ ਉਸ ਨੂੰ ਘੇਰ ਕੇ ਆਪਣੇ ਅੱਗੇ ਲਾ ਲਿਆ ਅਤੇ ਪਿੰਡ ਪੇਰੋ ਸ਼ਾਹ ਵਿੱਚ ਲਿਜਾ ਕੇ ਉਨ੍ਹਾਂ ਸਾਰਿਆਂ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ।



ਪਿੰਡ ਦੀ ਪੰਚਾਇਤੀ ਕਾਰਵਾਈ ਵਿੱਚ ਦਰਜ ਕੀਤੇ ਇਸ ਵਾਕਿਆ ਅਨੁਸਾਰ ਇਨ੍ਹਾਂ ਵਿਅਕਤੀਆਂ ਵਿੱਚ ਬੇਲਾ ਸਿੰਘ ਖੱਤਰੀ, ਅਮਰ ਸਿੰਘ ਠੇਕੇਦਾਰ, ਝੰਡਾ ਸਿੰਘ ਸਰਪੰਚ, ਗਿਆਨ ਸਿੰਘ, ਪ੍ਰੀਤਮ ਸਿੰਘ, ਕਿਸ਼ਨ ਸਿੰਘ, ਹਰਨਾਮ ਸਿੰਘ, ਅਤੇ ਪਿੰਡ ਦਾ ਇੱਕ ਜਵਾਈ ਜਿਸ ਦੇ ਨਾਮ ਦਾ ਪਤਾ ਨਹੀਂ ਚੱਲ ਸਕਿਆ। ਇਨ੍ਹਾਂ ਨੂੰ ਸਾਰਿਆਂ ਨੂੰ ਪਿੰਡ ਪੇਰੋ ਸ਼ਾਹ ਲਿਜਾ ਕੇ ਕਤਲ ਕੀਤਾ ਗਿਆ ।ਰਾਮ ਸਿੰਘ ਅਤੇ ਹਰਭਜਨ ਸਿੰਘ ਜੋ ਪਿੰਡ ਦੇ ਖੇਤਾਂ ਵਿੱਚੋਂ ਪੱਠੇ ਲੈਣ ਗਏ ਸਨ, ਨੂੰ ਮੌਕੇ ਤੇ ਹੀ ਗੋਲੀਆਂ ਮਾਰ ਕੇ ਮਾਰ ਦਿੱਤਾ ਅਤੇ ਇਸੇ ਹੀ ਪਿੰਡ ਦੇ ਰੇਲਵੇ ਮੁਲਾਜ਼ਮ ਜਸਵੰਤ ਸਿੰਘ ਜਿਸ ਨੂੰ ਲਾਹੌਰ ਤੋਂ ਬਦਲ ਕੇ ਲੁਧਿਆਣੇ ਭੇਜ ਦਿੱਤਾ ਸੀ, ਨੂੰ ਵੀ ਫਸਾਦੀਆਂ ਨੇ ਰੇਲਵੇ ਸਟੇਸ਼ਨ 'ਤੇ ਹੀ ਕਤਲ ਕਰ ਦਿੱਤਾ।

ਅੱਜ ਪਿੰਡ ਦੇ ਗੁਰਦੁਆਰਾ ਬਾਬਾ ਭੋਲਾ ਸਿੰਘ ਵਿਖੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਵਾਸਤੇ ਨਗਰ ਨਿਵਾਸੀਆਂ ਵੱਲੋਂ ਅਰਦਾਸ ਕਰਕੇ ਉਨ੍ਹਾਂ ਨੂੰ ਯਾਦ ਕੀਤਾ ਗਿਆ।ਇਸ ਮੌਕੇ ਜਗਦੀਸ਼ ਸਿੰਘ ਬਮਰਾਹ, ਮਨਜੀਤ ਸਿੰਘ, ਸਰਪੰਚ ਗੁਰਮੀਤ ਸਿੰਘ ਲੱਕੀ, ਗ੍ਰੰਥੀ ਭਾਈ ਰਣਜੋਧ ਸਿੰਘ, ਹਰਦੀਪ ਸਿੰਘ ਵਿਰਦੀ, ਜਗਤਾਰ ਸਿੰਘ, ਤਰਸੇਮ ਸਿੰਘ, ਹਰਜਿੰਦਰ ਸਿੰਘ ਬਮਰਾਹ, ਕੁਲਦੀਪ ਸਿੰਘ, ਨਿਰਵੈਰ ਸਿੰਘ, ਜਰਨੈਲ ਸਿੰਘ, ਸਵਰਨ ਸਿੰਘ ਨੰਬਰਦਾਰ ਅਤੇ ਹੋਰ ਸੰਗਤਾਂ ਹਾਜ਼ਰ ਸਨ।

# ਹੈਰੋਇਨ ਤਸਕਰ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਥਾਣਾ ਭੈਣੀ ਮੀਆਂ ਖਾਂ ਦੇ ਏਐੱਸਆਈ ਅਮਰੀਕ ਚੰਦ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪਿੰਡ ਨਾਨੋਵਾਲ ਜੀਂਦੜ ਬੱਸ ਸਟਾਪ ਨੇੜੇ ਤੋਂ ਇਕ ਮੋਨਾ ਨੌਜਵਾਨ ਬੱਸ ਸਟਾਪ ਅੰਦਰ ਬੈਠਾ ਦਿਖਾਈ ਦਿੱਤਾ।

ਉਕਤ ਨੌਜਵਾਨ ਨੂੰ ਮੋਮੀ ਲਿਫਾਫਾ ਸੁੱਟ ਕੇ ਭੱਜਣ ਲੱਗੇ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਜਿਸ ਨੇ ਆਪਣਾ ਨਾਂਅ ਮਨਜਿੰਦਰ ਸਿੰਘ ਉਰਫ ਮੰਗਾ ਪੁੱਤਰ ਜਗਮੋਹਨ ਸਿੰਘ ਵਾਸੀ ਫੁੱਲੜਾ ਦੱਸਿਆ ਜਿਸ ਵੱਲੋਂ ਸੁੱਟੇ ਮੋਮੀ ਲਿਫਾਫੇ ਨੂੰ ਚੈੱਕ ਕਰਨ 'ਤੇ ਉਸ ਵਿੱਚੋਂ 10 ਗਰਾਮ 57 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਿਸ ਨੇ ਮਨਜਿੰਦਰ ਸਿੰਘ ਉਰਫ਼ ਮੰਗਾ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਅਕਾਲ ਅਕੈਡਮੀ ਤਿੱਬੜ ਵੱਲੋਂ ਹੜ੍ਹ ਪੀੜਤਾਂ ਲਈ ਲੰਗਰ ਤੇ ਹੋਰ ਵਸਤਾਂ ਦੀ ਸੇਵਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਅਕਾਲ ਅਕੈਡਮੀ ਤਿੱਬੜ ਦੇ ਸਮੂਹ ਸਟਾਫ ਵੱਲੋਂ ਲੰਗਰ ਤਿਆਰ ਕਰਕੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵਰਤਾਇਆ ਗਿਆ। ਇਸ ਤੋਂ ਇਲਾਵਾ ਮੈਡੀਕਲ ਕਿੱਟਾਂ, ਸੁੱਕਾ ਦੁੱਧ ਅਤੇ ਸੁੱਕੇ ਰਾਸ਼ਨ ਦੇ ਪੈਕੇਟ ਵੀ ਵੰਡੇ ਗਏ ਹਨ। ਇਸ ਮੌਕੇ ਸਮੁੱਚੇ ਸਟਾਫ ਵਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਅਕੈਡਮੀ ਦੀ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਕਿ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਡਾ: ਦਵਿੰਦਰ ਸਿੰਘ ਅਤੇ ਉੱਪ ਪ੍ਰਧਾਨ ਭਾਈ ਜਗਜੀਤ ਦੇ ਦਿਸਾ ਨਿਰਦੇਸ਼ਾਂ ਤਹਿਤ ਟਰੱਸਟ ਅਧੀਨ ਚੱਲ ਰਹੀਆਂ ਵਿਦਿਅਕ ਸੰਸਥਾਂਵਾਂ ਅਤੇ ਟਰੱਸਟ ਦੇ ਸੇਵਾਦਾਰਾਂ ਵਲੋਂ ਪੰਜਾਬ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕਾਰਜ ਲਗਾਤਾਰ ਜਾਰੀ ਹਨ ਅਤੇ ਪ੍ਰਭਾਵਿਤ ਲੋਕਾਂ ਨੂੰ ਲੰਗਰ, ਮੈਡੀਕਲ ਕਿੱਟਾਂ, ਪੀਣਯੋਗ ਪਾਣੀ, ਹੋਰ ਸੁੱਕੇ ਰਾਸ਼ਨ ਦੇ ਪੈਕੇਟ ਆਦਿ ਸਮੇਤ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਲਗੀਧਰ ਟਰੱਸਟ ਬੜੂ ਸਾਹਿਬ ਵਿੱਦਿਅਕ ਖੇਤਰ ਦੇ ਨਾਲ-ਨਾਲ ਜਦੋਂ ਵੀ ਦੇਸ਼ ਵਿੱਚ ਕਿਸੇ ਤਰ੍ਹਾਂ ਦੀ ਕੁਦਰਤੀ ਆਫ਼ਤ ਆਉਂਦੀ ਹੈ ਤਾਂ ਟਰੱਸਟ ਦੇ ਸੇਵਾਦਾਰ ਅੱਗੇ ਹੋ ਕੇ ਹਰ ਤਰ੍ਹਾਂ ਦੀ ਮਦਦ ਲਈ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕੁੱਝ ਦਿਨ ਪਹਿਲਾਂ ਰਾਵੀ ਦਰਿਆ ਦੇ ਬੰਨ੍ਹ ਟੁੱਟਣ ਕਰਕੇ ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ ਹੜ੍ਹ ਆਉਣ ਕਾਰਨ ਮਾਝਾ ਖੇਤਰ ਦੇ ਕਈ ਪਿੰਡ ਪਾਣੀ ਦੀ ਮਾਰ ਹੇਠ ਆਏ ਹੋਏ ਹਨ। ਲੋਕਾਂ ਦੀਆਂ ਫਸਲਾਂ ਅਤੇ ਪਸ਼ੂਆਂ ਦਾ ਚਾਰਾ ਤਬਾਹ ਹੋ ਗਿਆ ਹੈ ਅਤੇ ਲੋਕ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ ਵਿੱਚ ਘਿਰੇ ਹੋਏ ਹਨ। ਅਜਿਹੀ ਸਥਿਤੀ ਵਿੱਚ ਸਾਨੂੰ ਸਾਰਿਆਂ ਨੂੰ ਹੜ੍ਹ ਪੀੜਤ ਲੋਕਾਂ ਦੀ ਹਰ ਤਰ੍ਹਾਂ ਨਾਲ ਸਹਾਇਤਾ ਕਰਨੀ ਚਾਹੀਦੀ ਹੈ।



# ਸਟਰੀਟ ਲਾਈਟ ਵਰਕਰ ਨਾਲ ਕੁੱਟਮਾਰ ਕਰਨ ਵਾਲੇ ਨੇ ਮਾਫ਼ੀ ਮੰਗੀ




**ਛੇਹਰਟਾ, (ਮਨੋਜ ਕੁਮਾਰ)**-ਨਗਰ ਨਿਗਮ ਸਟਰੀਟ ਲਾਈਟ ਵਰਕਰ ਦੀ ਬੀਤੇ ਦਿਨੀਂ ਕੁੱਟਮਾਰ ਦੇ ਮਾਮਲੇ ਵਿਚ ਇਕ ਸਾਬਕਾ ਕੌਂਸਲਰ ਦੇ ਬੇਟੇ ਨੇ ਮੁਆਫ਼ੀ ਮੰਗ ਕੇ ਆਪਣਾ ਖਹਿੜਾ ਛੁਡਵਾ ਲਿਆ। ਸੋਮਵਾਰ ਨੂੰ ਪੁਤਲੀਘਰ ਸਥਿਤ ਸੀਟੂ ਦਫ਼ਤਰ ਵਿਚ ਸੂਬਾਈ ਵਿੱਤ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਤੇ ਥਾਣਾ ਕੰਟੋਨਮੈਂਟ ਦੇ ਐੱਸਐੱਚਓ ਜਸਬੀਰ ਸਿੰਘ ਦੀ ਹਾਜ਼ਰੀ ਵਿਚ ਨਗਰ ਨਿਗਮ ਸਟਰੀਟ ਲਾਈਟ ਮੁਲਾਜ਼ਮ ਯੂਨੀਅਨ ਦੀ ਰਜ਼ਾਮੰਦੀ ਨਾਲ ਦੋਵਾਂ ਧਿਰਾਂ ਵਿਚ ਰਾਜ਼ੀਨਾਮਾ ਕਰਵਾ ਦਿੱਤਾ ਗਿਆ।

ਇਸ ਮੌਕੇ ਮੁਲਜ਼ਮ ਤੇ ਉਸ ਦੇ ਸਾਥੀ ਨੇ ਮੁੱਦਈ ਨਰੇਸ਼ ਕੁਮਾਰ ਕੋਲੋਂ ਆਪਣੀ ਗ਼ਲਤੀ ਦਾ ਅਹਿਸਾਸ ਕਰਦਿਆਂ ਬਿਨਾਂ ਸ਼ਰਤ ਮਾਫ਼ੀ ਮੰਗ ਲਈ ਅਤੇ ਅੱਗੇ ਤੋਂ ਇਹੋ ਜਿਹਾ ਕਾਰਾ ਕਰਨ ਤੋਂ ਤੌਬਾ ਕੀਤੀ। ਇਸ ਮੌਕੇ ਸੀਟੂ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਮਜੀਠਾ, ਨਗਰ ਨਿਗਮ ਵਰਕਰਜ਼ ਯੂਨੀਅਨ ਸੀਟੂ ਦੇ ਪ੍ਰਧਾਨ ਭਗਵੰਤ ਸਿੰਘ, ਨਗਰ ਨਿਗਮ ਸਟਰੀਟ ਲਾਈਟ ਵਰਕਰਜ਼ ਯੂਨੀਅਨ ਦੇ ਪ੍ਰਧਾਨ ਤਰਸੇਮ ਸਿੰਘ ਦਿਓਲ, ਜਨਰਲ ਸਕੱਤਰ ਵਾਸੂਦੇਵ, ਸੁਵਿੰਦਰ ਸਿੰਘ ਮੀਰਾਂਕੋਟ, ਜਸਬੀਰ ਸਿੰਘ ਝਬਾਲ ਤੇ ਕਿਰਪਾ ਰਾਮ ਸਮੇਤ ਯੂਨੀਅਨ ਦੇ ਸਾਥੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਇੰਡਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ ਲੇਖਕ ਜਸਬੀਰ ਸਿੰਘ ਝਬਾਲ ਸਨਮਾਨਿਤ

ਝਬਾਲ (ਹਰਜਿੰਦਰ ਸਿੰਘ ਸੋਨੀ)-ਇੰਡਕ ਆਰਟਸ ਵੈਲਫੇਅਰ ਕੌਂਸਲ ਵਲੋਂ ਦਾਰਾ ਰਾਇਲ ਹੋਟਲ ਰਣਜੀਤ ਐਵੇਨਿਊ ਵਿਖੇ ਪੰਜਾਬੀ ਦੇ ਸਿਰਮੌਰ ਲੇਖਕ ਡਾਕਟਰ ਦਵਿੰਦਰ ਸੈਫੀ, ਸਰਦਾਰ ਗੁਰਜੀਤ ਸਿੰਘ ਔਜਲਾ ਮੈਂਬਰ ਪਾਰਲੀਮੈਂਟ, ਪ੍ਰੋਫੈਸਰ ਬਾਈ ਭੋਲਾ ਯਮਲਾ,ਭੁਪਿੰਦਰ ਸਿੰਘ ਸੰਧੂ ਅਤੇ ਐੱਸ ਪ੍ਰਸ਼ੋਤਮ ਦੀ ਪ੍ਰਧਾਨਗੀ ਹੇਠ ਬਹੁਤ ਹੀ ਪ੍ਰਭਾਵਸ਼ਾਲੀ ਸਾਹਿਤਕ ਸਮਾਗਮ ਕੀਤਾ ਗਿਆ ਜਿਸ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਸਾਹਿਤਕਾਰਾਂ ਨੇ ਪੰਜਾਬੀ ਗੀਤਾਂ, ਕਵਿਤਾਵਾਂ, ਗ਼ਜ਼ਲਾਂ ਤੇ ਸਕੂਲੀ ਬੱਚਿਆਂ ਵਲੋਂ ਪੰਜਾਬੀ ਸੱਭਿਆਚਾਰ ਨਾਲ ਸਬੰਧਿਤ ਬਾ ਕਮਾਲ ਪੇਸ਼ਕਾਰੀਆਂ ਕੀਤੀਆਂ।



ਪ੍ਰੋਫੈਸਰ ਬਾਈ ਭੋਲਾ ਵੱਲੋਂ ਜੱਟ ਯਮਲੇ ਦੇ ਗੀਤ ਪੇਸ਼ ਕਰਕੇ ਸਾਹਿਤਕ ਮੇਲੇ ਨੂੰ ਚਾਰ ਚੰਨ ਲਾਏ। ਵਿਸ਼ੇਸ਼ ਮਹਿਮਾਨ ਪੰਜਾਬੀ ਲੇਖਕ ਜਸਬੀਰ ਸਿੰਘ ਝਬਾਲ ਨੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਸੰਭਾਲਣ ਦੀ ਲੋੜ ਤੇ ਜ਼ੋਰ ਦਿੱਤਾ

।ਸਾਹਿਤਕ ਸਮਾਗਮ ਵਿੱਚ ਪੁੱਜੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਵੱਖ-ਵੱਖ ਪੁੱਜੇ ਪੰਜਾਬੀ ਕਲਾਂ ਨਾਲ ਸਬੰਧਿਤ ਵੱਖ-ਵੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।ਸਟੇਜ ਸੰਚਾਲਕ ਦੀ ਜ਼ਿੰਮੇਵਾਰੀ ਰਾਜਬੀਰ ਕੌਰ ਬੀਰ ਗਰੇਵਾਲ ਨੇ ਬਾਖੂਬੀ ਨਿਭਾਈ। ਇਸ ਸਮਾਗਮ ਨੂੰ ਸਫ਼ਲਤਾ ਪੂਰਵਕ ਸਿਰੇ ਚਾੜ੍ਹਨ ਦਾ ਸਿਹਰਾ ਵੀ ਗਰੇਵਾਲ ਨੂੰ ਸਨਮਾਨਿਤ ਕਰਕੇ ਦਿੱਤਾ ਗਿਆ।

# ਪੰਜਾਬ ਸਰਕਾਰ ਹੜ੍ਹ ਪੀੜਤਾਂ ਦੀ ਹਰ ਸੰਭਵ ਮਦਦ ਯਕੀਨੀ ਬਣਾਉਣ ਲਈ ਵਚਨਬੱਧ: ਤਲਬੀਰ ਗਿੱਲ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਹਲਕੇ ਦੇ ਪਿੰਡ ਸਾਧਪੁਰ ਵਿਖੇ ਵੱਖ-ਵੱਖ ਪਾਰਟੀ ਵਰਕਰਾਂ ਤੇ ਘਰਾਂ ਵਿੱਚ ਜਾ ਕੇ ਉਨ੍ਹਾਂ ਨਾਲ ਪਿੰਡ ਦੇ ਵਿਕਾਸ ਨੂੰ ਲੈ ਕੇ ਮੀਟਿੰਗਾਂ ਕੀਤੀਆਂ ਗਈਆਂ ਅਤੇ ਪਿੰਡ ਦੀ ਗ੍ਰਾਮ ਪੰਚਾਇਤ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਪਿੰਡ ਦੇ ਵਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਨਾਲ ਹੀ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਜੋ ਹੜ੍ਹਾਂ ਦੇ ਕਾਰਨ ਮਾੜੇ ਹਾਲਾਤ ਬਣੇ ਹੋਏ ਹਨ, ਨੂੰ ਮੁੱਖ ਰੱਖਦਿਆਂ ਹਰੇਕ ਵਿਅਕਤੀ ਨੂੰ ਹੜ ਪੀੜਤਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸੰਕਟ ਦੀ ਇਸ ਘੜੀ ਲੋਕਾਂ ਦੇ ਨਾਲ ਖੜੀ ਹੈ ਤੇ ਲੋਕਾਂ ਦੀ ਹਰ ਮੁਸ਼ਕਲ ਵਿੱਚ ਸਾਥ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਅਗਵਾਈ ਹੇਠ ਮਾਲ, ਸਿਹਤ, ਪਸ਼ੂ ਪਾਲਣ, ਜਲ ਸਰੋਤ, ਪੇਂਡੂ ਵਿਕਾਸ ਤੇ ਪੰਚਾਇਤ ਅਤੇ ਹੋਰਨਾਂ ਸਬੰਧਤ ਵਿਭਾਗਾਂ ਦੀਆਂ ਟੀਮਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 24 ਘੰਟੇ ਡਿਊਟੀ ਤੇ ਹਨ ਅਤੇ ਪੂਰੀ ਤਿਆਰੀ ਨਾਲ ਰਾਹਤ ਕਾਰਜਾਂ ਵਿਚ ਲੱਗੀਆਂ ਹੋਈਆਂ ਹਨ।ਇਸ ਮੌਕੇ ਸਰਪੰਚ ਸਰਬਜੀਤ ਸਿੰਘ ਸਾਧਪੁਰ, ਯੂਥ ਆਗੂ ਯੋਗਰਾਜ ਸਿੰਘ ਬਾਠ, ਜਸਬੀਰ ਸਿੰਘ ਬਾਊ, ਸਰਮੁਖ ਸਿੰਘ ਆਧੀ, ਮਾਸਟਰ ਲਵਪ੍ਰੀਤ ਸਿੰਘ, ਮੈਂਬਰ ਪੰਚਾਇਤ ਜਸਵਿੰਦਰ ਕੌਰ, ਨਿਰਮਲਜੀਤ ਕੌਰ, ਪਰਦੁਮਣ ਸਿੰਘ, ਦਲਬੀਰ ਸਿੰਘ ਟੀਟਾ, ਧਰਮਿੰਦਰ ਸਿੰਘ ਤੋਂ ਇਲਾਵਾ ਬਹੁਤ ਸਾਰੇ ਪਾਰਟੀ ਵਰਕਰ ਤੇ ਪਿੰਡ ਵਾਸੀ ਹਾਜ਼ਰ ਸਨ।



# ਹੜ੍ਹ ਪ੍ਰਭਾਵਿਤ ਹਰੇਕ ਲੋੜਵੰਦ ਪਰਿਵਾਰ ਤੱਕ ਰਾਹਤ ਸਮੱਗਰੀ ਪਹੁੰਚਾਉਣ ਨੂੰ ਬਣਾਇਆ ਯਕੀਨੀ : ਸ਼ੈਰੀ ਕਲਸੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਹਲਕੇ ਦੇ ਹੜ ਪ੍ਰਭਾਵਿਤ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਉਣ ਨੂੰ ਯਕੀਨੀ ਬਣਾਇਆ ਗਿਆ ਹੈ ਅਤੇ ਕਿਸੇ ਵੀ ਲੋੜਵੰਦ ਪਰਿਵਾਰ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕੀਤਾ।ਡੇਰਾ ਬਾਬਾ ਨਾਨਕ ਪੁੱਜੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਦੇ ਵਿਧਾਇਕ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਅੱਜ ਹੜ੍ਹ ਪੀੜਤ ਪਿੰਡਾਂ ਲਈ ਰਾਹਤ ਸਮੱਗਰੀ ਜਿਸ ਵਿੱਚ ਪਸ਼ੂਆਂ ਲਈ ਚਾਰਾ, ਪਾਣੀ ਅਤੇ ਸੁੱਕੀ ਰਸਦ ਆਦਿ ਸ਼ਾਮਲ ਹੈ, ਸਪੁਰਦ ਕੀਤੀ ਗਈ ਹੈ ਤਾਂ ਜੋ ਲੋੜਵੰਦ ਪਰਿਵਾਰਾਂ ਤੱਕ ਰਾਹਤ ਸਮੱਗਰੀ ਪੁਜਦਾ ਕੀਤੀ ਜਾ ਸਕੇ।ਉਨ੍ਹਾਂ ਅੱਗੇ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਹੜ੍ਹ ਪ੍ਰਭਾਵਿਤ ਪਿੰਡਾਂ ਤੱਕ ਨਿਰੰਤਰ ਰਾਹਤ ਕਾਰਜ ਜਾਰੀ ਹਨ ਅਤੇ ਗਰਾਊਂਡ ਪੱਧਰ ਤੱਕ ਸਾਰੀ ਸਥਿਤੀ ਤੇ ਨਜ਼ਰ ਰੱਖੀ ਜਾ ਰਹੀ ਹੈ ਤਾਂ ਜੋ ਕੋਈ ਵੀ ਹੜ੍ਹ ਪ੍ਰਭਾਵਿਤ ਪਰਿਵਾਰ ਸਹਾਇਤਾ ਤੋਂ ਵਾਂਝਾ ਨਾ ਰਹੇ।ਇਸ ਮੌਕੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੀਆਂ 50 ਟਰਾਲੀਆਂ ਭੇਜੀਆਂ ਹਨ, ਜਿਸ ਨਾਲ ਲੋੜਵੰਦ ਪਰਿਵਾਰਾਂ ਤੱਕ ਇਹ ਰਾਹਤ ਸਮੱਗਰੀ ਪਹੁੰਚਾਈ ਜਾਵੇਗੀ।ਇਸ ਮੌਕੇ ਜੋਬਨ ਰੰਧਾਵਾ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ, ਚੇਅਰਮੈਨ ਮਾਨਿਕ ਮਹਿਤਾ, ਸਮਾਜ ਸੇਵੀ ਅੰਮ੍ਰਿਤ ਕਲਸੀ, ਐੱਸਡੀਐੱਮ ਡੇਰਾ ਬਾਬਾ ਨਾਨਕ ਡਾ. ਆਦਿੱਤਿਆ ਸ਼ਰਮਾ, ਫਤਿਹਗੜ੍ਹ ਚੂੜੀਆਂ ਦੇ ਐੱਸਡੀਐੱਮ ਗੁਰਮਿੰਦਰ ਸਿੰਘ, ਮੁਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ, ਬੀਡੀਪੀਓ ਮੈਡਮ ਅਮਨਦੀਪ ਕੌਰ, ਡੀਐੱਸਪੀ ਜੋਗਾ ਸਿੰਘ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ, ਹਰਜੀਤ ਸਿੰਘ ਠੇਠਰਕੇ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ ਅਤੇ ਦਲਜੀਤ ਸਿੰਘ ਲੱਕੀ ਤੇ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਰਕਰ ਤੇ ਹਾਜ਼ਰ ਸਨ।



# ਕਟਾਰੂਚੱਕ ਪਰਿਵਾਰ ਸਹਿਤ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਵਿਖੇ ਹੋਏ ਨਤਮਸਤਕ



ਪਠਾਨਕੋਟ, (ਦਵਿੰਦਰ ਸਿੰਘ)-ਮਹਾਨ ਤਪੱਸਵੀ ਬਾਬਾ ਸ੍ਰੀ ਚੰਦ ਜੀ ਦੇ ਪ੍ਰਕਾਸ਼ ਦਿਹਾੜੇ ਤੇ ਮੈਂ ਸਾਰੇ ਸ਼ਹਿਰ ਵਾਸੀਆਂ ਨੂੰ ਜ਼ਿਲ੍ਹਾ ਵਾਸੀਆਂ ਨੂੰ ਵਧਾਈ ਦਿੰਦਾ ਹਾਂ, ਸਾਨੂੰ ਮਾਣ ਹੈ ਕਿ ਬਾਬਾ ਸ੍ਰੀ ਚੰਦ ਜੀ ਦਾ ਬਹੁਤ ਸਮਾਂ ਬਾਰਠ ਸਾਹਿਬ ਵਿਖੇ ਬੀਤਿਆ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਵਿਖੇ ਨਤਮਸਤਕ ਹੋਣ ਮਗਰੋਂ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਉਨ੍ਹਾਂ ਦੀ ਧਰਮਪਤਨੀ ਸ਼੍ਰੀਮਤੀ ਉਰਮਿਲਾ ਦੇਵੀ, ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ ਪਠਾਨਕੋਟ, ਸਾਹਿਬ ਸਿੰਘ ਸਾਬਾ ਅਤੇ ਹੋਰ ਪਰਿਵਾਰਕ ਮੈਂਬਰ ਵੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਸਾਨੂੰ ਬਾਬਾ ਜੀ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਉਨ੍ਹਾਂ ਦੇ ਦੱਸੇ ਰਸਤੇ 'ਤੇ ਚਲਣਾ ਚਾਹੀਦਾ ਹੈ।ਉਨ੍ਹਾਂ ਲੋਕਾਂ ਲਈ ਅਰਦਾਸ ਵੀ ਕਰਵਾਈ ਜੋ ਇਸ ਵੇਸੇ ਹੜ੍ਹਾਂ ਦੀ ਔਖੀ ਘੜੀ 'ਚੋਂ ਗੁਜ਼ਰ ਰਹੇ ਹਨ। ਪਰਮਾਤਮਾ ਉਨ੍ਹਾਂ ਨੂੰ ਇਸ ਸੰਤਾਪ 'ਚੋਂ ਬਾਹਰ ਕੱਢਣ ਅਤੇ ਸਰਵ ਮੰਗਲ ਲਈ ਅਰਦਾਸ ਵੀ ਕੀਤੀ।

# ਆਰ. ਡੀ. ਖੋਸਲਾ ਡੀ ਏ ਵੀ ਸਕੂਲ 'ਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ

ਬਟਾਲਾ (ਡਾ. ਮਲਵਿੰਦਰ ਸਿੰਘ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਦੀ ਖੁਸ਼ੀ ਮਨਾਈ।ਇਸ ਮੌਕੇ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ, ਪ੍ਰਿੰਸੀਪਲ ਡਾ. ਬਿੰਦੂ ਭੱਲਾ, ਪ੍ਰਬੰਧਕ ਕਮੇਟੀ ਮੈਂਬਰ ਮੋਨਿਕਾ ਖੋਸਲਾ ਤੇ ਮਨੀਸ਼ਾ ਖੋਸਲਾ, ਕਮਲ ਅਰੋੜਾ, ਵਰਿੰਦਰ ਕਾਂਸਰਾ, ਅਧਿਆਪਕਾਂ ਅਤੇ ਗੈਰ-ਅਧਿਆਪਨ ਸਟਾਫ਼ ਨੇ ਸ਼ਰਧਾ ਨਾਲ ਹਿੱਸਾ ਲਿਆ।ਸਾਰਿਆਂ ਨੇ ਮਿਲ ਕੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਹੜ੍ਹ ਕਾਰਨ ਪੈਦਾ ਹੋਈਆਂ ਮੁਸ਼ਕਲ ਸਥਿਤੀਆਂ ਤੋਂ ਸਾਰਿਆਂ ਨੂੰ ਜਲਦੀ ਤੋਂ ਜਲਦੀ ਰਾਹਤ ਮਿਲੇ।ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਬਹੁਤ ਹੀ ਸੁਭਾਗ ਦੀ ਗੱਲ ਹੈ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਚਰਨ ਸਾਡੇ ਸ਼ਹਿਰ ਬਟਾਲਾ ਦੀ ਧਰਤੀ ਤੇ ਪਏ ਅਤੇ ਇੱਥੋਂ ਦੇ ਲੋਕਾਂ ਨੂੰ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਹੋਇਆ।ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਬਾਬਾ ਜੀ ਦੇ ਵਿਆਹ ਦਾ ਤਿਉਹਾਰ ਆਪਸੀ ਪਿਆਰ ਅਤੇ ਸਦਭਾਵਨਾ ਨਾਲ ਮਨਾਉਣਾ ਚਾਹੀਦਾ ਹੈ।



# ਸ਼ੈਰੀ ਕਲਸੀ ਖੁਦ ਟਰੈਕਟਰ ਚਲਾ ਕੇ ਰਾਹਤ ਸਮੱਗਰੀ ਦੀਆਂ 50 ਟਰਾਲੀਆਂ ਲੈ ਕੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ ਪਹੁੰਚੇ

ਬਟਾਲਾ, (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਖੁਦ ਬਟਾਲਾ ਤੋਂ ਟਰੈਕਟਰ ਚਲਾ ਕੇ 50 ਟਰਾਲੀਆਂ ਵਿੱਚ ਰਾਹਤ ਸਮੱਗਰੀ ਲੈ ਕੇ ਡੇਰਾ ਬਾਬਾ ਨਾਨਕ ਖੇਤਰ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚੇ ਤੇ ਹੜ੍ਹ ਪੀੜਤਾਂ ਤੱਕ ਪਾਣੀ, ਰਾਸ਼ਨ, ਸੁੱਕੀ ਰਸਦ ਅਤੇ ਪਸ਼ੂਆਂ ਦਾ ਚਾਰਾ ਪਹੁੰਚਾਇਆ।ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਮੁੱਚੀ ਪੰਜਾਬ ਸਰਕਾਰ ਹੀ ਹੜ੍ਹ ਪੀੜ੍ਹਤਾਂ ਦੀ ਹਰ ਤਰ੍ਹਾਂ ਨਾਲ ਮਦਦ ਲਈ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਭ ਤੋਂ ਪਹਿਲਾਂ ਲੋਕਾਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ।ਸਰਕਾਰ ਵੱਲੋਂ ਹੜ੍ਹ ਪੀੜ੍ਹਤਾਂ ਲਈ ਲਗਾਤਾਰ ਰਾਹਤ ਕਾਰਜ ਚਲਾਏ ਜਾ ਰਹੇ ਹਨ ਅਤੇ ਹੋਰ ਲੋੜਵੰਦ ਤੱਕ ਖਾਣ-ਪੀਣ ਦੀ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ।ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਵੀ ਕੀਤਾ ਜਾ ਰਿਹਾ ਹੈ ਅਤੇ ਇਸ ਸਭ ਵਿੱਚ ਸਮਾਜ ਸੇਵੀ ਸੰਸਥਾਵਾਂ ਦਾ ਵੀ ਵੱਡਾ ਸਹਿਯੋਗ ਮਿਲ ਰਿਹਾ ਹੈ।ਉਨ੍ਹਾਂ ਅੱਗੇ ਕਿਹਾ ਕਿ ਹੜ੍ਹਾਂ ਦੇ ਇਸ ਸੰਕਟ ਵਿੱਚ ਲੋਕਾਂ ਨੂੰ ਸਿਹਤ ਪੱਖੋਂ ਕੋਈ ਸਮੱਸਿਆ ਨਾ ਆਵੇ ਇਸ ਲਈ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਵਿਸ਼ੇਸ਼ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ, ਸਮਾਜ ਸੇਵੀ ਅੰਮ੍ਰਿਤ ਕਲਸੀ, ਮਨਦੀਪ ਸਿੰਘ ਗਿੱਲ ਜ਼ਿਲ੍ਹਾ ਯੂਥ ਆਗੂ ਗੁਰਦਾਸਪੁਰ, ਦਲਜੀਤ ਸਿੰਘ ਲੱਕੀ ਹਲਕਾ ਸੰਗਠਨ ਇੰਚਾਰਜ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਮਾਸਟਰ ਤਿਲਕ ਰਾਜ, ਐੱਮ. ਸੀ. ਬਲਵਿੰਦਰ ਸਿੰਘ ਮਿੰਟਾ, ਸਤਨਾਮ ਸਿੰਘ, ਮਨਜੀਤ ਸਿੰਘ ਬੁਮਰਾਹ, ਗੁਰਜੀਤ ਸਿੰਘ, ਰਣਬੀਰ ਸਿੰਘ ਗਿੱਲ, ਗਗਨ ਬਟਾਲਾ, ਜਸਪਾਲ ਸਿੰਘ, ਪਰਦੀਪ ਕੁਮਾਰ, ਭੁਪਿੰਦਰ ਸਿੰਘ, ਪਵਨ ਕੁਮਾਰ, ਕਾਕਾ, ਮਲਕੀਤ ਸਿੰਘ, ਨਿੱਕੂ ਹੰਸ ਪਾਲ ਆਦਿ ਹਾਜ਼ਰ ਸਨ।



# ਹੜ੍ਹਾਂ ਦੀ ਮਾਰ ਹੇਠ ਖੇਤਰਾਂ 'ਚ ਜ਼ਿਲ੍ਹਾ ਪ੍ਰਸ਼ਾਸਨ ਨੇ 15 ਹਜ਼ਾਰ ਤੋਂ ਵੱਧ ਰਾਹਤ ਸਮੱਗਰੀ ਦੀਆਂ ਕਿੱਟਾਂ ਵੰਡੀਆਂ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਰਾਹਤ ਕਾਰਜ ਦਿਨ-ਰਾਤ ਜਾਰੀ ਹਨ। ਰਾਵੀ ਦਰਿਆ ਦੇ ਹੜ੍ਹ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ 324 ਪਿੰਡਾਂ ਦੇ 145000 ਦੇ ਕਰੀਬ ਵਿਅਕਤੀ ਪ੍ਰਭਾਵਿਤ ਹੋਏ ਹਨ। ਡੀ. ਸੀ. ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵਲੋਂ ਬੀਤੀ ਸ਼ਾਮ ਤੱਕ 5500 ਤੋਂ ਵੱਧ ਵਿਅਕਤੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਲੋਕਾਂ ਲਈ ਜ਼ਿਲ੍ਹੇ ਅੰਦਰ 25 ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ ਜਿਨ੍ਹਾਂ ਵਿੱਚੋਂ 15 ਐਕਟਿਵ ਹਨ। ਇਨ੍ਹਾਂ ਕੈਂਪਾਂ ਵਿੱਚ ਖਾਣੇ ਤੋਂ ਇਲਾਵਾ ਸੌਣ ਲਈ ਗੱਦੇ, ਸੁੱਕਾ ਰਾਸ਼ਨ, ਬਿਸਕੁਟ ਅਤੇ ਛੋਟੇ ਬੱਚਿਆਂ ਦੇ ਲਈ ਦੁੱਧ ਤੋਂ ਇਲਾਵਾ ਮੁੱਢਲੀ ਸਹਾਇਤਾ ਮੁਹੱਈਆ ਦਿੱਤੀ ਜਾ ਰਹੀ ਹੈ। ਐੱਨਡੀਆਰਐੱਫ਼ ਦੀਆਂ 6 ਟੀਮਾਂ, ਭਾਰਤੀ ਫ਼ੌਜ ਦੀਆਂ 3 ਟੀਮਾਂ ਅਤੇ ਬੀਐੱਸਐੱਫ਼. ਦੀ 1 ਟੀਮ ਰਾਹਤ ਕਾਰਜਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰ ਰਹੀਆਂ ਹਨ। ਇਨ੍ਹਾਂ ਟੀਮਾਂ ਵੱਲੋਂ ਕਿਸ਼ਤੀਆਂ ਅਤੇ ਹੋਰ ਸਾਧਨਾਂ ਰਾਹੀਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਫਸੇ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਸੁਰੱਖਿਅਤ ਟਿਕਾਣਿਆ ਤੇ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 5000 ਤੋਂ ਵੱਧ ਰਾਹਤ ਸਮਗਰੀ ਦੀਆਂ ਕਿੱਟਾਂ ਹੜ੍ਹ ਪ੍ਰਭਾਵਿਤ ਵਿਅਕਤੀਆਂ ਤੱਕ ਪਹੁੰਚਾਈਆਂ ਗਈਆਂ। ਉਨ੍ਹਾਂ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਦੀ ਰਿਪੋਰਟ ਅਨੁਸਾਰ ਜ਼ਿਲ੍ਹੇ ਵਿੱਚ 300 ਦੇ ਕਰੀਬ ਪਸ਼ੂਆਂ ਦੀ ਹੜ੍ਹਾਂ ਕਾਰਨ ਮੌਤ ਹੋਈ ਹੈ।




# ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ 500 ਹੜ੍ਹ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੰਡੀ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡੇਰਾ ਬਾਬਾ ਨਾਨਕ ਨਾਲ ਲੱਗਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਅਤੇ ਜ਼ਿਲ੍ਹਾ ਜਥੇਦਾਰ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ ਪਿੰਡ ਰਣਸੀਕੇ ਤੱਲਾ, ਫੱਤੂਪੁਰ, ਬਰਿਆਰ ਅਤੇ ਨਬੀ ਨਗਰ ਸਮੇਤ ਵੱਖ-ਵੱਖ ਪਿੰਡਾਂ ਦੇ 500 ਹੜ੍ਹ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੰਡੀ ਗਈ।ਉਨ੍ਹਾਂ ਵੱਲੋਂ ਇਨ੍ਹਾਂ ਪਿੰਡਾਂ ਵਿੱਚ 500 ਦੇ ਕਰੀਬ ਘਰਾਂ ਵਿੱਚ ਸੁੱਕਾ ਰਾਸ਼ਨ, ਕੰਬਲ, ਮੱਛਰ ਦਾਨੀਆਂ ਅਤੇ ਬੱਚਿਆਂ ਲਈ ਦੁੱਧ ਆਦਿ ਰਾਹਤ ਸਮੱਗਰੀ ਵੰਡੀ ਗਈ।ਇਸ ਮੌਕੇ ਗੱਲਬਾਤ ਦੌਰਾਨ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਸਾਨੂੰ ਸਾਰਿਆਂ ਨੂੰ ਬਿਨਾਂ ਪੱਖਪਾਤ ਅਤੇ ਵਿਤਕਰੇ ਤੋਂ ਉੱਤੇ ਉੱਠ ਕੇ ਇਨ੍ਹਾਂ ਹੜ੍ਹ ਪੀੜਤ ਪਰਿਵਾਰਾਂ ਦੀ ਵੱਧ ਤੋਂ ਵੱਧ ਸਹਾਇਤਾ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਡੇਰਾ ਬਾਬਾ ਨਾਨਕ ਨਾਲ ਲੱਗਦੇ ਹੜ੍ਹ ਦੀ ਮਾਰ ਹੇਠ ਆਏ ਪਿੰਡਾਂ ਵਿੱਚ ਪਸ਼ੂਆਂ ਦਾ ਚਾਰਾ ਅਤੇ ਸੈਂਕੜੇ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ ਹਨ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਧ ਤੋਂ ਵੱਧ ਹੜ੍ਹ ਪੀੜਤਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਸਮਾਜ ਸੇਵੀ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸਰਕਾਰ ਉਪਰ ਝਾਕ ਰੱਖਣ ਦੀ ਬਜਾਏ ਖੁਦ ਆਪਣੇ ਪੰਜਾਬੀਆਂ ਨਾਲ ਖੜਨ ਅਤੇ ਉਨ੍ਹਾਂ ਦੀ ਹਰ ਇੱਕ ਸੰਭਵ ਮਦਦ ਕੀਤੀ ਜਾਵੇ। ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ, ਤੇਜਬੀਰ ਸਿੰਘ ਪੱਡਾ, ਕਸ਼ਮੀਰ ਸਿੰਘ ਸਰਪੰਚ ਰਣਸੀਕੇ, ਚੇਅਰਮੈਨ ਸਰਬਜੀਤ ਸਿੰਘ ਫੱਤੂਪੁਰ, ਸਤਨਾਮ ਸਿੰਘ ਪਟਵਾਰੀ, ਜਸਪਿੰਦਰ ਸਿੰਘ ਝੰਗੀ, ਜਗਰੂਪ ਸਿੰਘ ਸ਼ਾਹਪੁਰ, ਸਵਰਨਜੀਤ ਸਿੰਘ ਕਲੇਰ ਅਤੇ ਮਲਕੀਤ ਸਿੰਘ ਆਦਿ ਹਾਜ਼ਰ ਸਨ ।



2-Sep-PAGE-12.qxd 9/1/2025 10:51 PM Page 1



**ਜਨਮ ਦਿਨ ਮੁਬਾਰਕ**



ਜਸਲੀਨ ਕੌਰ ਮਾਹੀ
ਜਗਪਾਲਪੁਰ, ਫਗਵਾੜਾ

## ਅਜੇ ਵਰਮਾ ਟ੍ਰੇਡ ਵਿੰਗ ਦੇ ਹਲਕਾ ਕੋਆਰਡੀਨੇਟਰ ਨਿਯੁਕਤ

**ਕਾਲਾ ਸੰਘਿਆਂ (ਮਨਜੀਤ ਮਾਨ)**-ਆਮ ਆਦਮੀ ਪਾਰਟੀ ਹਾਈ ਕਮਾਨ ਨੇ ਹਲਕਾ ਨਕੋਦਰ ਤੋਂ ਅਜੇ ਵਰਮਾ ਨੂੰ ਟ੍ਰੇਡ ਵਿੰਗ ਦਾ ਹਲਕਾ ਕੋਡੀਨੇਟਰ ਲਗਾ ਕੇ ਉਸ ਦਾ ਮਾਣ ਸਨਮਾਨ ਕੀਤਾ ਹੈ। ਅਜੇ ਵਰਮਾ ਨੇ ਪਾਰਟੀ ਵਾਸਤੇ



ਬਹੁਤ ਜਿਆਦਾ ਮਿਹਨਤ ਕੀਤੀ ਹੋਈ ਹੈ। ਪਾਰਟੀ ਹਾਈ ਕਮਾਂਡ ਨੇ ਉਸ ਦੀ ਮਿਹਨਤ ਨੂੰ ਮੁਖ ਰੱਖਦੇ ਹੋਏ ਇਹ ਅਹੁਦਾ ਦੇ ਕੇ ਮਾਣ ਸਨਮਾਨ ਕੀਤਾ ਹੈ । ਇਸ ਮੌਕੇ ਤੇ ਅਜੇ ਵਰਮਾ ਨੇ ਪਾਰਟੀ ਹਾਈ ਕਮਾਂਡ ਅਤੇ ਹਲਕਾ ਨਕੋਦਰ ਐਮ ਐਲ ਏ ਇੰਦਰਜੀਤ ਕੌਰ ਮਾਨ ਦਾ ਧੰਨਵਾਦ ਕੀਤਾ।

## ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਇੱਕ ਵਿਅਕਤੀ ਦੀ ਮੌਤ

ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)-ਬੀਤੀ ਰਾਤ ਕਰੀਬ 9:40 ਖੱਖਾਂ ਰੇਲਵੇ



ਫਾਟਕ ਤੇ ਟਰੇਨ ਦੀ ਚਪੇਟ ਵਿੱਚ ਆਉਣ ਨਾਲ ਇੱਕ ਵਿਅਕਤੀ ਦੀ ਮੌਤ ਹੋਣ ਦੀ ਜਾਣਕਾਰੀ ਹਾਸਲ ਹੋਈ ਹੈ। ਮ੍ਰਿਤਕ ਦੀ ਪਛਾਣ ਸਰਵਜੀਤ ਸਿੰਘ ਉਰਫ (ਜੱਗਾ )ਪੁੱਤਰ ਸਰਵਣ ਸਿੰਘ,ਵਾਸੀ ਪਿੰਡ ਮੋਹਕਮਗੜ, ਡਾਕਖਾਨਾ ਸੈਦੂਪੁਰ, ਜ਼ਿਲ੍ਹਾ ਹੁਸ਼ਿਆਰਪੁਰ ਵਜੋਂ ਹੋਈ ਹੈ। ਰੇਲਵੇ ਪੁਲਿਸ ਟਾਂਡਾ ਵੱਲੋਂ 174 ਦੀ ਕਾਰਵਾਈ ਅਧੀਨ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਡਿਪਟੀ ਕਮਿਸ਼ਨਰ ਵੱਲੋਂ ਤੜਕਸਾਰ ਸ਼ਹਿਰ ਦਾ ਜਾਇਜ਼ਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**
ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਤੜਕਸਾਰ ਸ਼ਹਿਰ ਦਾ ਦੌਰਾ ਕਰਕੇ ਬਾਰਿਸ਼ ਦੇ ਪਾਣੀ ਦੀ ਨਿਕਾਸੀ ਦਾ ਜਾਇਜ਼ਾ ਲਿਆ।ਡਾ. ਅਗਰਵਾਲ ਨੇ ਸਫਾਈ ਅਤੇ ਸੈਨੇਟਰੀ ਵਰਕਰਜ਼ ਨੂੰ ਮਿਲਕੇ ਜਿੱਥੇ ਉਨ੍ਹਾਂ ਦਾ ਹੌਸਲਾ ਵਧਾਇਆ, ਉੱਥੇ ਪੂਰੀ ਲਗਨ ਤੇ ਮਿਹਨਤ ਨਾਲ ਕੰਮ ਕਰਨ ਦੀ ਪ੍ਰੇਰਨਾ ਵੀ ਦਿੱਤੀ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਲਗਾਤਾਰ ਬਾਰਿਸ਼ ਹੋਣ ਨਾਲ ਸ਼ਹਿਰ ਦੀਆਂ ਕੁਝ ਥਾਵਾਂ ਉਤੇ ਪਾਣੀ ਇਕੱਠਾ ਹੋ ਗਿਆ ਹੈ, ਜਿਸ ਦੀ ਨਿਕਾਸੀ ਜਲਦੀ



ਯਕੀਨੀ ਬਣਾ ਲਈ ਜਾਵੇਗੀ।ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਨਾਲ ਘਬਰਾਉਣ ਦੀ ਲੋੜ ਨਹੀਂ ਹੈ ਅਤੇ ਥੋੜ੍ਹੇ ਹੀ ਸਮੇਂ ਵਿੱਚ ਸਥਿਤੀ ਆਮ ਵਾਂਗ ਕਰ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਕੋਈ ਸਮੱਸਿਆ ਹੈ ਜਾਂ ਕੋਈ ਐਮਰਜੈਂਸੀ ਹੈ ਤਾਂ ਕੰਟਰੋਲ ਰੂਮ ਦੇ ਹੈਲਪ ਲਾਈਨ ਨੰਬਰ 0181-2240064 ਉਤੇ ਫੋਨ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਐਤਵਾਰ ਨੂੰ ਲੋਕਾਂ ਨੂੰ ਅਪੀਲ ਕੀਤੀ ਕਿ ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਹੜ੍ਹਾਂ ਦੀਆਂ ਝੂਠੀਆਂ ਰਿਪੋਰਟਾਂ ਤੋਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਅਜਿਹੀ ਕੋਈ ਘਟਨਾ ਸਾਹਮਣੇ ਨਹੀਂ ਆਈ। ਜਲੰਧਰ ਛਾਉਣੀ ਖੇਤਰ ਵਿੱਚ ਹੜ੍ਹਾਂ ਸਬੰਧੀ ਅਫ਼ਵਾਹਾਂ ਬਾਰੇ ਦੱਸਦਿਆਂ ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ।

## ਭਾਰੀ ਬਰਸਾਤ ਹੋਣ ਕਾਰਨ ਪਿੰਡਾਂ 'ਚ ਹੜ੍ਹਾਂ ਵਰਗੇ ਬਣੇ ਹਾਲਾਤ

**ਮੱਕੀ, ਝੋਨਾ ਤੇ ਸਬਜ਼ੀਆਂ ਦੀ ਫਸਲਾਂ ਦਾ ਹੋਇਆ ਭਾਰੀ ਨੁਕਸਾਨ**

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਅਜਨੋਹਾ ਵਿਖੇ ਭਾਰੀ ਮੀਂਹ ਨਾਲ ਚਾਰੇ ਪਾਸੇ ਪਾਣੀ-ਪਾਣੀ ਹੋਇਆ ਪਿਆ ਹੈ, ਕੁੱਕੜਾਂ ਪਿੰਡ ਦੇ ਚੋਅ ਦਾ ਬੰਨ੍ਹ ਟੁੱਟਣ ਨਾਲ ਪਿੰਡ ਭਾਮ, ਠੱਕਰਵਾਲ, ਦਿਹਾਣਾ, ਡਾਂਡੀਆਂ, ਰੁਪੋਵਾਲ, ਬੱਡੋਂ, ਨਡਾਲੋਂ, ਪੰਜੌੜ, ਮਾਇਓਪੱਟੀ, ਪਾਂਛਟਾ ਪਾਣੀ ਨਾਲ ਭਰ ਗਏ ਹਨ। ਸਾਰੇ ਪਿੰਡਾਂ ਵਿੱਚ ਹੜ੍ਹ ਵਾਲੀ ਸਥਿਤੀ ਬਣੀ ਹੋਈ ਹੈ। ਭਾਰੀ ਬਰਸਾਤ ਹੁਣ ਕਾਰਨ ਪਿੰਡਾਂ ਵਿੱਚ ਹੜ੍ਹ ਵਰਗੇ ਹਾਲਾਤ ਬਣੇ ਹੋਏ ਹਨ। ਭਾਰੀ ਬਰਸਾਤ ਹੋਣ ਕਰਕੇ ਮੱਕੀ, ਝੋਨਾ ਅਤੇ ਸਬਜ਼ੀਆਂ ਦੀ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ।



## ਜਲਾਲਪੁਰ ਨੇ ਵਲੰਟੀਅਰ ਸਾਥੀਆਂ ਨਾਲ ਦਰਿਆਵਾਂ ਦੇ ਬੰਨ੍ਹਾਂ ਦਾ ਕੀਤਾ ਦੌਰਾ

**ਬਲਾਚੌਰ (ਜਸਵਿੰਦਰ ਬੈਂਸ)**
ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਲ ਸਰੋਤਾਂ ਦੇ ਮਾਨਸੂਨ ਤੋਂ ਅਗਾਊਂ ਪ੍ਰਬੰਧਾਂ ਲਈ ਵਚਨਬੱਧ ਹੈ।ਇਸ ਵਕਤ ਹੜ੍ਹਾਂ ਵਰਗੀ ਸਥਿਤੀ ਪੈਦਾ ਨਾ ਹੋਵੇ ਉਸ ਸੰਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਸਤਨਾਮ ਜਲਾਲਪੁਰ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਨਵਾਂ ਸ਼ਹਿਰ ਨੇ ਕਿਹਾ ਕਿ ਉਹ ਪ੍ਰਸ਼ਾਸਨ ਨਾਲ ਲਗਾਤਾਰ ਰਾਬਤਾ ਬਣਾਏ ਹੋਏ ਹਨ ਤਾਂ ਕਿ ਕੋਈ ਵੀ ਅਣਸੁਖਾਵੀਂ ਘਟਨਾ 'ਤੇ ਤੁਰੰਤ ਕਾਬੂ ਪਾਇਆ ਜਾ ਸਕੇ।ਇਸ ਮੌਕੇ ਉਹਨਾਂ ਆਪਣੇ ਵਲੰਟੀਅਰ ਸਾਥੀਆਂ ਸਮੇਤ ਪਿੰਡ ਛੂੰਗਰੀ ਬੇਟ ਅਤੇ ਪਿੰਡ ਹੈਡੋਂਬੇਟ ਦੇ ਦਰਿਆ ਦੇ ਬੰਨ੍ਹ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਤੇ ਸਤਨਾਮ ਜਲਾਲਪੁਰ ਨੇ ਦੱਸਿਆ ਕੀ ਉਹਨਾਂ ਦੀ ਸਰਕਾਰ ਵੱਲੋਂ ਸਤਲੁਜ ਦਰਿਆ ਦੇ ਕੰਢਿਆਂ ਤੇ ਮਜ਼ਬੂਤੀ ਨਾਲ ਬੰਨ੍ਹ ਬਣਵਾਏ ਗਏ ਹਨ ਅਤੇ ਡੰਗਿਆ (ਠੋਕਰਾਂ) ਨੂੰ ਵੀ ਮੁਰੰਮਤ ਕਰਕੇ ਮਜ਼ਬੂਤ ਬਣਾਇਆ ਗਿਆ ਹੈ।ਪ੍ਰਸ਼ਾਸਨ ਪੂਰੀ ਮੁਸਤੈਦੀ ਨਾਲ ਕੰਮ ਕਰ ਰਿਹਾ ਹੈ। ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਆਮ ਆਦਮੀ ਪਾਰਟੀ ਦੀ ਹਲਕਾ ਬਲਾਚੌਰ ਦੀ ਟੀਮ ਦਿਨ ਰਾਤ ਲੋਕਾਂ ਦੀ ਹਿਫਾਜ਼ਤ ਲਈ ਲੋਕ ਸੇਵਾ ਲਈ ਸਮਰਪਿਤ ਹੈ।ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ। ਚੰਦਰ ਮੋਹਣ ਜੇਡੀ ਜ਼ਿਲ੍ਹਾ ਮੀਡੀਆ ਇੰਚਾਰਜ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ



ਅਤੇ ਚੁੱਕਵੇਂ ਇੰਤਜਾਮ ਰੱਖੇ ਗਏ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਹਾਲਤ ਨਾਲ ਨਜਿੱਠਿਆ ਜਾ ਸਕੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਤੇ ਚੇਅਰਮੈਨ ਮਾਰਕੀਟ ਕਮੇਟੀ ਬਲਾਚੌਰ ਸੇਠੀ ਉਧਨਵਾਲ ,ਬਲਦੇਵ ਰਾਜ, ਦਵਿੰਦਰ ਸੈਣੀ, ਦਾਰਾ ਸਿੰਘ ਸਰਪੰਚ,ਗਿਆਨ ਸਿੰਘ ਸਾਬਕਾ ਸਰਪੰਚ, ਸੇਠੀ, ਜੌਹਰ, ਜੱਸੀ, ਗੁਰਬਚਨ ਸਿੰਘ, ਮੱਖਣ ਸਿੰਘ ,ਬਾਬੂ ਰਾਮ,ਬਲਕਾਰ ਸਿੰਘ,ਅਮਰਜੀਤ ਸਿੰਘ,ਜਗਦੀਸ਼ ਕੁਮਾਰ, ਤਰਸੇਮ ਸਿੰਘ ਸਰਪੰਚ ਠਠਿਆਲਾ ਬੇਟ, ਝਲਮਣ ਸਿੰਘ ਸਰਪੰਚ ਮਹਿਮੂਦਪੁਰ ਮੌਜੂਦ ਸਨ।

## ਸਤਲੁਜ ਦਰਿਆ 'ਚ ਪਾਣੀ ਦਾ ਪੱਧਰ ਵਧਿਆ, ਸਥਿਤੀ ਤਣਾਅਪੂਰਨ



**ਫਿਲੌਰ, (ਨਿਰਮਲ)**- ਪਿਛਲੇ ਕਈ ਦਿਨ ਤੋਂ ਹੋ ਰਹੀ ਬਰਸਾਤ ਅਤੇ ਪਿਛੋਂ ਪਹਾੜਾਂ ਤੋਂ ਦਰਿਆਵਾਂ 'ਚ ਆ ਰਹੇ ਪਾਣੀ ਨੇ ਤਬਾਹੀ ਮਚਾ ਰੱਖੀ ਹੈ ਅਤੇ ਪੰਜਾਬ ਦੇ ਲੋਕਾਂ ਦੇ ਸਾਹ ਸੂਤ ਰੱਖੇ ਹਨ। ਦਰਿਆਵਾਂ ਨਾਲ ਲੱਗਦੇ ਇਲਾਕਿਆਂ ਦੇ ਲੋਕਾਂ 'ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਸਿਆਸੀ ਅਤੇ ਸਮਾਜਿਕ ਸੰਸਥਾਵਾਂ ਪੀੜਤਾਂ ਦਾ ਹਾਲ ਜਾਨਣ ਲਈ ਨਾਜ਼ੁਕ ਥਾਵਾਂ ਦੇ ਦੌਰੇ ਕਰ ਰਹੇ ਹਨ। ਸਥਾਨਕ ਪ੍ਰਸ਼ਾਸਨਿਕ ਅਧਿਕਾਰੀ ਫਿਲੌਰ ਦੇ ਇਲਾਕੇ 'ਚ ਨਿਰੰਤਰ ਸਤਲੁਜ ਦਰਿਆ 'ਤੇ ਪੈਨੀ ਨਜ਼ਰ ਰੱਖੇ ਹੋਏ ਹਨ। ਸੰਪਰਕ ਕਰਨ 'ਤੇ ਐਸ.ਡੀ.ਓ. ਡਰੇਨੇਜ ਜਿਨੇਸ਼ ਗੁਪਤਾ ਨੇ ਦੱਸਿਆ ਕਿ ਇਸ ਵੇਲੇ ਸਤਲੁਜ ਦਰਿਆ ਵਿਚ 55 ਹਜ਼ਾਰ ਕਿਊਸਿਕ ਦੇ ਕਰੀਬ ਪਾਣੀ ਚੱਲ ਰਿਹਾ ਹੈ, ਉਨ੍ਹਾਂ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰਭਾਖੜਾ ਤੋਂ ਛੱਡੇ ਪਾਣੀ ਕਾਰਨ ਰੋਪੜ 'ਚ 1.14 ਲੱਖ ਕਿਊਸਿਕ ਦੇ ਕਰੀਬ ਪਾਣੀ ਹੋ ਗਿਆ ਹੈ ਅਤੇ ਪਹਾੜਾਂ ਤੇ ਪੰਜਾਬ ਵਿਚ ਹੋ ਰਹੀ ਲਗਾਤਾਰ ਭਾਰੀ ਬਰਸਾਤ ਕਾਰਨ ਰਾਤ ਤੱਕ ਫਿਲੌਰ ਪਹੁੰਚਦੇ ਇਸ ਪਾਣੀ ਦਾ ਪੱਧਰ 1.25 ਲੱਖ ਕਿਊਸਿਕ ਤੱਕ ਵਧ ਸਕਦਾ ਹੈ। ਉਨ੍ਹਾਂ ਕਿਹਾ ਕਿ ਲਗਾਤਾਰ ਹੋ ਰਹੀ ਭਾਰੀ ਬਰਸਾਤ ਤੇ ਪਿਛੋਂ ਪਹਾੜਾਂ ਤੋਂ ਆ ਰਹੇ ਪਾਣੀ ਕਾਰਨ ਸਥਿਤੀ ਬੇਸ਼ੱਕ ਤਣਾਅਪੂਰਨ ਬਣੀ ਹੋਈ ਹੈ, ਪਰ ਫਿਲਹਾਲ ਫਿਲੌਰ ਦੇ ਇਲਾਕੇ ਵਿਚ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ।

## ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀ ਰਹੇਗੀ : ਹਰਜੋਤ ਬੈਂਸ

**ਸ੍ਰੀ ਅਨੰਦਪੁਰ ਸਾਹਿਬ , (ਅਰਵਿੰਦਰ ਸਿੰਘ ਬਿੰਦੀ)**
ਆਪਣੇ ਵਿਧਾਨ ਸਭਾ ਹਲਕੇ ਵਿੱਚ ਹੜ੍ਹਾਂ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਖ਼ੁਦ ਮੋਰਚਾ ਸੰਭਾਲ ਲਿਆ ਹੈ। ਉਨ੍ਹਾਂ ਵੱਲੋਂ ਨਹਿਰਾਂ, ਦਰਿਆਵਾ ਦੇ ਕਿਨਾਰਿਆਂ ਦੇ ਬੰਨਾਂ ਵਿਚ ਆਈਆਂ ਦਰਾਰਾ ਤੇ ਕਟਾਣ ਭਰਨ ਦਾ ਕੰਮ ਪ੍ਰਸ਼ਾਸ਼ਨ ਆਪ ਵਲੰਟੀਅਰਾਂ, ਸਥਾਨਕ ਵਾਸੀਆਂ ਤੇ ਕਾਰ ਸੇਵਾ ਵਾਲਿਆਂ ਦੇ ਸਹਿਯੋਗ ਨਾਲ ਜੋਰਾਂ ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ। ਸ.ਬੈਂਸ ਵੱਲੋਂ ਖ਼ੁੱਦ ਕਮਾਂਡ ਸੰਭਾਲੀ ਹੋਈ ਹੈ ਅਤੇ ਉਹ ਖ਼ੁੱਦ ਇਨ੍ਹਾਂ ਰਾਹਤ ਤੇ ਬਚਾਅ ਕਾਰਜਾਂ ਵਿੱਚ ਲੱਗੇ ਨਜ਼ਰ ਆ ਰਹੇ ਹਨ।ਤੜਕੇ ਝਿੰਜੜੀ/ ਮੀਢਵਾ ਵਿਖੇ ਨੰਗਲ ਹਾਈਡਲ ਚੈਨਲ ਨਹਿਰ ਵਿੱਚ ਆਈ ਦਰਾੜ ਦੀ ਸੂਚਨਾ ਮਿਲਦੇ ਹੀ, ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਆਪਣੇ ਸਾਥੀਆਂ ਸਮੇਤ ਮੌਕੇ ਤੇ ਪਹੁੰਚੇ। ਪ੍ਰਸ਼ਾਸ਼ਨ ਅਤੇ ਪੁਲਸ ਅਧਿਕਾਰੀ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ, ਐਸ.ਡੀ.ਐਮ ਜਸਪ੍ਰੀਤ ਸਿੰਘ, ਡੀ.ਐਸ.ਪੀ ਅਜੇ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੁਰੰਤ ਮੌਕੇ ਤੇ ਪਹੁੰਚੇ। ਸੋਸ਼ਲ ਮੀਡੀਆ ਤੇ ਇਹ ਜਾਣਕਾਰੀ ਲੋਕਾਂ ਤੱਕ ਤੇਜ਼ੀ ਨਾਲ ਪਹੁੰਚੀ ਅਤੇ ਆਪ ਵਲੰਟੀਅਰ, ਇਲਾਕਾ ਵਾਸੀ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਆਪਣੇ ਸੇਵਾਦਾਰਾਂ ਸਮੇਤ ਇਸ ਸਥਾਨ ਤੇ ਪਹੁੰਚੇ ਅਤੇ ਜੇ.ਸੀ.ਵੀ ਮਸ਼ੀਨਾਂ, ਟਰੈਕਟਰ, ਟਰਾਲੀਆਂ ਦੇ ਨਾਲ ਪਏ ਪਾੜ ਨੂੰ ਪੂਰਨਾ ਸ਼ੁਰੂ ਕਰ ਦਿੱਤਾ, ਜਿਸ ਵਿਚ ਸ.ਹਰਜੋਤ ਸਿੰਘ ਬੈਂਸ ਟਰੈਕਟਰ, ਟਰਾਲੀਆਂ ਤੋਂ ਲਿਆਦੀ ਜਾ ਰਹੀ ਮਿੱਟੀ, ਤਰਪਾਲਾ ਅਤੇ ਬੋਰੇ ਭਰ ਕੇ ਇਸ ਕਟਾਨ ਨੂੰ ਬੰਦ ਕਰਨ ਵਿੱਚ ਲੱਗੇ ਨਜ਼ਰ ਆਏ। ਸ.ਬੈਂਸ ਦਾ ਜੋਸ਼ ਅਤੇ ਉਨ੍ਹਾਂ ਦੀ ਸੇਵਾ ਦੀ ਭਾਵਨਾ ਦੇਖ ਕੇ ਸੈਂਕੜੇ ਲੋਕ ਇਕੱਠੇ ਹੋ ਗਏ, ਜਿਸ ਨਾਲ ਲੋੜੀਂਦਾ ਸਮਾਨ ਵੀ ਲਿਆਦਾ ਗਿਆ। ਤਰਪਾਲਾ ਅਤੇ ਬੋਰੀਆਂ ਨਾਲ ਕੰਮ ਸ਼ੁਰੂ ਕਰਵਾਇਆ ਅਤੇ ਘੰਟਿਆ ਬੱਧੀ ਸ.ਹਰਜੋਤ ਸਿੰਘ ਬੈਂਸ ਇਸ ਸਥਾਨ ਤੇ ਮੋਜੂਦ ਨਜ਼ਰ ਆਏ। ਉਨ੍ਹਾਂ ਵੱਲੋਂ ਆਪਣੇ ਹਲਕੇ ਦੇ ਵੱਖ ਵੱਖ



ਖੇਤਰਾਂ ਜਿਲ੍ਹਾ ਰੂਪਨਗਰ ਅਤੇ ਪੰਜਾਬ ਦੇ ਖੇਤਰਾਂ ਵਿੱਚ ਅੱਜ ਹੋਈ ਮੁਸਲਾਧਾਰ ਬਾਰਿਸ਼ ਨਾਲ ਹੋਏ ਪ੍ਰਭਾਵਿਤ ਇਲਾਕਿਆਂ ਦੀ ਪਲ ਪਲ ਦੀ ਜਾਣਕਾਰੀ ਲਈ ਜਾ ਰਹੀ ਸੀ।ਇਸ ਮੌਕੇ ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਕਿਹਾ ਕਿ ਅਸੀ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਹੈ ਕਿ ਉਹ ਸਾਡੇ ਤੇ ਮਿਹਰ ਕਰਨ ਅਗਲੇ ਦੋ ਦਿਨ ਬਹੁਤ ਹੀ ਭਾਰੀ ਬਰਸਾਤ ਵਾਲੇ ਹਨ, ਭਾਖੜਾ ਡੈਮ ਦਾ ਪੱਧਰ ਵੀ ਤੇਜ਼ੀ ਨਾਲ ਵੱਧ ਰਿਹਾ ਹੈ। ਡੈਮ ਅਤੇ ਪਹਾੜੀ ਖੇਤਰਾਂ ਵਿਚ ਤੋ ਬਾਰਿਸ਼ ਦਾ ਪਾਣੀ ਵਧਣ ਨਾਲ ਸਾਡਾ ਇਲਾਕਾ ਖਤਰੇ ਦੇ ਜੋਨ ਵਿੱਚ ਹੈ, ਭਾਵੇ ਹਾਲੇ ਤੱਕ ਕੋਈ ਜਾਨੀ ਮਾਲੀ ਤੇ ਪਸ਼ੂ ਧੰਨ ਦਾ ਨੁਕਸਾਨ ਨਹੀ ਹੋਇਆ ਹੈ, ਪ੍ਰੰਤੂ ਹੁਣ ਹਾਲਾਤ ਅਜਿਹੇ ਹਨ ਕਿ ਜੇਕਰ ਅਗਲੇ ਦੋ ਤਿੰਨ ਦਿਨ ਭਾਰੀ ਬਰਸਾਤ ਪੈਂਦੀ ਹੈ ਜਾਂ ਡੈਮ ਤੋ ਵਾਧੂ ਮਾਤਰਾ ਵਿਚ ਪਾਣੀ ਛੱਡਿਆ ਜਾਦਾ ਹੈ ਤਾਂ ਇਸ ਇਲਾਕੇ ਦਾ ਨੁਕਸਾਨ ਹੋਣ ਦਾ ਅੰਦੇਸ਼ਾ ਹੈ, ਇਸ ਲਈ ਪ੍ਰਸ਼ਾਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਲੋਕ ਅਫਵਾਹਾ ਤੇ ਭਰੋਸਾ ਨਾ ਕਰਨ ,ਕਿਸੇ ਵੀ ਤਰਾਂ ਦੀ ਜਰੂਰਤ ਰਸਦ, ਡਾਕਟਰੀ ਸਹਾਇਤਾ ਜਾਂ ਕੋਈ ਹੋਰ ਸਮੱਗਰੀ ਭਾਵੇ ਪਸ਼ੂ ਚਾਰਾਂ ਜਾ ਕੋਈ ਨਿੱਜੀ ਜਰੂਰਤ ਹੋਵੇ ਅਸੀ ਆਪਣਾ ਹੈਲਪ ਲਾਈਨ ਨੰਬਰ 87279-62441 ਜਾਰੀ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਮੈਂ ਖ਼ੁੱਦ ਇਸ ਇਲਾਕੇ ਵਿੱਚ ਮੋਜੂਦ ਹਾਂ ਅਤੇ ਲਗਾਤਾਰ ਹਰ ਖੇਤਰ ਦੀ ਨਿਗਰਾਨੀ ਕਰ ਰਿਹਾਂ ਹਾਂ, ਪ੍ਰਸ਼ਾਸ਼ਨ ਵੀ ਪੂਰੀ ਤਰਾਂ ਚੋਕਸ ਹੈ, ਸਾਰੇ ਅਧਿਕਾਰੀ/ਕਰਮਚਾਰੀ ਡਿਊਟੀਆ ਤੇ ਮੋਜੂਦ ਹਨ, ਸਾਡੇ ਪਾਰਟੀ ਵਲੰਟੀਅਰ, ਆਗੂ, ਸਮਾਜ ਸੇਵੀ ਸੰਗਠਨ, ਪੰਚ, ਸਰਪੰਚ, ਸਥਾਨਕ ਲੋਕ ਅਤੇ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਜੀ ਸੇਵਾ ਦੀ ਭਾਵਨਾ ਨਾਲ ਕੰਮ ਕਰ ਰਹੇ ਹਨ, ਕੁਦਰਤੀ ਆਫਦਾ ਦੀ ਸਥਿਤੀ ਹੈ ਲੋਕ ਸਹਿਯੋਗ ਦੇਣ।ਇਸ ਮੌਕੇ ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਕਮਿੱਕਰ ਸਿੰਘ ਹਲਕਾ ਕੋਆਰਡੀਨੇਟਰ, ਜਸਪ੍ਰੀਤ ਜੇ.ਪੀ, ਬਲਵਿੰਦਰ ਸਿੰਘ ਸਰਪੰਚ, ਜਰਮਨ, ਗੁਰਨਾਮ, ਜਰਨੈਲ ਸਿੰਘ ਸਰਪੰਚ, ਦਲੀਪ ਹੰਸ ਮੈਂਬਰ ਦਲਿਤ ਵਿਕਾਸ ਬੋਰਡ, ਰਾਕੇਸ਼ ਕੁਮਾਰ, ਕਾਕੂ ਢੇਰ, ਦਲਜੀਤ ਸਿੰਘ, ਅਮਨਦੀਪ ਸਿੰਘ, ਲਵਦੀਪ ਸਿੰਘ, ਨਰਿੰਦਰ ਸਿੰਘ, ਰਾਮਪਾਲ ਕਾਹੀਵਾਲ ਤੇ ਪਿੰਡ ਵਾਸੀ ਹਾਜ਼ਰ ਸਨ।

## ਘਬਰਾਉਣ ਦੀ ਕੋਈ ਲੋੜ ਨਹੀਂ, ਸਥਿਤੀ ਕਾਬੂ ਹੇਠ : ਕੋਮਲ ਮਿੱਤਲ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**
ਸੁਖਨਾ ਹੈਡਵਰਕਸ ਵੱਲੋਂ ਸੁਖਨਾ ਚੋਅ ਵਿੱਚ ਵਾਧੂ ਪਾਣੀ ਛੱਡਣ ਦੇ ਮੱਦੇਨਜ਼ਰ ਜ਼ਿਲ੍ਹਾ ਐਸ ਏ ਐਸ ਨਗਰ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜ਼ੀਰਕਪੁਰ ਦੇ ਸੁਖਨਾ ਚੋਅ ਦੇ ਬਲਟਾਣਾ ਪੁਲ ਦਾ ਦੌਰਾ ਕਰਕੇ ਪ੍ਰਬੰਧਾਂ ਦੀ ਸਮੀਖਿਆ ਕੀਤੀ।ਉਨ੍ਹਾਂ ਕਿਹਾ ਕਿ ਸਾਵਧਾਨੀ ਦੇ ਤੌਰ 'ਤੇ ਸੁਖਨਾ ਚੋਅ 'ਤੇ ਬਲਟਾਣਾ ਪੁਲ ਅਤੇ ਘੱਗਰ ਦਰਿਆ ਦੇ ਮੁਬਾਰਕਪੁਰ ਕਾਜ਼ਵੇਅ 'ਤੇ ਆਵਾਜਾਈ ਰੋਕ ਦਿੱਤੀ ਗਈ ਹੈ, ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ।ਡੀ ਸੀ ਮਿੱਤਲ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਨਮੋਲ ਸਿੰਘ ਧਾਲੀਵਾਲ ਨੂੰ ਜ਼ੀਰਕਪੁਰ ਅਤੇ ਡੇਰਾਬੱਸੀ ਸਮੇਤ ਸ਼ਹਿਰੀ ਇਲਾਕਿਆਂ ਵਿੱਚੋਂ ਲੰਘਦੇ ਨਦੀਆਂ/ਨਾਲਿਆਂ 'ਚ ਪਾਣੀ ਦੇ ਪ੍ਰਵਾਹ ਦੀ ਨਿਗਰਾਨੀ ਅਤੇ ਆਰਜ਼ੀ ਤੌਰ ਤੇ ਆਵਾਜਾਈ ਰੋਕਣ ਲਈ ਤਾਇਨਾਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਭਾਵੇਂ ਪਾਣੀ ਦੇ ਪੱਧਰ ਵਿੱਚ ਵਾਧਾ ਹੋਇਆ ਹੈ, ਪਰ ਇਸ ਵੇਲੇ ਨਿਵਾਸੀਆਂ ਲਈ ਕੋਈ ਤੁਰੰਤ ਖ਼ਤਰਾ ਨਹੀਂ ਹੈ। ਜ਼ਿਲ੍ਹਾ ਪ੍ਰਸ਼ਾਸਨ ਪੂਰੀ ਚੌਕਸੀ ਨਾਲ ਨਿਗਰਾਨੀ ਕਰ ਰਿਹਾ ਹੈ ਅਤੇ ਸਾਰੀ ਲਾਜ਼ਮੀ ਮਸੀਨਰੀ ਅਤੇ ਮਨੁੱਖੀ ਸ਼ਕਤੀ ਨੂੰ ਹਰੇਕ ਹਾਲਾਤ ਦਾ ਮੁਕਾਬਲਾ ਕਰਨ ਲਈ ਤਿਆਰ ਰੱਖਿਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਸੁਖਨਾ ਚੋਅ ਅਤੇ ਘੱਗਰ ਦਰਿਆ ਦੇ ਨੇੜਲੇ ਇਲਾਕਿਆਂ ਦੇ ਵਸਨੀਕ ਇਨ੍ਹਾਂ ਪਾਣੀ ਦੇ ਸਰੋਤਾਂ ਵੱਲ ਨਾ ਜਾਣ ਅਤੇ ਆਵਾਜਾਈ ਲਈ ਬਲਟਾਣਾ ਪੁਲ ਅਤੇ ਮੁਬਾਰਕਪੁਰ ਕਾਜ਼ਵੇਅ ਨੂੰ ਛੱਡ ਵੱਖ-ਵੱਖ ਬਦਲਵੇਂ ਰਸਤੇ ਵਰਤਣ।ਪ੍ਰਸ਼ਾਸਨ ਵੱਲੋਂ ਦੁਹਰਾਇਆ ਗਿਆ ਕਿ ਸਥਿਤੀ ਕਾਬੂ ਵਿੱਚ ਹੈ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਕਿ ਹੜ੍ਹ ਸੰਬੰਧੀ ਕਿਸੇ ਵੀ ਤਰਾਂ ਦੀਆਂ ਅਫ਼ਵਾਹਾਂ 'ਤੇ ਧਿਆਨ ਨਾ ਦੇਣ। ਕਿਸੇ ਵੀ ਜਾਣਕਾਰੀ ਲਈ ਹੇਠ ਲਿਖੇ ਕੰਟਰੋਲ ਰੂਮ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ: ਡੀ.ਸੀ. ਦਫ਼ਤਰ ਕੰਟਰੋਲ ਰੂਮ: 0172-2219506 ਅਤੇ ਮੋਬਾਈਲ: 76580-51209, ਸਬ-ਡਿਵੀਜ਼ਨ ਡੇਰਾਬੱਸੀ: 01762-283224।

## ਰਿਆਤ ਬਾਹਰਾ 'ਵਰਸਿਟੀ ਵਿਖੇ ਵਿਸ਼ੇਸ਼ ਆਈ ਏ ਐੱਫ ਕੈਰੀਅਰ ਗਾਈਡੈਂਸ ਸੈਸ਼ਨ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਵਿਦਿਆਰਥੀਆਂ ਲਈ ਭਾਰਤੀ ਹਵਾਈ ਸੈਨਾ ਵੱਲੋਂ ਇੱਕ ਵਿਸ਼ੇਸ਼ ਜਾਣਕਾਰੀ ਸੈਸ਼ਨ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਡਾਇਰੈਕਟੋਰੇਟ ਆਫ ਇੰਡਕਸ਼ਨ ਐਂਡ ਸਿਲੈਕਸ਼ਨ ਇਨ ਹੋਲਿਸਟਿਕ ਅਪਰੋਚ ਵੱਲੋਂ ਕਰਵਾਇਆ ਗਿਆ ਸੀ, ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਭਰਤੀ ਪ੍ਰਕਿਰਿਆ, ਕੈਰੀਅਰ ਮੌਕੇ ਤੇ ਅਧਿਕਾਰੀ ਬਣਨ ਲਈ ਮਾਰਗਦਰਸ਼ਨ ਪ੍ਰਦਾਨ ਕਰਨਾ ਸੀ।ਸੈਸ਼ਨ ਦੀ ਸ਼ੁਰੂਆਤ ਗਰੁੱਪ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕੀਤੀ। ਇਸ ਮੌਕੇ ਵਿੰਗ ਕਮਾਂਡਰ ਅੰਸ਼ੁਮਨ ਸਮਾਜਪਤੀ ਨੇ ਅਧਿਕਾਰੀਆਂ ਦੀ ਭੂਮਿਕਾ, ਸਿਖਲਾਈ ਪ੍ਰਕਿਰਿਆ ਅਤੇ ਕਰੀਅਰ ਵਿਕਾਸ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਸਕੁਐਡਰਨ ਲੀਡਰ ਚੱਕਰਵਰਤੀ ਲੱਖਾਵਤ ਨੇ ਹਵਾਈ ਸੈਨਾ ਦੇ ਵੱਖ-ਵੱਖ ਵਿਭਾਗਾਂ ਦੀ ਬਣਤਰ ਅਤੇ ਕੰਮਕਾਜ ਉੱਤੇ ਚਾਨਣਾ ਪਾਇਆ।ਫਲਾਈਟ ਲੈਫਟੀਨੈਂਟ ਨਿਖਿਲ ਪਾਥਰ ਨੇ ਤਕਨੀਕੀ ਅਤੇ ਪ੍ਰਸ਼ਾਸਕੀ ਖੇਤਰਾਂ ਵਿੱਚ ਉਪਲਬਧ ਕੈਰੀਅਰ ਮੌਕਿਆਂ ਬਾਰੇ ਗੱਲ ਕੀਤੀ, ਹਵਾਈ ਸੈਨਾ ਵਿੱਚ ਸ਼ਾਮਲ ਹੋਣ ਲਈ ਸਰੀਰਕ ਅਤੇ ਮਾਨਸਿਕ ਤਿਆਰੀ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਵਿਦਿਆਰਥੀਆਂ ਨੂੰ ਭਰਤੀ ਪ੍ਰਕਿਰਿਆ, ਚੋਣ ਮਾਪਦੰਡ, ਲਿਖਤੀ ਪ੍ਰੀਖਿਆ, ਇੰਟਰਵਿਊ ਅਤੇ ਮੈਡੀਕਲ ਟੈਸਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਮੌਕੇ ਹਵਾਈ ਸੈਨਾ ਵੱਲੋਂ ਬੱਸ ਪ੍ਰਦਰਸ਼ਨੀ ਵੀ ਲਗਾਈ ਗਈ ਜਿਸ ਵਿੱਚ ਵਿਦਿਆਰਥੀਆਂ ਨੂੰ ਹਵਾਈ ਜਹਾਜ਼ਾਂ ਅਤੇ ਉਨ੍ਹਾਂ ਦੇ ਤਕਨੀਕੀ ਪੱਖਾਂ ਬਾਰੇ ਜਾਣਕਾਰੀ ਦਿੱਤੀ ਗਈ।

## ਇੰਦਰਜੀਤ ਕੌਰ ਮਾਨ ਨੇ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦਾ ਜਾਇਜ਼ਾ ਲਿਆ

**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ)**
ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਹਰ ਸੰਭਵ ਯਤਨ ਕਰ ਰਹੀ ਹੈ। ਲੋਕਾਂ ਲਈ ਜ਼ਰੂਰੀ ਵਰਤੋਂ ਦੀਆਂ ਚੀਜ਼ਾਂ ਜਿਵੇਂ ਕਿ ਰਾਸ਼ਨ, ਪਸ਼ੂਆਂ ਦੀ ਫੀਡ, ਚਾਰਾ, ਦਵਾਈਆਂ ਆਦਿ ਲਗਾਤਾਰ



ਪ੍ਰਭਾਵਿਤ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਮੁਹੱਈਆ ਕਰਵਾ ਰਹੀ ਹੈ।ਇਹ ਪ੍ਰਗਟਾਵਾ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੇ ਪਿੰਡ ਸੰਗੋਵਾਲ, ਬੁਰਜ ਹਸਨ, ਸੁਧਾਰਾ ਵਿਖੇ ਸਤਲੁਜ ਦਰਿਆ ਦੇ ਧੁੱਸੀ ਬੰਨ ਦਾ ਦੌਰਾ ਕਰਦੇ ਆ ਕੀਤਾ।ਉਨ੍ਹਾਂ ਕਿਹਾ ਕਿ ਜਿਹੜੇ ਵੀ ਲੋਕ ਨੀਵੇਂ ਪਾਸੇ ਰਹਿ ਰਹੇ ਹਨ ਉਨ੍ਹਾਂ ਨੂੰ ਉੱਚੀ ਜਗਾ ਵਸਾਇਆ ਜਾਵੇਗਾ।ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਇੰਦਰਜੀਤ ਕੌਰ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਜਿਹੜੇ ਬੰਨ੍ਹ ਨੀਵੇਂ ਸਨ ਉਨ੍ਹਾਂ ਨੂੰ ਵਿਧਾਇਕ ਵਲੋਂ ਮਿੱਟੀ ਪੁਆ ਕੇ ਉੱਚਾ ਕਰਵਾਇਆ ਗਿਆ ਸੀ, ਤਾਂ ਹੀ ਲੋਕ ਅੱਜ ਸੁਰੱਖਿਅਤ ਹਨ।ਇਸ ਮੌਕੇ ਜਸਵੀਰ ਸਿੰਘ ਧੰਜਲ ਹਲਕਾ ਸੰਗਠਨ ਇੰਚਾਰਜ ਡਾਇਰੈਕਟਰ, ਬਲਵੀਰ ਸਿੰਘ ਪੁਆਦੜਾ, ਗੁਰਨਾਮ ਸਿੰਘ ਜੱਖੂ, ਪ੍ਰਧਾਨ ਨਗਰ ਪੰਚਾਇਤ ਬਿਲਗਾ, ਸੰਦੀਪ ਸਿੰਘ ਐਮ.ਸੀ. ਬਿਲਗਾ, ਸਾਹਿਲ ਬਿਲਗਾ, ਜੋਤੀ ਖਾਨ, ਜਸਵੀਰ ਸਿੰਘ ਸੰਗੋਵਾਲ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਬਲਾਕ ਪ੍ਰਧਾਨ, ਕਰਨਬੀਰ ਸ਼ਰਮਾ ਬਲਾਕ ਪ੍ਰਧਾਨ, ਗੁਰਮੀਤ ਕੌਰ ਚੇਅਰਪਰਸਨ ਮਾਰਕੀਟ ਕਮੇਟੀ ਬਿਲਗਾ, ਰੇਸ਼ਮਾ ਸਰਪੰਚ ਬੁਰਜ ਹਸਨ, ਰਜਿੰਦਰ ਸਿੰਘ ਸੰਗੋਵਾਲ, ਸੁਖਵਿੰਦਰ ਸਿੰਘ ਸੰਗੋਵਾਲ, ਜਗਦੇਵ ਸਿੰਘ ਸੰਗੋਵਾਲ ਜਗਤਾਰ ਸਿੰਘ ਪੁਆਦੜਾ, ਰੁਪਿੰਦਰ ਸਿੰਘ ਪੁਆਦੜਾ, ਕੇਵਲ ਸਿੰਘ ਪੁਆਦੜਾ, ਬਲਕਾਰ ਸਿੰਘ ਸੰਗੋਵਾਲ, ਸਾਧੂ ਸਿੰਘ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

## ਪਿੰਦਰ ਪੰਡੋਰੀ ਤੇ ਡੀ ਐੱਸ ਪੀ ਬਰਾੜ ਵੱਲੋਂ ਸਤਲੁਜ ਦੇ ਬੰਨ੍ਹਾਂ ਦਾ ਨਿਰੀਖਣ

**ਸੁਮੈਲਪੁਰ ਤੇ ਫਤਹਿਪੁਰ ਭਗਵਾਂ ਦੇ ਪ੍ਰਭਾਵਿਤ ਲੋਕਾਂ ਨੂੰ ਰਾਸ਼ਨ, ਤਰਪਾਲਾਂ ਤੇ ਚਾਰਾ ਵੰਡਿਆ**

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**
ਸ਼ਾਹਕੋਟ ਆਪ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਸ਼ਾਹਕੋਟ ਦੇ ਡੀ.ਐੱਸ.ਪੀ. ਉਂਕਾਰ ਸਿੰਘ ਬਰਾੜ ਅਤੇ ਲੋਹੀਆਂ ਦੇ ਨਾਇਬ ਤਹਿਸੀਲਦਾਰ ਬਲਵਿੰਦਰ ਸਿੰਘ ਵੱਲੋਂ ਸਤਲੁਜ ਦਰਿਆ ਦੇ ਬੰਨ੍ਹਾਂ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਲੋਹੀਆਂ ਬਲਾਕ ਦੇ ਪਿੰਡ ਫਤਿਹਪੁਰ ਭਗਵਾਂ ਤੇ ਸੁਮੈਲਪੁਰ ਨੇੜੇ ਪੈਂਦੇ ਸਤਲੁਜ ਦਰਿਆ ਦੇ ਅੰਦਰ ਬਣੀਆਂ ਰਿਹਾਇਸ਼ਾਂ ਵਾਲੇ ਤੇ ਕੱਢੇ 'ਤੇ ਰਹਿਣ ਵਾਲੇ 25 ਪ੍ਰਭਾਵਿਤ ਲੋਕਾਂ ਨੂੰ ਰਾਸ਼ਨ, ਤਰਪਾਲਾਂ ਤੇ ਪਸ਼ੂਆਂ ਵਾਸਤੇ ਚਾਰੇ ਦੀ ਵੰਡ ਵੀ ਕੀਤੀ ਗਈ। ਡੀ ਐੱਸ ਪੀ ਉਂਕਾਰ ਸਿੰਘ ਬਰਾੜ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ ਨਿਰਦੇਸ਼ਾਂ 'ਤੇ ਲੋਕਲ ਪੁਲਿਸ ਵੱਲੋਂ ਪਬਲਿਕ ਦੇ ਸਹਿਯੋਗ ਲਈ 24 ਘੰਟੇ ਲਈ ਇਲਾਕਾ ਪੁਲਿਸ ਪਾਰਟੀਆਂ ਤਾਇਨਾਤ ਕੀਤੀਆਂ ਗਈਆਂ ਹਨ ਜੋ ਹਰ ਸਮੇਂ ਹੜ੍ਹਾਂ ਦੀ ਸਥਿਤੀ ਸਮੇਂ ਨਜ਼ਰ ਬਣਾਈ ਰੱਖਣਗੀਆਂ ਤੇ ਨਾਲ-ਨਾਲ ਹੀ ਆਪਣੇ ਨਿੱਜੀ/ਸਰਕਾਰੀ ਮੋਬਾਈਲ ਨੰਬਰ ਸਮੇਤ ਹੈਲਪਲਾਈਨ ਨੰਬਰ 112 ਆਦਿ ਪਬਲਿਕ ਨਾਲ ਸ਼ੇਅਰ ਕੀਤੇ ਗਏ ਹਨ। ਇਸ ਮੌਕੇ ਲੋਹੀਆਂ ਮਾਰਕੀਟ ਕਮੇਟੀ ਚੇਅਰਮੈਨ ਸਰਬਜੀਤ ਸਿੰਘ ਸਾਬ ਚਤਰੱਥ, ਹਲਕਾ ਸੰਗਠਨ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ, ਜਰਨੈਲ ਸਿੰਘ ਖਾਲੇਵਾਲ, ਡਾ. ਹਰਜੀਤ ਸਿੰਘ ਭੰਗੂ, ਚਰਨਜੀਤ ਸਿੰਘ ਲੋਹੀਆਂ ਖਾਸ ਆਦਿ ਹਾਜ਼ਰ ਸਨ।

## ਦਰਿਆ ਸਤਲੁਜ 'ਚ ਢਾਹ ਲੱਗਣ ਕਾਰਨ ਲੋਕਾਂ 'ਚ ਸਹਿਮ ਦਾ ਮਾਹੌਲ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰ ਸਿੰਘ ਬੋਬੀ)**
ਦਰਿਆ ਸਤਲੁਜ ਵਿੱਚ ਪਿੰਡ ਫੱਸੇ ਤੇ ਪਿੰਡ ਰਸੀਦਪੁਰ ਮੰਡ ਦੇ ਸਾਹਮਣੇ ਢਾਹ ਲੱਗੀ ਹੋਈ ਹੈ, ਜਿਸ ਨੂੰ ਪ੍ਰਸ਼ਾਸਨ ਵੱਲੋਂ ਲੇਬਰ ਲਗਾ ਕੇ ਢਾਹ ਨੂੰ ਮਿੱਟੀ ਦੇ ਥੈਲਿਆਂ ਨਾਲ ਮਜ਼ਬੂਤ ਕੀਤਾ ਜਾ ਰਿਹਾ ਤਾਂ ਜੋ ਦਰਿਆ ਦਾ ਬੰਨ੍ਹ ਨਾ ਟੁੱਟ ਸਕੇ। ਇਸ ਕਾਰਜ ਲਈ ਪ੍ਰਸ਼ਾਸਨ ਵੱਲੋਂ ਦਰਜਨਾਂ ਹੀ ਮਜ਼ਦੂਰ ਲਗਾਏ ਹੋਏ ਹਨ ਪਰ ਨੇੜਲੇ ਪਿੰਡਾਂ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ , ਜਦੋਂ ਕਿ ਸਿਰਸਾ ਨਦੀ ਵਿੱਚ ਵਾਧੂ ਪਾਣੀ ਆਉਣ ਕਾਰਨ ਦਰਿਆ ਵਿੱਚ ਹੋਰ ਪਾਣੀ ਦਾ ਪੱਧਰ ਵੱਧ ਗਿਆ ਹੈ। ਯੂਥ ਆਗੂ ਲਖਵੀਰ ਸਿੰਘ ਹਾਫਿਜ਼ਾਬਾਦ, ਗੁਰਮੀਤ ਸਿੰਘ, ਸਰਪੰਚ ਜਗਦੇਵ ਸਿੰਘ, ਸਾਬਕਾ ਸਰਪੰਚ ਲਹਿੰਬਰ ਸਿੰਘ, ਕਿਸਾਨ ਆਗੂ ਦਲਵੀਰ ਸਿੰਘ ਅਟਾਰੀ ਅਤੇ ਸਾਬਕਾ ਸਰਪੰਚ ਪਰਮਜੀਤ ਸਿੰਘ ਰੰਗਾ ਆਦਿ ਨੇ ਦੱਸਿਆ ਕਿ ਦਰਿਆ ਅਤੇ ਨਜ਼ਦੀਕ ਤੋਂ ਲੰਘਦੀਆਂ ਨਦੀਆਂ ਤੇ ਨਾਲਿਆਂ ਦੀ ਦਹਾਕਿਆਂ ਤੋਂ ਸਫਾਈ ਹੀ ਨਾ ਹੋਣ ਕਾਰਨ ਪਾਣੀ ਦੇ ਵਹਾਅ ਵਿੱਚ ਰੁਕਾਵਟ ਪੈਦਾ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਨਦੀਆਂ ਦੀ ਸਫਾਈ ਕਰਨ ਸਬੰਧੀ ਉਨ੍ਹਾਂ ਵੱਲੋਂ ਕਈ ਵਾਰ ਸਬੰਧਤ ਵਿਭਾਗ ਦੇ ਹੇਠਲੇ ਅਫਸਰ ਤੋਂ ਲੈ ਕੇ ਸਕੱਤਰ ਤੱਕ ਦਰਖਾਸਤਾਂ ਦਿੱਤੀਆਂ ਸਨ ਪਰ ਕਿਸੇ ਨੇ ਕੋਈ ਸੁਣਵਾਈ ਤੇ ਕਾਰਵਾਈ ਨਹੀ ਕੀਤੀ, ਸਿਰਫ ਇਹ ਕਹਿ ਕੇ ਪੱਲਾ ਝਾੜ ਲਿਆ ਜਾਂਦਾ ਰਿਹਾ ਕਿ ਉਕਤ ਕੰਮਾਂ ਸਬੰਧੀ ਟੈਂਡਰ ਲੱਗਾ ਦਿੱਤੇ ਗਏ ਹਨ। ਯੂਥ ਆਗੂ ਲਖਬੀਰ ਸਿੰਘ ਹਾਫਿਜ਼ਾਬਾਦ ਨੇ ਦੱਸਿਆ ਕਿ ਕੁੱਝ ਲੋਕਾਂ ਵੱਲੋਂ ਰੇਤ ਮਾਫੀਏ ਨਾਲ ਮਿਲ ਕੇ ਗਲਤ ਤਰੀਕੇ ਨਾਲ



ਮਾਈਨਿੰਗ ਕਰਵਾਈ ਗਈ ਹੈ ਜਿਸ ਦਾ ਖਮਿਆਜਾ ਪੂਰੇ ਬੇਟ ਇਲਾਕੇ ਨੂੰ ਭੁਗਤਣਾ ਪਵੇਗਾ । ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਹਾਲੇ ਤੱਕ ਪਾਣੀ ਨੂੰ ਅੱਗੇ ਵਧਣ ਤੋਂ ਰੋਕਣ ਲਈ ਸਵੇਰ ਤੋਂ ਲੱਗੇ ਪਿੰਡ ਵਾਸੀਆਂ ਦੀ ਕਿਸੇ ਤਰ੍ਹਾਂ ਦੀ ਵੀ ਕੋਈ ਸਹਾਇਤਾ ਨਹੀਂ ਕੀਤੀ ਗਈ ਸਗੋਂ ਵਿਭਾਗ ਦੇ ਜੋ ਵੀ ਦੋ ਚਾਰ ਅਧਿਕਾਰੀ ਇੱਥੇ ਪਹੁੰਚੇ ਹਨ ਉਹ ਵੀ ਉਨ੍ਹਾਂ ਨੂੰ ਕੰਮ ਬੰਦ ਕਰਕੇ ਬਾਹਰ ਆਉਣ ਲਈ ਕਹਿ ਰਹੇ ਹਨ । ਦਰਿਆ ਸਤਲੁਜ ਵਿਖੇ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਤੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਐਸ ਡੀ ਐਮ ਅਮਰੀਕ ਸਿੰਘ ਸਿੱਧੂ, ਡੀ ਐਸ ਪੀ ਮਨਜੀਤ ਸਿੰਘ ਔਲਖ ਅਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਸਮੇਤ ਪਿੰਡ ਫਸੇ, ਦਾਊਦਪੁਰ ਅਤੇ ਰਸੀਦਪੁਰ ਮੰਡ ਆਦਿ ਦਾ ਦੌਰਾ ਕੀਤਾ ਅਤੇ ਅਧਿਕਾਰੀਆਂ ਨੂੰ ਇਸ ਪੂਰੇ ਖੇਤਰ ਵਿੱਚ ਸੁਚੇਤ ਰਹਿਣ ਅਤੇ ਲੋਕਾਂ ਨੂੰ ਸਹਿਯੋਗ ਦੇਣ ਤੇ ਹੋਰ ਵਾਧੂ ਮਜ਼ਦੂਰ ਲਗਾ ਕੇ ਲਗਾਤਾਰ ਵੱਧ ਰਹੇ ਦਰਿਆ ਨੂੰ ਆਬਾਦੀ ਵਾਲੇ ਪਾਸੇ ਜਾਣ ਤੋਂ ਰੋਕਣ ਲਈ ਲੋੜੀਂਦੇ ਪ੍ਰਬੰਧ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ । ਲੋਕ ਸਭਾ ਮੈਂਬਰ ਕੰਗ ਅਤੇ ਵਿਧਾਇਕ ਡਾ ਚਰਨਜੀਤ ਸਿੰਘ ਵੱਲੋਂ ਹਲਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ 48 ਘੰਟੇ ਵਿੱਚ ਹਿਮਾਚਲ ਪ੍ਰਦੇਸ਼ ਅਤੇ ਨਾਲ ਲੱਗਦੇ ਸੂਬਿਆਂ ਵਿੱਚ ਭਾਰੀ ਬਾਰਿਸ਼ ਹੋਣ ਦੀ ਭਵਿੱਖਬਾਣੀ ਮੌਸਮ ਵਿਭਾਗ ਵੱਲੋਂ ਕੀਤੀ ਗਈ ਹੈ,ਜਿਸ ਕਾਰਨ ਆਉਣ ਵਾਲੇ ਸਮੇਂ ਵਿੱਚ ਵਾਧੂ ਪਾਣੀ ਆਉਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਕੁਦਰਤੀ ਆਫਤ ਤੋਂ ਸੂਬੇ ਦੇ ਲੋਕਾਂ ਨੂੰ ਬਚਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ ਪ੍ਰੰਤੂ ਇਸ ਲਈ ਪੰਜਾਬ ਦੇ ਲੋਕਾਂ ਦਾ ਸਹਿਯੋਗ ਵੀ ਅਤਿ ਜਰੂਰੀ ਹੈ । ਉਨ੍ਹਾਂ ਪਿੰਡ ਵਾਸੀਆਂ ਨੂੰ ਦਰਿਆਈ ਬੰਨ੍ਹ ਤੇ ਠੀਕਰੀ ਪਹਿਰਾ ਲਗਾਉਣ ਦੀ ਵੀ ਅਪੀਲ ਕੀਤੀ ਹੈ ।

## ਸੀ ਟੀ ਗਰੁੱਪ ਨੇ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਵੰਡੀ ਰਾਹਤ ਸਮਗਰੀ



**ਜਲੰਧਰ (ਸ਼ੈਲੀ ਐਲਬਰਟ)**
ਪੰਜਾਬ ਵਿੱਚ ਆਈ ਭਿਆਨਕ ਹੜ੍ਹ ਦੇ ਮਦਦੇਨਜ਼ਰ ਸੀ.ਟੀ. ਗਰੁੱਪ ਦੇ ਵਿਦਿਆਰਥੀਆਂ ਅਤੇ ਫੈਕਲਟੀ ਨੇ ਅੱਗੇ ਆ ਕੇ ਮਦਦ ਪਹੁੰਚਾਈ। ਸਾਡੀਆਂ ਸਮਰਪਿਤ ਟੀਮਾਂ ਬੇਹੱਦ ਪ੍ਰਭਾਵਿਤ ਪਿੰਡਾਂ ਆਹਲੀਵਾਲ, ਆਹਲੀ ਕਲਾਂ, ਮੰਡ ਹੁਸੈਨਪੁਰ ਅਤੇ ਬੁੱਲੇ ਵਿੱਚ ਪਹੁੰਚੀਆਂ, ਜਿੱਥੇ ਉਨ੍ਹਾਂ ਨੇ ਜ਼ਰੂਰੀ ਰਾਹਤ ਸਾਮਾਨ ਜਿਵੇਂ ਕਿ ਸੈਨੀਟਰੀ ਪੈਡ, ਟਾਰਚ, ਖਾਣੇ ਦਾ ਸਾਮਾਨ, ਬੱਚਿਆਂ ਦਾ ਦੁੱਧ ਅਤੇ ਦੇਖਭਾਲ ਵਾਲੀਆਂ ਚੀਜ਼ਾਂ, ਪਸ਼ੂਆਂ ਲਈ ਦਵਾਈਆਂ ਅਤੇ ਪਸ਼ੂ ਚਾਰਾ ਵੰਡਿਆ।ਇਹ ਪਹਿਲਕਦਮੀ ਸੀ.ਟੀ. ਗਰੁੱਪ ਦੁਆਰਾ ਪੰਜਾਬ ਦੀਆਂ ਹੜ੍ਹ ਪੀੜਤ ਭਾਈਚਾਰੇ ਨਾਲ ਆਪਣੀ ਅਟੁੱਟ ਏਕਤਾ ਦਾ ਪ੍ਰਦਰਸ਼ਨ ਕਰਨ ਵਾਲੇ ਕਈ ਕਦਮਾਂ ਵਿੱਚੋਂ ਇੱਕ ਹੈ। ਵਿਦਿਆਰਥੀਆਂ ਦੀ ਭਾਗੀਦਾਰੀ ਪੂਰੀ ਤਰ੍ਹਾਂ ਸਵੈ-ਇੱਛਕ ਸੀ, ਜਿਸ ਵਿੱਚ ਉਨ੍ਹਾਂ ਦੀ ਇੱਕ ਚੰਗੀ ਗਿਣਤੀ ਨੇ ਚੁਣੌਤੀਪੂਰਨ ਇਲਾਕਿਆਂ ਵਿੱਚ ਵੀ ਜਾ ਕੇ ਜ਼ਰੂਰਤਮੰਦਾਂ ਤੱਕ ਸਮੇਂ ਸਿਰ ਮਦਦ ਪਹੁੰਚਾਉਣ ਲਈ ਹਿੰਮਤ ਦਿਖਾਈ।

## ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਗੁਰਦੁਆਰਾ ਨਾਡਾ ਸਾਹਿਬ 'ਚ ਮੱਥਾ ਟੇਕਿਆ



**ਪੰਚਕੂਲਾ (ਕ੍ਰਿਸ਼ਨ ਗਰਗ)**
ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਆਪਣੀ ਪਤਨੀ ਸ੍ਰੀਮਤੀ ਮਿਤਰਾ ਘੋਸ਼ ਦੇ ਨਾਲ ਪੰਚਕੂਲਾ ਸਥਿਤ ਪ੍ਰਸਿੱਧ ਗੁਰੂਦੁਆਰਾ ਨਾਡਾ ਸਾਹਿਬ ਵਿੱਚ ਮੱਥਾ ਟੇਕਿਆ ਤੇ ਉਸ ਦੇ ਬਾਅਦ ਮਦਰ ਟੇਰੇਸਾ ਸਾਕੇਤ ਆਰਥੋਪੈਡਿਕ ਹਸਪਤਾਲ ਦਾ ਨਿਰੀਖਣ ਕੀਤਾ।ਰਾਜਪਾਲ ਪ੍ਰੋਫੈਸਰ ਘੋਸ਼ ਨੇ ਗੁਰੂਦੁਆਰਾ ਨਾਡਾ ਸਾਹਿਬ ਦੇ ਦਰਸ਼ਨ ਕਰਨ ਬਾਅਦ ਕਿਹਾ ਕਿ ਇਸ ਇਤਿਹਾਸਕ ਅਤੇ ਪਵਿੱਤਰ ਗੁਰੂਦੁਆਰਾ ਨਾਡਾ ਸਾਹਿਬ ਦੇ ਦਰਸ਼ਨ ਕਰ ਕੇ ਉਨ੍ਹਾਂ ਨੂੰ ਬਹੁਤ ਸਨਮਾਨ ਅਤੇ ਸੌਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਨੇ ਗਰੀਬਾਂ ਦੇ ਉਥਾਨ ਲਈ ਗੁਰੂਦੁਆਰਾ ਪ੍ਰਬੰਧਨ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਅਤੇ ਜ਼ਰੂਰਤਮੰਦ ਵਿਅਕਤੀਆਂ ਲਈ 1 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ। ਗੁਰੂਦੁਆਰਾ ਪ੍ਰਬੰਧਨ ਕਮੇਟੀ ਨੇ ਇਸ ਮੌਕੇ 'ਤੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਅਤੇ ਉਨ੍ਹਾਂ ਦੀ ਧਰਮ ਪਤਨੀ ਨੂੰ ਸਿਰਪਾਓ ਭੇਂਟ ਕਰ ਸਨਮਾਨਿਤ ਕੀਤਾ।ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ ਨਿਸ਼ਾ ਯਾਦਵ, ਪੁਲਿਸ ਡਿਪਟੀ ਕਮਿਸ਼ਨਰ ਸ੍ਰਿਸ਼ਟੀ ਗੁਪਤਾ, ਹਰਿਆਣਾ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਜਗਦੀਸ਼ ਸਿੰਘ ਝਿੰਡਾ, ਧਾਰਮਿਕ ਨੇਤਾ ਬਲਜੀਤ ਸਿੰਘ ਦਾਦੂਵਾਲ, ਗੁਰੂਦੁਆਰਾ ਪ੍ਰਬੰਧਨ ਕਮੇਟੀ ਦੇ ਮੈਂਬਰ ਸਵਰਣ ਸਿੰਘ ਬੱਗਾ ਟੱਬਾ, ਗੁਰੂਦੁਆਰੇ ਦੇ ਮੁੱਖ ਗ੍ਰੰਥੀ ਜਗਜੀਤ ਸਿੰਘ ਤੇ ਹੋਰ ਮਾਣਯੋਗ ਮਹਿਮਾਨ ਮੌਜੂਦ ਰਹੇ।ਇਸ ਦੇ ਬਾਅਦ ਰਾਜਪਾਲ ਨੇ ਮਦਰ ਟੇਰੇਸਾ ਸਾਕੇਤ ਆਰਥੋਪੈਡਿਕ ਹਸਪਤਾਲ ਦਾ ਦੌਰਾ ਕਰ ਇੱਥੇ ਦੀ ਮੈਡੀਕਲ ਸੇਵਾਵਾਂ ਦਾ ਨਿਰੀਖਣ ਕੀਤਾ।

## ਬਾਰਿਸ਼ ਕਾਰਨ 7 ਦੀ ਮੌਤ, ਮੁੱਖ ਮੰਤਰੀ ਨੇ 28 ਲੱਖ ਰੁਪਏ ਵਿੱਤੀ ਸਹਾਇਤਾ ਭੇਜੀ

**ਹੁਸ਼ਿਆਰਪੁਰ, (ਓ ਪੀ ਰਾਣਾ, ਬੀ ਐਸ ਸੈਣੀ)**- ਪਿਛਲੇ ਕੁਝ ਦਿਨਾਂ ਤੋਂ ਹੁਸ਼ਿਆਰਪੁਰ ਵਿੱਚ ਹੋ ਰਹੀ ਭਾਰੀ ਬਾਰਿਸ਼ ਨੇ ਹਜ਼ਾਰਾਂ ਲੋਕਾਂ ਦੇ ਜੀਵਨ ਨੂੰ ਉਥਲ-ਪੁਥਲ ਕਰ ਦਿੱਤਾ ਹੈ ਅਤੇ 7 ਲੋਕਾਂ ਦੀ ਜਾਨ ਲੈ ਲਈ ਹੈ। ਛੱਤ ਡਿੱਗਣ ਕਾਰਨ ਚਾਰ ਲੋਕਾਂ ਦੀ ਮੌਤ ਹੋ ਗਈ ਜਦੋਂ ਕਿ ਤਿੰਨ ਹੋਰ ਲਗਾਤਾਰ ਬਾਰਿਸ਼ ਕਾਰਨ ਆਏ ਹੜ੍ਹ ਦੇ ਪਾਣੀ ਵਿੱਚ ਡੁੱਬ ਗਏ। ਇਸ ਦੁਖਾਂਤ 'ਤੇ ਤੁਰੰਤ ਪ੍ਰਤੀਕਿਰਿਆ ਦਿੰਦੇ ਹੋਏ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਭਾਵਿਤ



ਪਰਿਵਾਰਾਂ ਲਈ ਤੁਰੰਤ 4-4 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ, ਜੋ ਕਿ ਕੁੱਲ 28 ਲੱਖ ਰੁਪਏ ਬਣਦੀ ਹੈ। ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਨਿੱਜੀ ਤੌਰ 'ਤੇ ਨੌਗਰਾਈਂ ਪਿੰਡ ਦੇ ਮ੍ਰਿਤਕ ਸੁਰਮੂ ਮੁਹੰਮਦ ਦੇ ਪਰਿਵਾਰ ਨੂੰ 4 ਲੱਖ ਰੁਪਏ ਦਾ ਮੁਆਵਜ਼ਾ ਚੈੱਕ ਸੌਂਪਿਆ।ਇਸ ਮੌਕੇ ਡਾ. ਰਾਜ ਨੇ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਅਤੇ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਦੇ ਨਾਲ ਖੜ੍ਹੇ ਹੋਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਸਰਕਾਰ ਸਥਿਤੀ ਦੀ ਸਰਗਰਮੀ ਨਾਲ ਨਿਗਰਾਨੀ ਕਰ ਰਹੀ ਹੈ ਅਤੇ ਬਾਰਿਸ਼ ਅਤੇ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੇ ਤੁਰੰਤ ਰਾਹਤ ਅਤੇ ਪੁਨਰਵਾਸ ਨੂੰ ਯਕੀਨੀ ਬਣਾ ਰਹੀ ਹੈ। ਉਨ੍ਹਾਂ ਅੱਗੇ ਕਿਹਾ 'ਪ੍ਰਸ਼ਾਸਨ ਨੂੰ ਹਾਈ ਅਲਰਟ 'ਤੇ ਰਹਿਣ ਅਤੇ ਪੀੜਤਾਂ ਨੂੰ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਨਾਗਰਿਕ ਦੀ ਭਲਾਈ ਅਤੇ ਸੁਰੱਖਿਆ ਲਈ ਵਚਨਬੱਧ ਹੈ।'

## ਸਿਵਲ ਸਰਜਨ ਵੱਲੋਂ ਮੁਬਾਰਕੁਪਰ ਕਾਜ਼ਵੇਅ ਦਾ ਦੌਰਾ, ਮੈਡੀਕਲ ਕੈਂਪ ਦਾ ਕੀਤਾ ਨਿਰੀਖਣ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**
ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਸਿਹਤ ਅਧਿਕਾਰੀਆਂ ਦੀ ਟੀਮ ਨਾਲ ਡੇਰਾਬੱਸੀ ਲਾਗੇ ਮੁਬਾਰਿਕਪੁਰ ਵਿਖੇ ਘੱਗਰ ਦਰਿਆ ਦੇ ਕਾਜ਼ਵੇਅ ਦਾ ਦੌਰਾ ਕੀਤਾ ਅਤੇ ਜ਼ਿਲ੍ਹਾ ਸਿਹਤ ਵਿਭਾਗ ਵਲੋਂ ਉਥੇ ਲਗਾਏ ਮੈਡੀਕਲ ਕੈਂਪ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਲੋਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦਾ ਹਾਲ ਜਾਣਿਆ।ਸਿਵਲ ਸਰਜਨ ਨੇ ਆਖਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਹੜ੍ਹਾਂ ਦੀ ਹਾਲਤ ਵਿਚ ਲੋਕਾਂ ਨੂੰ ਲੋੜੀਂਦੀਆਂ ਸਿਹਤ ਸੇਵਾਵਾਂ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਜਿਥੇ ਕਿਤੇ ਵੀ ਲੋੜ ਹੈ, ਉਥੇ ਮੈਡੀਕਲ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਦਸਿਆ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਲੋੜੀਂਦੇ ਮੈਡੀਕਲ ਪ੍ਰਬੰਧ ਪਹਿਲਾਂ ਹੀ ਮੁਕੰਮਲ ਕੀਤੇ ਜਾ ਚੁੱਕੇ ਹਨ ਤਾਂ ਕਿ ਕਿਸੇ ਵੀ ਅਣਸੁਖਾਵੇਂ ਹਾਲਾਤ ਨਾਲ ਸਿੱਝਿਆ ਜਾ ਸਕੇ।ਉਨ੍ਹਾਂ ਕਿਹਾ ਕਿ ਹੜ੍ਹਾਂ ਦੇ ਹਾਲਾਤ ਵਿਚ ਪਾਣੀ ਕਾਰਨ ਹੋਣ ਵਾਲੀਆਂ ਬੀਮਾਰੀਆਂ ਦੇ ਪੈਦਾ ਹੋਣ ਦੀ ਸੰਭਾਵਨਾ ਬਣ ਜਾਂਦੀ ਹੈ, ਜਿਸ ਦੀ ਜਾਂਚ ਅਤੇ ਇਲਾਜ



ਵਾਸਤੇ ਲੋੜੀਂਦੀਆਂ ਤਿਆਰੀਆਂ ਕੀਤੀਆਂ ਜਾ ਚੁੱਕੀਆਂ ਹਨ ਅਤੇ ਸਿਹਤ ਵਿਭਾਗ ਵਲੋਂ ਹੜ੍ਹਾਂ ਦੇ ਹਾਲਾਤ ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਜ਼ਿਲ੍ਹਾ ਵਾਸੀਆਂ ਦੀ ਤੰਦਰੁਸਤੀ ਲਈ ਵਚਨਬੱਧ ਹੈ ਅਤੇ ਇਸ ਔਖੀ ਘੜੀ ਵਿਚ ਵੀ ਸਿਹਤ ਸੇਵਾਵਾਂ ਦੇਣ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

## ਹਰਿਆਣਾ 'ਚ ਭਾਰੀ ਬਰਸਾਤ ਦੀ ਚੇਤਾਵਨੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਨੇ ਭਾਰੀ ਬਰਸਾਤ ਦੀ ਚੇਤਾਵਨੀ ਦੇ ਵਿੱਚ ਸਾਰੇ ਫੀਲਡ ਅਧਿਕਾਰੀਆਂ ਨੂੰ ਮੁੱਖ ਦਫਤਰ 'ਤੇ ਬਣੇ ਰਹਿਣ ਅਤੇ 5 ਸਤੰਬਰ ਤੱਕ ਸਖਤ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਸਾਰੇ ਡਿਵੀਜਨਲ ਕਮਿਸ਼ਨਰਾਂ, ਰੇਂਜ ਆਈ ਜੀ ਪੀ, ਏ ਡੀ ਜੀ ਪੀ, ਡਿਪਟੀ ਕਮਿਸ਼ਨਰਾਂ, ਪੁਲਿਸ ਸੁਪਰਡੈਂਟਾਂ ਅਤੇ ਸਬ-ਡਿਵੀਜਨਲ ਮੈਜੀਸਟ੍ਰੇਟ ਨੂੰ ਲਿਖੇ ਇੱਕ ਪੱਤਰ ਵਿੱਚ ਕਿਹਾ ਹੈ ਕਿ ਭਾਰਤੀ ਮੌਸਮ ਵਿਗਿਆਨ ਵਿਭਾਗ (ਆਈ ਐ ਮਡੀ) ਵੱਲੋਂ ਆਉਣ ਵਾਲੇ ਦਿਨਾਂ ਵਿੱਚ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਭਾਰੀ ਬਰਸਾਤ ਦੀ ਸੰਭਾਵਨਾ ਜਤਾਈ ਹੈ ਅਤੇ ਸਥਾਨਕ ਪੱਧਰ 'ਤੇ ਹੜ੍ਹ ਦੀ ਆਸ਼ੰਕਾ ਵੀ ਜਤਾਈ ਗਈ ਹੈ।ਇਸ ਲਈ ਇਸ ਸਮੇਂ ਵਿੱਚ ਮੁੱਖ ਸਕੱਤਰ ਜਾਂ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਪੱਧਰ 'ਤੇ ਮੰਜ਼ੂਰੀ ਦੇ ਬਿਨ੍ਹਾ, ਕਿਸੇ ਵੀ ਅਧਿਕਾਰੀ ਨੂੰ ਛੁੱਟੀ ਦੀ ਮੰਜੂਰੀ ਨਾ ਦਿੱਤੀ ਜਾਵੇ।